10-JUNE-PAGE-1.qxd 6/9/2023 9:30 PM Page 1

ਸ਼ਨੀਵਾਰ, 10 ਜੂਨ, 2023
27 ਜੇਠ { ਨਾਨਕਸ਼ਾਹੀ 555 / ਬਿਕਰਮੀ 2080 }
ਜਿਲਦ/VOL. : 72
ਅੰਕ/NO. : 9

# ਨਵਾਂ ਜ਼ਮਾਨਾ

DAILY NAWAN ZAMANA • SATURDAY, 10 JUNE, 2023 ਜਲੰਧਰ

nawan zamana TV

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਟਰੰਪ ਗੰਭੀਰ ਸੰਕਟ 'ਚ



**ਮਿਆਮੀ :** ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ 'ਤੇ ਉਨ੍ਹਾ ਦੀ ਫਲੋਰੀਡਾ ਸਥਿਤ ਰਿਹਾਇਸ਼ 'ਤੇ ਗੁਪਤ ਦਸਤਾਵੇਜ਼ ਮਿਲਣ ਦੇ ਮਾਮਲੇ 'ਚ ਦੋਸ਼ ਲਗਾਏ ਗਏ ਹਨ। ਟਰੰਪ ਦੁਬਾਰਾ ਰਾਸ਼ਟਰਪਤੀ ਚੋਣ ਲੜਨਾ ਚਾਹੁੰਦੇ ਹਨ ਤੇ ਹੁਣ ਇਹ ਮੁਕੱਦਮਾ ਉਨ੍ਹਾਂ ਦੇ ਰਾਹ 'ਚ ਮੁਸ਼ਕਲਾਂ ਪੈਦਾ ਕਰ ਸਕਦਾ ਹੈ। ਨਿਆਂ ਵਿਭਾਗ ਨੇ ਤੁਰੰਤ ਜਨਤਕ ਤੌਰ 'ਤੇ ਇਸ ਦੋਸ਼ ਦੀ ਪੁਸ਼ਟੀ ਨਹੀਂ ਕੀਤੀ, ਪਰ ਸੂਤਰਾਂ ਮੁਤਾਬਕ ਦੋਸ਼ਾਂ 'ਚ ਸੱਤ ਅਪਰਾਧਕ ਮਾਮਲੇ ਸ਼ਾਮਲ ਹਨ।

## ਖਾਣ ਹਾਦਸੇ 'ਚ 3 ਮੌਤਾਂ

**ਰਾਂਚੀ :** ਝਾਰਖੰਡ ਦੇ ਧਨਬਾਦ 'ਚ ਕੋਲੇ ਦੀ ਗੈਰ-ਕਾਨੂੰਨੀ ਖਾਣ ਦੇ ਢਹਿ-ਢੇਰੀ ਹੋਣ ਕਾਰਨ ਘੱਟੋ-ਘੱਟ ਤਿੰਨ ਵਿਅਕਤੀਆਂ ਦੀ ਮੌਤ ਹੋ ਗਈ ਤੇ ਕਈਆਂ ਦੇ ਫਸੇ ਹੋਣ ਦਾ ਖਦਸ਼ਾ ਹੈ।

## ਇੰਟਰਨੈੱਟ ਪਾਬੰਦੀ ਖਿਲਾਫ ਸੁਣਵਾਈ ਤੋਂ ਨਾਂਹ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਜਾਤੀ ਹਿੰਸਾ ਪ੍ਰਭਾਵਤ ਮਣੀਪੁਰ ਵਿਚ ਲਗਾਤਾਰ ਇੰਟਰਨੈੱਟ ਪਾਬੰਦੀ ਖਿਲਾਫ ਰਾਜ ਦੇ ਦੋ ਵਿਅਕਤੀਆਂ ਵੱਲੋਂ ਦਾਇਰ ਪਟੀਸ਼ਨ ਦੀ ਸ਼ੁੱਕਰਵਾਰ ਤੁਰੰਤ ਸੁਣਵਾਈ ਤੋਂ ਇਨਕਾਰ ਕਰ ਦਿੱਤਾ। ਜਸਟਿਸ ਅਨਿਰੁਧ ਅਤੇ ਜਸਟਿਸ ਰਾਜੇਸ਼ ਬਿੰਦਲ ਦੀ ਛੁੱਟੀ ਵਾਲੀ ਬੈਂਚ ਨੇ ਕਿਹਾ ਕਿ ਅਜਿਹਾ ਹੀ ਮਾਮਲਾ ਹਾਈ ਕੋਰਟ ਦੇ ਸਾਹਮਣੇ ਪਿਆ ਹੈ। ਉਥੇ ਸੁਣਵਾਈ ਹੋ ਰਹੀ ਹੈ ਤੇ ਇਸ ਬਾਰੇ ਸੁਪਰੀਮ ਕੋਰਟ 'ਚ ਪਟੀਸ਼ਨ ਪਾਉਣ ਦੀ ਤੁੱਕ ਨਹੀਂ।

## ਪਵਾਰ ਨੂੰ ਜਾਨੋਂ ਮਾਰਨ ਦੀ ਧਮਕੀ



**ਮੁੰਬਈ :** ਨੈਸ਼ਨਲਿਸਟ ਕਾਂਗਰਸ ਪਾਰਟੀ ਦੇ ਪ੍ਰਧਾਨ ਸ਼ਰਦ ਪਵਾਰ ਨੂੰ ਸੋਸ਼ਲ ਮੀਡੀਆ 'ਤੇ ਜਾਨ ਤੋਂ ਮਾਰਨ ਦੀ ਧਮਕੀ ਮਿਲੀ ਹੈ। ਪਾਰਟੀ ਦੀ ਸੂਚਨਾ 'ਤੇ ਪੁਲਸ ਨੇ ਆਪਣੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪਵਾਰ ਦੀ ਧੀ ਅਤੇ ਲੋਕ ਸਭਾ ਮੈਂਬਰ ਸੁਪ੍ਰੀਆ ਸੂਲੇ ਦੀ ਅਗਵਾਈ 'ਚ ਪਾਰਟੀ ਵਰਕਰਾਂ ਦੇ ਵਫਦ ਨੇ ਮੁੰਬਈ ਪੁਲਸ ਮੁਖੀ ਵਿਵੇਕ ਫਾਂਸਾਲਕਰ ਨਾਲ ਮੁਲਾਕਾਤ ਕਰਕੇ ਕਾਰਵਾਈ ਦੀ ਮੰਗ ਕੀਤੀ। ਉਨ੍ਹਾਂ ਪੁਲਸ ਨੂੰ ਦੱਸਿਆ ਕਿ 82 ਸਾਲਾ ਪਵਾਰ ਨੂੰ ਫੇਸਬੁੱਕ 'ਤੇ ਸੰਦੇਸ਼ ਮਿਲਿਆ ਸੀ, ਜਿਸ ਵਿੱਚ ਲਿਖਿਆ ਸੀ-ਉਸ ਦਾ ਜਲਦੀ ਹੀ (ਨਰਿੰਦਰ) ਦਾਭੋਲਕਰ ਵਰਗਾ ਹਾਲ ਕਰ ਦਿੱਤਾ ਜਾਵੇਗਾ। ਦਾਭੋਲਕਰ ਨੂੰ 20 ਅਗਸਤ, 2013 ਨੂੰ ਪੁਣੇ 'ਚ ਸਵੇਰ ਦੀ ਸੈਰ ਦੌਰਾਨ ਦੋ ਬਾਈਕ ਸਵਾਰ ਹਮਲਾਵਰਾਂ ਨੇ ਗੋਲੀ ਮਾਰ ਕੇ ਮਾਰ ਦਿੱਤਾ ਸੀ।

## 2000 ਦੇ ਨੋਟ ਬਾਰੇ ਤੁਰੰਤ ਸੁਣਵਾਈ ਤੋਂ ਇਨਕਾਰ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਬਿਨਾਂ ਕਿਸੇ ਪਰਚੀ ਅਤੇ ਪਛਾਣ ਸਬੂਤ ਤੋਂ 2000 ਰੁਪਏ ਦੇ ਨੋਟ ਬਦਲਣ ਦੇ ਆਰ ਬੀ ਆਈ ਦੇ ਨੋਟੀਫਿਕੇਸ਼ਨ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਸ਼ੁੱਕਰਵਾਰ ਤੁਰੰਤ ਸੁਣਵਾਈ ਤੋਂ ਇਨਕਾਰ ਕਰ ਦਿੱਤਾ। ਜਸਟਿਸ ਅਨਿਰੁਧ ਬੋਸ ਅਤੇ ਜਸਟਿਸ ਰਾਜੇਸ਼ ਬਿੰਦਲ ਦੀ ਛੁੱਟੀ ਵਾਲੀ ਬੈਂਚ ਨੇ ਰਜਿਸਟਰੀ ਵੱਲੋਂ ਦਾਇਰ ਰਿਪੋਰਟ 'ਤੇ ਵਿਚਾਰ ਕੀਤਾ ਅਤੇ ਕਿਹਾ ਕਿ ਇਸ ਮਾਮਲੇ ਨੂੰ ਤੁਰੰਤ ਸੁਣਨ ਦਾ ਕੋਈ ਕਾਰਨ ਨਹੀਂ ਹੈ। ਬੈਂਚ ਨੇ ਨਿਰਦੇਸ਼ ਦਿੱਤਾ ਕਿ ਗਰਮੀਆਂ ਦੀਆਂ ਛੁੱਟੀਆਂ ਤੋਂ ਬਾਅਦ ਚੀਫ ਜਸਟਿਸ ਦੇ ਸਾਹਮਣੇ ਮਾਮਲਾ ਰੱਖਿਆ ਜਾਵੇ।

## ਸਰਹੱਦ ਨੇੜੇ ਸਵਾ ਪੰਜ ਕਿੱਲੋ ਹੈਰੋਇਨ ਬਰਾਮਦ

**ਚੰਡੀਗੜ੍ਹ :** ਅੰਮ੍ਰਿਤਸਰ ਜ਼ਿਲ੍ਹੇ 'ਚ ਸਰਹੱਦੀ ਬੀ ਓ ਪੀ ਰਾਮਕੋਟ ਦੇ ਜਵਾਨਾਂ ਅਤੇ ਲੋਪੋਕੇ ਪੁਲਸ ਨੇ ਸਾਂਝੇ ਅਪਰੇਸ਼ਨ ਦੌਰਾਨ 5 ਕਿਲੋ ਹੈਰੋਇਨ ਬਰਾਮਦ ਕੀਤੀ ਹੈ। ਬੀ ਐੱਸ ਐੱਫ 22ਵੀਂ ਬਟਾਲੀਅਨ ਅਤੇ ਲੋਪੋਕੇ ਪੁਲਸ ਵੱਲੋਂ ਸਰਹੱਦ ਨੇੜਲੇ ਪਿੰਡਾਂ ਵਿਚ ਗਸ਼ਤ ਕੀਤੀ ਜਾ ਰਹੀ ਸੀ ਕਿ ਵੀਰਵਾਰ ਰਾਤ 1.30 ਵਜੇ ਡਰੋਨ ਦੀ ਹਲਚਲ ਸੁਣਾਈ ਦਿੱਤੀ। ਪਿੰਡਾਂ ਨੂੰ ਸੀਲ ਕਰਕੇ ਤਲਾਸ਼ੀ ਅਭਿਆਨ ਚਲਾਇਆ ਗਿਆ। ਇਸ ਦੌਰਾਨ ਪਿੰਡ ਰਾਏ ਦੇ ਖੇਤ ਵਿਚ ਡਰੋਨ ਰਾਹੀਂ ਸੁੱਟਿਆ ਵੱਡਾ ਪੈਕਟ ਮਿਲਿਆ, ਜਿਸ ਵਿੱਚੋਂ ਕਰੀਬ 5.26 ਕਿਲੋ ਹੈਰੋਇਨ ਬਰਾਮਦ ਹੋਈ।

## 11 ਫੀਸਦੀ ਭਾਰਤੀ ਸ਼ੂਗਰ ਪੀੜਤ

**ਨਵੀਂ ਦਿੱਲੀ :** ਭਾਰਤ ਦੀ ਕਰੀਬ 11 ਫੀਸਦ ਆਬਾਦੀ ਨੂੰ ਸ਼ੂਗਰ ਹੈ। ਸਰਕਾਰੀ ਅਧਿਐਨ ਮੁਤਾਬਕ ਦੇਸ਼ 'ਚ ਸ਼ੂਗਰ, ਹਾਈਪਰਟੈਨਸ਼ਨ ਅਤੇ ਮੋਟਾਪਾ ਆਮ ਹੈ। 113,000 ਤੋਂ ਵੱਧ ਲੋਕਾਂ ਦੇ ਅਧਿਐਨ 'ਚ ਇਹ ਵੀ ਪਾਇਆ ਗਿਆ ਕਿ ਲੱਗਭੱਗ 15 ਫੀਸਦ ਭਾਰਤੀ ਪ੍ਰੀ-ਡਾਇਬਟੀਜ਼ ਸਨ ਅਤੇ ਲੱਗਭੱਗ 35 ਫੀਸਦ ਹਾਈਪਰਟੈਨਸ਼ਨ ਤੋਂ ਪੀੜਤ ਸਨ। ਇਹ ਅਧਿਐਨ ਅਕਤੂਬਰ 2008 ਅਤੇ ਦਸੰਬਰ 2020 ਦੇ ਵਿਚਕਾਰ 31 ਭਾਰਤੀ ਰਾਜਾਂ ਅਤੇ ਪ੍ਰਦੇਸ਼ਾਂ 'ਚ ਕੀਤਾ ਗਿਆ ਸੀ। ਅਧਿਐਨ ਦੇ ਨਤੀਜਿਆਂ ਤੋਂ ਇਹ ਬਿਲਕੁਲ ਸਪੱਸ਼ਟ ਹੈ ਕਿ ਭਾਰਤ 'ਚ ਦਿਲ ਦੀਆਂ ਬਿਮਾਰੀਆਂ ਅਤੇ ਹੋਰ ਲੰਬੇ ਸਮੇਂ ਤੱਕ ਅੰਦਰੂਨੀ ਅੰਗਾਂ ਦੀਆਂ ਪੇਚੀਦਗੀਆਂ ਦਾ ਖਤਰਾ ਕਾਫੀ ਆਬਾਦੀ ਨੂੰ ਦਰਪੇਸ਼ ਹੈ। ਭਾਰਤੀ ਮੈਡੀਕਲ ਖੋਜ ਕੌਂਸਲ ਦੇ ਗੈਰ-ਸੰਚਾਰੀ ਰੋਗ ਵਿਭਾਗ ਦੇ ਮੁਖੀ ਆਰ ਐੱਸ ਧਾਲੀਵਾਲ ਨੇ ਕਿਹਾ ਹੈ ਕਿ ਭਾਰਤ ਦੁਨੀਆ ਦਾ ਸਭ ਤੋਂ ਵੱਧ ਆਬਾਦੀ ਵਾਲਾ ਦੇਸ਼ ਹੈ ਤੇ ਇਸ 'ਚ 10.1 ਕਰੋੜ ਲੋਕ ਸ਼ੂਗਰ ਨਾਲ ਪੀੜਤ ਹਨ।

## ਟਾਈਗਰ ਸ਼ਰਾਫ ਦੀ ਮਾਂ ਨਾਲ ਠਗੀ

**ਮੁੰਬਈ :** ਅਭਿਨੇਤਾ ਟਾਈਗਰ ਸ਼ਰਾਫ ਦੀ ਮਾਂ ਆਇਸ਼ਾ ਸ਼ਰਾਫ ਤੋਂ ਕਿੱਕਬਾਕਸਰ ਨੇ ਕਥਿਤ ਤੌਰ 'ਤੇ 58.53 ਲੱਖ ਰੁਪਏ ਠੱਗ ਲਏ। ਆਇਸ਼ਾ ਨੇ ਸਾਂਤਾਕਰੂਜ ਪੁਲਸ ਸਟੇਸ਼ਨ 'ਚ ਸ਼ਿਕਾਇਤ ਦਰਜ ਕਰਵਾਈ ਹੈ। ਕਿੱਕਬਾਕਸਿੰਗ ਐਸੋਸੀਏਸ਼ਨ ਦੇ ਐਲਨ ਫਰਨਾਂਡਿਸ ਨੂੰ ਟਾਈਗਰ ਸ਼ਰਾਫ ਦੀ 'ਐੱਮ ਐੱਮ ਏ ਮੈਟਰਿਕਸ' ਕੰਪਨੀ ਵਿਚ ਸੰਚਾਲਨ ਦੇ ਨਿਰਦੇਸ਼ਕ ਵਜੋਂ ਨਿਯੁਕਤ ਕੀਤਾ ਗਿਆ ਸੀ।

# ਮੋਦੀ ਬਨਾਮ ਮਾਇਆਵਤੀ



**ਲਖਨਊ :** ਬਹੁਜਨ ਸਮਾਜ ਪਾਰਟੀ (ਬਸਪਾ) ਨੇ 2024 ਦੀਆਂ ਲੋਕ ਸਭਾ ਚੋਣਾਂ ਲਈ ਆਪਣੀ ਪਾਰਟੀ ਮੁਖੀ ਮਾਇਆਵਤੀ ਨੂੰ ਪ੍ਰਧਾਨ ਮੰਤਰੀ ਅਹੁਦੇ ਦੇ ਉਮੀਦਵਾਰ ਵਜੋਂ ਪੇਸ਼ ਕਰਨ ਦਾ ਫੈਸਲਾ ਕੀਤਾ ਹੈ। ਬਸਪਾ ਸੂਤਰਾਂ ਦਾ ਕਹਿਣਾ ਹੈ ਕਿ ਪਾਰਟੀ ਕਿਸੇ ਵਿਰੋਧੀ ਗਠਜੋੜ ਵਿਚ ਸ਼ਾਮਲ ਨਹੀਂ ਹੋਵੇਗੀ ਅਤੇ ਲੋਕ ਸਭਾ ਚੋਣਾਂ ਵਿਚ ਇਕੱਲਿਆਂ ਉਤਰੇਗੀ। ਬਸਪਾ ਦੇ ਸੀਨੀਅਰ ਨੇਤਾ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਦੇ ਨੇਤਾ 2024 ਦੀਆਂ ਲੋਕ ਸਭਾ ਚੋਣਾਂ 'ਚ ਭਾਜਪਾ ਖਿਲਾਫ ਲੜਨ ਲਈ ਆਧਾਰ ਤਿਆਰ ਕਰਨ ਲਈ ਵੱਖ-ਵੱਖ ਸੂਬਿਆਂ 'ਚ ਮੀਟਿੰਗਾਂ ਕਰ ਰਹੇ ਹਨ, ਪਰ ਕਈ ਦੌਰ ਦੀਆਂ ਬੈਠਕਾਂ ਤੋਂ ਬਾਅਦ ਵੀ ਇਹ ਸਪੱਸ਼ਟ ਨਹੀਂ ਹੈ ਕਿ ਵਿਰੋਧੀ ਧਿਰ ਵੱਲੋਂ ਪ੍ਰਧਾਨ ਮੰਤਰੀ ਅਹੁਦੇ ਦਾ ਉਮੀਦਵਾਰ ਕੌਣ ਹੋਵੇਗਾ। ਬਸਪਾ ਨੇ ਹਾਲਾਂਕਿ ਪਾਰਟੀ ਮੁਖੀ ਮਾਇਆਵਤੀ ਨੂੰ ਪ੍ਰਧਾਨ ਮੰਤਰੀ ਉਮੀਦਵਾਰ ਵਜੋਂ ਪੇਸ਼ ਕਰਨ ਦਾ ਫੈਸਲਾ ਕੀਤਾ ਹੈ।

ਪਿਛਲੇ ਦਿਨੀਂ ਖਬਰ ਆਈ ਸੀ ਕਿ ਕਾਂਗਰਸ ਲੋਕ ਸਭਾ ਚੋਣਾਂ ਵਿਚ ਆਪਣੇ ਪ੍ਰਧਾਨ ਮਲਿਕਾਰਜੁਨ ਖੜਗੇ, ਜਿਹੜੇ ਕਿ ਦਲਿਤ ਭਾਈਚਾਰੇ ਵਿੱਚੋਂ ਹਨ, ਨੂੰ ਪ੍ਰਧਾਨ ਮੰਤਰੀ ਦੇ ਅਹੁਦੇ ਦਾ ਚਿਹਰਾ ਬਣਾ ਸਕਦੀ ਹੈ। ਇਸ ਸੰਦਰਭ ਵਿਚ ਬਸਪਾ ਆਗੂ ਦਾ ਮਾਇਆਵਤੀ ਨੂੰ ਚਿਹਰਾ ਬਣਾਉਣ ਦਾ ਬਿਆਨ ਅਹਿਮ ਹੈ।

ਦਲਿਤ ਵੋਟਰਾਂ ਦੇ ਕਾਂਗਰਸ ਪ੍ਰਤੀ ਝੁਕਾਅ ਨੂੰ ਰੋਕਣ ਲਈ ਬਸਪਾ ਦੇ ਇਸ ਫੈਸਲੇ ਨਾਲ ਭਾਜਪਾ ਵੀ ਅੰਦਰੋਂ ਖੁਸ਼ ਹੋਵੇਗੀ। ਉਸਨੂੰ ਆਸ ਰਹੇਗੀ ਕਿ ਇਸ ਨਾਲ ਦਲਿਤ ਵੋਟਾਂ ਵੰਡੀਆਂ ਜਾਣਗੀਆਂ।

# ਭਾਜਪਾ-ਜਜਪਾ ਗੱਠਜੋੜ 'ਚ ਗੁੜੂੰ-ਗੁੜੂੰ

**ਨਵੀਂ ਦਿੱਲੀ :** ਹਰਿਆਣਾ ਵਿਚ ਭਾਜਪਾ ਤੇ ਜਨਨਾਇਕ ਜਨਤਾ ਪਾਰਟੀ (ਜਜਪਾ) ਵਿਚਾਲੇ ਮਤਭੇਦਾਂ ਦਰਮਿਆਨ ਭਾਜਪਾ ਦੇ ਸੂਬੇ ਦੇ ਇੰਚਾਰਜ ਬਿਪਲਬ ਕੁਮਾਰ ਦੇਬ ਨੇ ਕਿਹਾ ਹੈ ਕਿ ਵੀਰਵਾਰ ਚਾਰ ਆਜ਼ਾਦ ਵਿਧਾਇਕਾਂ—ਧਰਮ ਪਾਲ ਗੋਂਡਰ, ਰਾਕੇਸ਼ ਦੌਲਤਾਬਾਦ, ਰਣਧੀਰ ਸਿੰਘ ਤੇ ਸੋਮਵੀਰ ਸਾਂਗਵਾਨ—ਨੇ ਉਨ੍ਹਾ ਨੂੰ ਮਿਲ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਲੀਡਰਸ਼ਿਪ ਵਿਚ ਭਰੋਸਾ ਜਤਾਇਆ।

ਦੇਬ ਨੇ ਇਕ ਬਿਆਨ ਵਿਚ ਕਿਹਾ ਕਿ ਭਾਜਪਾ ਡਬਲ ਇੰਜਣ ਸਰਕਾਰ ਨਾਲ ਸੂਬੇ ਦੇ ਵਿਕਾਸ ਵਿਚ ਕੋਈ ਕਸਰ ਨਹੀਂ ਛੱਡ ਰਹੀ।

ਚੇਤੇ ਰਹੇ 2019 ਦੀਆਂ ਅਸੰਬਲੀ ਚੋਣਾਂ ਵਿਚ ਭਾਜਪਾ ਨੂੰ ਸਪੱਸ਼ਟ ਬਹੁਮਤ ਨਹੀਂ ਮਿਲਿਆ ਸੀ ਤੇ ਉਸਨੇ ਜਜਪਾ ਨਾਲ ਗੱਠਜੋੜ ਕਰਕੇ ਲਗਾਤਾਰ ਦੂਜੀ ਵਾਰ ਸਰਕਾਰ ਬਣਾਈ ਸੀ। ਜਜਪਾ ਆਗੂ ਦੁਸ਼ਯੰਤ ਚੌਟਾਲਾ ਨੂੰ ਉਪ ਮੁੱਖ ਮੰਤਰੀ ਬਣਾਇਆ ਗਿਆ ਸੀ। ਪਰ ਪਿੱਛੇ ਜਿਹੇ ਤੋਂ ਦੋਹਾਂ ਪਾਰਟੀਆਂ ਦੇ ਆਗੂ ਇਕ-ਦੂਜੇ 'ਤੇ ਊਜਾਂ ਲਾ ਰਹੇ ਹਨ। ਹੁਣ ਦੇਬ ਨੇ ਕਿਹਾ ਹੈ ਕਿ ਜਜਪਾ ਨੇ ਭਾਜਪਾ ਦੀ ਹਮਾਇਤ ਕਰਕੇ ਅਹਿਸਾਨ ਨਹੀਂ ਕੀਤਾ ਸੀ। ਉਹ ਵੀ ਸਰਕਾਰ ਵਿਚ ਸ਼ਾਮਲ ਹੋਣਾ ਚਾਹੁੰਦੀ ਸੀ। 2024 ਵਿਚ ਹੋਣ ਜਾ ਰਹੀਆਂ ਅਸੰਬਲੀ ਚੋਣਾਂ ਬਾਰੇ ਦੋਹਾਂ ਪਾਰਟੀਆਂ ਨੇ ਸਪੱਸ਼ਟ ਨਹੀਂ ਕੀਤਾ ਹੈ ਕਿ ਉਹ ਮਿਲ ਕੇ ਲੜਨਗੀਆਂ ਜਾਂ ਇਕੱਲਿਆਂ-ਇਕੱਲਿਆਂ।

ਜਦੋਂ ਦੁਸ਼ਯੰਤ ਚੌਟਾਲਾ ਨੂੰ ਪਿੱਛੇ ਜਿਹੇ ਪੁੱਛਿਆ ਗਿਆ ਕਿ ਕੁਝ ਭਾਜਪਾ ਆਗੂ ਇਕੱਲਿਆਂ ਲੜਨ ਦੀ ਗੱਲ ਕਰ ਰਹੇ ਹਨ ਤਾਂ ਉਨ੍ਹਾ ਕਿਹਾ ਸੀ—ਭਵਿੱਖ ਦੇ ਗਰਭ ਵਿਚ ਕੀ ਹੈ, ਮੈਂ ਜੋਤਿਸ਼ੀ ਨਹੀਂ ਕਿ ਦੱਸ ਸਕਾਂ। ਕੀ ਅਸੀਂ ਸਿਰਫ 10 ਸੀਟਾਂ ਹੀ ਲੜਾਂਗੇ ਜਾਂ ਕੀ ਭਾਜਪਾ 40 ਸੀਟਾਂ ਹੀ ਲੜੇਗੀ ? ਇਹ ਨਹੀਂ ਹੋ ਸਕਦਾ। ਦੋਹਵੇਂ ਪਾਰਟੀਆਂ 90 ਸੀਟਾਂ ਲਈ ਤਿਆਰੀ ਕਰ ਰਹੀਆਂ ਹਨ।

# ਮਾਨ ਵੱਲੋਂ ਲੁਧਿਆਣਾ ਨੇੜੇ ਡਿਜੀਟਲ ਜੇਲ੍ਹ ਬਣਾਉਣ ਦਾ ਐਲਾਨ

**ਧੂਰੀ/ਸੰਗਰੂਰ/ਮਾਲੇਰਕੋਟਲਾ (ਰਾਜੇਸ਼ਵਰ ਪਿੰਟੂ, ਸੁਖਦੇਵ, ਬਿੰਨੀ ਗਰਗ/ ਪ੍ਰਵੀਨ ਸਿੰਘ/ਅਸਗਰ ਪਰਿਹਾਰ)**



ਮੁੱਖ ਮੰਤਰੀ ਭਗਵੰਤ ਮਾਨ ਨੇ ਖਤਰਨਾਕ ਅਪਰਾਧੀਆਂ ਨਾਲ ਸੰਬੰਧਤ ਮਾਮਲਿਆਂ ਦੀ ਸੁਣਵਾਈ ਜੇਲ੍ਹ ਕੰਪਲੈਕਸ ਵਿਚ ਹੀ ਕਰਨ ਲਈ ਸੂਬੇ ਵਿਚ 50 ਏਕੜ ਰਕਬੇ ਵਿਚ ਅਤਿ ਸੁਰੱਖਿਅਤ ਡਿਜੀਟਲ ਜੇਲ੍ਹ ਬਣਾਉਣ ਦਾ ਐਲਾਨ ਕੀਤਾ ਹੈ।

ਸ਼ੁੱਕਰਵਾਰ ਇੱਥੇ ਨਵੇਂ ਭਰਤੀ ਹੋਏ ਜੇਲ੍ਹ ਵਾਰਡਰਾਂ ਨੂੰ ਨਿਯੁਕਤੀ ਪੱਤਰ ਸੌਂਪਣ ਤੋਂ ਬਾਅਦ ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਲੁਧਿਆਣਾ ਨੇੜੇ 50 ਏਕੜ ਜ਼ਮੀਨ ਵਿੱਚ ਅਤਿ ਸੁਰੱਖਿਅਤ ਡਿਜੀਟਲ ਜੇਲ੍ਹ ਸਥਾਪਤ ਕਰਨ ਲਈ ਭਾਰਤ ਸਰਕਾਰ ਨੇ 100 ਕਰੋੜ ਰੁਪਏ ਮਨਜ਼ੂਰ ਕੀਤੇ ਹਨ, ਜਿੱਥੇ ਸੂਬੇ ਵਿੱਚ ਖਤਰਨਾਕ ਅਪਰਾਧੀਆਂ ਦੀ ਅਦਾਲਤੀ ਸੁਣਵਾਈ ਕੀਤੀ ਜਾਇਆ ਕਰੇਗੀ। ਉਨ੍ਹਾਂ ਕਿਹਾ ਕਿ ਸੂਬੇ ਲਈ ਖਤਰਾ ਬਣੇ ਅਜਿਹੇ ਖੌਫਨਾਕ ਅਪਰਾਧੀਆਂ ਦੀ ਵਿਸ਼ੇਸ਼ ਸੁਣਵਾਈ ਲਈ ਜੇਲ੍ਹ ਵਿੱਚ ਹੀ ਜੱਜਾਂ ਦੇ ਵੱਖਰੇ ਕੈਬਿਨ ਬਣਾਏ ਜਾਣਗੇ ਤਾਂ ਜੋ ਇਸ ਮੰਤਵ ਲਈ ਉਨ੍ਹਾਂ ਨੂੰ ਜੇਲ੍ਹ ਤੋਂ ਬਾਹਰ ਨਾ ਲਿਜਾਣਾ ਪਵੇ। ਭਗਵੰਤ ਮਾਨ ਨੇ ਇਹ ਵੀ ਕਿਹਾ ਕਿ ਜੇਲ੍ਹ ਵਿਭਾਗ ਵੱਲੋਂ ਛੇਤੀ ਹੀ ਮੁਹਾਲੀ ਵਿੱਚ ਆਪਣਾ ਅਤਿ-ਆਧੁਨਿਕ ਦਫਤਰ ਬਣਾਇਆ ਜਾਵੇਗਾ, ਜਿਸ ਲਈ ਜ਼ਮੀਨ ਦੀ ਸ਼ਨਾਖਤ ਕੀਤੀ ਜਾ ਚੁੱਕੀ ਹੈ।

ਭਗਵੰਤ ਮਾਨ ਨੇ ਕਿਹਾ ਕਿ ਜੇਲ੍ਹ ਦੇ ਅੰਦਰੋਂ ਮੋਬਾਈਲ ਫੋਨਾਂ ਦੀ ਵਰਤੋਂ ਨੂੰ ਰੋਕਣ ਲਈ ਜੇਲ੍ਹਾਂ ਵਿੱਚ ਉੱਚ-ਤਕਨੀਕ ਵਾਲੇ ਜੈਮਰ ਅਤੇ ਹੋਰ ਉਪਕਰਨ ਲਾਏ ਜਾ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸਰਹੱਦ ਪਾਰੋਂ ਡਰੋਨਾਂ ਰਾਹੀਂ ਹੋ ਰਹੀ ਘੁਸਪੈਠ ਨੂੰ ਰੋਕਣ ਲਈ ਪੰਜਾਬ ਪੁਲਸ ਵਿੱਚ ਐਂਟੀ-ਡਰੋਨ ਤਕਨੀਕ ਲਿਆਂਦੀ ਜਾ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਜੇਲ੍ਹਾਂ ਵਿੱਚ ਬੰਦ ਕੈਦੀਆਂ ਦੇ ਸੁਧਾਰ ਲਈ ਵੀ ਕਈ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਉਹ ਜ਼ਿੰਦਗੀ ਵਿੱਚ ਕੋਈ ਹੁਨਰ ਜਾਂ ਕੰਮਕਾਜ ਸਿੱਖ ਸਕਣ। ਉਨ੍ਹਾ ਇਹ ਵੀ ਕਿਹਾ ਕਿ ਲੱਡਾ ਕੋਠੀ ਵਿਖੇ ਪੁਲਸ ਸਿਖਲਾਈ ਕੇਂਦਰ ਦੇ ਕੈਂਪਸ ਵਿੱਚ ਸਿੰਥੈਟਿਕ ਟ੍ਰੈਕ ਵਿਛਾਉਣ ਲਈ 4.5 ਕਰੋੜ ਰੁਪਏ ਦਿੱਤੇ ਜਾਣਗੇ, ਕੈਂਪਸ ਦੇ ਅੰਦਰ 3 ਕਰੋੜ ਰੁਪਏ ਦੀ ਲਾਗਤ ਨਾਲ ਅਤਿ-ਆਧੁਨਿਕ ਹੋਸਟਲ ਬਣਾਇਆ ਜਾਵੇਗਾ ਅਤੇ 25 ਲੱਖ ਰੁਪਏ ਖਰਚ ਕੇ ਫਾਇਰਿੰਗ ਰੇਂਜ ਸਥਾਪਤ ਕੀਤੀ ਜਾਵੇਗੀ। ਮੁੱਖ ਮੰਤਰੀ ਨੇ ਕੈਂਪਸ ਵਿੱਚ ਸੜਕਾਂ ਦੇ ਨਿਰਮਾਣ ਲਈ ਵੀ 25 ਲੱਖ ਰੁਪਏ ਦੇਣ ਦਾ ਐਲਾਨ ● ਬਾਕੀ ਸਫ਼ਾ 2 'ਤੇ

## ਸੜਕ ਸੁਰੱਖਿਆ ਫੋਰਸ ਬਣੇਗੀ

**ਅਮਰਗੜ੍ਹ :** ਪੰਜਾਬ ਵਿੱਚ ਸੜਕ ਹਾਦਸਿਆਂ ਵਿੱਚ ਜਾਂਦੀਆਂ ਕੀਮਤੀ ਜਾਨਾਂ ਉਤੇ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਸੂਬੇ ਦੀਆਂ ਸੜਕਾਂ ਉਤੇ ਆਵਾਜਾਈ ਨੂੰ ਸੁਚਾਰੂ ਬਣਾਉਣ ਲਈ ਸਮਰਪਿਤ 'ਸੜਕ ਸੁਰੱਖਿਆ ਫੋਰਸ' ਦੇ ਗਠਨ ਦਾ ਐਲਾਨ ਕੀਤਾ ਹੈ। ਖੇਤਰੀ ਡਰਾਈਵਿੰਗ ਸਿਖਲਾਈ ਕੇਂਦਰ ਨੂੰ ਲੋਕਾਂ ਨੂੰ ਸਮਰਪਿਤ ਕਰਨ ਮਗਰੋਂ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਸੜਕ ਹਾਦਸਿਆਂ ਵਿੱਚ ਰੋਜ਼ਾਨਾ ਤਕਰੀਬਨ 14 ਕੀਮਤੀ ਜਾਨਾਂ ਜਾਂਦੀਆਂ ਹਨ। ਮਾਨ ਨੇ ਕਿਹਾ ਕਿ ਥਾਣਿਆਂ ਵਿੱਚ ਤਾਇਨਾਤ ਸਿਪਾਹੀਆਂ ਦੇ ਕੰਮ ਦਾ ਬੋਝ ਘਟਾਉਣ ਲਈ ਇਸ ਫੋਰਸ ਨੂੰ ਗਲਤ ਡਰਾਈਵਿੰਗ ਰੋਕਣ, ਸੜਕਾਂ ਉਤੇ ਵਾਹਨਾਂ ਦੀ ਆਵਾਜਾਈ ਨੂੰ ਸੁਚਾਰੂ ਕਰਨ ਅਤੇ ਹੋਰ ਕੰਮ ਦਿੱਤੇ ਜਾਣਗੇ।

ਭਗਵੰਤ ਮਾਨ ਨੇ ਕਿਹਾ ਕਿ ਉਹ ਸਿਆਸਤ ਵਿੱਚ ਨੈਤਿਕਤਾ ਦੇ ਹਮਾਇਤੀ ਹਨ ਅਤੇ ਲੋਕਾਂ ਦਾ ਇਕ ਵੀ ਪੈਸਾ ਲੈਣਾ, ਉਨ੍ਹਾਂ ਲਈ ਜ਼ਹਿਰ ਖਾਣ ਦੇ ਬਰਾਬਰ ਹੈ। ਸਿਆਸੀ ਪਾਰਟੀਆਂ ਉਤੇ ਤਿੱਖੇ ਹਮਲੇ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਮਾੜੇ ਕੰਮਾਂ ਕਾਰਨ ਲੋਕਾਂ ਨੇ ਹੁਣ ਇਨ੍ਹਾਂ ਨੂੰ ਜੱਫੀਆਂ ਪਾਉਣੀਆਂ ਬੰਦ ਕਰ ਦਿੱਤੀਆਂ ਹਨ। ਇਸ ਲਈ ਹੁਣ ਉਹ ਆਪਣੇ ਵਿਚਾਰਧਾਰਕ ਬੰਧੇਜਾਂ ਨੂੰ ਤਿਆਗ ਕੇ ਆਪਸ ਵਿੱਚ ਗਲਵੱਕੜੀਆਂ ● ਬਾਕੀ ਸਫ਼ਾ 2 'ਤੇ

## ਕੋਰੋਨਾ ਯੋਧੇ ਦੇ ਪਰਵਾਰ ਨਾਲ ਕੀਤਾ ਵਾਅਦਾ ਨਿਭਾਇਆ



**ਅਮਰਗੜ੍ਹ :** ਭਗਵੰਤ ਮਾਨ ਨੇ ਕੋਵਿਡ ਦੌਰਾਨ ਡਿਊਟੀ ਨਿਭਾਉਂਦੇ ਸਮੇਂ ਫੌਤ ਹੋ ਚੁੱਕੇ ਡਰਾਈਵਰ ਮਨਜੀਤ ਸਿੰਘ ਦੇ ਪਰਵਾਰ ਨਾਲ ਸਨੇਹ ਪ੍ਰਗਟ ਕਰਦੇ ਹੋਏ ਉਨ੍ਹਾਂ ਦੀ ਮਾਤਾ ਮਹਿੰਦਰ ਕੌਰ ਨੂੰ 50 ਲੱਖ ਰੁਪਏ ਦਾ ਚੈੱਕ ਸੌਂਪਿਆ। ਉਨ੍ਹਾਂ ਕਿਹਾ ਕਿ ਕੋਵਿਡ-19 ਮਹਾਂਮਾਰੀ ਦੌਰਾਨ ਕੌਮੀ ਤਾਲਾਬੰਦੀ ਮੌਕੇ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਵਿਖੇ ਫਸੇ ਸ਼ਰਧਾਲੂਆਂ ਨੂੰ ਉੱਥੋਂ ਪੰਜਾਬ ਲਿਆਉਣ ਲਈ ਵਿਸ਼ੇਸ਼ ਡਿਊਟੀ ਕਰਦੇ ਸਮੇਂ ਬਰਨਾਲਾ ਜ਼ਿਲ੍ਹੇ ਦੇ ਪਿੰਡ ਬਡਬਰ ਦੇ 38 ਸਾਲਾ ਮਨਜੀਤ ਸਿੰਘ ਦੀ 26 ਅਪ੍ਰੈਲ, 2020 ਨੂੰ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ ਸੀ।

ਮਾਨ ਨੇ ਕਿਹਾ ਕਿ ਉਸ ਸਮੇਂ ਦੀ ਸਰਕਾਰ ਨੇ ਪਰਵਾਰ ਨੂੰ ਨਿਗੂਣੀ ਰਕਮ ਮੁਆਵਜ਼ੇ ਵਜੋਂ ਦੇਣ ਦੀ ਪੇਸ਼ਕਸ਼ ਕੀਤੀ ਸੀ, ਜਿਸ ਕਰਕੇ ਆਮ ਆਦਮੀ ਪਾਰਟੀ ਨੇ ਸੂਬਾ ਪੱਧਰ 'ਤੇ ਪ੍ਰਦਰਸ਼ਨ ਕਰਦਿਆਂ ਡਰਾਈਵਰ ਮਨਜੀਤ ਸਿੰਘ ਦੇ ਪਰਵਾਰ ਨੂੰ 50 ਲੱਖ ਰੁਪਏ ਦਾ ਮੁਆਵਜ਼ਾ ਦੇਣ ਦੀ ਮੰਗ ਕੀਤੀ ਸੀ।

# ਮਾਨ ਨੂੰ ਕੁਰਸੀ ਮੇਰੇ ਪਤੀ ਨੇ ਤੋਹਫੇ 'ਚ ਦਿੱਤੀ : ਨਵਜੋਤ ਕੌਰ



**ਪਟਿਆਲਾ :** ਕਾਂਗਰਸ ਆਗੂ ਨਵਜੋਤ ਸਿੰਘ ਸਿੱਧੂ ਦੀ ਪਤਨੀ ਨਵਜੋਤ ਕੌਰ ਨੇ ਸ਼ੁੱਕਰਵਾਰ ਦਾਅਵਾ ਕੀਤਾ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਸਾਬਕਾ ਕ੍ਰਿਕਟਰ ਨੂੰ ਪੰਜਾਬ 'ਚ ਪਾਰਟੀ ਦੀ ਕਮਾਨ ਸੌਂਪਣੀ ਚਾਹੁੰਦੇ ਸਨ, ਪਰ ਉਨ੍ਹਾ ਆਪਣੀ ਕਾਂਗਰਸ ਨਾਲ ਧੋਖਾ ਨਹੀਂ ਕੀਤਾ। ਉਨ੍ਹਾ ਦੇ ਪਤੀ ਨੇ ਭਗਵੰਤ ਮਾਨ ਨੂੰ ਪੰਜਾਬ ਦੇ ਮੁੱਖ ਮੰਤਰੀ ਦੀ ਕੁਰਸੀ ਤੋਹਫੇ 'ਚ ਦਿੱਤੀ ਹੈ। ਉਨ੍ਹਾ ਦਾ ਇਹ ਬਿਆਨ ਪਿਛਲੇ ਕੁਝ ਸਮੇਂ ਤੋਂ ਮੁੱਖ ਮੰਤਰੀ ਅਤੇ ਨਵਜੋਤ ਸਿੰਘ ਸਿੱਧੂ ਵਿਚਾਲੇ ਚੱਲ ਰਹੀ ਸ਼ਬਦੀ ਜੰਗ ਦੇ ਮੱਦੇਨਜ਼ਰ ਆਇਆ ਹੈ। ਟਵੀਟਾਂ ਦੀ ਲੜੀ 'ਚ ਉਨ੍ਹਾ ਕਿਹਾ-ਮੁੱਖ ਮੰਤਰੀ ਭਗਵੰਤ ਮਾਨ ਮੈਨੂੰ ਅੱਜ ਰਾਜ਼ ਦਾ ਖੁਲਾਸਾ ਕਰਨ ਦਿਓ। ਤੁਹਾਨੂੰ ਪਤਾ ਹੋਣਾ ਚਾਹੀਦਾ ਹੈ ਕਿ ਅੱਜ ਤੁਸੀਂ ਜਿਸ ਮਾਣ ਵਾਲੀ ਕੁਰਸੀ 'ਤੇ ਬੈਠੇ ਹੋ, ਉਹ ਤੁਹਾਨੂੰ ਤੁਹਾਡੇ ਵੱਡੇ ਭਰਾ ਨਵਜੋਤ ਸਿੱਧੂ ਨੇ ਤੋਹਫੇ ਵਜੋਂ ਦਿੱਤੀ ਹੈ। ਆਪ ਦੇ ਸਭ ਤੋਂ ਸੀਨੀਅਰ ਨੇਤਾ ਦੀ ਇੱਛਾ ਸੀ ਕਿ ਨਵਜੋਤ ਪੰਜਾਬ ਦੀ ਕਮਾਨ ਸੰਭਾਲ ਲਵੇ। ਉਨ੍ਹਾ ਦਾਅਵਾ ਕੀਤਾ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਕੇਜਰੀਵਾਲ ਨੇ ਕਈ ਵਾਰ ਨਵਜੋਤ ਸਿੰਘ ਸਿੱਧੂ ਨਾਲ ਸੰਪਰਕ ਕਰਕੇ ਉਨ੍ਹਾ ਨੂੰ ਪਾਰਟੀ ਦੀ ਕਮਾਨ ਸੰਭਾਲਣ ਲਈ ਕਿਹਾ ਸੀ, ਪਰ ਨਵਜੋਤ ਨੇ ਕਾਂਗਰਸ ਨੂੰ ਧੋਖਾ ਨਹੀਂ ਦਿੱਤਾ। ਉਨ੍ਹਾ ਨੇ ਪੰਜਾਬ ਦੀ ਖੁਸ਼ਹਾਲੀ ਲਈ ਸਭ ਕੁਝ ਕੁਰਬਾਨ ਕਰ ਦਿੱਤਾ।

## ਮੋਦੀ ਵੱਲੋਂ ਚੀਨ ਨੂੰ ਕਲੀਨ ਚਿੱਟ ਦੀ ਦੇਸ਼ ਭਾਰੀ ਕੀਮਤ ਚੁਕਾ ਰਿਹੈ : ਖੜਗੇ

**ਨਵੀਂ ਦਿੱਲੀ :** ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਉੱਤਰਾਖੰਡ 'ਚ ਅਸਲ ਕੰਟਰੋਲ ਰੇਖਾ (ਐੱਲ ਏ ਸੀ) ਨੇੜੇ ਚੀਨ ਵੱਲੋਂ ਉਸਾਰੀ ਕਾਰਜਾਂ ਦੀਆਂ ਖਬਰਾਂ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਨਿਸ਼ਾਨੇ ਲਾਉਂਦਿਆਂ ਕਿਹਾ ਹੈ ਕਿ ਚੀਨ ਦਾ ਮੁਕਾਬਲਾ ਇਕਜੁੱਟ ਹੋ ਕੇ ਅਤੇ ਰਣਨੀਤਕ ਤੌਰ 'ਤੇ ਕੀਤਾ ਜਾਣਾ ਚਾਹੀਦਾ ਹੈ।

ਉਨ੍ਹਾ ਟਵਿੱਟਰ 'ਤੇ ਉੱਤਰਾਖੰਡ 'ਚ ਐੱਲ ਏ ਸੀ ਦੇ ਨਾਲ ਵਾਲੇ ਖੇਤਰਾਂ 'ਚ ਚੀਨ ਵੱਲੋਂ ਕਥਿਤ ਨਿਰਮਾਣ ਕਾਰਜ ਦੀਆਂ ਕੁਝ ਸੈਟੇਲਾਈਟ ਤਸਵੀਰਾਂ ਸਾਂਝੀਆਂ ਕੀਤੀਆਂ ਅਤੇ ਦੋਸ਼ ਲਗਾਇਆ ਕਿ ਪ੍ਰਧਾਨ ਮੰਤਰੀ ਵੱਲੋਂ ਚੀਨ ਨੂੰ ਕਲੀਨ ਚਿੱਟ ਦੇਣ ਕਾਰਨ ਦੇਸ਼ ਨੂੰ ਭਾਰੀ ਕੀਮਤ ਚੁਕਾਉਣੀ ਪੈ ਰਹੀ ਹੈ।

# ਈ ਡੀ ਨੂੰ ਜਬਰ ਦਾ ਸੰਦ ਬਣਾਉਣ ਵਿਰੁੱਧ ਰਾਸ਼ਟਰਪਤੀ ਦੇ ਨਾਂਅ ਮੰਗ ਪੱਤਰ

## 29 ਜੂਨ ਨੂੰ ਜਲੰਧਰ 'ਚ ਲੋਕ ਚੇਤਨਾ ਕਨਵੈਨਸ਼ਨ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਪ੍ਰੋਫੈਸਰ ਜਗਮੋਹਨ ਸਿੰਘ ਪ੍ਰਧਾਨ ਜਮਹੂਰੀ ਅਧਿਕਾਰ ਸਭਾ ਦੀ ਅਗਵਾਈ ਹੇਠ 50 ਦੇ ਕਰੀਬ ਜਨਤਕ ਜਮਹੂਰੀ ਜਥੇਬੰਦੀਆਂ ਦੇ ਨੁਮਾਇੰਦਿਆਂ, ਉੱਘੇ ਕਵੀ ਸੁਰਜੀਤ ਪਾਤਰ, ਪ੍ਰੋ. ਪਰਮਿੰਦਰ ਸਿੰਘ, ਸੁਰਿੰਦਰ ਕੁਮਾਰੀ ਕੋਛੜ ਅਤੇ ਹੋਰ ਨਾਮਵਰ ਸ਼ਖਸੀਅਤਾਂ ਦੇ ਵਫਦ ਨੇ ਸ਼ੁੱਕਰਵਾਰ ਸੁਖਨਾ ਝੀਲ ਕੋਲ ਇਕੱਤਰ ਹੋ ਕੇ ਡਿਊਟੀ ਮੈਜਿਸਟ੍ਰੇਟ ਰਾਹੀਂ ਰਾਸ਼ਟਰਪਤੀ ਦੇ ਨਾਂਅ ਪੰਜਾਬ ਦੇ ਗਵਰਨਰ ਨੂੰ ਮੰਗ ਪੱਤਰ ਦਿੱਤਾ। ਮੰਗ ਪੱਤਰ ਵਿੱਚ ਮੰਗ ਕੀਤੀ ਗਈ ਕਿ ਉੱਘੀ ਖੋਜ ਕਾਰਕੁੰਨ ਡਾ. ਨਵਸ਼ਰਨ ਸਿੰਘ ਅਤੇ ਹੋਰ ਲੋਕ ਪੱਖੀ ਬੁੱਧੀਜੀਵੀ ਔਰਤਾਂ ਨੂੰ ਫਰਜ਼ੀ ਕੇਸਾਂ ਵਿੱਚ ਫਸਾਉਣ ਦੀ ਸਾਜ਼ਿਸ਼ ਬੰਦ ਕੀਤੀ ਜਾਵੇ। ਈ ਡੀ ਵੱਲੋਂ ਪੁੱਛਗਿੱਛ ਦੇ ਨਾਂਅ ਹੇਠ ਬੁੱਧੀਜੀਵੀਆਂ ਤੇ ਜਮਹੂਰੀ ਕਾਰਕੁਨਾਂ ਨੂੰ ਪ੍ਰੇਸ਼ਾਨ ਕਰਨ ਅਤੇ ਧਮਕਾਉਣ ਦੀਆਂ ਕਾਰਵਾਈਆਂ ਤੁਰੰਤ ਬੰਦ ਕੀਤੀਆਂ ਜਾਣ। ਇਹ ਵੀ ਜ਼ੋਰਦਾਰ ਮੰਗ ਕੀਤੀ ਗਈ ਕਿ ਕਾਰਕੁਨਾਂ ਨੂੰ ਪ੍ਰੇਸ਼ਾਨ ਕਰਨ ਲਈ ਮਨੀ ਲਾਂਡਰਿੰਗ ਕਾਨੂੰਨ ਨੂੰ ਸੰਦ ਬਣਾ ਕੇ ਵਰਤਣਾ ਬੰਦ ਕੀਤਾ ਜਾਵੇ ਅਤੇ ਗਿਫ੍ਤਾਰ ਬੁੱਧੀਜੀਵੀਆਂ ਨੂੰ ਰਿਹਾਅ ਕਰਨ ਦੇ ਨਾਲ ● ਬਾਕੀ ਸਫ਼ਾ 2 'ਤੇ

# ਕਿਸਾਨ ਐਕਸ਼ਨ ਕਾਰਨ ਮੁੱਖ ਬਿਜਲੀ ਦਫਤਰ ਦਾ ਕੰਮ ਠੱਪ



**ਪਟਿਆਲਾ :** ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ ਐੱਸ ਪੀ ਸੀ ਐੱਲ) ਦੇ ਪਟਿਆਲਾ ਸਥਿਤ ਮੁੱਖ ਦਫਤਰ ਦੇ ਤਿੰਨੇ ਗੇਟਾਂ 'ਤੇ ਕਿਸਾਨਾਂ ਨੇ ਤਾਲੇ ਲਗਾ ਦਿੱਤੇ ਹਨ। ਇਸ ਕਾਰਨ ਸ਼ੁੱਕਰਵਾਰ ਕੋਈ ਵੀ ਮੁਲਾਜ਼ਮ ਦਫਤਰ ਨਹੀਂ ਪੁੱਜਿਆ ਤੇ ਸਾਰਾ ਸਰਕਾਰੀ ਕੰਮ ਠੱਪ ਹੋ ਗਿਆ। ਮੰਗਾਂ ਨਾ ਮੰਨਣ 'ਤੇ ਕਿਸਾਨਾਂ ਨੇ ਦੂਜੇ ਦਿਨ ਵੀ ਦਫਤਰ ਦੇ ਬਾਹਰ ਧਰਨਾ ਜਾਰੀ ਰੱਖਿਆ। ਕਿਸਾਨਾਂ ਨੇ ਵੀਰਵਾਰ ਦੁਪਹਿਰ ਗੇਟਾਂ ਨੂੰ ਬੰਦ ਕਰ ਦਿੱਤਾ ਸੀ। ਇਸ ਕਾਰਨ ਔਰਤਾਂ ਸਮੇਤ ਵੱਖ-ਵੱਖ ਮੁਲਾਜ਼ਮਾਂ ਨੂੰ ਅੱਧੀ ਰਾਤ ਤੱਕ ਅੰਦਰ ਬੰਦ ਰਹਿਣਾ ਪਿਆ।

ਇਸ ਤੋਂ ਬਾਅਦ ਪਟਿਆਲਾ ਦੇ ਆਈ ਜੀ ਮੁਖਵਿੰਦਰ ਸਿੰਘ ਛੀਨਾ ਨੇ ਮੌਕੇ 'ਤੇ ਪਹੁੰਚ ਕੇ ਮੁਲਾਜ਼ਮਾਂ ਨੂੰ ਮੁਕਤ ਕਰਵਾਇਆ। ਦੂਜੇ ਪਾਸੇ ਸ਼ਹਿਰ ਦੀ ਜੀਵਨ ਰੇਖਾ ਮਾਲ ਰੋਡ ਵੀ ਠੱਪ ਹੋਣ ਕਾਰਨ ਸ਼ਹਿਰ ਦੀ ਆਵਾਜਾਈ ਦੀ ਸਮੱਸਿਆ ਗੰਭੀਰ ਹੋ ਗਈ ਹੈ। ਲੋਕਾਂ ਦਾ ਕਹਿਣਾ ਹੈ ਕਿ ਪਹਿਲਾਂ ਇਥੇ ਕਈ ਦਿਨਾਂ ਲਈ ਬੇਰੁਜ਼ਗਾਰਾਂ ਨੇ ਧਰਨਾ ਦੇ ਕੇ ਸੜਕ ਬੰਦ ਕੀਤੀ ਹੋਈ ਸੀ ਤੇ ਉਨ੍ਹਾਂ ਤੋਂ ਤੁਰੰਤ ਬਾਅਦ ਕਿਸਾਨਾਂ ਨੇ ਸੜਕ ਜਾਮ ਕਰਕੇ ਆਵਾਜਾਈ ਦੀ ਗੰਭੀਰ ਸਥਿਤੀ ਪੈਦਾ ਕਰ ਦਿੱਤੀ ਹੈ।

## ਉਹ ਛੁਰੇ ਮਾਰਦਾ ਰਿਹਾ, ਲੋਕ ਦੇਖਦੇ ਰਹੇ

**ਨਵੀਂ ਦਿੱਲੀ :** ਇੱਥੋਂ ਦੇ ਨੰਦ ਨਗਰੀ ਖੇਤਰ 'ਚ 20 ਸਾਲਾ ਨੌਜਵਾਨ ਨੂੰ ਇਕ ਵਿਅਕਤੀ ਨੇ ਕੁੱਟਿਆ ਅਤੇ ਛੁਰੇ ਦੇ ਕਈ ਵਾਰ ਕੀਤੇ। ਇਸ ਘਟਨਾ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਈ ਹੈ। ਪੁਲਸ ਨੇ ਦੱਸਿਆ ਕਿ ਜ਼ਖਮੀ ਦੀ ਪਛਾਣ ਕਾਸਿਮ ਵਜੋਂ ਹੋਈ ਹੈ, ਜਿਸ ਨੂੰ ਇਲਾਜ ਲਈ ਜੀ ਟੀ ਬੀ ਹਸਪਤਾਲ ਦੇ ਡਾਕਟਰਾਂ ਨੇ ਏਮਜ਼ ਟਰਾਮਾ ਸੈਂਟਰ ਰੈਫਰ ਕਰ ਦਿੱਤਾ ਹੈ। ਘਟਨਾ ਦੀ ਵੀਡੀਓ 'ਚ 22 ਸਾਲਾ ਸ਼ੋਏਬ, ਜੋ ਇਸ ਸਮੇਂ ਪੁਲਸ ਦੀ ਹਿਰਾਸਤ 'ਚ ਹੈ, ਸੜਕ 'ਤੇ ਡਿੱਗੇ ਕਾਸਿਮ ਨੂੰ ਕੁੱਟਦਾ ਅਤੇ ਛੁਰੇ ਮਾਰਦਾ ਨਜ਼ਰ ਆ ਰਿਹਾ ਹੈ। ਕੁਝ ਔਰਤਾਂ ਚੀਕਾਂ ਮਾਰਦੀਆਂ ਸੁਣੀਆਂ ਜਾ ਸਕਦੀਆਂ ਸਨ, ਜਦੋਂ ਕਿ ਕੁਝ ਰਾਹਗੀਰ ਮੂਕ ਦਰਸ਼ਕ ਬਣੇ ਹੋਏ ਹਨ। ਸ਼ੋਏਬ ਦੇ ਜਾਂਦੇ ਹੀ ਭੀੜ ਪੀੜਤ ਦੇ ਦੁਆਲੇ ਇਕੱਠੀ ਹੋ ਗਈ। ਨੰਦ ਨਗਰੀ ਪੁਲਸ ਨੂੰ ਵੀਰਵਾਰ ਰਾਤ 10.37 ਇਸ ਘਟਨਾ ਦੀ ਸੂਚਨਾ ਆਈ। ਮੁਲਜ਼ਮ ਤੇ ਪੀੜਤ ਇੱਕੋ ਇਲਾਕੇ ਦੇ ਹਨ। ਧਾਰਾ 307 (ਕਤਲ ਦੀ ਕੋਸ਼ਿਸ਼) ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

# ਕੇਂਦਰੀ ਟਰੇਡ ਯੂਨੀਅਨਾਂ ਤੇ ਸੰਯੁਕਤ ਕਿਸਾਨ ਮੋਰਚਾ ਵੱਲੋਂ ਸਾਂਝੇ ਪ੍ਰੋਗਰਾਮ ਜਾਰੀ ਰੱਖਣ ਦਾ ਅਹਿਦ



**ਲੁਧਿਆਣਾ (ਐਮ ਐਸ ਭਾਟੀਆ)**

ਟਰੇਡ ਯੂਨੀਅਨਾਂ ਜਿਨ੍ਹਾਂ ਵਿੱਚ ਇੰਟਕ, ਏ ਆਈ ਟੀ ਯੂ ਸੀ, ਐਚ ਐਮ ਐਸ, ਸੀਟੂ, ਏ ਆਈ ਯੂ ਟੀ ਯੂ ਸੀ, ਸੇਵਾ, ਏ ਆਈ ਸੀ ਸੀ ਟੀ ਯੂ , ਐਲ ਪੀ ਐਫ, ਯੂ ਟੀ ਯੂ ਸੀ ਸ਼ਾਮਲ ਸਨ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਸਾਂਝੇ ਮੰਚ ਦੀ ਦਿੱਲੀ ਵਿੱਚ ਹੋਈ ਮੀਟਿੰਗ 'ਚ ਮਜ਼ਦੂਰਾਂ ਅਤੇ ਕਿਸਾਨਾਂ ਦੀਆਂ ਮੰਗਾਂ ਸੰਬੰਧੀ ਪ੍ਰੋਗਰਾਮਾਂ ਅਤੇ ਕਾਰਵਾਈਆਂ ਨੂੰ ਲਾਗੂ ਕਰਦਿਆਂ ਆਪਸੀ ਏਕਤਾ ਅਤੇ ਸਮਰਥਨ 'ਤੇ ਤਸੱਲੀ ਪ੍ਰਗਟਾਈ ਗਈ। ਮੀਟਿੰਗ ਵਿੱਚ ਨਾ ਸਿਰਫ ਸੰਬੰਧਤ ਪਲੇਟਫਾਰਮਾਂ 'ਤੇ ਉਲੀਕੇ ਗਏ ਕਾਰਜਾਂ ਦੇ ਪ੍ਰੋਗਰਾਮਾਂ ਨੂੰ ਸਮਰਥਨ ਜਾਰੀ ਰੱਖਣ ਲਈ ਦੁਹਰਾਇਆ ਬਲਕਿ ਕੇਂਦਰ ਸਰਕਾਰ ਦੀਆਂ ਕਿਸਾਨ ਵਿਰੋਧੀ, ਮਜ਼ਦੂਰ ਵਿਰੋਧੀ ਅਤੇ ਰਾਸ਼ਟਰ ਵਿਰੋਧੀ ਨੀਤੀਆਂ ਵਿਰੁੱਧ ਦੇਸ਼ ਵਿਆਪੀ ਸਾਂਝੀਆਂ ਗਤੀਵਿਧੀਆਂ ਦੀ ਯੋਜਨਾ ਬਣਾਉਣ ਦੇ ਫੈਸਲੇ ਨੂੰ ਅੱਗੇ ਵਧਾਇਆ। ਨੋਇਡਾ 'ਚ ਕਿਸਾਨਾਂ ਅਤੇ ਟਰੇਡ ਯੂਨੀਅਨਾਂ ਦੇ ਚੱਲ ਰਹੇ ਸੰਘਰਸ਼, ਵਾਰਾਣਸੀ ਅਤੇ ਹੋਰ ਥਾਵਾਂ 'ਤੇ ਜਮਹੂਰੀ ਹੱਕਾਂ ਨੂੰ ਲੈ ਕੇ ਨਾਗਰਿਕਾਂ ਦੇ ਸੰਘਰਸ਼ ਲਈ ਮਿਲੇ ਸਮਰਥਨ ਦਾ ਨੋਟਿਸ ਲਿਆ। ਕੁਰੂਕਸ਼ੇਤਰ 'ਚ ਕਿਸਾਨਾਂ 'ਤੇ ਲਾਠੀਚਾਰਜ ਅਤੇ ਗ੍ਰਿਫਤਾਰੀ ਦੀ ਨਿੰਦਾ ਕੀਤੀ ਜੋ ਆਪਣੀ ਉਪਜ ਦੇ ਘੱਟੋ-ਘੱਟ ਸਮਰਥਨ ਮੁੱਲ ਦੀ ਮੰਗ ਨੂੰ ਲੈ ਕੇ ਅੰਦੋਲਨ ਕਰ ਰਹੇ ਸਨ। ਮਹਿਲਾ ਭਲਵਾਨਾਂ ਨੂੰ ਇਨਸਾਫ ਦਿਵਾਉਣ ਲਈ ਸਮਰਥਨ ਨੂੰ ਦੁਹਰਾਇਆ ਅਤੇ ਬ੍ਰਿਜ ਭੂਸ਼ਣ ਨੂੰ ਐਫ ਆਈ ਆਰ ਵਿੱਚ ਜਿਨਸੀ ਸ਼ੋਸ਼ਣ ਦੇ ਦੋਸ਼ਾਂ ਤਹਿਤ ਗ੍ਰਿਫਤਾਰ ਕੀਤੇ ਜਾਣ ਦੀ ਮੰਗ ਕੀਤੀ। ਮੀਟਿੰਗ ਨੇ ਐਨ ਡੀ ਏ ਸਰਕਾਰ ਦੀਆਂ ਵਿਨਾਸ਼ਕਾਰੀ ਨੀਤੀਆਂ ਵਿਰੁੱਧ ਮਜ਼ਦੂਰਾਂ ਅਤੇ ਕਿਸਾਨਾਂ ਦੀ ਏਕਤਾ ਨੂੰ ਮਜ਼ਬੂਤ ਕਰਨ ਦੀ ਫੌਰੀ ਲੋੜ ਮਹਿਸੂਸ ਕੀਤੀ ਅਤੇ ਅਗਲੇ ਮਹੀਨੇ ਮੁੜ ਮੀਟਿੰਗ ਕਰਨ ਅਤੇ ਮੰਗਾਂ ਦੇ ਸਾਂਝੇ ਚਾਰਟਰ ਅਤੇ ਅੰਦੋਲਨ ਦੇ ਪ੍ਰੋਗਰਾਮ ਉਲੀਕਣ ਲਈ ਮਜ਼ਦੂਰਾਂ ਅਤੇ ਕਿਸਾਨਾਂ ਦੀ ਸਾਂਝੀ ਕੌਮੀ ਕਨਵੈਨਸ਼ਨ ਦੀ ਯੋਜਨਾ ਬਣਾਉਣ ਦਾ ਸੰਕਲਪ ਲਿਆ।

**■ ਭਲਵਾਨਾਂ ਨੂੰ ਇਨਸਾਫ ਦਿਵਾਉਣ ਲਈ ਸਮਰਥਨ ਦੁਹਰਾਇਆ**

# ਅੱਜ-ਨਾਮਾ

ਕਿਹਾ ਜੀ ਮਾਨ ਭਗਵੰਤ ਨੇ ਸੜਕ ਉੱਤੇ,
ਦਿਆਂਗੇ ਮੌਤਾਂ ਨਾ ਹੋਣ ਬਈ ਹੋਰ ਬੇਲੀ।
ਹਾਦਸੇ ਰੋਕਾਂਗੇ ਹੋਣ ਪਏ ਨਿੱਤ ਜਿਹੜੇ,
ਟੁੱਟਣ ਦੇਣੀ ਨਾ ਜੀਵਨ ਦੀ ਡੋਰ ਬੇਲੀ।
ਉਲੰਘਣਾ ਹੁੰਦੀ ਕਾਨੂੰਨਾਂ ਦੀ ਰੋਕ ਦੇਣੀ,
ਕਰਨਾ ਨਿਯਮ ਲਾਗੂ ਲਾ ਕੇ ਜ਼ੋਰ ਬੇਲੀ।
ਹਾਰਨ ਫੁਕਰਿਆਂ ਦੇ ਵੱਜਦੇ ਰੋਕਣੇ ਈ,
ਪਾਉਣ ਦੇਣਾ ਨਹੀਂ ਫਾਲਤੂ ਸ਼ੋਰ ਬੇਲੀ।
ਗੱਲ ਤਾਂ ਚੰਗੀ ਆ ਕਹੀ ਭਗਵੰਤ ਸਿੰਘਾ,
ਲੱਗਾ ਬਿਆਨਾਂ ਦੇ ਨਾਲ ਨਾ ਸਰਨ ਬੇਲੀ।
ਪ੍ਰੇਰਨਾ ਦਿਉ ਜਾਂ ਕਰੋ ਕੁਝ ਫੁੱਲ ਸਖਤੀ,
ਹੁੰਦੇ ਅਮਲ ਹੀ ਔਖੇ ਜਿਹੇ ਕਰਨ ਬੇਲੀ।

-ਤੀਸ ਮਾਰ ਖਾਂ

# ਪੁਲਸ ਸੰਗੀਤਾ ਨੂੰ ਸੀਨ ਰੀਕ੍ਰਿਏਟ ਕਰਨ ਲਈ ਬ੍ਰਿਜ ਭੂਸ਼ਣ ਦੇ ਘਰ ਲੈ ਕੇ ਗਈ

**ਨਵੀਂ ਦਿੱਲੀ :** ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਬ੍ਰਿਜ ਭੂਸ਼ਣ ਸ਼ਰਣ ਸਿੰਘ ਖਿਲਾਫ ਯੌਨ ਸ਼ੋਸ਼ਣ ਦੇ ਦੋਸ਼ਾਂ ਦੀ ਜਾਂਚ ਕਰ ਰਹੀ ਦਿੱਲੀ ਪੁਲਸ ਸ਼ੁੱਕਰਵਾਰ ਮਹਿਲਾ ਭਲਵਾਨ ਸੰਗੀਤਾ ਫੋਗਾਟ ਨੂੰ ਬ੍ਰਿਜ ਭੂਸ਼ਣ ਦੇ ਘਰ ਲੈ ਕੇ ਗਈ। ਉਸਤੋਂ ਇਹ ਜਾਣਕਾਰੀ ਲਈ ਗਈ ਕਿ ਉਸ ਨਾਲ ਬ੍ਰਿਜ ਭੂਸ਼ਣ ਨੇ ਕੀ-ਕੀ ਤੇ ਕਿਵੇਂ ਕੀਤਾ ਸੀ।

ਇਸੇ ਦੌਰਾਨ ਬ੍ਰਿਜ ਭੂਸ਼ਣ ਖਿਲਾਫ ਅੰਦੋਲਨ ਕਰ ਰਹੇ ਕੌਮਾਂਤਰੀ ਭਲਵਾਨਾਂ ਬਜਰੰਗ ਪੂਨੀਆ ਤੇ ਵਿਨੇਸ਼ ਫੋਗਾਟ ਨੇ ਕਿਹਾ—ਪੁਲਸ ਮਹਿਲਾ ਭਲਵਾਨ ਨੂੰ ਕ੍ਰਾਈਮ ਸੀਨ 'ਤੇ ਲੈ ਕੇ ਗਈ ਸੀ ਪਰ ਮੀਡੀਆ ਵਿਚ ਦੱਸਿਆ ਗਿਆ ਹੈ ਕਿ ਉਹ ਸਮਝੌਤਾ ਕਰਨ ਗਈ। ਬ੍ਰਿਜ ਭੂਸ਼ਣ ਦੀ ਇਹੀ ਤਾਕਤ ਹੈ। ਉਹ ਬਾਹੂਬਲ, ਸਿਆਸੀ ਤਾਕਤ ਤੇ ਝੂਠੇ ਬਿਰਤਾਂਤ ਚਲਵਾ ਕੇ ਮਹਿਲਾ ਭਲਵਾਨਾਂ ਨੂੰ ਪ੍ਰੇਸ਼ਾਨ ਕਰ ਰਿਹਾ ਹੈ। ਉਸਦੀ ਗ੍ਰਿਫਤਾਰੀ ਜ਼ਰੂਰੀ ਹੈ।

ਉਧਰ, ਬ੍ਰਿਜ ਭੂਸ਼ਣ ਨੇ ਕਿਹਾ ਹੈ ਕਿ ਉਸ ਕੋਲ ਕੋਈ ਨਹੀਂ ਆਇਆ। ਇਸੇ ਦੌਰਾਨ ਇੰਟਰਨੈਸ਼ਨਲ ਰੈਫਰੀ ਜਗਬੀਰ ਸਿੰਘ ਨੇ ਦਿੱਲੀ ਪੁਲਸ ਨੂੰ ਦਿੱਤੇ ਬਿਆਨ ਵਿਚ ਕਿਹਾ ਹੈ ਕਿ ਇਕ ਈਵੈਂਟ ਵਿਚ ਬ੍ਰਿਜ ਭੂਸ਼ਣ ਮਹਿਲਾ ਭਲਵਾਨਾਂ ਨੂੰ ਛੂਹ ਰਿਹਾ ਸੀ। ਇਕ ਮਹਿਲਾ ਭਲਵਾਨ ਅਸਹਿਜ ਨਜ਼ਰ ਆ ਰਹੀ ਸੀ।



ਉਸਨੇ ਬ੍ਰਿਜ ਭੂਸ਼ਣ ਨੂੰ ਧੱਕਾ ਵੀ ਦਿੱਤਾ ਸੀ। ਇੰਜ ਲੱਗਦਾ ਹੈ ਕਿ ਉਸ ਦਿਨ ਕੁਝ ਤਾਂ ਗਲਤ ਹੋਇਆ। 2013 ਵਿਚ ਥਾਈਲੈਂਡ ਦੇ ਫੁਕੇਟ 'ਚ ਜੂਨੀਅਰ ਏਸ਼ੀਆ ਚੈਂਪੀਅਨਸ਼ਿਪ ਵਿਚ ਬ੍ਰਿਜ ਭੂਸ਼ਣ ਤੇ ਉਸਦੇ ਸਾਥੀਆਂ ਨੇ ਸ਼ਰਾਬ ਦੇ ਨਸ਼ੇ ਵਿਚ ਬੱਚੀਆਂ ਨੂੰ ਉਨ੍ਹਾਂ ਥਾਂਵਾਂ 'ਤੇ ਟੱਚ ਕੀਤਾ, ਜਿੱਥੇ ਟੱਚ ਨਹੀਂ ਕੀਤਾ ਜਾਣਾ ਚਾਹੀਦਾ ਸੀ। ਘਟਨਾ ਤੋਂ ਪਹਿਲਾਂ ਬ੍ਰਿਜ ਭੂਸ਼ਣ ਨੇ ਬੱਚੀਆਂ ਨੂੰ ਇੰਡੀਅਨ ਫੂਡ ਖੁਆਉਣ ਦੀ ਗੱਲ ਕਹੀ ਸੀ ਪਰ ਡਿਨਰ ਤੋਂ ਪਹਿਲਾਂ ਬ੍ਰਿਜ ਭੂਸ਼ਣ ਤੇ ਉਸਦੇ ਸਾਥੀਆਂ ਨੇ ਸ਼ਰਾਬ ਪੀਤੀ ਸੀ।

2010 ਦੀ ਕਾਮਨਵੈਲਥ ਗੋਲਡ ਮੈਡੇਲਿਸਟ ਅਨੀਤਾ ਨੇ ਵੀ ਦਿੱਲੀ ਪੁਲਸ ਨੂੰ ਦਿੱਤੇ ਬਿਆਨ ਵਿਚ ਭਲਵਾਨਾਂ ਦੇ ਦਾਅਵਿਆਂ ਦੀ ਪੁਸ਼ਟੀ ਕਰਦਿਆਂ ਕਿਹਾ ਹੈ ਕਿ ਮਹਿਲਾ ਭਲਵਾਨ ਨੇ ਉਸਨੂੰ ਦੱਸਿਆ ਸੀ ਕਿ ਬ੍ਰਿਜ ਭੂਸ਼ਣ ਨੇ ਉਸਨੂੰ ਕਮਰੇ ਵਿਚ ਸੱਦ ਕੇ ਜਬਰੀ ਗਲੇ ਲਾਇਆ। ਉਹ ਭਲਵਾਨ ਉਸ (ਅਨੀਤਾ) ਅੱਗੇ ਰੋ ਪਈ ਸੀ।

ਦਿੱਲੀ ਪੁਲਸ ਦੀ ਵਿਸ਼ੇਸ਼ ਜਾਂਚ ਟੀਮ ਹੁਣ ਤਕ 180 ਤੋਂ ਵੱਧ ਲੋਕਾਂ ਤੋਂ ਪੁੱਛਗਿੱਛ ਕਰ ਚੁੱਕੀ ਹੈ।

## ਭਲਵਾਨਾਂ ਨੂੰ ਕਲੀਨ ਚਿੱਟ

**ਨਵੀਂ ਦਿੱਲੀ :** ਦਿੱਲੀ ਪੁਲਸ ਨੇ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਬ੍ਰਿਜ ਭੂਸ਼ਣ ਸ਼ਰਣ ਸਿੰਘ 'ਤੇ ਝੂਠੇ ਦੋਸ਼ ਲਗਾਉਣ ਲਈ ਭਲਵਾਨਾਂ ਖਿਲਾਫ ਐੱਫ ਆਈ ਆਰ ਦਰਜ ਕਰਨ ਦੀ ਮੰਗ ਕਰਨ ਵਾਲੀ ਪਟੀਸ਼ਨ 'ਤੇ ਅਦਾਲਤ 'ਚ ਕਾਰਵਾਈ ਰਿਪੋਰਟ ਦਾਇਰ ਕਰਕੇ ਦੱਸਿਆ ਕਿ ਸ਼ਿਕਾਇਤਕਰਤਾ ਵੱਲੋਂ ਮੁਹੱਈਆ ਕਰਵਾਈ ਵੀਡੀਓ 'ਚ ਭਲਵਾਨ ਨਾਅਰੇ ਲਗਾਉਂਦੇ ਨਜ਼ਰ ਨਹੀਂ ਆ ਰਹੇ ਤੇ ਨਾ ਹੀ ਨਫਰਤ-ਭਰੇ ਭਾਸ਼ਣ ਦਾ ਕੋਈ ਮਾਮਲਾ ਸਾਹਮਣੇ ਆਇਆ ਹੈ। ਉਸ ਨੇ ਕਿਹਾ ਹੈ ਕਿ ਪਟੀਸ਼ਨ ਰੱਦ ਕਰ ਦਿੱਤੀ ਜਾਵੇ।

CMYK

# ਕਿਸਾਨਾਂ ਤੇ ਮਜ਼ਦੂਰਾਂ ਵੱਲੋਂ ਪਾਵਰਕਾਮ ਦਫਤਰ ਹਰੀਕੇ ਅੱਗੇ ਰੋਸ ਧਰਨਾ



**ਪੱਟੀ (ਬਲਦੇਵ ਸਿੰਘ ਕਿਰਤੋਵਾਲ /ਸ਼ਮਸ਼ੇਰ ਸਿੰਘ ਯੋਧਾ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਅਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਸਾਂਝੇ ਸੱਦੇ 'ਤੇ ਇਲਾਕੇ ਦੇ ਕਿਸਾਨਾਂ ਮਜ਼ਦੂਰਾਂ ਨੇ ਪਾਵਰਕਾਮ ਦਫਤਰ ਹਰੀਕੇ ਵਿਖੇ ਰੋਸ ਪ੍ਰਦਰਸ਼ਨ ਕੀਤਾ, ਜਿਸ ਦੌਰਾਨ ਆਪਣਾ ਮੰਗ ਪੱਤਰ ਦੇਣ ਤੋਂ ਪਹਿਲਾਂ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ। ਧਰਨੇ ਦੀ ਅਗਵਾਈ ਕਰਦਿਆਂ ਜ਼ੋਨ ਆਗੂ ਜੁਗਰਾਜ ਸਿੰਘ ਰਾਜਸਥਾਨੀ, ਸਵਰਨ ਸਿੰਘ ਖਹਿਰਾ ਨੇ ਦੱਸਿਆ ਕਿ ਜਥੇਬੰਦੀ ਵੱਲੋਂ ਚਿੱਪ ਵਾਲੇ ਮੀਟਰਾਂ ਦੇ ਵਿਰੋਧ ਲਗਾਤਾਰ ਜਾਰੀ ਹੈ ਜੋ ਭਵਿੱਖ ਵੀ ਇਸੇ ਪ੍ਰਕਾਰ ਜਾਰੀ ਰਹੇਗਾ। ਸੰਬੋਧਨ ਕਰਦਿਆਂ ਆਗੂ ਦਲਜੀਤ ਸਿੰਘ ਹਰੀਕੇ, ਨਛੱਤਰ ਸਿੰਘ ਸਭਰਾ, ਧਰਮ ਸਿੰਘ ਜੌਣੇਕੇ, ਖਜਾਨ ਸਿੰਘ ਕਿਰਤੋਵਾਲ, ਦਲੇਰ ਸਿੰਘ ਸਭਰਾ, ਸੁਖਦੇਵ ਸਿੰਘ ਰੱਤਾ ਗੁੱਦਾ, ਗੁਰਜਿੰਦਰ ਸਿੰਘ ਮੱਤਾ, ਸਤਨਾਮ ਸਿੰਘ ਬੂਹ ਹਵੇਲੀਆਂ, ਕਿਰਪਾਲ ਸਿੰਘ ਬੁਰਜ ਪੂਹਲਾ, ਜੁਰਿੰਦਰ ਸਿੰਘ ਗੱਟੀ ਹਰੀਕੇ, ਰੂਪ ਸਿੰਘ ਸੈਦੋਂ, ਬਲਵਿੰਦਰ ਸਿੰਘ ਚੋਹਲਾ ਸਾਹਿਬ, ਮੰਗਲ ਸਿੰਘ ਬੂਹ ਅਤੇ ਸਤਨਾਮ ਸਿੰਘ ਹਰੀਕੇ ਆਦਿ ਨੇ ਦੱਸਿਆ ਕਿ ਪਾਵਰਕਾਮ ਦੇ ਮੁਕੰਮਲ ਨਿੱਜੀਕਰਨ ਦਾ ਮੁੱਢ ਬੰਨ੍ਹਦਿਆਂ ਪੰਜਾਬ ਸਰਕਾਰ ਕੇਂਦਰ ਦੀਆਂ ਨੀਤੀਆਂ 'ਤੇ ਚੱਲ ਰਹੀ ਹੈ। ਬਿਜਲੀ ਸੋਧ ਕਾਨੂੰਨ 2022 ਰੱਦ ਕਰਾਉਣ, ਭਗਵੰਤ ਮਾਨ ਸਰਕਾਰ ਚੋਣ ਮਨੋਰਥ ਪੱਤਰ ਅਨੁਸਾਰ ਬਿਨਾਂ ਸ਼ਰਤ 300 ਯੂਨਿਟ ਬਿਜਲੀ ਮੁਹੱਈਆ ਕਰਾਉਣਾ ਯਕੀਨੀ ਬਣਾਏ। ਬੁਲਾਰਿਆਂ ਕਿਹਾ ਕਿ ਖਾਲੀ ਅਸਾਮੀਆਂ ਨੂੰ ਜਲਦੀ ਭਰਨਾ, ਸੜੇ ਟਰਾਂਸਫਾਰਮਰ ਪਹਿਲ ਦੇ ਆਧਾਰ 'ਤੇ ਬਦਲਣੇ, ਢਿੱਲੀਆਂ ਨੀਵੀਆਂ ਤਾਰਾਂ ਦੀ ਮੁਰੰਮਤ, ਵੀ ਡੀ ਐਸ ਸਕੀਮ ਮੁੜ ਲਾਗੂ ਕਰਨੀ ਅਤੇ ਖੇਤੀ ਸੈਕਟਰ ਨੂੰ 16 ਘੰਟੇ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਜਾਵੇ। ਆਗੂਆਂ ਇਹ ਵੀ ਕਿਹਾ ਕਿ ਨਾੜ ਅੱਗ ਲੱਗਣ ਦਾ ਮੁਆਵਜ਼ਾ 50 ਹਜ਼ਾਰ ਪ੍ਰਤੀ ਏਕੜ ਜਲਦੀ ਦਿੱਤਾ ਜਾਵੇ। ਇਹਨਾਂ ਮੰਗਾਂ ਨੂੰ ਲੈ ਕੇ ਜਥੇਬੰਦੀਆਂ ਦੇ ਆਗੂਆਂ ਨੇ ਮੁੱਖ ਮੰਤਰੀ ਦੇ ਨਾਮ ਮੰਗ ਪੱਤਰ ਦੇ ਕੇ ਧਰਨਾ ਸਮਾਪਤ ਕੀਤਾ। ਇਸ ਮੌਕੇ ਨਰਿੰਦਰ ਸਿੰਘ ਕਿਰਤੋਵਾਲ, ਬਲਵੰਤ ਸਿੰਘ, ਬਗੀਚਾ ਸਿੰਘ, ਬਲਬੀਰ ਸਿੰਘ ਸ਼ਾਹ, ਮਨਪ੍ਰੀਤ ਸਿੰਘ, ਗੁਰਵਿੰਦਰ ਸਿੰਘ, ਗੁਰਦੀਪ ਸਿੰਘ, ਲਖਬੀਰ ਸਿੰਘ ਗੱਟੀ, ਨਿਸ਼ਾਨ ਸਿੰਘ, ਗੁਰਦੀਪ ਸਿੰਘ, ਮੇਜਰ ਸਿੰਘ, ਸੁਖਦੇਵ ਸਿੰਘ, ਮੁਖਤਾਰ ਸਿੰਘ, ਸੁਖਵਿੰਦਰ ਸਿੰਘ, ਕੁਲਦੀਪ ਸਿੰਘ, ਜਗਤਾਰ ਸਿੰਘ, ਮਲਕੀਤ ਸਿੰਘ ਆਦਿ ਹਾਜ਼ਰ ਸਨ।

# ਬਿਜਲੀ ਬੋਰਡ ਦਫਤਰ ਪਟਿਆਲਾ ਵਿਖੇ ਪੱਕਾ ਮੋਰਚਾ ਸ਼ੁਰੂ



**ਮਜੀਠਾ (ਸ਼ੋਇਮ ਆਨੰਦ)**-ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਪੰਜਾਬ ਬਿਜਲੀ ਬੋਰਡ ਦਾ ਮੁੱਖ ਹੈੱਡ ਦਫਤਰ ਪਟਿਆਲਾ ਵਿਖੇ ਕਿਸਾਨੀ ਮੰਗਾਂ ਨੂੰ ਲੈ ਕੇ ਪੱਕਾ ਮੋਰਚਾ ਲਾਇਆ ਗਿਆ। ਬਲਾਕ ਮਜੀਠਾ ਤੋਂ ਬਲਾਕ ਪ੍ਰਧਾਨ ਗੁਰਭੇਜ ਸਿੰਘ ਥਰੀਏਵਾਲ, ਮੀਤ ਪ੍ਰਧਾਨ ਬਿਕਰਮ ਸਿੰਘ ਮਜੀਠਾ, ਦਿਹਾਤੀ ਜਨਰਲ ਸਕੱਤਰ ਜਗਪ੍ਰੀਤ ਸਿੰਘ ਕੋਟਲਾ ਗੁੱਜਰਾਂ ਦੀ ਅਗਵਾਈ ਹੇਠ ਵੱਡੀ ਗਿਣਤੀ ਵਿਚ ਜਥਾ ਰਵਾਨਾ ਹੋਇਆ। ਇਸ ਮੌਕੇ ਕਿਸਾਨ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਜਿੰਨੀ ਦੇਰ ਬਿਜਲੀ ਦੇ ਸੰਬੰਧਤ ਮਸਲਿਆਂ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਪੱਕਾ ਮੋਰਚਾ ਜਾਰੀ ਰੱਖਿਆ ਜਾਵੇਗਾ।

ਕਿਸਾਨ ਆਗੂ ਜਗਪ੍ਰੀਤ ਕੋਟਲਾ ਗੁੱਜਰਾਂ ਨੇ ਕਿਹਾ ਕੇ ਲੰਮੇ ਸਮੇਂ ਤੋਂ ਕਿਸਾਨਾਂ ਨੂੰ ਮੋਟਰਾਂ ਦੇ ਕੁਨੈਕਸ਼ਨ ਜਾਰੀ ਨਹੀਂ ਹੋ ਰਹੇ, ਬਿਜਲੀ ਦੇ ਵੱਡੇ ਵੱਡੇ ਪੰਜਾਬ ਵਿੱਚ ਕੱਟ ਰਹੇ ਹਨ, ਕਿਸਾਨਾਂ ਉਪਰ ਸਰਕਾਰੀ ਹੁਕਮ ਥੋਪ ਕੇ ਪੰਦਰਾਂ ਦਿਨ ਹੋਰ ਝੋਨਾ ਲਾਉਣ ਦਾ ਸਰਕਾਰੀ ਹੁਕਮ ਕੀਤਾ ਗਿਆ ਹੈ। ਇਸ ਮੌਕੇ ਵੱਡੀ ਗਿਣਤੀ ਵਿਚ ਕਿਸਾਨ ਹਾਜ਼ਰ ਸਨ, ਜਿਨ੍ਹਾਂ ਵਿੱਚ ਸੁੱਚਾ ਸਿੰਘ ਭੋਮਾ, ਉਤਮਜੀਤ ਸਿੰਘ ਚੁਗਾਵਾਂ, ਜਤਿੰਦਰ ਸਿੰਘ ਪਿੰਡ ਮਾਨ, ਬਲਵਿੰਦਰ ਸਿੰਘ ਚਵਿੰਡਾ ਦੇਵੀ, ਹਰਜਿੰਦਰ ਸਿੰਘ ਢਿੰਗਨੰਗਲ, ਹਰਜਿੰਦਰ ਸਿੰਘ ਵਡਾਲਾ, ਸਾਹਬ ਸਿੰਘ ਵੀਰਮ, ਸੁੰਦਰ ਲਾਲ ਪਤਾਲਪੁਰੀ, ਅਮਰੀਕ ਸਿੰਘ ਕਰਨਾਲਾ, ਸਖਦੇਵ ਸਿੰਘ ਮਰੜੀ, ਅਮਰੀਕ ਸਿੰਘ ਥਰੀਏਵਾਲ, ਗੁਲਜ਼ਾਰ ਸਿੰਘ ਕੋਟਲਾ ਗੁੱਜਰਾਂ, ਧੀਰ ਸਿੰਘ ਡੱਡੀਆ, ਗੁਰਮੇਜ ਸਿੰਘ ਡੱਡੀਆ, ਗੁਰਲਵ ਸਿੰਘ ਮੱਝੂਪੁਰਾ, ਨਿਰਮਲ ਸਿੰਘ ਕੋਟਲਾ ਹਾਜ਼ਰ ਸਨ।

# ਸਬ-ਡਵੀਜ਼ਨ ਟਾਂਗਰਾ ਵਿਖੇ ਚਿੱਪ ਵਾਲੇ ਮੀਟਰਾਂ ਖਿਲਾਫ ਰੋਸ ਪ੍ਰਦਰਸ਼ਨ

**ਟਾਂਗਰਾ (ਲਾਡੀ ਮੱਲ੍ਹੀ)**-ਹਰਿਆਣਾ ਵਿੱਚ ਕਿਸਾਨਾਂ, ਮਜ਼ਦੂਰਾਂ ਉੱਤੇ ਕੀਤੇ ਲਾਠੀਚਾਰਜ ਦੇ ਵਿਰੋਧ ਵਿੱਚ ਮੋਦੀ ਸਰਕਾਰ ਤੇ ਖੱਟਰ ਸਰਕਾਰ ਦਾ ਪੁਤਲਾ ਫੂਕਿਆ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੀਨੀਅਰ ਆਗੂ ਸਰਵਨ ਸਿੰਘ ਪੰਧੇਰ ਦੀ ਅਗਵਾਈ ਹੇਠ ਜ਼ੋਨ ਟਾਂਗਰਾ ਪ੍ਰਧਾਨ ਅਮਰਿੰਦਰ ਸਿੰਘ ਮਾਲੋਵਾਲ, ਅਮਰਦੀਪ ਸਿੰਘ ਦੀ ਪ੍ਰਧਾਨਗੀ ਹੇਠ ਸਬ ਡਵੀਜ਼ਨ ਟਾਂਗਰਾ ਵਿੱਚ ਚਿੱਪ ਵਾਲੇ ਮੀਟਰਾਂ ਵਿਰੁੱਧ ਰੋਸ ਪ੍ਰਦਰਸ਼ਨ ਕਰਦਿਆਂ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ। ਇਸ ਸਮੇਂ ਆਗੂਆ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਲੋਕਾਂ ਦੇ ਘਰਾਂ ਵਿੱਚ ਜੋ ਚਿੱਪਾਂ ਵਾਲੇ ਮੀਟਰ ਸਰਕਾਰ ਲਗਾ ਰਹੀ ਹੈ ਸਰਕਾਰ ਉਸ ਫੈਸਲੇ ਨੂੰ ਤੁਰੰਤ ਵਾਪਸ ਲਵੇ ਤੇ ਸਰਕਾਰ ਬਿਜਲੀ ਐਕਟ 2003 ਤੇ ਬਿਜਲੀ ਸੋਧ ਬਿੱਲ 2022 ਨੂੰ ਤੁਰੰਤ ਰੱਦ ਕਰੇ ਤੇ ਬਿਜਲੀ ਬੋਰਡ ਦਾ 1948 ਵਾਲਾ ਪੁਰਾਣਾ ਸਰੂਪ ਬਹਾਲ ਕੀਤਾ ਜਾਵੇ। ਝੋਨੇ ਦੇ ਸੀਜ਼ਨ ਤੋਂ ਪਹਿਲਾ ਸਰਕਾਰ ਸਾਰੀਆਂ ਸਬ ਡਵੀਜ਼ਨਾਂ ਵਿੱਚ ਸਮਾਨ ਦੀ ਘਾਟ ਨੂੰ ਦੂਰ ਕਰਕੇ ਸਾਰੀਆਂ ਸਮੱਸਿਆਵਾਂ ਦਾ ਹੱਲ ਕਰੇ ਤੇ ਖੇਤੀ ਲਈ 16 ਘੰਟੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ



ਬਣਾਵੇ। ਸਰਕਾਰ ਠੇਕੇਦਾਰੀ ਸਿਸਟਮ ਪੂਰਨ ਤੌਰ 'ਤੇ ਬੰਦ ਕਰੇ ਤੇ ਬਿਜਲੀ ਸਬ ਡਵੀਜ਼ਨਾਂ ਵਿੱਚ ਖਾਲੀ ਪਾਈਆਂ ਅਸਾਮੀਆਂ ਭਰੀਆਂ ਜਾਣ। ਪਾਵਰਕਾਮ ਵਿੱਚ ਉਪਰ ਤੋਂ ਲੈ ਕੇ ਹੇਠਾਂ ਤੱਕ ਫੈਲਿਆ ਹੋਇਆ ਭ੍ਰਿਸ਼ਟਾਚਾਰ ਤੁਰੰਤ ਬੰਦ ਕੀਤਾ ਜਾਵੇ। ਕਿਸਾਨਾਂ, ਮਜ਼ਦੂਰਾਂ ਦੀ ਦਫਤਰਾਂ ਵਿੱਚ ਹੁੰਦੀ ਖੱਜਲ ਖੁਆਰੀ ਬੰਦ ਕੀਤੀ ਜਾਵੇ। ਇਸ ਮੌਕੇ ਕੇਂਦਰ ਦੀ ਮੋਦੀ ਸਰਕਾਰ ਤੇ ਹਰਿਆਣਾ ਦੀ ਖੱਟਰ ਸਰਕਾਰ ਦਾ ਹਰਿਆਣਾ ਵਿੱਚ ਸ਼ਾਂਤਮਈ ਧਰਨਾ ਦੇ ਰਹੇ ਕਿਸਾਨਾਂ, ਮਜ਼ਦੂਰਾਂ ਉੱਤੇ ਲਾਠੀਚਾਰਜ ਦੇ ਵਿਰੋਧ ਵਜੋਂ ਪੁਤਲਾ ਫੂਕਿਆ ਗਿਆ। ਇਸ ਮੌਕੇ ਮੰਗ ਕੀਤੀ ਗਈ ਕਿ ਹਿਰਾਸਤ ਵਿੱਚ ਲਏ ਕਿਸਾਨਾਂ, ਮਜ਼ਦੂਰਾਂ ਨੂੰ ਸਰਕਾਰ ਤੁਰੰਤ ਰਿਹਾਅ ਕਰੇ ਤੇ ਕਿਸਾਨਾਂ, ਮਜ਼ਦੂਰਾਂ ਦੇ ਕੀਤੇ ਪਰਚੇ ਤੁਰੰਤ ਰੱਦ ਕੀਤੇ ਜਾਣ। ਸਰਕਾਰ ਕੋਲੋਂ ਮੰਗ ਕੀਤੀ ਗਈ ਕਿ ਸਰਕਾਰ ਵੱਲੋਂ ਸਵਾਮੀਨਾਥਨ ਰਿਪੋਰਟ ਲਾਗੂ ਕਰਕੇ ਕਿਸਾਨਾਂ ਨੂੰ 23 ਫਸਲਾਂ 'ਤੇ ਐਮ ਐਸ ਪੀ ਦਿੱਤੀ ਜਾਵੇ। ਇਸ ਮੌਕੇ ਆਗੂ ਬਲਬੀਰ ਸਿੰਘ ਜੱਬੋਵਾਲ, ਹਰਭਜਨ ਸਿੰਘ, ਪਾਲ ਸਿੰਘ, ਬੀਬੀ ਦਲਜੀਤ ਕੌਰ, ਸਕੱਤਰ ਕਮੇਟੀ, ਜੱਬੋਵਾਲ, ਬਲਕਾਰ ਸਿੰਘ, ਸ਼ਮਸ਼ੇਰ ਸਿੰਘ ਖੈਹਿਰਾ ਕੋਟ, ਤਲਵਿੰਦਰ ਸਿੰਘ, ਕੁਲਵਿੰਦਰ ਸਿੰਘ, ਜੋਧਾਨਗਰੀ, ਬਲਰਾਜ ਸਿੰਘ, ਹਰਭਜਨ ਸਿੰਘ ਮਾਲੋਵਾਲ, ਬਿਕਰਮ ਸਿੰਘ, ਟਾਂਗਰਾ, ਜਗਰੂਪ ਸਿੰਘ, ਸ਼ਾਹਪੁਰ ਹਰਪ੍ਰੀਤ ਸਿੰਘ ਸ਼ਾਹ ਜੀ ਕੋਟਲਾ, ਗੁਰਭੇਜ ਸਿੰਘ, ਭੁਪਿੰਦਰ ਸਿੰਘ ਮੁੱਛਲ, ਆਦਿ ਹਾਜ਼ਰ ਰਹੇ।

# ਮਹਿੰਦਰਾ ਵੱਲੋਂ ਨਵੀਂ ਸੁਪਰੋ ਸੀ ਐੱਨ ਜੀ ਡੂਓ ਲਾਂਚ

**ਜਲੰਧਰ** : ਮਹਿੰਦਰਾ ਐਂਡ ਮਹਿੰਦਰਾ ਲਿਮਿਟਡ, ਭਾਰਤ ਵਿੱਚ ਛੋਟੇ ਵਪਾਰਕ ਵਾਹਨਾਂ ਦੀ ਮਾਰਕੀਟ ਲੀਡਰ ਨੇ ਅੱਜ ਛੋਟੇ ਵਪਾਰਕ ਵਾਹਨਾਂ ਦੇ ਹਿੱਸੇ ਵਿੱਚ ਆਪਣੀ ਪਹਿਲੀ ਦੋਹਰੀ-ਬਾਲਣ ਵਾਲੀ ਗੱਡੀ ਸੁਪਰੋ ਸੀਐਨਜੀ ਡੂਓ ਨੂੰ ਲਾਂਚ ਕਰਨ ਦਾ ਐਲਾਨ ਕੀਤਾ ਹੈ। ਸੁਪਰੋ ਸੀਐੱਨਜੀ ਡੂਓ ਸਭ ਤੋਂ ਵਧੀਆ ਪੇਲੋਡ ਅਤੇ ਕਲਾਸ ਦੀ ਮੋਹਰੀ ਮਾਈਲੇਜ ਪ੍ਰਦਾਨ ਕਰਦਾ ਹੈ। 6.32 ਲੱਖ (ਐਕਸ-ਸ਼ੋਰੂਮ ਦਿੱਲੀ) ਦੀ ਸ਼ੁਰੂਆਤੀ ਕੀਮਤ ਦੇ ਨਾਲ, ਸੁਪਰੋ ਸੀਐਨਜੀ ਡੂਓ ਵਿਸ਼ੇਸ਼ਤਾਵਾਂ ਦਾ ਇੱਕ ਜੇਤੂ ਸੁਮੇਲ ਪੇਸ਼ ਕਰਦਾ ਹੈ। ਇਹ ਸੀਐਨਜੀ ਅਤੇ ਪੈਟਰੋਲ ਦੋਵਾਂ 'ਤੇ ਚੱਲ ਸਕਦਾ ਹੈ। ਵੀਜੇ ਨਾਕਰਾ ਪ੍ਰਧਾਨ ਆਟੋਮੋਟਿਵ ਡਿਵੀਜ਼ਨ, ਐਮਐਂਡਐਮ ਨੇ ਕਿਹਾ ਕਿ ਸੁਪਰੋ ਸੀਐਨਜੀ ਡੂਓ ਦੀ ਸ਼ੁਰੂਆਤ, ਗਾਹਕਾਂ ਦੀ ਤਿੱਖੀ ਸੂਝ ਅਤੇ ਦਹਾਕਿਆਂ ਦੀ ਮਾਰਕੀਟ ਲੀਡਰਸ਼ਿਪ ਦੇ ਆਧਾਰ 'ਤੇ ਨਵੀਨਤਾ ਅਤੇ ਭਰੋਸੇਮੰਦ ਵਪਾਰਕ ਵਾਹਨਾਂ ਦੇ ਉਤਪਾਦਨ ਦੀ ਮਹਿੰਦਰਾ ਦੀ ਅਮੀਰ ਅਤੇ ਮਾਣ ਵਾਲੀ ਵਿਰਾਸਤ ਦਾ ਪ੍ਰਮਾਣ ਹੈ।

# 800 ਗਰਾਮ ਅਫੀਮ ਤੇ ਡਰੱਗ ਮਨੀ ਸਮੇਤ ਦੋ ਵਿਅਕਤੀ ਗ੍ਰਿਫਤਾਰ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਦੀਨਾਨਗਰ ਦੇ ਐਸ. ਆਈ. ਸੁਰਜੀਤ ਸਿੰਘ ਸਮੇਤ ਪੁਲਸ ਪਾਰਟੀ ਗਸ਼ਤ ਕਰਦੇ ਹੋਏ ਮਗਰਾਲਾ ਬਾਈਪਾਸ ਪੁੱਜੇ ਜਿੱਥੇ ਐਸ. ਆਈ ਬਲਜਿੰਦਰ ਸਿੰਘ ਸੀ. ਆਈ. ਏ. ਸਟਾਫ ਸਮੇਤ ਪੁਲਸ ਪਾਰਟੀ ਮਗਰਾਲਾ ਤੋਂ ਗਸ਼ਤ ਕਰਦੇ ਹੋਏ ਜਦੋਂ ਘਰੋਟਾ ਬਾਈਪਾਸ ਪੁੱਜੇ ਤਾਂ ਝੰਗੀ ਸਰੂਪ ਦਾਸ ਵਾਲੀ ਸਾਇਡ ਸੜਕ 'ਤੇ ਟਰੱਕ ਨੰਬਰੀ ਪੀ. ਬੀ. 06. ਵੀ. 8525 ਖੜਾ ਸੀ ਅਤੇ ਉਸ ਦੇ ਨਾਲ ਹੀ ਇੱਕ ਸਕੂਟਰੀ ਨੰਬਰੀ ਪੀਬੀ 06. ਬੀ. ਬੀ. 3913 ਖੜੀ ਸੀ। ਟਰੱਕ ਵਿੱਚ ਦੋ ਵਿਅਕਤੀ ਘੁਸਰ-ਮੁਸਰ ਕਰ ਰਹੇ ਸੀ ਜਿਨ੍ਹਾਂ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਤਲਾਸ਼ੀ ਕੀਤੀ ਗਈ ਤਾਂ ਉਨ੍ਹਾਂ ਪਾਸੋਂ 800 ਗਰਾਮ ਅਫੀਮ ਅਤੇ 17,200 ਰੁਪਏ ਡਰੱਗ ਮਨੀ ਬਰਾਮਦ ਹੋਈ ਹੈ। ਇਨ੍ਹਾਂ ਦੋਸ਼ੀਆਂ ਦੀ ਪਹਿਚਾਣ ਨਿਸ਼ਾਨ ਸਿੰਘ ਪੁੱਤਰ ਸੁਖਜਿੰਦਰ ਸਿੰਘ ਵਾਸੀ ਪੁਰਾਣਾ ਲਿੱਤਰ ਗੁਰਦਾਸਪੁਰ ਅਤੇ ਮਨਜੀਤ ਸਿੰਘ ਪੁੱਤਰ ਵਿਜੈ ਸਿੰਘ ਵਾਸੀ ਵਾਰਡ ਨੰ. 11 ਮਾਸਟਰ ਕਲੋਨੀ ਦੀਨਾਨਗਰ ਵਜੋਂ ਹੋਈ ਹੈ। ਪੁਲਸ ਨੇ ਇਨ੍ਹਾਂ ਦੋਸ਼ੀਆਂ ਖ਼ਿਲਾਫ਼ ਐਨਡੀਪੀਐਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਵੈਸ਼ਨੋ ਮਾਂ ਕਲੱਬ ਨੇ ਲਗਾਇਆ ਭੰਡਾਰਾ



**ਪਠਾਨਕੋਟ (ਦਵਿੰਦਰ ਸਿੰਘ)**-ਵੈਸ਼ਨੋ ਮਾਂ ਕਲੱਬ ਰਜਿਸਟਰਡ ਵੱਲੋਂ ਗਲੀ ਨੰਬਰ 8 ਇੰਦਰਾ ਕਲੋਨੀ ਵਿਖੇ ਠੰਢੇ ਮਿੱਠੇ ਜਲ ਅਤੇ ਬ੍ਰੈਡ ਨਿਊਟਰੀ ਦਾ ਭੰਡਾਰਾ ਲਲਿਤ ਤਰੇਹਨ ਦੀ ਪ੍ਰਧਾਨਗੀ ਹੇਠ ਲਗਾਇਆ ਗਿਆ, ਜਿਸ ਵਿੱਚ ਰਾਹ ਜਾਂਦੇ ਲੋਕਾਂ ਨੇ ਬੜੇ ਉਤਸ਼ਾਹ ਨਾਲ ਭੰਡਾਰੇ ਵਿੱਚ ਲੱਗੇ ਠੰਢਾ ਮਿੱਠਾ ਜਲ ਅਤੇ ਬ੍ਰੈਡ ਨਿਊਟਰੀ ਨੂੰ ਛਕਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਵੀ ਕੁਮਾਰ, ਰਵਿੰਦਰ ਬਿੱਲਾ, ਲਾਡੀ, ਪਵਨ ਮਸਤਾਨਾ, ਦੀਪਕ ਮਸਤਾਨਾ, ਮੁਨੀਸ਼ ਕੁਮਾਰ, ਅਨੂਪ ਸਿੰਘ, ਜੈ ਦੇਵ, ਰਾਹੁਲ, ਉਮਰ ਆਦਿ ਹਾਜ਼ਰ ਸਨ।

# ਨਾਜਾਇਜ਼ ਸ਼ਰਾਬ ਵੇਚਣ ਵਾਲਿਆਂ 'ਤੇ ਪੁਲਸ ਨੇ ਕੱਸਿਆ ਸਿਕੰਜਾ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਕਲਾਨੌਰ ਦੇ ਏ. ਐੱਸ. ਆਈ. ਗੁਰਜੀਤ ਸਿੰਘ ਨੇ ਸਮੇਤ ਪੁਲਸ ਪਾਰਟੀ ਗਸ਼ਤ ਦੇ ਸਬੰਧ ਵਿੱਚ ਮੁਖਬਰ ਖਾਸ ਦੀ ਇਤਲਾਹ 'ਤੇ ਦੋਸ਼ੀ ਸਤਨਾਮ ਲਾਲ ਪੁੱਤਰ ਸੇਵਾ ਰਾਮ ਵਾਸੀ ਕਲੋਨੀ ਦੋਸਤਪੁਰ ਦੇ ਘਰ ਰੇਡ ਕਰਕੇ ਦੋਸ਼ੀ ਨੂੰ 7500 ਐਮ. ਐਲ. ਸ਼ਰਾਬ ਨਾਜਾਇਜ਼ ਸਮੇਤ ਕਾਬੂ ਕੀਤਾ ਹੈ। ਇਸੇ ਤਰ੍ਹਾਂ ਥਾਣਾ ਦੋਰਾਂਗਲਾ ਦੇ ਏ. ਐੱਸ. ਆਈ. ਲੇਖ ਰਾਜ ਨੇ ਸਮੇਤ ਪੁਲਸ ਪਾਰਟੀ ਗਸ਼ਤ ਦੇ ਸੰਬਧ ਵਿੱਚ ਮੁੱਖਬਰ ਖਾਸ ਦੀ ਇਤਲਾਹ 'ਤੇ ਦੋਸ਼ਣ ਔਰਤ ਵਾਸੀ ਗਾਹਲੜੀ ਦੇ ਘਰ ਰੇਡ ਕਰਕੇ 7500 ਐਮ. ਐਲ ਨਜਾਇਜ਼ ਬਰਾਮਦ ਕੀਤੀ ਗਈ। ਇਸ ਤੋਂ ਇਲਾਵਾ ਥਾਣਾ ਤਿੱਬੜ ਦੇ ਐਸਆਈ ਗੁਰਨਾਮ ਸਿੰਘ ਨੇ ਸਮੇਤ ਪੁਲਸ ਪਾਰਟੀ ਦੌਰਾਨੇ ਗਸ਼ਤ ਦੋਸ਼ੀ ਕੂੜਾ ਰਾਮ ਪੁੱਤਰ ਗਿਆਨ ਚੰਦ ਵਾਸੀ ਨਵਾਂ ਪਿੰਡ ਝਾਵਰ ਪਾਸੋਂ 7500 ਐਮ. ਐਲ. ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਹੈ। ਪੁਲਸ ਨੇ ਇਨ੍ਹਾਂ ਸਾਰੇ ਦੋਸ਼ੀਆਂ ਖਿਲਾਫ਼ ਆਬਕਾਰੀ ਐਕਟ ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਸਫਾਈ ਕਰਮਚਾਰੀਆਂ ਨੂੰ ਤਿੰਨ ਮਹੀਨਿਆਂ ਤੋਂ ਨਹੀਂ ਮਿਲੀਆਂ ਤਨਖਾਹਾਂ

**ਧਾਰੀਵਾਲ,(ਮਨਦੀਪ ਸਿੰਘ ਵਿੱਕੀ)**-ਸਫਾਈ ਕਰਮਚਾਰੀ ਯੂਨੀਅਨ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਚੰਚਲ ਮਸੀਹ ਨੇ ਦੱਸਿਆ ਕਿ ਸਫਾਈ ਕਰਮਚਾਰੀਆਂ ਨਿਗੂਣੀਆ ਤਨਖਾਹਾਂ ਤੇ ਸਿਵਲ ਹਸਪਤਾਲ ਗੁਰਦਾਸਪੁਰ ਵਿੱਚ ਕੰਮ ਕਰਦੇ ਹਨ। ਇਨ੍ਹਾਂ ਸਫਾਈ ਕਰਮਚਾਰੀਆਂ ਨੂੰ ਪਿਛਲੇ ਤਿੰਨ ਮਹੀਨਿਆਂ ਤੋਂ ਤਨਖਾਹਾਂ ਨਾ ਨਹੀਂ ਮਿਲੀਆਂ। ਤਨਖਾਹਾਂ ਨਾਲ ਮਿਲਣ ਕਰਕੇ ਇਨ੍ਹਾਂ ਸਫਾਈ ਕਰਮਚਾਰੀਆਂ ਨੂੰ ਆਪਣੇ ਘਰ ਦਾ ਗੁਜ਼ਾਰਾ ਚਲਾਉਣਾ ਮੁਸ਼ਕਿਲ ਹੋ ਗਿਆ ਹੈ। ਹਸਪਤਾਲ ਵਿੱਚ ਸਫਾਈ ਦਾ ਕੰਮ ਕਰਦੇ ਇਨ੍ਹਾਂ ਸਫਾਈ ਮਜ਼ਦੂਰਾਂ ਲਗਪਗ 18 ਸਾਲ ਤੋਂ ਵੱਧ ਸਮਾਂ ਹੋ ਚੁੱਕਾ ਹੈ ਅਤੇ 9 ਤੋਂ 10 ਹਜ਼ਾਰ ਰੁਪਏ ਪ੍ਰਤੀ ਮਹੀਨਾ ਮਿਲਦਾ ਹੈ ਜੋ ਪਿਛਲੇ ਤਿੰਨ ਮਹੀਨੇ ਤੋਂ ਤਨਖਾਹਾਂ ਨਹੀਂ ਮਿਲੀਆਂ। ਸਮੇਂ ਸਮੇਂ ਦੀਆਂ ਸਰਕਾਰਾਂ ਨੇ ਇਨ੍ਹਾਂ ਕਰਮਚਾਰੀਆਂ ਨੂੰ ਅਜੇ ਤੱਕ ਪੱਕਾ ਨਹੀਂ ਕੀਤਾ ਅਤੇ ਨਾ ਹੀ ਤਨਖਾਹ ਵਧਾਈ ਹੈ। ਹਰ ਸਰਕਾਰ ਲਾਰੇ ਲਾ ਕੇ ਡੰਗ ਟਪਾਈ ਕਰਕੇ ਹੀ ਚਲਦੀ ਬਣਦੀ ਹੈ।

ਜ਼ਿਲ੍ਹਾ ਪ੍ਰਧਾਨ ਨੇ ਕਿਹਾ ਜੇ ਤਨਖਾਹਾਂ ਜਲਦੀ ਨਾ ਦਿੱਤੀਆਂ ਤਾਂ ਪੰਜਾਬ ਸੁਬਾਰਡੀਨੇਟ ਸਰਵਿਸਜ ਫੈਡਰੇਸਨ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੀ ਅਗਵਾਈ ਹੇਠ ਸਫਾਈ ਕਰਮਚਾਰੀ ਸੰਘਰਸ ਕਰਨ ਲਈ ਮਜ਼ਬੂਰ ਹੋਣਗੇ। ਇਸ ਸਬੰਧੀ ਪ੍ਰਧਾਨ ਚੰਚਲ ਮਸੀਹ ਵਲੋਂ ਕੀਤੀ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਬੇਵੀ, ਕੇਵਲ, ਸੁਰਜੀਤ, ਸੁਖੋ, ਗੁਰਮੀਤ, ਧੀਰ ਸਿੰਘ, ਜਸਪਾਲ, ਟੋਨੀ, ਬੱਬੂ, ਨੀਟਾ ਅਤੇ ਕਾਲਾ ਆਦਿ ਸਫਾਈ ਕਰਮਚਾਰੀ ਹਾਜ਼ਰ ਸਨ। ਪੰਜਾਬ ਸੁਬਾਰਡੀਨੇਟ ਫੈਡਰੇਸਨ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਅਨਿਲ ਕੁਮਾਰ ਲਾਹੌਰੀਆ ਨੇ ਕਿਹਾ ਕਿ ਇਨਾਂ ਦੀਆਂ ਬਣਦੀਆਂ ਤਨਖਾਹਾਂ ਤੁਰੰਤ ਦਿੱਤੀਆਂ ਜਾਣ। ਗਰੀਬ ਗੁਰਬਿਆਂ ਨਾਲ ਧੱਕਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

# ਜਾਅਲੀ ਐੱਸ ਸੀ ਸਰਟੀਫਿਕੇਟ ਬਣਾ ਕੇ ਨੌਕਰੀਆਂ ਲੈਣ ਵਾਲੇ ਬਖਸ਼ੇ ਨਾ ਜਾਣ:ਯਸ਼ਪਾਲ ਕੁੰਡਲ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਪਿਛਲੀਆਂ ਸਰਕਾਰਾਂ ਸਮੇਂ ਕੁਝ ਚਲਾਕ ਕਿਸਮ ਲੋਕਾਂ ਵੱਲੋਂ ਆਪਣਾ ਉੱਲੂ ਸਿੱਧਾ ਕਰਨ ਲਈ ਹਮੇਸ਼ਾ ਹੀ ਗਰੀਬ, ਮਜਬੂਰ ਅਤੇ ਐੱਸ ਸੀ ਵਰਗ ਦੇ ਹੱਕਾਂ 'ਤੇ ਡਾਕਾ ਮਾਰਿਆ ਗਿਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਗੁਰਦਾਸਪੁਰ ਤੋਂ ਭਾਜਪਾ ਜ਼ਿਲ੍ਹਾ ਜਨਰਲ ਸਕੱਤਰ ਯਸ਼ਪਾਲ ਕੁੰਡਲ ਨੇ ਇਕ ਨਿੱਜੀ ਮੁਲਾਕਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਲੋਕਾਂ ਤੋਂ ਐੱਸ ਸੀ ਵਰਗ ਨੂੰ ਸੁਰੱਖਿਅਤ ਕਰਨ ਲਈ ਹੀ ਬਾਬਾ ਸਾਹਿਬ ਅੰਬੇਡਕਰ ਨੇ ਦੇਸ਼ ਦੇ ਸੰਵਿਧਾਨ ਵਿੱਚ ਕਾਨੂੰਨ ਰਾਹੀਂ ਐੱਸ ਸੀ ਵਰਗ ਨੂੰ ਰਾਖਵਾਂਕਰਨ ਦਿੱਤਾ ਸੀ ਤਾਂ ਕਿ ਇਹ ਵਰਗ ਆਪਣੇ ਹੱਕਾਂ ਦੀ ਵਰਤੋਂ ਕਰਕੇ ਆਪਣੇ ਆਪ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰ ਸਕੇ ਐੱਸ ਸੀ ਵਰਗ ਦੀ ਭਲਾਈ ਲਈ ਬਣੇ ਇਸ ਕਾਨੂੰਨ ਦਾ ਲਾਭ ਲੈਣ ਲਈ ਘਟੀਆ ਸੋਚ ਵਾਲੇ ਕੁਝ ਲੋਕਾਂ ਵੱਲੋਂ ਜਾਅਲੀ ਐੱਸ ਸੀ ਸਰਟੀਫਿਕੇਟ ਬਣਾ ਕੇ ਕਾਨੂੰਨ ਨਾਲ ਖਿਲਵਾੜ ਕਰਕੇ ਨੌਕਰੀਆਂ ਲੈ ਕੇ ਐੱਸਸੀ ਵਰਗ ਦੇ ਹੱਕਾਂ 'ਤੇ ਡਾਕਾ ਮਾਰਿਆ ਗਿਆ ਹੈ। ਅਜਿਹੇ ਹੋਰ ਵੀ ਲੋਕਾਂ ਦੀਆਂ ਜਾਅਲੀ ਡਿਗਰੀਆਂ ਦੀ ਪੂਰੀ ਜਾਂਚ- ਪੜਤਾਲ ਕਰਕੇ ਉਨ੍ਹਾਂ ਨੂੰ ਕਾਨੂੰਨ ਅਨੁਸਾਰ ਬਣਦੀ ਸਖਤ ਤੋਂ ਸਖਤ ਸਜ਼ਾ ਦਿੱਤੀ ਜਾਵੇ।

# ਚਿੱਪ ਵਾਲੇ ਮੀਟਰਾਂ ਦਾ ਵਿਰੋਧ ਤੇ ਹੋਰ ਮੰਗਾਂ ਨੂੰ ਲੈ ਕੇ ਸਬ-ਡਵੀਜ਼ਨ ਡੇਹਰੀਵਾਲ ਦਰੋਗਾ ਵਿਖੇ ਲਾਇਆ ਧਰਨਾ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜੋਨ ਸਠਿਆਲੀ ਦੇ ਆਗੂਆਂ ਦੀ ਅਗਵਾਈ ਹੇਠ ਇਲਾਕੇ ਦੇ ਕਿਸਾਨ ਮਜ਼ਦੂਰਾਂ ਵਲੋਂ ਅੱਜ ਪ੍ਰੀਪੇਡ/ਚਿੱਪ ਵਾਲੇ ਮੀਟਰਾਂ ਦੇ ਵਿਰੋਧ ਵਿੱਚ ਪਾਵਰਕੌਮ ਸਬ ਡਿਵੀਜਨ ਡੇਹਰੀਵਾਲ ਦਰੋਗਾ ਦਫਤਰ ਅੱਗੇ ਧਰਨਾ ਦਿੱਤਾ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਜੋਨ ਪ੍ਰਧਾਨ ਗੁਰਮੁੱਖ ਸਿੰਘ ਖਾਨਮੱਲਕ, ਸਕੱਤਰ ਅਨੂਪ ਸਿੰਘ ਬਲੱਗਣ, ਪ੍ਰੈਸ ਸਕੱਤਰ ਹਰਚਰਨ ਸਿੰਘ ਧਾਰੀਵਾਲ ਕਲਾਂ, ਸਤਨਾਮ ਸਿੰਘ ਖਾਨਮੱਲਕ ਆਦਿ ਬੁਲਾਰਿਆਂ ਨੇ ਚਿੱਪ ਵਾਲੇ ਮੀਟਰ ਲਗਾਉਣ ਦੀ ਪਾਲਸੀ ਦਾ ਸਖਤ ਵਿਰੋਧ ਕਰਦਿਆਂ ਕਿਹਾ ਕਿਸੇ ਵੀ ਹਾਲਤ ਵਿੱਚ ਚਿੱਪ ਵਾਲੇ ਮੀਟਰ ਨਹੀ ਲੱਗਣ ਦਿੱਤੇ ਜਾਣਗੇ। ਇਸ ਮੌਕੇ ਆਗੂਆਂ ਨੇ ਝੋਨੇ ਦੇ ਸੀਜਨ ਵਿੱਚ ਮੋਟਰਾਂ ਦੀ ਸਪਲਾਈ 16 ਘੰਟੇ ਅਤੇ ਘਰੇਲੂ ਬਿਜਲੀ ਸਪਲਾਈ ਸਪਲਾਈ 24 ਘੰਟੇ ਨਿਰਵਿਗਨ ਦੇਣ, ਢਿੱਲੇ ਜੈਂਪਰ ਅਤੇ ਤਾਰਾਂ ਕੱਸਣ, ਓਵਰਲੋਡ ਟਰਾਂਸਫਾਰਮ ਡੀ ਲੋਡ ਕਰਨ, ਹਰ ਡਿਵੀਜ਼ਨ ਵਿੱਚ ਗੱਡੀ, ਰੱਸਾ, ਚੈਨ ਕੁੱਪੀ ਦਾ ਪ੍ਰਬੰਧ ਪਾਵਰਕੌਮ ਵਿਭਾਗ ਵਲੋਂ ਕਰਨ ਅਤੇ ਲੋਡ ਵਧਾਉਣ ਦੀ ਫੀਸ 200 ਰੁਪਏ ਕਰਨ ਆਦਿ ਸੰਬੰਧੀ ਇਕ ਮੰਗ ਪੱਤਰ ਸਬ ਡਿਵੀਜਨ ਦੇ ਐਸ.ਡੀ.ਓ.ਕੁਲਵਿੰਦਰ ਸਿੰਘ ਨੂੰ ਦਿੱਤਾ ਗਿਆ। ਐਸਡੀਓ ਕੁਲਵਿੰਦਰ ਸਿੰਘ ਨੇ ਖਪਤਕਾਰਾਂ ਨੂੰ ਵਿਸ਼ਵਾਸ਼ ਦਿਵਾਇਆ ਕੇ ਮਸਲਿਆਂ ਦਾ ਹੱਲ ਜਲਦੀ ਹੀ ਕਰ ਦਿੱਤਾ ਜਾਵੇਗਾ ਅਤੇ ਚਿੱਪ ਵਾਲੇ ਮੀਟਰ ਨਾ ਲਾਉਣ ਸੰਬਧੀ ਵਿਭਾਗ ਤੇ ਸਰਕਾਰ ਨੂੰ ਲਿਖਤੀ ਤੌਰ ਤੇ ਭੇਜਿਆ ਜਾਵੇਗਾ। ਇਸ ਧਰਨੇ ਵਿੱਚ ਜੋਨ ਪ੍ਰਧਾਨ ਗੁਰਮੁੱਖ ਸਿੰਘ, ਸਹਾਇਕ ਖਜਾਨਚੀ ਸਤਨਾਮ ਸਿੰਘ ਖਾਨਮੱਲਕ, ਸਕੱਤਰ ਅਨੂਪ ਸਿੰਘ, ਗੁਰਮਿੰਦਰ ਸਿੰਘ ਬਲੱਗਣ, ਗੁਰਮੇਜ ਸਿੰਘ, ਸਾਬੀ ਨੈਨੋਕੋਟ, ਹੇਮ ਸਿੰਘ ਸਰਸਪੁਰ, ਸਾਹਿਬ ਸਿੰਘ ਬੁੱਟਰਕਲਾਂ, ਅਮਰੀਕ ਸਿੰਘ, ਦਵਿੰਦਰ ਸਿੰਘ ਲੋਧੀਪੁਰ, ਲੱਖਵਿੰਦਰ ਸਿੰਘ ਕਾਲਾਬਾਲਾ, ਨਿਰਮਲ ਸਿੰਘ, ਸੁਰਜੀਤ ਸਿੰਘ ਰਾਮਪੁਰ, ਅਜੀਤ ਸਿੰਘ, ਸਾਮ ਸਿੰਘ ਗਿੱਲਮੰਜ, ਗੁਰਮੇਲ ਤੱਤਲੇ, ਹਰਜੀਤ ਸਿੰਘ, ਤਰਸੇਮ ਸਿੰਘ ਮੱਲੀਆਂ, ਜਨਕ ਸਿੰਘ, ਸਮਸ਼ੇਰ ਸਿੰਘ ਭਖਾਰੀ ਹਾਰਨੀਆਂ, ਹਰਦੀਪ ਸਿੰਘ ਵੜੈਚ, ਪ੍ਰੈਸ ਸਕੱਤਰ ਹਰਚਰਨ ਸਿੰਘ, ਸਾਹਿਬ ਸਿੰਘ, ਤਰਸੇਮ ਸਿੰਘ ਧਾਰੀਵਾਲ, ਜੋਗਿੰਦਰ ਸਿੰਘ, ਹਰਭਾਲ ਸਿੰਘ ਤਲਵੰਡੀ, ਨਵਜੋਤ ਸਿੰਘ ਜੌਹਲ, ਗੁਰਪਿੰਦਰ ਸਿੰਘ ਪਸਨਾਵਾਲ, ਸੁਦਾਗਰ ਸਿੰਘ, ਰਜਿੰਦਰ ਸਿੰਘ ਸਹਾਇਪੁਰ, ਸੁੱਖਵੰਤ ਸਿੰਘ, ਗੁਰਪ੍ਰੀਤ ਸਿੰਘ ਭੁੰਬਲੀ, ਮੱਖਣ ਸਿੰਘ ਛੀਨਾ, ਹਰਵੰਤ ਸਿੰਘ ਕੋਟਟੋਡਰਮੱਲ, ਨਿਸ਼ਾਨ ਸਿੰਘ ਸੇਖਵਾਂ, ਅਵਤਾਰ ਸਿੰਘ, ਹਰਜੀਤ ਸਿੰਘ ਕੋਟਬੁੱਢਾ, ਕੁਲਵੰਤ ਸਿੰਘ ਠੱਕਰਸੰਧੂ,ਅਜੀਤ ਸਿੰਘ, ਭਗਤ ਸਿੰਘ ਭਿੱਟੇਵੱਢ, ਪਰਮਜੀਤ ਸਿੰਘ ਨਿਮਾਣੇ, ਪਰਮਜੀਤ ਸਿੰਘ ਰਜਾਦਾ ਆਦਿ ਸਾਮਲ ਸਨ।

# ਸ਼ਹੀਦ ਗੁਰਵਿੰਦਰ ਸਿੰਘ ਦੀ ਛੇਵੀਂ ਬਰਸੀ ਮੌਕੇ ਸ਼ਰਧਾਂਜਲੀ ਸਮਾਗਮ ਆਯੋਜਿਤ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਜੰਮੂ-ਕਸ਼ਮੀਰ ਦੇ ਪੁਣਛ ਰਜੌਰੀ ਸੈਕਟਰ ਦੀ ਡਾਚੀ ਟਾਪ ਪੋਸਟ ਤੇ ਦੇਸ਼ ਦੀ ਰਾਖੀ ਕਰਦਿਆਂ ਪਾਕਿਸਤਾਨ ਤੋਂ ਸਿਖਲਾਈ ਪ੍ਰਾਪਤ ਅੱਤਵਾਦੀਆਂ ਨਾਲ ਲੜਦੇ ਹੋਏ 26 ਸਾਲ ਦੀ ਉਮਰ 'ਚ ਜੂਨ 2017 ਨੂੰ ਸ਼ਹਾਦਤ ਦਾ ਜਾਮ ਪੀਣ ਵਾਲੇ ਸੀਮਾ ਸੁਰੱਖਿਆ ਬਲ ਦੀ 137 ਬਟਾਲੀਅਨ ਦੇ ਕਾਂਸਟੇਬਲ ਗੁਰਵਿੰਦਰ ਸਿੰਘ ਜੌਹਲ ਦੀ ਸਾਲਾਨਾ ਛੇਵੀਂ ਬਰਸੀ ਮੌਕੇ ਸ਼ਰਧਾਂਜਲੀ ਸਮਾਗਮ ਸ਼ਹਿਰ ਧਾਰੀਵਾਲ ਨੇੜੇ ਸ਼ਹੀਦ ਸੈਨਿਕ ਪਰਿਵਾਰ ਸੁਰੱਖਿਆ ਪ੍ਰੀਸ਼ਦ ਦੇ ਜਨਰਲ ਸਕੱਤਰ ਕੁੰਵਰ ਰਵਿੰਦਰ ਸਿੰਘ ਵਿੱਕੀ ਦੀ ਪ੍ਰਧਾਨਗੀ ਹੇਠ ਉਨ੍ਹਾਂ ਦੇ ਜੱਦੀ ਪਿੰਡ ਮਾਨੇਪੁਰ ਵਿਖੇ ਹੋਇਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਰਾਗੀ ਜਥੇ ਨੇ ਵੈਰਾਗਮਈ ਕੀਰਤਨ ਕੀਤਾ। ਸਮਾਗਮ ਵਿੱਚ ਬੀਐਸਐਫ ਸੈਕਟਰ ਹੈੱਡ ਕੁਆਟਰ ਦੇ ਕਮਾਂਡੈਂਟ ਜੋਗਿੰਦਰ ਅਗਰਵਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਨ੍ਹਾਂ ਤੋਂ ਇਲਾਵਾ ਸ਼ਹੀਦ ਦੇ ਮਾਤਾ ਸਰਬਜੀਤ ਕੌਰ ਤੇ ਪਿਤਾ ਸਤਵਿੰਦਰ ਸਿੰਘ, ਭਰਾ ਰੁਪਿੰਦਰ ਸਿੰਘ, ਭਰਜਾਈ ਗੁਰਜੀਤ ਕੌਰ ਆਦਿ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਪੀਸੀਟੀ ਹਿਊਮੈਨਿਟੀ ਦੇ ਸੰਸਥਾਪਕ ਜੋਗਿੰਦਰ ਸਿੰਘ ਸਲਾਰੀਆ, ਡਿਪਟੀ ਕਮਾਂਡੈਂਟ ਆਰਕੇ ਕਸ਼ਯਪ, ਅਮਨ ਬਹਿਲ, ਕੇਸ਼ਵ ਬਹਿਲ, ਮਾਰਕੀਟ ਕਮੇਟੀ ਦੇ ਚੇਅਰਮੈਨ ਭਾਰਤ ਭੂਸ਼ਣ ਸਰਮਾ, ਸ਼ਹੀਦ ਲਾਂਸ ਨਾਇਕ ਸੰਦੀਪ ਸਿੰਘ ਸ਼ੌਰਿਆ ਚੱਕਰ ਦੇ ਪਿਤਾ ਜਗਦੇਵ ਸਿੰਘ, ਸ਼ਹੀਦ ਕਾਂਸਟੇਬਲ ਮਨਦੀਪ ਕੁਮਾਰ ਦੇ ਪਿਤਾ ਨਾਨਕ ਚੰਦ, ਪੁਲਵਾਮਾ ਹਮਲੇ ਦੇ ਸ਼ਹੀਦ ਕਾਂਸਟੇਬਲ ਮਨਿੰਦਰ ਸਿੰਘ ਦੇ ਪਿਤਾ ਸਤਪਾਲ ਅੱਤਰੀ, ਸ਼ਹੀਦ ਕਾਂਸਟੇਬਲ ਕੁਲਦੀਪ ਕੁਮਾਰ ਦੇ ਪਿਤਾ ਬੰਤ ਰਾਮ, ਸ਼ਹੀਦ ਸਿਪਾਹੀ ਰਣਧੀਰ ਸਿੰਘ ਦੇ ਪਿਤਾ ਸੁਖਵਿੰਦਰ ਸਿੰਘ ਆਦਿ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਸੰਬੋਧਨ ਕਰਦਿਆਂ ਕਮਾਂਡੈਂਟ ਜੋਗਿੰਦਰ ਅਗਰਵਾਲ ਨੇ ਕਿਹਾ ਕਿ ਕਾਂਸਟੇਬਲ ਗੁਰਵਿੰਦਰ ਸਿੰਘ ਦੀ ਕੁਰਬਾਨੀ ਨਾ ਸਿਰਫ ਉਨ੍ਹਾਂ ਦੀ ਯੂਨਿਟ ਲਈ ਸਗੋਂ ਸਮੂਹ ਬੀਐਸਐਫ ਜਵਾਨਾਂ ਲਈ ਵੀ ਪ੍ਰੇਰਨਾਸਰੋਤ ਹੈ। ਉਨ੍ਹਾਂ ਕਿਹਾ ਕਿ ਅਸੀਂ ਸ਼ਹੀਦ ਗੁਰਵਿੰਦਰ ਨੂੰ ਵਾਪਸ ਤਾਂ ਨਹੀਂ ਲਿਆ ਸਕਦੇ ਪਰ ਉਨ੍ਹਾਂ ਦੇ ਮਾਤਾ-ਪਿਤਾ ਨੂੰ ਭਰੋਸਾ ਦਿੰਦੇ ਹਾਂ ਕਿ ਉਹ ਆਪਣੇ ਆਪ ਨੂੰ ਇਕੱਲਾ ਨਾ ਸਮਝਣ ਸੀਮਾ



ਸੁਰੱਖਿਆ ਬਲ ਦਾ ਹਰ ਜਵਾਨ ਉਨਾਂ ਕੇ ਪੁੱਤਰ ਵਰਗਾ ਹੈ। ਪ੍ਰੀਸ਼ਦ ਦੇ ਜਨਰਲ ਸਕੱਤਰ ਕੁੰਵਰ ਰਵਿੰਦਰ ਵਿੱਕੀ ਨੇ ਕਿਹਾ ਕਿ ਦੇਸ਼ ਦੀ ਅਜ਼ਾਦੀ ਦਾ ਪ੍ਰਤੀਕ ਤਿਰੰਗਾ ਰੂਪੀ ਕਫਨ ਭਾਗਾਂ ਵਾਲੇ ਸੈਨਿਕਾਂ ਨੂੰ ਨਸੀਬ ਹੁੰਦਾ ਹੈ ਅਤੇ ਉਹ ਸਿਪਾਹੀ ਧੰਨ ਹੈ, ਜੋ ਇਸ ਤਿਰੰਗੇ ਦੀ ਸ਼ਾਨ ਨੂੰ ਕਾਇਮ ਰੱਖਦਿਆਂ ਦੇਸ਼ ਨੂੰ ਸਰਵਉੱਚ ਸਮਝਦਾ ਹੈ। ਚੇਅਰਮੈਨ ਭਾਰਤ ਭੂਸਣ ਸ਼ਰਮਾ ਨੇ ਕਿਹਾ ਕਿ ਗੁਰਵਿੰਦਰ ਸਿੰਘ ਵਰਗੇ ਬਹਾਦਰ ਸੈਨਿਕ ਦੇਸ਼ ਦੇ ਅਸਲ ਨਾਇਕ ਹਨ, ਜੋ ਦੇਸ਼ ਦੀ ਸੁਰੱਖਿਆ ਲਈ ਆਪਣੀਆਂ ਜਾਨਾਂ ਕੁਰਬਾਨ ਕਰ ਦਿੰਦੇ ਹਨ ਅਤੇ ਦੇਸ ਵਾਸੀਆਂ ਨੂੰ ਇਹ ਸੰਦੇਸ਼ ਦਿੰਦੇ ਹਨ ਕਿ ਸਿਪਾਹੀ ਲਈ ਰਾਸ਼ਟਰ ਸਰਵਉੱਚ ਹੈ। ਇਸ ਮੌਕੇ ਮੁੱਖ ਮਹਿਮਾਨ ਨੇ ਸ਼ਹੀਦ ਦੇ ਪਰਿਵਾਰਕ ਮੈਂਬਰਾਂ ਸਮੇਤ 10 ਹੋਰ ਸ਼ਹੀਦ ਪਰਿਵਾਰਾਂ ਨੂੰ ਦੁਸ਼ਾਲਾ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸਰਪੰਚ ਰਜਿੰਦਰ ਸਿੰਘ, ਸੁੱਚਾ ਸਿੰਘ ਮੁਲਤਾਨੀ, ਸਰਪੰਚ ਸਿਕੰਦਰ ਸਿੰਘ, ਬਲਵਿੰਦਰ ਸਿੰਘ ਲਾਡੀ, ਗੁਰਮੁਖ ਸਿੰਘ ਗਿੱਲ, ਪਾਲ ਸਿੰਘ ਮਾਨੇਪੁਰ, ਬਾਬਾ ਮੰਗਲ ਸਿੰਘ, ਰਿੰਪੀ ਫੌਜੀ, ਗੋਲਡੀ ਠਾਕੁਰ, ਲਾਡੀ ਨਾਜੋਵਾਲ, ਪ੍ਰਦੀਪ ਠਾਕੁਰ ਸੈਂਡੀ, ਬਲਕ੍ਰਿਸ਼ਨ, ਬਲਕਾਰ ਸਿੰਘ, ਪਿਆਰਾ ਸਿੰਘ, ਬੱਬੂ ਮਾਨੇਪੁਰ ਆਦਿ ਹਾਜ਼ਰ ਸਨ।

# ਕੈਬਨਿਟ ਮੰਤਰੀ ਹੇਅਰ ਨੇ ਜ਼ਿਲ੍ਹਾ ਪਠਾਨਕੋਟ ਵਿਖੇ ਚਲ ਰਹੇ ਡੈਮ ਪ੍ਰੋਜੈਕਟਾਂ ਦਾ ਲਿਆ ਜਾਇਜ਼ਾ

**ਪਠਾਨਕੋਟ: (ਦਵਿੰਦਰ ਸਿੰਘ)**-ਜ਼ਿਲ੍ਹਾ ਪਠਾਨਕੋਟ ਦਾ ਸ਼ਾਹਪੁਰਕੰਡੀ ਬੈਰਾਜ ਡੈਮ ਪ੍ਰੋਜੈਕਟ ਪੰਜਾਬ ਦਾ ਇੱਕ ਬਹੁਤ ਵੱਡਾ ਡਰੀਮ ਪ੍ਰੋਜੈਕਟ ਹੈ ਅਤੇ ਲੰਮੇ ਸਮੇਂ ਤੋਂ ਇਸ ਦਾ ਨਿਰਮਾਣ ਕਾਰਜ ਚਲ ਰਿਹਾ ਹੈ ਜੋ ਕਿ ਮੁੱਖ ਮੰਤਰੀ ਪੰਜਾਬ ਦੀ ਯੋਗ ਅਗਵਾਈ ਵਿੱਚ ਜਲਦੀ ਹੀ ਪੂਰਾ ਹੋਣ ਜਾ ਰਿਹਾ ਹੈ। ਇਸ ਡੈਮ ਪ੍ਰੋਜੈਕਟ ਦਾ ਜਾਇਜ਼ਾ ਲੈਣ ਲਈ ਉਹ ਵਿਸ਼ੇਸ਼ ਤੌਰ 'ਤੇ ਇਥੇ ਪਹੁੰਚੇ ਹਨ। ਇਹ ਪ੍ਰਗਟਾਵਾ ਗੁਰਮੀਤ ਸਿੰਘ ਮੀਤ ਹੇਅਰ ਮਾਨਯੋਗ ਜਲ ਸਰੋਤ, ਖਣਜ ਤੇ ਭੂ ਵਿਗਿਆਨ, ਸਾਇੰਸ ਤਕਨਾਲੋਜੀ ਤੇ ਵਾਤਾਵਰਣ ਅਤੇ ਖੇਡਾਂ ਤੇ ਯੁਵਕ ਸੇਵਾਵਾਂ ਮੰਤਰੀ ਪੰਜਾਬ ਨੇ ਕੀਤਾ। ਉਨ੍ਹਾ ਕਿਹਾ ਕਿ ਆਉਂਦੇ ਸਾਲ ਇਹ ਪ੍ਰੋਜੈਕਟ ਲੋਕਾਂ ਨੂੰ ਸਮਰਪਿਤ ਕੀਤਾ ਜਾਵੇਗਾ ਜਿਸ ਦਾ ਲਾਭ ਸਿੱਧੇ ਤੌਰ 'ਤੇ ਪੰਜਾਬ ਦੇ ਲੋਕਾਂ ਨੂੰ ਹੋਵੇਗਾ।



ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਨਾਲ 206 ਮੈਗਾਵਾਟ ਬਿਜਲੀ ਪੰਜਾਬ ਦੇ ਲੋਕਾਂ ਨੂੰ ਮਿਲੇਗੀ ਅਤੇ ਕਰੀਬ ਪੰਜ ਹਜ਼ਾਰ ਏਕੜ ਜ਼ਮੀਨ ਨੂੰ ਸਿੰਚਾਈ ਲਈ ਵੀ ਪਾਣੀ ਮਿਲ ਸਕੇਗਾ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪਠਾਨਕੋਟ ਕਰੈਸ਼ਰ ਉਦਯੋਗ ਦਾ ਕੇਂਦਰ ਬਿੰਦੂ ਹੈ ਅਤੇ ਜਿੱਥੇ ਪਹਿਲਾਂ ਇਕੱਲੀਆਂ ਪਬਲਿਕ ਖੱਡਾਂ ਨੂੰ ਹੀ ਚਲਾਇਆ ਗਿਆ ਸੀ ਪਰ ਹੁਣ ਉਦਯੋਗਿਕ ਖੱਡਾਂ ਦੇ ਵੀ ਟੈਂਡਰ ਹੋ ਗਏ ਹਨ ਅਤੇ ਉਨ੍ਹਾਂ ਨੂੰ ਵੀ ਚਲਾਇਆ ਜਾਵੇਗਾ। ਇਸ ਸਬੰਧੀ ਜ਼ਿਲ੍ਹਾ ਪਠਾਨਕੋਟ ਦੇ ਡਿਪਟੀ ਕਮਿਸ਼ਨਰ ਹਰਬੀਰ ਸਿੰਘ ਅਤੇ ਐਸਐਸਪੀ ਹਰਕਮਲਪ੍ਰੀਤ ਸਿੰਘ ਖੱਖ ਨਾਲ ਗੱਲਬਾਤ ਕਰਕੇ ਵਿਚਾਰ ਕੀਤਾ ਗਿਆ ਹੈ।

ਜ਼ਿਕਰਯੋਗ ਹੈ ਕਿ ਮੰਤਰੀ ਨੇ ਸਭ ਤੋਂ ਪਹਿਲਾਂ ਰਣਜੀਤ ਸਾਗਰ ਡੈਮ ਦੇ ਨਿਰਮਾਣ ਕਾਰਜ ਦੌਰਾਨ ਸ਼ਹੀਦ ਹੋਏ ਸ਼ਹੀਦਾਂ ਦੇ ਸ਼ਹੀਦੀ ਸਮਾਰਕ 'ਤੇ ਸ਼ਰਧਾ ਦੇ ਫੁੱਲ ਭੇਟ ਕਰਕੇ ਸ਼ਰਧਾਂਜਲੀ ਦਿੱਤੀ ਅਤੇ ਨਤਮਸਤਕ ਹੋਏ। ਇਸ ਤੋਂ ਬਾਅਦ ਉਨ੍ਹਾਂ ਵੱਲੋਂ ਮਿੰਨੀ ਗੋਆ ਖੇਤਰ ਦਾ ਵੀ ਦੌਰਾ ਕੀਤਾ ਗਿਆ ਅਤੇ ਚਮਰੋੜ ਖੇਤਰ ਦਾ ਜਾਇਜ਼ਾ ਲਿਆ। ਇਸ ਤੋਂ ਬਾਅਦ ਹੇਅਰ ਸ਼ਾਹਪੁਰਕੰਡੀ ਬੈਰਾਜ ਡੈਮ ਪ੍ਰੋਜੈਕਟ ਦਾ ਜਾਇਜ਼ਾ ਲੈਣ ਲਈ ਪਹੁੰਚੇ ਜਿੱਥੇ ਉਨ੍ਹਾਂ ਨੇ ਡੈਮ ਦੇ ਨਿਰਮਾਣ ਕਾਰਜ ਦਾ ਅਤੇ ਬਾਅਦ ਵਿੱਚ ਪਾਵਰ ਹਾਊਸ ਦਾ ਵੀ ਜਾਇਜ਼ਾ ਲਿਆ। ਇੱਥੇ ਉਨ੍ਹਾਂ ਵੱਲੋਂ ਇੱਕ ਪੌਦਾ ਵੀ ਲਗਾਇਆ ਗਿਆ। ਉਨ੍ਹਾਂ ਡਿਪਟੀ ਕਮਿਸ਼ਨਰ ਪਠਾਨਕੋਟ ਅਤੇ ਐਸਐਸਪੀ ਪਠਾਨਕੋਟ ਨਾਲ ਮਾਈਨਿੰਗ ਸੰਬਧੀ ਬਣਾਈ ਗਈ ਪਾਲਿਸੀ ਅਧੀਨ ਵਿਸ਼ੇਸ਼ ਚਰਚਾ ਕੀਤੀ ਅਤੇ ਜਾਇਜ਼ਾ ਲਿਆ। ਇਸ ਮੌਕੇ ਵੱਖ-ਵੱਖ ਜੱਥੇਬੰਦੀਆਂ ਵੱਲੋਂ ਮੰਤਰੀ ਨੂੰ ਅਪਣੀਆਂ ਸਮੱਸਿਆਵਾਂ ਦੇ ਸਬੰਧ ਵਿੱਚ ਮੰਗ ਪੱਤਰ ਵੀ ਦਿੱਤੇ ਜਿਨ੍ਹਾਂ ਨੂੰ ਮੰਤਰੀ ਵੱਲੋਂ ਜਲਦੀ ਹੀ ਪੂਰੀਆਂ ਕੀਤੇ ਜਾਣ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅੰਕੁਰਜੀਤ ਸਿੰਘ ਵਧੀਕ ਡਿਪਟੀ ਕਮਿਸ਼ਨਰ (ਜ), ਮੇਜਰ ਡਾ. ਸੁਮਿਤ ਮੁਧ ਚੀਫ ਮਨਿਸਟਰ ਫੀਲਡ ਅਫਸਰ ਕਮ ਸਹਾਇਕ ਕਮਿਸ਼ਨਰ ਜਨਰਲ, ਰੋਹਿਤ ਸਿਆਲ ਚੈਅਰਮੈਨ ਜ਼ਿਲ੍ਹਾ ਪਲਾਨਿੰਗ ਬੋਰਡ ਪਠਾਨਕੋਟ, ਚੇਅਰਮੈਨ ਠਾਕੁਰ ਮਨੋਹਰ ਸਿੰਘ, ਸ਼ੇਰ ਸਿੰਘ ਚੀਫ ਰਣਜੀਤ ਸਾਗਰ ਡੈਮ ਪਠਾਨਕੋਟ, ਕਾਲਾ ਰਾਮ ਕਾਂਸਲ ਐਸਡੀਐਮ ਪਠਾਨਕੋਟ, ਸਾਹਿਬ ਸਿੰਘ ਸਾਬਾ ਵਰਿਸਟ ਪਾਰਟੀ ਕਾਰਜਕਰਤਾ, ਵਿਸ਼ਵ ਕੀਰਤੀ, ਅਭੀ, ਕਰਨ ਪੁਰੀ, ਸੌਰਵ ਸ਼ਰਮਾ, ਮਾਨਿਕ ਗੁਪਤਾ, ਜਿੰਮੀ ਸ਼ਰਮਾ, ਪ੍ਰਦੀਪ ਜੋਸ਼ੀ, ਸੌਰਵ ਭੱਟੀ, ਅਮਿਤ ਮਿੰਟੂ, ਗੌਰਵ ਅਤੇ ਕਾਰਤਿਕ ਸ਼ਰਮਾ ਤੋਂ ਇਲਾਵਾ ਹੋਰ ਵੀ ਪਾਰਟੀ ਕਾਰਜ ਕਰਤਾ ਹਾਜ਼ਰ ਸਨ।

# ਬਿਜਲੀ ਮੰਤਰੀ ਨੇ ਪੀ ਐੱਸ ਪੀ ਸੀ ਐੱਲ ਦੇ ਸ਼ਿਕਾਇਤ ਕੇਂਦਰ ਦਾ ਰੱਖਿਆ ਨੀਂਹ ਪੱਥਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਪੰਜਾਬ ਸਰਕਾਰ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਬੁਨਿਆਦੀ ਸਹੂਲਤਾਂ ਦੇਣ ਲਈ ਵਚਨਬੱਧ ਹੈ ਅਤੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨਜ਼ਦੀਕ ਹੀ ਸਹੂਲਤਾਂ ਉਪਲਬੱਧ ਕਰਵਾਈਆਂ ਜਾਣਗੀਆਂ ਤਾਂ ਜੋ ਲੋਕਾਂ ਨੂੰ ਦੂਰ ਦੁਰਾਡੇ ਜਾ ਕੇ ਆਪਣਾ ਸਮਾਂ ਅਤੇ ਪੈਸਾ ਨਾ ਖਰਾਬ ਕਰਨਾ ਪਵੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਰਭਜਨ ਸਿੰਘ ਈ ਟੀ ਓ ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਪੰਜਾਬ ਨੇ ਭਗਵਾਨ ਵਾਲਮੀਕਿ ਚੌਕ ਜੰਡਿਆਲਾ ਗੁਰੂ ਵਿਖੇ ਸਥਿਤ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਸ਼ਿਕਾਇਤ ਕੇਂਦਰ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਣ ਸਮੇਂ ਕੀਤਾ।

ਬਿਜਲੀ ਮੰਤਰੀ ਨੇ ਕਿਹਾ ਕਿ ਇਸ ਕਾਰਜ ਨੂੰ ਮੁਕੰਮਲ ਕਰਨ 'ਤੇ ਤਕਰੀਬਨ 25 ਲੱਖ ਰੁਪਏ ਦਾ ਖਰਚ ਆਵੇਗਾ ਅਤੇ ਤਿੰਨ ਮਹੀਨੇ ਵਿੱਚ ਇਸ ਨੂੰ ਮੁਕੰਮਲ ਕਰਕੇ ਖਪਤਕਾਰਾਂ ਦੇ ਸਪੁਰਦ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਜੰਡਿਆਲਾ ਗੁਰੂ ਸ਼ਹਿਰ ਦੀਆਂ ਸਾਰੀਆਂ ਬਿਜਲੀ ਨਾਲ ਸੰਬੰਧਤ ਸ਼ਿਕਾਇਤਾਂ ਸੁਣਨ ਲਈ ਤਕਨੀਕੀ ਸਟਾਫ ਤਿੰਨ ਸ਼ਿਫਟਾਂ ਵਿੱਚ ਇਸ ਸ਼ਿਕਾਇਤ ਕੇਂਦਰ 'ਤੇ ਉਪਲਬੱਧ ਹੋਵੇਗਾ। ਇਸ ਤੋਂ ਪਹਿਲਾਂ ਮੰਤਰੀ ਵੱਲੋਂ ਜੰਡਿਆਲਾ ਗੁਰੂ ਸ਼ਹਿਰ ਦੇ ਲੋਕਾਂ ਦੀ ਸਹੂਲਤ ਲਈ ਅਤਿ ਆਧੁਨਿਕ ਸਹੂਲਤਾਂ ਨਾਲ ਲੈਸ ਸੁਵਿਧਾ ਕੇਂਦਰ ਉਸਾਰੀ ਸ਼ੁਰੂ ਕਰਵਾਈ ਗਈ ਸੀ ਜੋ ਕਿ ਥੋੜ੍ਹੇ ਸਮੇਂ ਵਿੱਚ ਹੀ ਆਮ ਖਪਤਕਾਰਾਂ ਨੂੰ ਸਮਰਪਤ ਕਰ ਦਿੱਤੀ ਜਾਵੇਗੀ। ਇਸ ਮੌਕੇ ਇੰਜੀਨੀਅਰ ਇਲ ਚੀਫ ਰੁਪਿੰਦਰਜੀਤ ਸਿੰਘ ਰੰਧਾਵਾ ਬਾਰਡਰ ਜ਼ੋਨ ਅੰਮ੍ਰਿਤਸਰ, ਇੰਜੀਨੀਅਰ ਐਸ ਪੀ ਸੌਂਧੀ, ਨਿਗਰਾਨ ਇੰਜੀਨੀਅਰ ਸਬ ਅਰਬਨ ਹਲਕਾ ਅੰਮ੍ਰਿਤਸਰ, ਇੰਜੀਨੀਅਰ ਮਨਿੰਦਰਪਾਲ ਸਿੰਘ ਵਧੀਕ ਨਿਗਰਾਨ ਇੰਜੀਨੀਅਰ, ਜੰਡਿਆਲਾ ਗੁਰੂ ਮੰਡਲ, ਸਤਿੰਦਰ ਸਿੰਘ, ਸੁਖਵਿੰਦਰ ਸਿੰਘ, ਸਰਬਜੀਤ ਡਿੰਪੀ, ਸੁਨੈਣਾ ਰੰਧਾਵਾ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਮਜੀਠਾ ਵਿਖੇ ਬਲਾਕ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਦਾ ਆਯੋਜਨ




**ਮਜੀਠਾ (ਸ਼ੋਇਮ ਆਨੰਦ)**-ਪੰਜਾਬ ਸਰਕਾਰ ਦੀਆਂ ਹਦਾਇਤਾਂ ਅਤੇ ਖੇਤੀ ਮੰਤਰੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮੁੱਖ ਖੇਤੀਬਾੜੀ ਅਫਸਰ ਡਾ: ਜਤਿੰਦਰ ਸਿੰਘ ਦੀ ਅਗਵਾਈ ਵਿਚ ਖੇਤੀਬਾੜੀ ਬਲਾਕ ਅਫਸਰ ਡਾ: ਤਜਿੰਦਰ ਸਿੰਘ ਦੀ ਦੇਖ ਰੇਖ ਹੇਠ ਬਲਾਕ ਮਜੀਠਾ ਦੇ ਪਿੰਡ ਭੋਮਾ ਵਿਖੇ ਬਾਸਮਤੀ ਦੀ ਫਸਲ ਨੂੰ ਪ੍ਰਫੁਲਤ ਕਰਨ ਲਈ ਵਿਸ਼ਾਲ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਦੀ ਪ੍ਰਧਾਨਗੀ ਡਾ: ਜਤਿੰਦਰ ਸਿੰਘ ਗਿੱਲ ਮੁੱਖ ਖੇਤੀਬਾੜੀ ਅਫਸਰ ਵਲੋਂ ਕੀਤੀ ਗਈ ਅਤੇ ਇਸ ਕੈਂਪ ਵਿਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸੁਖਜਿੰਦਰਰਾਜ ਸਿੰਘ ਲਾਲੀ ਮਜੀਠੀਆ ਦੀ ਪਤਨੀ ਡਾ: ਸਤਿੰਦਰ ਕੌਰ ਮਜੀਠੀਆ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ। ਕਿਸਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਖੇਤੀਬਾੜੀ ਅਫਸਰ ਨੇ ਕਿਸਾਨਾਂ ਨੂੰ ਬਾਸਮਤੀ ਦੀ ਫਸਲ ਹੇਠ ਰਕਬਾ ਵਧਾਉਣ ਲਈ ਪ੍ਰੇਰਿਤ ਕੀਤਾ ਅਤੇ ਝੋਨੇ ਦੀ ਸਿੱਧੀ ਬਿਜਾਈ ਕਰਨ ਲਈ ਕਿਸਾਨਾਂ ਨੂੰ ਪ੍ਰੇਰਿਆ। ਉਨ੍ਹਾਂ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ ਕਰਨ ਨਾਲ ਸਭ ਤੋਂ ਅਹਿਮ ਪਾਣੀ ਦੀ ਬਚਤ ਕੀਤੀ ਜਾ ਸਕਦੀ ਹੈ, ਡਾ: ਸਤਿੰਦਰ ਕੌਰ ਮਜੀਠੀਆ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਵਲੋਂ ਖੇਤੀਬਾੜੀ ਨਾਲ ਸਬੰਧਤ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਅਤੇ ਖੇਤੀਬਾੜੀ ਮਹਿਕਮ ਵਲੋਂ ਵੱਖ ਵੱਖ ਪਿੰਡਾਂ ਵਿਚ ਕੈਂਪ ਲਗਾ ਕੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਮਹਿਕਮੇ ਦੀ ਸ਼ਲਾਘਾ ਕੀਤੀ। ਬਲਾਕ ਅਫਸਰ ਡਾ: ਤਜਿੰਦਰ ਸਿੰਘ ਨੇ ਕਿਸਾਨਾਂ ਨੂੰ ਬਸਾਮਤੀ ਦੀ ਫਸਲ ਦੀ ਬੀਜ ਸੋਧ ਬਾਰੇ ਵਿਸਥਾਰ ਪੂਰਵਕ ਦੱਸਿਆ। ਡਾ: ਰੁਪਿੰਦਰ ਕੌਰ ਵਿਗਿਆਨੀ ਕ੍ਰਿਸ਼ੀ ਵਿਗਿਆਨ ਕੇਂਦਰ ਨੇ ਝੋਨੇ ਦੀ ਸਿੱਧੀ ਬਿਜਾਈ ਕਰਨ ਵਿਚ ਨਦੀਨਾਂ ਦੀ ਰੋਕਥਾਮ ਬਾਰੇ ਦੱਸਿਆ। ਡਾ: ਰਾਜਨ ਭੱਟ ਕੇਵੀਕੇ ਵਲੋਂ ਮਿੱਟੀ ਦੀ ਪਰਖ ਸਬੰਧੀ ਜਾਣਕਾਰੀ ਦਿੱਤੀ। ਏਡੀਓ ਡਾ: ਹਰਜਿੰਦਰ ਸਿੰਘ ਨੇ ਕੀੜਿਆਂ ਮਕੌੜਿਆਂ ਦੀ ਰੋਕਥਾਮ ਬਾਰੇ ਵਿਸਥਾਰ ਵਿਚ ਦੱਸਿਆ। ਅਮਰਦੀਪ ਸਿੰਘ ਗਿੱਲ ਮਜੀਠਾ ਵਿਸਥਾਰ ਅਫਸਰ ਨੇ ਕਿਸਾਨਾਂ ਨੂੰ ਝੋਨੇ ਅਤੇ ਬਾਸਮਤੀ ਦੀ ਫਸਲ ਨੂੰ ਮਿੱਟੀ ਪਰਖ ਦੇ ਆਧਾਰ ਤੇ ਖਾਦਾ ਦੀ ਵਰਤੋਂ ਕਰਨ ਦੀ ਅਪੀਲ ਕੀਤੀ। ਇਸ ਕੈਂਪ ਵਿਚ ਦਵਿੰਦਰ ਸਿੰਘ, ਸ਼ਰਨਜੀਤ ਸਿੰਘ, ਲਵਪ੍ਰੀਤ ਸਿੰਘ, ਨੇ ਵੀ ਵੱਖ ਵੱਖ ਵਿਸ਼ਿਆਂ ਤੇ ਵਿਚਾਰ ਪ੍ਰਗਟ ਕੀਤੇ। ਭੋਮਾ ਵਡਾਲਾ ਸਰਕਲ ਇੰਚਾਰਜ ਕਮਲ ਕਾਹਲੋਂ ਏਡੀਓ ਨੇ ਮੁੱਖ ਖੇਤੀਬਾੜੀ ਅਫਸਰ, ਬਲਾਕ ਅਫਸਰ, ਮੁੱਖ ਮਹਿਮਾਨ ਅਤੇ ਆਏ ਕਿਸਾਨਾਂ ਨੂੰ ਜੀ ਆਇਆਂ ਕਿਹਾ ਅਤੇ ਸਭਨਾਂ ਦਾ ਧੰਨਵਾਦ ਕੀਤਾ। ਮੁੱਖ ਖੇਤੀਬਾੜੀ ਅਫਸਰ ਡਾ: ਜਤਿੰਦਰ ਸਿੰਘ, ਬਲਾਕ ਅਫਸਰ ਡਾ: ਤਜਿੰਦਰ ਸਿੰਘ ਨੇ ਮੁੱਖ ਮਹਿਮਾਨ ਡਾ: ਸਤਿੰਦਰ ਕੌਰ ਮਜੀਠੀਆ ਨੂੰ ਅਤੇ ਅਗਾਂਹਵਧੂ ਕਿਸਾਨਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿਚ ਕਿਸਾਨ ਵੀ ਹਾਜ਼ਰ ਸਨ

# ਝੋਨੇ ਤੇ ਹੋਰ ਫ਼ਸਲਾਂ ਦੀ ਐੱਮ ਐੱਸ ਪੀ 'ਚ ਵਾਧੇ ਦੀ ਛੀਨਾ ਨੇ ਕੀਤੀ ਜ਼ੋਰਦਾਰ ਸ਼ਲਾਘਾ




**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ )**-ਭਾਜਪਾ ਦੇ ਸੀਨੀਅਰ ਆਗੂ ਅਤੇ ਅੰਮ੍ਰਿਤਸਰ ਲੋਕ ਸਭਾ ਹਲਕੇ ਦੇ ਇੰਚਾਰਜ ਰਜਿੰਦਰ ਮੋਹਨ ਸਿੰਘ ਛੀਨਾ ਨੇ ਅੱਜ ਝੋਨੇ ਦੇ ਘੱਟੋ-ਘੱਟ ਸਮਰਥਨ ਮੁੱਲ (ਐਮ. ਐਸ. ਪੀ.) 'ਚ 143 ਰੁਪਏ ਦੇ 'ਇਤਿਹਾਸਕ ਵਾਧੇ' ਦੀ ਸ਼ਲਾਘਾ ਕੀਤੀ ਹੈ। ਉਨ੍ਹਾ ਕਿਹਾ ਕਿ ਇਹ ਵਾਧਾ ਕਿਸਾਨਾਂ ਲਈ ਵੱਡੀ ਰਾਹਤ ਹੋਵੇਗਾ ਅਤੇ ਕੇਂਦਰ ਦੀ ਮੋਦੀ ਸਰਕਾਰ ਦੇ ਕਿਸਾਨ ਪੱਖੀ ਨਜ਼ਰੀਏ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਝੋਨੇ ਸਮੇਤ ਵੱਖ-ਵੱਖ ਸਾਉਣੀ ਦੀਆਂ ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਵਧਾਉਣ ਦਾ ਫੈਸਲਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਬੀਤੇ ਦਿਨੀਂ 2023-24 ਦੇ ਅਗਲੇ ਸੀਜ਼ਨ ਲਈ ਆਰਥਕ ਮਾਮਲੇ ਕਮੇਟੀ (ਸੀ. ਸੀ. ਈ. ਏ.) ਨੇ ਲਿਆ ਸੀ। ਉਨ੍ਹਾ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਿਸਾਨਾਂ ਦੀ ਭਲਾਈ ਲਈ ਹਮੇਸ਼ਾ ਵਚਨਬੱਧ ਹੈ ਅਤੇ ਇਸ ਵਾਧੇ ਨਾਲ ਕਿਸਾਨਾਂ ਦੇ ਚਿਹਰਿਆਂ 'ਤੇ ਖ਼ੁਸ਼ੀ ਦੀ ਲਹਿਰ ਹੈ, ਕਿਉਂਕਿ ਫਸਲਾਂ ਦੀ ਪੈਦਾਵਾਰ ਦੀ ਲਾਗਤ ਵਧੀ ਹੈ ਅਤੇ ਇਹ ਵਾਧਾ ਇਸ ਦੀ ਭਰਪਾਈ ਕਰਨ 'ਚ ਸਹਾਈ ਸਿੱਧ ਹੋਵੇਗਾ। ਛੀਨਾ ਨੇ ਕਿਹਾ ਕਿ ਕੇਂਦਰ 'ਚ ਪਿਛਲੀਆਂ ਗੈਰ ਭਾਜਪਾ ਸਰਕਾਰਾਂ ਦੌਰਾਨ ਘੱਟੋ-ਘੱਟ ਸਮਰਥਨ ਮੁੱਲ 'ਚ ਕੁਝ ਰੁਪਏ ਦਾ ਹੀ ਵਾਧਾ ਹੋਇਆ ਹੈ ਅਤੇ ਕਦੇ ਵੀ ਘੱਟੋ-ਘੱਟ ਸਮਰਥਨ ਮੁੱਲ 'ਚ 143 ਰੁਪਏ ਦੇ ਪੱਧਰ ਤੱਕ ਦਾ ਵਾਧਾ ਨਹੀਂ ਹੋਇਆ।

ਮੋਦੀ ਸਰਕਾਰ ਨੇ ਹੁਣ ਝੋਨੇ ਦੀ ਕੀਮਤ ਦਾ 10 ਫੀਸਦੀ ਵਾਧਾ ਕਿਸਾਨਾਂ ਲਈ ਬਹੁਤ ਲਾਹੇਵੰਦ ਸਾਬਤ ਹੋਵੇਗਾ। ਇਸੇ ਤਰ੍ਹਾਂ ਬਾਜਰਾ, ਰਾਗੀ, ਮੱਕੀ, ਮੂੰਗਫਲੀ ਅਤੇ ਮੂੰਗੀ ਵਰਗੇ ਬਾਜਰੇ ਲਈ ਘੱਟੋ-ਘੱਟ ਸਮਰਥਨ ਮੁੱਲ 'ਚ ਵਾਧਾ ਕਿਸਾਨਾਂ ਨੂੰ ਹੋਰ ਫ਼ਾਇਦਾ ਪਹੁੰਚਾਏਗਾ। ਉਨ੍ਹਾ ਕਿਹਾ ਕਿ ਐਮ. ਐਸ. ਪੀ. 'ਚ ਵਾਧਾ ਕਿਸਾਨਾਂ ਨੂੰ ਗੈਰ ਰਵਾਇਤੀ ਫਸਲਾਂ ਬੀਜਣ ਲਈ ਵੀ ਉਤਸ਼ਾਹਿਤ ਕਰੇਗਾ ਅਤੇ ਇਹ ਕਦਮ ਫਸਲੀ ਵਿਭਿੰਨਤਾ ਲਈ ਕੇਂਦਰ ਸਰਕਾਰ ਦੀ ਵਚਨਬੱਧਤਾ ਦਾ ਉਘਾ ਸਬੂਤ ਹੈ ਜੋ ਕਿ ਕਿਸਾਨਾਂ ਦੀ ਆਮਦਨ ਵਧਾਉਣ 'ਚ ਸਹਾਈ ਸਿੱਧ ਹੋਵੇਗਾ।

# ਚੇਅਰਮੈਨ ਰਣਜੇਤ ਸਿੰਘ ਬਾਠ ਨੇ ਸਾਥੀਆਂ ਸਮੇਤ ਧਾਰਮਿਕ ਅਸਥਾਨਾਂ 'ਤੇ ਮੱਥਾ ਟੇਕਿਆ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪੰਜਾਬ ਸਰਕਾਰ ਵੱਲੋਂ ਨਵੇ ਬਣਾਏ ਗਏ ਕਲਾਨੌਰ ਮਾਰਕੀਟ ਕਮੇਟੀ ਦੇ ਚੇਅਰਮੈਨ ਰਣਜੇਤ ਸਿੰਘ ਬਾਠ ਨੇ ਆਪਣੇ ਸਾਥੀਆਂ ਸਮੇਤ ਗੁਰਦਵਾਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਅਤੇ ਸ੍ਰੀ ਚੋਲਾ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਮੱਥਾ ਟੇਕਿਆ ਤੇ ਗੁਰੂਘਰ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੇ ਹੈਡ ਗ੍ਰੰਥੀ ਬਾਬਾ ਗੁਰਦੇਵ ਸਿੰਘ ਵੱਲੋਂ ਚੇਅਰਮੈਨ ਰਣਜੇਤ ਸਿੰਘ ਬਾਠ ਦੀ ਚੜ੍ਹਦੀ ਕਲਾ ਦੀ ਅਰਦਾਸ ਕੀਤੀ ਗਈ। ਗੁਰੂਘਰ ਮੱਥਾ ਟੇਕਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਰਣਜੇਤ ਸਿੰਘ ਬਾਠ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆ ਕਿਹਾ ਕਿ ਪਾਰਟੀ ਵੱਲੋ ਮੇਰੇ ਤੇ ਵਿਸ਼ਵਾਸ ਕਰਕੇ ਮੈਨੂੰ ਜੋ ਮਾਰਕਿਟ ਕਮੇਟੀ ਦੇ ਚੇਅਰਮੈਨੀ ਦੀ ਸੇਵਾ ਦਿੱਤੀ ਗਈ ਹੈ ਉਸ ਨੂੰ ਮੈ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਵਾਂਗਾ। ਪਾਰਟੀ ਤੇ ਲੋਕਾਂ ਦੀਆਂ ਉਮੀਦਾਂ ਤੇ ਖਰਾ ਉਤਰਦਿਆਂ ਹੋਇਆਂ ਮੈਂ ਪਹਿਲਾਂ ਦੀ ਤਰ੍ਹਾਂ ਲੋਕਾਂ ਦੀ ਸੇਵਾ ਕਰਦਾ ਰਹਾਂਗਾ। ਇਸ ਮੌਕੇ ਆਪ ਦੇ ਸੀਨੀਅਰ ਆਗੂ ਸਤਨਾਮ ਸਿੰਘ ਹਰੂਵਾਲ ਹਲਕਾ ਕੋਆਰਡੀਨੇਟਰ ਰੁਪਤੇਜਿੰਦਰ ਸਿੰਘ, ਹਰਦੇਵ ਸਿੰਘ ਹਰੂਵਾਲ ਬਲਾਕ ਇੰਚਾਰਜ, ਜੁਗਰਾਜ ਸਿੰਘ ਜੁਆਇੰਟ ਸੈਕਟਰੀ, ਸਤਨਾਮ ਸਿੰਘ ਵੇਰੋਕੇ, ਕੁੰਨਣ ਸਿੰਘ ਵੇਰੋਕੇ ਸਰਕਲ ਇੰਚਾਰਜ, ਸਵਿੰਦਰ ਸਿੰਘ ਸਰਕਲ ਇੰਚਾਰਜ, ਤਰਸੇਮ ਸਿੰਘ ਸਰਕਲ ਇੰਚਾਰਜ, ਵਿਜੇ ਸ਼ਰਮਾ ਸਰਕਲ ਇੰਚਾਰਜ, ਕੁਲਤਾਰ ਸਿੰਘ ਸਰਕਲ ਇੰਚਾਰਜ, ਸੁਰਜੀਤ ਕੁਮਾਰ ਸਰਕਲ ਇੰਚਾਰਜ, ਕੁਲਦੀਪ ਸਿੰਘ ਬਾਜਵਾ, ਜਗਮੋਹਨ ਸਿੰਘ ਬਾਠ, ਗੁਰਮੁਖ ਜੀਤ ਸਿੰਘ ਝੰਗੀ, ਜਗੀਰ ਸਿੰਘ ਝੰਗੀ, ਸਾਜਨ ਮਸੀਹ, ਪਾਲਾ ਜੌੜੀਆਂ ਕਲਾਂ, ਜੱਗਾ ਜੋੜੀਆਂ ਕਲਾਂ, ਸੁਰਜੀਤ ਸਿੰਘ ਅਬਦਾਲ, ਸਰਵਣ ਸਿੰਘ ਅਬਦਾਲ, ਕੰਵਲਜੀਤ ਸਿੰਘ ਕਲਾਨੌਰ, ਸੁਖਵੰਤ ਸਿੰਘ ਮਹਿਤਾ, ਸਤਨਾਮ ਸਿੰਘ ਧਰਮਕੋਟ, ਗੁਰਮੇਜ ਸਿੰਘ ਢੇਸੀਆਂ, ਟਹਿਲ ਸਿੰਘ ਢੇਸੀਆਂ, ਕੰਵਲਜੀਤ ਸਿੰਘ ਫੱਤੂਪੁਰ, ਜਸਪਾਲ ਸਿੰਘ ਝੰਗੀ, ਸੋਨੂੰ ਡੇਰਾ ਪਠਾਣਾਂ, ਚਰਨਜੀਤ ਸਿੰਘ ਡੇਰਾ ਪਠਾਣਾਂ, ਫੌਜੀ ਡੇਰਾ ਪਠਾਣਾਂ, ਪਰਮਜੀਤ ਸਿੰਘ ਕਲਾਨੌਰ, ਬਲਦੇਵ ਸਿੰਘ ਸਰਪੰਚ ਝੰਗੀ ਆਦਿ ਹਾਜ਼ਰ ਸਨ।

# ਮੋਦੀ ਤੇ ਖੱਟਰ ਸਰਕਾਰ ਦੀਆਂ ਵੱਖ-ਵੱਖ ਥਾਵਾਂ 'ਤੇ ਫੂਕੀਆਂ ਅਰਥੀਆਂ



ਚਿੱਪ ਵਾਲੇ ਮੀਟਰਾਂ ਦੇ ਵਿਰੋਧ ਅਤੇ ਬਿਜਲੀ ਨਾਲ ਸੰਬੰਧਤ ਹੋਰ ਮੰਗਾਂ ਨੂੰ ਲੈ ਕੇ ਪੰਜਾਬ ਦੇ 19 ਜ਼ਿਲ੍ਹਿਆਂ ਵਿੱਚ 103 ਥਾਵਾਂ ਉੱਤੇ ਵਿਸ਼ਾਲ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਅੱਜ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਬਿਜਲੀ ਸਬੰਧੀ ਮੰਗਾਂ ਨੂੰ ਲੈਕੇ 22 ਥਾਵਾਂ ਉੱਤੇ ਧਰਨੇ ਦਿੱਤੇ ਗਏ, ਜਿਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਕਿਸਾਨ ਮਜ਼ਦੂਰ, ਬੀਬੀਆਂ ਹਾਜ਼ਰ ਹੋਏ। ਮਜੀਠਾ, ਕੱਥੂਨੰਗਲ ਵਿਖੇ ਧਰਨਿਆਂ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਹਰਿਆਣੇ ਵਿੱਚ ਧਰਨਾ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਉੱਤੇ ਖੱਟਰ ਸਰਕਾਰ ਵੱਲੋਂ ਲਾਠੀਚਾਰਜ ਕਰਨ ਦੇ ਵਿਰੋਧ ਵਜੋਂ ਅੱਜ ਮੋਦੀ ਅਤੇ ਖੱਟਰ ਸਰਕਾਰ ਦੇ ਪੁਤਲੇ ਫੂਕੇ ਗਏ। ਕਿਸਾਨ ਆਗੂ ਨੇ ਕਿਹਾ ਕਿ ਫ਼ਸਲਾਂ ਦੇ ਸਮਰਥਨ ਮੁੱਲ ਵਿੱਚ ਕੀਤਾ ਵਾਧਾ ਸਿਰਫ ਨਾਕਾਫੀ ਹੀ ਨਹੀਂ, ਸਗੋਂ ਕਿਸਾਨਾਂ ਨਾਲ ਇੱਕ ਮਜ਼ਾਕ ਹੈ। ਦੁੱਖ ਦੀ ਗੱਲ ਇਹ ਹੈ ਕਿ ਸਾਰੀਆਂ ਫ਼ਸਲਾਂ ਦੀ ਖਰੀਦ ਮੰਡੀਆਂ ਵਿੱਚ ਨਹੀਂ ਹੁੰਦੀ। ਸੂਬਾ ਆਗੂ ਗੁਰਬਚਨ ਸਿੰਘ ਚੱਬਾ, ਜਰਮਨਜੀਤ ਸਿੰਘ ਬੰਡਾਲਾ ਨੇ ਦੱਸਿਆ ਕਿ ਅੱਜ ਦੋ ਕਿਸਾਨ ਜਥੇਬੰਦੀਆਂ ਵੱਲੋਂ ਧਰਨੇ ਦਿੱਤੇ ਗਏ, ਜਿਨ੍ਹਾਂ ਦੀਆਂ ਮੁੱਖ ਮੰਗਾਂ ਬਿਜਲੀ ਬੋਰਡ ਦਾ ਕੀਤਾ ਜਾ ਰਿਹਾ ਨਿੱਜੀਕਰਨ ਬੰਦ ਕਰਨਾ, ਚਿੱਪ ਵਾਲੇ ਮੀਟਰ ਨਾ ਲੱਗਣ ਦੇਣਾ, ਫ਼ਸਲਾਂ ਲਈ ਨਿਰਵਿਘਨ ਬਿਜਲੀ ਸਪਲਾਈ, ਸਬ ਡਵੀਜ਼ਨਾਂ ਵਿੱਚ ਸਮਾਨ ਦੀ ਘਾਟ ਨੂੰ ਦੂਰ ਕਰਨਾ, ਪਾਵਰਕਾਮ ਵਿੱਚ ਠੇਕੇਦਾਰੀ ਸਿਸਟਮ ਬੰਦ ਕਰਨਾ, ਪਾਵਰਕਾਮ ਵਿੱਚ ਫੈਲਿਆ ਭ੍ਰਿਸ਼ਟਾਚਾਰ ਬੰਦ ਕਰਨਾ ਆਦਿ ਸਮੇਤ ਹੋਰ ਮੰਗਾਂ ਸ਼ਾਮਲ ਹਨ। ਇਸ ਮੌਕੇ ਵੱਖ ਵੱਖ ਥਾਈਂ ਮੋਰਚਿਆਂ ਨੂੰ ਕਿਸਾਨ ਆਗੂ ਰਣਜੀਤ ਸਿੰਘ ਕਲੇਰਬਾਲਾ, ਗੁਰਲਾਲ ਸਿੰਘ ਮਾਨ, ਡਾ. ਕੰਵਰ ਦਲੀਪ ਸਿੰਘ, ਬਲਦੇਵ ਸਿੰਘ ਬੱਗਾ, ਕੰਧਾਰਾ ਸਿੰਘ ਭੋਏਵਾਲ, ਸਕੱਤਰ ਸਿੰਘ ਕੋਟਲਾ, ਬਾਜ਼ ਸਿੰਘ ਸਰੰਗੜਾ, ਲਖਵਿੰਦਰ ਸਿੰਘ ਡਾਲਾ, ਅੰਗਰੇਜ਼ ਸਿੰਘ ਸੈਂਸਰਾ, ਸਵਿੰਦਰ ਸਿੰਘ ਰੂਪੋਵਾਲੀ, ਅਮਰਦੀਪ ਸਿੰਘ ਗੋਪੀ, ਬਲਵਿੰਦਰ ਸਿੰਘ ਰੁਮਾਣਾ, ਕੁਲਬੀਰ ਸਿੰਘ ਲੋਪੋਕੇ, ਗੁਰਦੇਵ ਸਿੰਘ ਗੱਗੋਮਾਹਲ, ਮੰਗਜੀਤ ਸਿੰਘ ਸਿੱਧਵਾਂ ਨੇ ਸੰਬੋਧਨ ਕੀਤਾ।

ਨਵਾਂ ਜ਼ਮਾਨਾ
ਸ਼ਨੀਵਾਰ, 10 ਜੂਨ 2023

# ਮਨਰੇਗਾ ਨੂੰ ਮਾਰ ਰਹੀ ਹੈ ਮੋਦੀ ਸਰਕਾਰ

ਮਹਾਤਮਾ ਗਾਂਧੀ ਕੌਮੀ ਪੇਂਡੂ ਰੁਜ਼ਗਾਰ ਗਰੰਟੀ ਕਾਨੂੰਨ ਵਿਚਲੇ ਮਹਾਤਮਾ ਗਾਂਧੀ ਸ਼ਬਦ ਸ਼ਾਇਦ ਮੋਦੀ ਹਕੂਮਤ ਨੂੰ ਏਨੇ ਚੁੱਭਦੇ ਹਨ ਕਿ ਉਹ ਇਸ ਪੂਰੇ ਕਾਨੂੰਨ ਨੂੰ ਹੀ ਦਫ਼ਨ ਕਰਨ ਦੇ ਰਾਹ ਪਈ ਹੋਈ ਹੈ। ਨਰੇਂਦਰ ਮੋਦੀ ਨੇ ਸੱਤਾ ਵਿੱਚ ਆਉਣ ਤੋਂ ਤੁਰੰਤ ਬਾਅਦ ਹੀ ਮਨਰੇਗਾ ਪ੍ਰਤੀ ਆਪਣੀ ਪਹੁੰਚ ਨੂੰ ਸਪੱਸ਼ਟ ਕਰ ਦਿੱਤਾ ਸੀ। ਉਹਨਾਂ 2015 ਵਿੱਚ ਇਹ ਕਹਿ ਕੇ ਆਪਣਾ ਇਰਾਦਾ ਦੱਸ ਦਿੱਤਾ ਸੀ ਕਿ ਮਨਰੇਗਾ ਪਿਛਲੀ ਕਾਂਗਰਸ ਸਰਕਾਰ ਦੀਆਂ ਨਾਕਾਮੀਆਂ ਦੀ 'ਇੱਕ ਜਿਊਂਦੀ ਯਾਦਗਾਰ' ਹੈ। ਇਹ ਸਭ ਜਾਣਦੇ ਹਨ ਕਿ ਸੰਘ ਮਹਾਤਮਾ ਗਾਂਧੀ ਤੇ ਉਸ ਦੇ ਪੈਰੋਕਾਰਾਂ ਨੂੰ ਨਫ਼ਰਤ ਕਰਦਾ ਹੈ, ਇਸ ਲਈ ਹਰ ਉਸ ਸਕੀਮ ਨੂੰ ਬਦਲ ਦੇਣਾ ਚਾਹੁੰਦਾ ਹੈ, ਜਿਸ ਵਿੱਚ ਉਹਨਾਂ ਦਾ ਨਾਂਅ ਬੋਲਦਾ ਹੋਵੇ।

ਮੋਦੀ ਸਰਕਾਰ ਸੰਘ ਦੀ ਇਸੇ ਵਿਚਾਰਧਾਰਾ ਨੂੰ ਅੱਗੇ ਵਧਾਉਂਦਿਆਂ ਮਨਰੇਗਾ ਨੂੰ ਖ਼ਤਮ ਕਰਨ ਲਈ ਲਗਾਤਾਰ ਕੋਸ਼ਿਸ਼ਾਂ ਕਰ ਰਹੀ ਹੈ। ਹਰ ਬਜਟ ਵਿੱਚ ਮਨਰੇਗਾ ਦਾ ਬਜਟ ਘਟਾਇਆ ਜਾ ਰਿਹਾ ਹੈ। ਯੂ ਪੀ ਏ ਦੇ ਸ਼ਾਸਨ ਦੌਰਾਨ ਮਨਰੇਗਾ ਨੂੰ ਜੀ ਡੀ ਪੀ ਦਾ 0.47 ਫ਼ੀਸਦੀ ਬਜਟ ਮਿਲਦਾ ਸੀ, ਜੋ ਮੋਦੀ ਰਾਜ ਦੌਰਾਨ ਘਟ ਕੇ 0.35 ਫ਼ੀਸਦੀ ਰਹਿ ਗਿਆ ਹੈ। ਇਸ ਕਾਰਨ ਰੁਜ਼ਗਾਰ ਦੀ ਸਿਰਜਣਾ ਵਿੱਚ ਗਿਰਾਵਟ ਆਈ ਹੈ। ਭਾਜਪਾ ਸ਼ਾਸਤ ਸੂਬਿਆਂ ਵਿੱਚ ਤਾਂ ਮਨਰੇਗਾ ਦੀ ਸਥਿਤੀ ਦੂਜੀਆਂ ਪਾਰਟੀਆਂ ਵਾਲੇ ਰਾਜਾਂ ਨਾਲੋਂ ਹੋਰ ਵੀ ਖ਼ਰਾਬ ਹੈ। ਰੁਜ਼ਗਾਰ ਦੇ ਪੈਸੇ ਦੇਣ ਵਿੱਚ ਅਫ਼ਸਰਸ਼ਾਹੀ ਅਜਿਹੇ ਅੜਿੱਕੇ ਪਾਉਂਦੀ ਹੈ, ਜਿਸ ਕਾਰਨ ਮਜ਼ਦੂਰ ਖੁਦ ਹੀ ਮਨਰੇਗਾ ਮਜ਼ਦੂਰੀ ਵੱਲੋਂ ਪਾਸਾ ਵੱਟ ਰਹੇ ਹਨ।

ਪਿਛਲੇ 15 ਸਾਲਾਂ ਤੋਂ ਮਨਰੇਗਾ ਦੁਨੀਆ ਦੇ ਸਭ ਤੋਂ ਵੱਡੇ ਜਨਤਕ ਪ੍ਰੋਗਰਾਮਾਂ ਵਿੱਚ ਗਿਣਿਆ ਜਾਣ ਲੱਗਾ ਸੀ। ਇਸ ਕਾਰਨ ਪਿੰਡਾਂ ਤੋਂ ਸ਼ਹਿਰਾਂ ਵੱਲ ਪਲਾਇਨ ਦਾ ਰੁਝਾਨ ਘਟ ਗਿਆ ਸੀ। ਕੋਰੋਨਾ ਮਹਾਂਮਾਰੀ ਦੌਰਾਨ ਤਾਂ ਇਹ ਯੋਜਨਾ ਪੇਂਡੂ ਭਾਰਤ ਲਈ ਜੀਵਨ ਰੇਖਾ ਸਾਬਤ ਹੋਈ ਸੀ ਤੇ ਹਰ ਤਿੰਨ ਪਰਵਾਰਾਂ ਪਿੱਛੇ ਇੱਕ ਨੂੰ ਰੁਜ਼ਗਾਰ ਮਿਲਿਆ ਸੀ। ਮਨਰੇਗਾ ਵਿੱਚ ਕੰਮ ਕਰਨ ਵਾਲੇ ਇੱਕ ਤਿਹਾਈ ਤੋਂ ਵੱਧ ਮਜ਼ਦੂਰ ਦਲਿਤ ਤੇ ਆਦਿਵਾਸੀ ਹੁੰਦੇ ਹਨ। ਅੱਧੇ ਤੋਂ ਵੱਧ ਮਨਰੇਗਾ ਮਜ਼ਦੂਰ ਔਰਤਾਂ ਹੁੰਦੀਆਂ ਹਨ। ਕੇਰਲਾ ਵਿੱਚ ਤਾਂ ਇਹ ਅੰਕੜਾ 90 ਫ਼ੀਸਦੀ ਹੈ।

ਮੌਜੂਦਾ ਸਰਕਾਰ ਨੇ ਮਨਰੇਗਾ ਨੂੰ ਕਮਜ਼ੋਰ ਕਰਨ ਲਈ ਸਿਰਫ ਬਜਟ ਹੀ ਨਹੀਂ ਘਟਾਇਆ, ਇਸ ਨੂੰ ਗੁੰਝਲਦਾਰ ਬਣਾਉਣ ਲਈ ਹਾਜ਼ਰੀ ਦੀ ਥਾਂ ਮੋਬਾਇਲ ਨਿਗਰਾਨੀ ਪ੍ਰਣਾਲੀ ਵੀ ਸ਼ੁਰੂ ਕਰ ਦਿੱਤੀ। ਬਹੁਤ ਵਾਰ ਕੰਮ ਸਥਾਨ ਉੱਤੇ ਇੰਟਰਨੈੱਟ ਦੀ ਰੇਂਜ ਨਹੀਂ ਹੁੰਦੀ ਜਾਂ ਕਮਜ਼ੋਰ ਹੁੰਦੀ ਹੈ, ਤਦ ਇਹ ਪ੍ਰਣਾਲੀ ਕੰਮ ਨਹੀਂ ਕਰਦੀ। ਅਜਿਹੀ ਹਾਲਤ ਵਿੱਚ ਮਜ਼ਦੂਰ ਦੀ ਦਿਹਾੜੀ ਗਿਣੀ ਨਹੀਂ ਜਾਂਦੀ। ਦੂਜਾ, ਸਰਕਾਰ ਨੇ ਇਹ ਫ਼ੈਸਲਾ ਕਰ ਦਿੱਤਾ ਹੈ ਕਿ ਮਨਰੇਗਾ ਮਜ਼ਦੂਰੀ ਦਾ ਭੁਗਤਾਨ ਅਧਾਰ ਕਾਰਡ ਨਾਲ ਲਿੰਕ ਬੈਂਕ ਖਾਤਿਆਂ ਰਾਹੀਂ ਕੀਤਾ ਜਾਵੇਗਾ। ਹਕੀਕਤ ਇਹ ਹੈ ਕਿ ਹਾਲੇ ਵੀ ਅੱਧੇ ਤੋਂ ਵੱਧ ਪੇਂਡੂ ਮਜ਼ਦੂਰਾਂ, ਖ਼ਾਸ ਕਰਕੇ ਔਰਤਾਂ ਦੇ ਬੈਂਕ ਖਾਤੇ ਅਧਾਰ ਨਾਲ ਜੁੜੇ ਹੋਏ ਨਹੀਂ ਹਨ। ਇਸ ਹਾਲਤ ਵਿੱਚ ਮਜ਼ਦੂਰ ਖੁਦ ਹੀ ਮਨਰੇਗਾ ਤੋਂ ਦੂਰ ਹੋ ਰਹੇ ਹਨ।

ਇਸ ਹਾਲਤ ਵਿੱਚ ਮਨਰੇਗਾ ਆਪਣੀ ਮੌਤ ਦੇ ਦਿਨ ਗਿਣ ਰਿਹਾ ਹੈ। ਲੋੜੀਂਦਾ ਬਜਟ ਨਾ ਹੋਣ ਕਾਰਨ ਮਜ਼ਦੂਰੀ ਦੇ ਭੁਗਤਾਨ ਵਿੱਚ ਦੇਰੀ ਨੇ ਹਾਲਾਤ ਹੋਰ ਵੀ ਗੰਭੀਰ ਬਣਾ ਦਿੱਤੇ ਹਨ। ਪੱਛਮੀ ਬੰਗਾਲ ਵਿੱਚ ਮਨਰੇਗਾ ਮਜ਼ਦੂਰਾਂ ਨੂੰ ਇੱਕ ਸਾਲ ਤੋਂ ਪੈਸੇ ਨਹੀਂ ਮਿਲੇ। ਚਾਹੀਦਾ ਤਾਂ ਇਹ ਸੀ ਕਿ ਇਸ ਯੋਜਨਾ ਦਾ ਵਿਸਥਾਰ ਕਰਦਿਆਂ ਕੰਮ ਦੇ ਘੰਟੇ ਤੇ ਮਜ਼ਦੂਰੀ ਦਰ ਵਿੱਚ ਵਾਧਾ ਕੀਤਾ ਜਾਂਦਾ, ਪਰ ਮੋਦੀ ਸਰਕਾਰ ਤਾਂ ਇਸ ਨੂੰ ਮਾਰਨ 'ਤੇ ਤੁਲੀ ਹੋਈ ਹੈ। ਇਸ ਸਫ਼ਲ ਪ੍ਰੋਗਰਾਮ ਨੇ ਬਾਕੀ ਦੇਸ਼ਾਂ ਦਾ ਵੀ ਧਿਆਨ ਆਪਣੇ ਵੱਲ ਖਿੱਚਿਆ ਸੀ। ਬੰਗਲਾਦੇਸ਼ ਵਿੱਚ 100 ਦਿਨਾਂ ਦੀ ਰੁਜ਼ਗਾਰ ਸਿਰਜਣ ਯੋਜਨਾ 'ਕਲੋਜ਼ਰ ਹੋਮ' ਤੇ ਨੇਪਾਲ ਦੀ 'ਕੰਮ ਬਦਲੇ ਅਨਾਜ' ਮਨਰੇਗਾ ਤੋਂ ਹੀ ਪ੍ਰੇਰਤ ਹਨ। ਪਿੱਛੇ ਜਿਹੇ ਕਈ ਰਾਜਾਂ ਦੇ ਮਨਰੇਗਾ ਮਜ਼ਦੂਰਾਂ ਨੇ ਦਿੱਲੀ ਵਿੱਚ 60 ਦਿਨ ਧਰਨਾ ਦਿੱਤਾ ਸੀ, ਪਰ ਕਿਸੇ ਨੇ ਗੱਲ ਤੱਕ ਨਹੀਂ ਸੁਣੀ।

- ਚੰਦ ਫਤਿਹਪੁਰੀ

# ਕੀੜੀ ਨੂੰ ਪੱਥਰ 'ਚ ਰਿਜ਼ਕ

**ਵਿਸ਼ਵਾ ਮਿੱਤਰ**

'ਰੱਬ ਕੀੜੀ ਨੂੰ ਵੀ ਪੱਥਰ ਵਿਚ ਰਿਜ਼ਕ ਦੇਂਦਾ ਹੈ' ਦੀ ਕਹਾਵਤ ਅਤੇ 'ਦਾਣਾ ਪਾਣੀ ਖਿੱਚ ਕੇ ਲਿਆਉਂਦਾ ਕੌਣ ਕਿਸੇ ਦਾ ਖਾਂਦਾ ਓਏ' ਗੀਤ ਦੇ ਬੋਲ ਬੜੇ ਗੁੰਮਰਾਹਕੁੰਨ ਹਨ। ਜਦ ਤੱਕ ਲੋਕਾਂ ਦੀ ਸੋਚ ਵਿਗਿਆਨਕ ਨਹੀਂ ਹੁੰਦੀ ਅਤੇ ਲੋਕ ਅਧਿਆਤਮਵਾਦ ਦੇ ਜਾਲ ਵਿਚ ਫਸੇ ਹੁੰਦੇ ਹਨ, ਤਦ ਤੱਕ ਉਹ ਪੱਥਰ ਵਿਚ ਰਿਜ਼ਕ ਵਾਲੇ ਅਖਾਣ ਨੂੰ ਸਹੀ ਮੰਨਦੇ ਹਨ ਅਤੇ ਮੈਂ ਵੀ ਬਚਪਨ ਤੋਂ ਲੈ ਕੇ ਦਸਵੀਂ ਵਿੱਚ ਜੀਵ ਵਿਗਿਆਨ ਪੜ੍ਹਨ ਤੋਂ ਪਹਿਲਾਂ ਇਸ ਅਖਾਣ ਨੂੰ ਹੀ ਮੰਨਦਾ ਸੀ।

ਰੱਬ ਕੀੜੀ ਨੂੰ ਵੀ ਪੱਥਰ ਵਿਚ ਰਿਜਕ ਦੇਂਦਾ ਹੈ, ਅਜਿਹਾ ਅਖਾਣ ਬੋਲਣ ਵਾਲੇ ਜਾਂ ਤਾਂ ਵਿਗਿਆਨਕ ਸੋਚ ਤੋਂ ਹੀਣੇ ਹੁੰਦੇ ਹਨ ਜਾਂ ਸਭ ਕੁਝ ਜਾਣਦੇ ਹੋਏ ਵੀ ਜਾਣ ਬੁੱਝ ਕੇ ਅੰਧ-ਵਿਸ਼ਵਾਸ ਫੈਲਾ ਰਹੇ ਹੁੰਦੇ ਹਨ। ਕੋਈ ਇਹਨਾਂ ਨੂੰ ਪੁੱਛੇ ਕਿ ਜਿਹੜਾ ਰੱਬ ਕੀੜੀ ਨੂੰ ਵੀ ਪੱਥਰ ਵਿਚ ਰਿਜ਼ਕ ਦੇਂਦਾ ਹੈ ਤਾਂ ਉਹ ਮਨੁੱਖ ਦੇ ਬੱਚਿਆਂ ਨੂੰ ਕਿਉਂ ਭੁੱਖਾ ਮਰਦਾ ਹੈ, ਜਿਵੇਂ ਉਹ ਕੀੜੀ ਦਾ ਪੱਥਰ ਵਿਚ ਪਾਲਣਹਾਰ ਬਣਦਾ ਹੈ, ਉਵੇਂ ਮਨੁੱਖ ਜਾਤ ਲਈ ਕਿਉਂ ਨਹੀਂ ਬਣਦਾ। 2017 ਦੇ ਨੈਸ਼ਨਲ ਸਰਵੇ ਅਨੁਸਾਰ ਭਾਰਤ ਵਿਚ 19 ਕਰੋੜ ਲੋਕ ਰਾਤ ਵੇਲੇ ਭੁੱਖੇ ਸੌਂਦੇ ਹਨ। ਪੰਜ ਸਾਲ ਜਾਂ ਉਸ ਤੋਂ ਘੱਟ ਉਮਰ ਦੇ 4500 ਬੱਚੇ ਰੋਜ਼ਾਨਾ ਭੁੱਖ ਨਾਲ ਮਰਦੇ ਹਨ। ਜੇਕਰ ਰਿਜ਼ਕ ਦੇਣ ਵਾਲਾ ਆਪੇ ਰਿਜ਼ਕ ਦੇ ਦੇਂਦਾ ਤਾਂ ਨੌਜਵਾਨਾਂ ਨੂੰ ਰੁਜ਼ਗਾਰ ਲਈ ਦੌੜ-ਭੱਜ ਨਾ ਕਰਨੀ ਪੈਂਦੀ, ਵਿਦੇਸ਼ਾਂ ਵੱਲ ਨਾ ਭੱਜਣਾ ਪੈਂਦਾ, ਕਿਸਾਨਾਂ ਨੂੰ ਖੇਤੀ ਨਾ ਕਰਨੀ ਪੈਂਦੀ, ਨਹਿਰਾਂ ਦੀ ਖੁਦਾਈ ਕਰਨ ਦੀ ਲੋੜ ਨਾ ਹੁੰਦੀ।

ਅਮਰੀਕਾ ਵਰਗੇ ਵਿਕਸਤ ਦੇਸ਼ ਵਿੱਚ ਕਾਫੀ ਜਨਤਾ ਉਹ ਸੀ, ਜਿਹੜੀ ਜਿੰਨਾ ਕਮਾਉਂਦੀ ਸੀ ਓਨਾ ਖਾ ਲੈਂਦੀ ਸੀ, ਬਚਦਾ ਕੁੱਝ ਵੀ ਨਹੀਂ ਸੀ। ਮਕਾਨਾਂ ਦੀਆਂ ਕੀਮਤਾਂ ਜਾਂ ਕਿਰਾਏ ਐਨੇ ਵੱਧ ਚੁੱਕੇ ਸਨ ਕਿ ਹਰ ਕਿਸੇ ਦੀ ਪਹੁੰਚ ਵਿਚ ਨਹੀਂ ਰਹੇ। ਇਸ ਲਈ ਇਹਨਾਂ ਲੋਕਾਂ ਨੇ ਮਕਾਨ ਛੱਡ ਕੇ ਸੜਕ ਤੋਂ ਥੋੜ੍ਹਾ ਹਟ ਕਰ ਟੈਂਟ ਲਗਾ ਲਏ, ਜਿੱਥੇ ਉਹ ਰਹਿੰਦੇ ਹਨ। ਰੂਸ-ਯੂਕਰੇਨ ਦੀ ਇੱਕ ਸਾਲ ਤੋਂ ਵੱਧ ਚੱਲ ਰਹੀ ਜੰਗ ਕਾਰਨ ਉਥੋਂ ਅਨਾਜ ਇੰਪੋਰਟ ਨਾ ਹੋਣ ਕਾਰਣ ਗਰੀਬ ਲੋਕ ਭੁੱਖਮਰੀ ਦੇ ਕੰਢੇ ਪਹੁੰਚ ਗਏ। ਗਰੀਬ ਲੋਕ ਦਾਨੀ ਸੰਸਥਾਵਾਂ ਜਾਂ ਜਿੱਥੇ ਸਰਕਾਰ ਵੱਲੋਂ ਫ੍ਰੀ ਖਾਣਾ ਮਿਲਦਾ ਹੈ, ਉਥੋਂ ਖਾਣਾ ਪ੍ਰਾਪਤ ਕਰ ਰਹੇ ਹਨ। ਜਿਹੜੇ ਕੁਝ ਸੌਖੇ ਸਨ, ਉਹਨਾਂ ਕੰਮ-ਕਾਰ ਤੇ ਜਾਣ ਲਈ ਕਿਸ਼ਤਾਂ 'ਤੇ ਕਾਰ ਖਰੀਦ ਲਈ ਸੀ ਅਤੇ ਕਿਰਾਏ ਦੇ ਮਕਾਨ ਵਿਚ ਰਹਿ ਰਹੇ ਸਨ, ਪਰ ਭੁੱਖਮਰੀ ਅਤੇ ਬੇਕਾਰੀ ਕਾਰਨ ਕਿਰਾਏ ਵਾਲਾ ਮਕਾਨ ਛੱਡ ਦਿੱਤਾ। ਹੁਣ ਕਾਰ ਹੀ ਉਹਨਾਂ ਦਾ ਘਰ ਹੈ, ਇਸ ਦੇ ਵਿਚ ਹੀ ਖਾਂਦੇ-ਪੀਂਦੇ ਅਤੇ ਰਾਤ ਨੂੰ ਸੌਂਦੇ ਹਨ। ਖਾਣਾ ਜਿਥੋਂ ਫ੍ਰੀ ਮਿਲ ਜਾਏ, ਉਥੋਂ ਲੈ ਕੇ ਖਾਂਦੇ ਹਨ। ਇੰਗਲੈਂਡ ਵਿਚ ਅਧਿਆਪਕ ਅਤੇ ਉਸ ਦੇ ਬਰਾਬਰ ਤਨਖਾਹਾਂ ਲੈਣ ਵਾਲੇ ਕਰਮਚਾਰੀਆਂ ਦਾ ਵੀ ਮਹਿੰਗਾਈ ਕਾਰਨ ਇਹ ਹਾਲ ਹੋ ਗਿਆ ਕਿ ਜਿਥੋਂ ਗਰੀਬਾਂ ਨੂੰ ਸਰਕਾਰੀ ਏਜੇਂਸੀ ਵੱਲੋਂ ਫ੍ਰੀ ਖਾਣਾ ਮਿਲਦਾ ਹੈ, ਉਥੋਂ ਖਾਣਾ ਲੈਣਾ ਸ਼ੁਰੂ ਕਰ ਦਿੱਤਾ। ਏਜੰਸੀ ਜਿੰਨਾ ਉਸ ਨੂੰ ਬਜਟ ਅਲਾਟ ਹੁੰਦਾ ਹੈ, ਉਸ ਅਨੁਸਾਰ ਉਹ ਖਾਣੇ ਦੇ ਪੈਕਟ ਤਿਆਰ ਕਰਦੀ ਸੀ, ਪਰ ਜਿਹੜੇ ਕਰਮਚਾਰੀਆਂ ਦਾ ਪਹਿਲਾਂ ਠੀਕ ਗੁਜ਼ਾਰਾ ਹੁੰਦਾ ਸੀ, ਜਦੋਂ ਉਹ ਵੀ ਦੇਸ਼ ਵਿਚ ਖਾਣੇ ਦੀਆਂ ਕੀਮਤਾਂ ਹੱਦੋਂ ਵੱਧ ਹੋਣ ਕਾਰਨ ਉਥੋਂ ਖਾਣੇ ਦੇ ਫ੍ਰੀ ਪੈਕਟ ਲੈਣ ਲੱਗ ਪਏ ਤਾਂ ਏਜੰਸੀ ਨੂੰ ਪੈਕਟਾਂ ਦਾ ਸਾਈਜ਼ ਘਟਾਉਣਾ ਪਿਆ। ਪੱਥਰ ਵਿਚ ਕੀੜੀ ਨੂੰ ਰਿਜਕ ਦੇਣ ਵਾਲਾ ਰੱਬ ਇਥੇ ਗਰੀਬਾਂ, ਲੋੜਵੰਦਾਂ ਜਾਂ ਮਜਬੂਰ ਲੋਕਾਂ ਨੂੰ ਰਿਜਕ ਕਿਉਂ ਨਹੀਂ ਦੇਂਦਾ।



ਇਥੇ ਅਸੀ ਰੱਬ ਦੀ ਹੋਂਦ ਜਾਂ ਅਣਹੋਂਦ ਦੀ ਬਹਿਸ ਵਿੱਚ ਨਹੀਂ ਪੈਣਾ ਚਾਹੁੰਦੇ, ਪਰ ਇੱਕ ਗੱਲ ਪੱਕੀ ਹੈ ਕਿ ਰਿਜ਼ਕ ਦਾ ਸੰਬੰਧ ਰੱਬ ਨਾਲ ਬਿਲਕੁੱਲ ਨਹੀਂ ਹੈ। ਮਨੁੱਖ ਨੂੰ ਛੱਡ ਕੇ ਬਾਕੀ ਦੇ ਪ੍ਰਾਣੀ ਉਥੇ ਹੀ ਰਹਿੰਦੇ ਹਨ, ਜਿੱਥੇ ਉਹ ਆਪਣੀ ਖੁਰਾਕ ਦਾ ਪ੍ਰਬੰਧ ਕਰ ਸਕਣ । ਸਾਇਬੇਰੀਆ ਦੇ ਪੰਛੀ, ਜਦੋਂ ਅੱਤ ਦੀ ਠੰਢ ਅਤੇ ਬਰਫ ਪੈਂਦੀ ਹੈ, ਉਥੇ ਉਹਨਾਂ ਦੇ ਖਾਣ ਲਈ ਕੋਈ ਦਾਣਾ ਜਾਂ ਕੀੜਾ-ਮਕੌੜਾ ਨਹੀਂ ਹੁੰਦਾ ਤਾਂ ਉਹ ਹਜ਼ਾਰਾਂ ਕਿਲੋਮੀਟਰ ਦੀ ਉਡਾਣ ਭਰ ਕੇ ਗਰਮ ਦੇਸ਼ਾਂ ਵਿੱਚ ਦਰਿਆਵਾਂ ਜਾਂ ਝੀਲਾਂ ਤੱਕ ਪਹੁੰਚ ਜਾਂਦੇ ਹਨ, ਜਿਥੋਂ ਉਹਨਾਂ ਨੂੰ ਖਾਣਾ ਸੌਖਿਆਂ ਅਤੇ ਬਹੁਤਾਤ ਵਿਚ ਮਿਲ ਜਾਂਦਾ ਹੈ। ਉਹਨਾਂ ਨੂੰ ਬਰਫ ਦੀ ਤਿੰਨ ਫੁੱਟ ਮੋਟੀ ਤਹਿ ਉੱਤੇ ਕੋਈ ਰੱਬ ਰਿਜ਼ਕ ਨਹੀਂ ਦੇਂਦਾ। ਮਾਸ਼ਾਹਾਰੀ ਜਾਨਵਰ ਵੀ ਉਥੇ ਹੀ ਵੱਧਦੇ-ਫੁੱਲਦੇ ਹਨ, ਜਿੱਥੇ ਉਹਨਾਂ ਨੂੰ ਖਾਣ ਲਈ ਸਾਕਾਹਾਰੀ ਸ਼ਿਕਾਰ ਮਿਲਦੇ ਹਨ।

ਮਨੁੱਖ ਨੂੰ ਕੁਦਰਤ ਤੋਂ ਬਣਿਆ ਬਣਾਇਆ ਭੋਜਨ ਨਹੀਂ ਮਿਲ ਸਕਦਾ, ਨਾ ਹੀ ਕੁਦਰਤ ਨੇ ਉਸ ਨੂੰ ਸਰਦੀ-ਗਰਮੀ ਤੋਂ ਬਚਾਅ ਲਈ ਕੱਪੜਾ ਦੇਣਾ ਹੈ ਅਤੇ ਨਾ ਹੀ ਕੋਈ ਮਕਾਨ ਬਣਾ ਕੇ ਦੇਣਾ ਹੈ। ਕਬੀਲਾ ਯੁੱਗ ਤੋਂ ਪਹਿਲਾਂ ਮਨੁੱਖ ਵੀ ਕੁਦਰਤ ਤੋਂ ਜਦੋਂ-ਜਹਿਦ ਕਰਕੇ ਭੋਜਨ ਪ੍ਰਾਪਤ ਕਰਦਾ ਸੀ, ਮਤਲਬ ਸ਼ਿਕਾਰ ਕਰਕੇ ਜਾਨਵਰਾਂ ਦਾ ਕੱਚਾ ਮਾਸ ਉਵੇਂ ਹੀ ਖਾਂਦਾ ਸੀ, ਜਿਵੇਂ ਸ਼ੇਰ, ਚੀਤੇ ਖਾਂਦੇ ਹਨ , ਸ਼ਿਕਾਰ ਕੀਤੇ ਜਾਨਵਰ ਦੀ ਖਲ ਨਾਲ ਸਰੀਰ ਢਕ ਲੈਂਦਾ ਸੀ, ਸਰਦੀ, ਗਰਮੀ ਬਰਸਾਤ ਤੋਂ ਬਚਣ ਲਈ ਗੁਫਾਵਾਂ ਵਿਚ ਰਹਿੰਦਾ ਸੀ, ਪਰ ਕਬੀਲਾ ਯੁੱਗ ਤੋਂ ਬਾਅਦ ਆਇਆ ਹਰ (ਰਾਜ) ਪ੍ਰਬੰਧ ਲੁੱਟਣ ਅਤੇ ਲੁੱਟੇ ਜਾਣ ਵਾਲਿਆਂ ਦਾ ਹੋ ਗਿਆ ਇਸ ਲਈ ਆਦਮੀ ਦਾ ਰਿਜ਼ਕ ਜਿਸ ਵਿਚ ਰੋਟੀ, ਕੱਪੜਾ, ਮਕਾਨ, ਵਿਦਿਆ, ਸਿਹਤ ਸਹੂਲਤਾਂ, ਮਨੋਰੰਜਨ, ਕਾਨੂੰਨ ਪ੍ਰਬੰਧ ਅਤੇ ਨਿਆਂ ਆਦਿ ਰਾਜ ਪ੍ਰਬੰਧ ਤੇ ਨਿਰਭਰ ਹੋ ਗਿਆ।

ਇਸ 'ਰੱਬ ਰਿਜ਼ਕ ਦੇਂਦਾ ਹੈ ਜਾਂ ਦੇਵੇਗਾ' ਦੇ ਭੁਲੇਖੇ ਵਿੱਚੋਂ ਨਿਕਲ ਕੇ ਮਿਹਨਤ ਕਰਕੇ ਆਪਣਾ ਰਿਜ਼ਕ ਕਮਾਉ ਅਤੇ ਖਾਓ। ਨਾਲ ਦੇ ਨਾਲ ਜਿਹੜੇ ਪ੍ਰਬੰਧ ਰਾਜ ਵਿਚ ਤੁਹਾਡਾ ਰਿਜ਼ਕ ਖੋਇਆ ਜਾ ਰਿਹਾ ਹੈ, ਉਸ ਬਾਰੇ ਸੁਚੇਤ ਰਹੋ, ਜਥੇਬੰਦ ਹੋਵੋ ਅਤੇ ਹਾਲਤਾਂ ਅਨੁਸਾਰ ਜਿੰਨਾ ਘੋਲ ਕਰ ਸਕਦੇ ਹੋ, ਕਰੋ ਅਤੇ ਘੋਲ ਕਰ ਰਹੇ ਸਾਥੀਆਂ ਦੀ ਜਿਹੜੀ ਵੀ ਮਦਦ ਕਰ ਸਕੋ, ਕਰੋ। ਜੇਕਰ ਕਿਸੇ ਦੇ ਹੱਥ ਵਿਚੋਂ ਕੋਈ ਅਨਾਜ ਦਾ ਲਿਫਾਫਾ ਡਿੱਗ ਪਿਆ ਅਤੇ ਕਿਸੇ ਪੰਛੀ ਨੇ ਕੁਝ ਦਾਣੇ ਖਾ ਲਏ ਤਾਂ ਇਸ ਦਾ ਮਤਲਬ ਨਹੀਂ ਕਿ 'ਦਾਣਾ ਪਾਣੀ ਖਿੱਚ ਕੇ ਲਿਆਂਦਾ ਕੌਣ ਕਿਸੇ ਦਾ ਖਾਂਦਾ ਓਏ' ਗੀਤ ਵੀ ਕਿਸੇ ਨੇ ਸਹੀ ਲਿਖਿਆ ਹੈ। ਦਾਣਾ ਪਾਣੀ ਕਦੇ ਖਿੱਚ ਕੇ ਨਹੀਂ ਲਿਆਉਂਦਾ, ਦਾਣੇ-ਪਾਣੀ ਦਾ ਆਪ ਪ੍ਰਬੰਧ ਕਰਨਾ ਪੈਂਦਾ ਹੈ । ਕਦੇ ਵੀ ਜੰਗਲ ਵਿਚ ਕੋਈ ਬੈਠਾ ਹੋਇਆ ਸਾਕਾਹਾਰੀ ਜਾਨਵਰ ਕਿਸੇ ਹਿੰਸਕ ਜਾਨਵਰ ਨੂੰ ਨਹੀਂ ਮਿਲਦਾ ਕਿ ਜਿਸ ਵੱਲ ਉਹ ਖਿੱਚਿਆ ਜਾਵੇ ਅਤੇ ਜਾ ਕੇ ਉਸ ਨੂੰ ਖਾ ਲਵੇ। ਹਿੰਸਕ ਜਾਨਵਰ ਨੂੰ ਸਾਕਾਹਾਰੀ ਜਾਨਵਰ ਦੇ ਪਿੱਛੇ ਆਪਣੀ ਖੁਰਾਕ ਲਈ ਦੌੜਨਾ ਪੈਂਦਾ ਹੈ ਅਤੇ ਕਈ ਵਾਰ ਹਿੰਸਕ ਜਾਨਵਰ ਦੀ ਖੁਰਾਕ ਲਈ ਦੌੜ ਅਸਫਲ ਵੀ ਹੋ ਜਾਂਦੀ ਹੈ। ਕਈ ਵਾਰ ਇੰਟਰਵਿਊ ਤੋਂ ਬਾਅਦ ਇਹ ਕਹਿ ਦਿੱਤਾ ਜਾਂਦਾ ਹੈ ਕਿ ਤੁਹਾਨੂੰ ਚਿੱਠੀ ਰਾਹੀਂ ਸੂਚਿਤ ਕਰ ਦਿੱਤਾ ਜਾਵੇਗਾ, ਪਰ ਚਿੱਠੀ ਕਦੇ ਆਉਂਦੀ ਹੀ ਨਹੀਂ। ਕਈ ਵਾਰ ਆਪਣੀ ਯੋਗਤਾ ਤੋਂ ਘੱਟ ਨੌਕਰੀ ਜਾਂ ਰੁਜ਼ਗਾਰ 'ਤੇ ਕੰਮ ਕਰਨਾ ਪੈਂਦਾ ਹੈ, ਮਤਲਬ ਦਾਣਾ-ਪਾਣੀ ਕਦੇ ਖਿੱਚ ਕੇ ਨਹੀਂ ਲਿਆਉਂਦਾ। ਜੇਕਰ ਸਾਡੀ ਮਿਹਨਤ ਦੀ ਕਮਾਈ ਦਾ ਵੱਡਾ ਹਿੱਸਾ ਸਰਮਾਏਦਾਰੀ ਪ੍ਰਬੰਧ ਖਾ ਗਿਆ ਤਾਂ ਇਸ ਦਾ ਅਰਥ ਇਹ ਨਹੀਂ ਉਹ ਸਾਡੀ ਕਮਾਈ ਵੱਲ ਖਿੱਚਿਆ ਗਿਆ, ਇਸ ਦਾ ਅਰਥ ਲੁੱਟ ਅਤੇ ਭਾਈਵਾਲ ਸਰਕਾਰਾਂ ਨਾਲ ਮਿਲ ਕੇ ਕੇਵਲ ਲੁੱਟ ਹੈ, ਜਿਸ ਵਿਰੁੱਧ ਸਾਨੂੰ ਸੰਘਰਸ਼ ਕਰਨਾ ਪਵੇਗਾ।

*ਸੰਪਰਕ : 94176-32228*

# ਮਜ਼ਦੂਰ ਜਥੇਬੰਦੀਆਂ ਦੀ ਆਪਸੀ ਸਾਂਝ ਮਜ਼ਬੂਤ ਹੋਣੀ ਸਮੇਂ ਦੀ ਮੰਗ

**ਗਿਆਨ ਸੈਦਪੁਰੀ**

2005 ਵਿੱਚ ਯੂਨਾਈਟਡ ਪ੍ਰੋਗਰੈਸਿਵ ਅਲਾਇੰਸ ਸਰਕਾਰ ਨੇ ਖੱਬੀਆ ਪਾਰਟੀਆਂ ਦੇ ਸਹਿਯੋਗ ਨਾਲ ਕੌਮੀ ਪੇਂਡੂ ਰੋਜ਼ਗਾਰ ਗਰੰਟੀ ਐਕਟ ਬਣਾਇਆ ਸੀ। ਇਹ ਐਕਟ ਪੇਂਡੂ ਭਾਰਤ ਦੀ ਰੋਜ਼ੀ-ਰੋਟੀ ਦੀ ਸੁਰੱਖਿਆ ਵਧਾਉਣ ਦੇ ਇਰਾਦੇ ਨਾਲ ਹੋਂਦ ਵਿੱਚ ਆਇਆ ਸੀ। ਦੇਸ਼ ਦੀ ਪਾਰਲੀਮੈਂਟ ਵਿੱਚ ਉਸ ਵੇਲੇ 61 ਐਮ. ਪੀ ਖੱਬੀਆਂ ਧਿਰਾਂ ਦੇ ਸਨ। ਉਨ੍ਹਾਂ ਦੀ ਸਰਗਰਮ ਭੂਮਿਕਾ ਨਾਲ ਇਹ ਸਕੀਮ ਸ਼ੁਰੂ ਕੀਤੀ ਗਈ ਸੀ। ਇਸ ਐਕਟ ਦੀ ਮੁੱਢਲੀ ਭਾਵਨਾ ਸੀ ਕਿ ਬੇਰੁਜ਼ਗਾਰੀ ਦੇ ਦੈਂਤ ਨੂੰ ਕਾਬੂ ਕਰਨ ਲਈ ਕਦਮ ਪੁੱਟਿਆ ਜਾਵੇ। ਸ਼ੁਰੂ ਵਿੱਚ ਮਜ਼ਦੂਰਾਂ ਲਈ ਇੱਕ ਸਾਲ ਵਿੱਚ 100 ਦਿਨ ਕੰਮ ਹਰ ਹਾਲ ਦੇਣ ਦਾ ਪ੍ਰਬੰਧ ਕੀਤਾ ਗਿਆ ਸੀ। ਇਹ ਵੀ ਫੈਸਲਾ ਕੀਤਾ ਗਿਆ ਸੀ ਕਿ ਕੰਮ ਦੇ ਦਿਨਾਂ ਵਿੱਚ ਸਮੇਂ-ਸਮੇਂ 'ਤੇ ਵਾਧਾ ਕੀਤਾ ਜਾਂਦਾ ਰਹੇਗਾ ਤੇ ਉਜਰਤਾਂ ਵਿੱਚ ਵੀ ਵਾਧਾ ਹੋਵੇਗਾ। ਇਹ ਉਜਰਤਾ ਅਦਾ ਕਰਨ ਦੀ ਜ਼ਿੰਮੇਵਾਰੀ ਰਾਜ ਸਰਕਾਰਾਂ ਨੂੰ ਸੌਂਪੀ ਗਈ ਸੀ।

2014 ਵਿੱਚ ਜਦੋਂ ਭਾਜਪਾ ਨੇ ਕੇਂਦਰੀ ਸੱਤਾ ਸੰਭਾਲੀ ਤਾਂ ਨਰੇਗਾ ਵਿੱਚ ਮਹਾਤਮਾ ਗਾਂਧੀ ਦਾ ਨਾਂਅ ਜੋੜ ਦਿੱਤਾ ਗਿਆ। ਇਹ ਸਕੀਮ ਨਰੇਗਾ ਤੋਂ ਮਗਨਰੇਗਾ ਹੋ ਗਈ ਤੇ ਨਾਲ ਹੀ ਸ਼ੁਰੂ ਹੋ ਗਏ ਇਸ ਨੂੰ ਮਿੱਟੀ-ਘੱਟੇ ਰੋਲਣ ਦੇ ਯਤਨ। ਹੌਲੀ-ਹੌਲੀ ਇਸ ਸਕੀਮ ਦੇ ਬਜਟ ਨੂੰ ਵਾਢਾ ਲਾਉਣਾ ਸ਼ੁਰੂ ਕਰ ਦਿੱਤਾ ਗਿਆ। ਮੋਦੀ ਜੀ ਨੇ ਯੋਜਨਾ ਕਮਿਸ਼ਨ ਦਾ ਵੀ ਭੋਗ ਪਾ ਦਿੱਤਾ। ਇਹ ਕਮਿਸ਼ਨ ਵਜ਼ੀਰਾਂ, ਰਾਜ ਸਰਕਾਰਾਂ ਅਤੇ ਵੱਖ-ਵੱਖ ਸਕੀਮਾਂ ਦੇ ਬਜਟ ਦਾ ਪ੍ਰਬੰਧ ਕਰਦਾ ਸੀ। ਯੋਜਨਾ ਕਮਿਸ਼ਨ ਨੂੰ ਨੀਤੀ ਆਯੋਗ ਵਿੱਚ ਬਦਲਣ ਦੇ ਫੈਸਲੇ ਪਿੱਛੇ ਖੋਟੀ ਨੀਤ ਕੰਮ ਕਰਦੀ ਸੀ। ਨੀਤੀ ਆਯੋਗ ਦਾ ਕਮਜ਼ੋਰ ਵਰਗਾਂ ਦੇ ਫਿਕਰਾਂ ਦੀ ਬਾਂਹ ਫੜਨ ਦੀ ਥਾਂ ਸਾਰਾ ਜ਼ੋਰ ਨਿੱਜੀਕਰਨ 'ਤੇ ਲੱਗਾ ਹੋਇਆ ਹੈ।

ਮਗਨਰੇਗਾ ਸਕੀਮ ਨੂੰ ਕਮਜ਼ੋਰ ਕਰਨ ਦਾ ਭਾਰਤ ਦੇ ਖੇਤ ਮਜ਼ਦੂਰਾਂ ਦੀ ਸਿਰਮੌਰ ਜਥੇਬੰਦੀ ਭਾਰਤੀ ਖੇਤ ਮਜ਼ਦੂਰ ਯੂਨੀਅਨ ਨੇ ਨੋਟਿਸ ਲੈਂਦਿਆਂ ਹੋਰ ਭਰਾਤਰੀ ਜਥੇਬੰਦੀਆਂ ਨਾਲ ਮਿਲ ਕੇ ਕੇਂਦਰ ਸਰਕਾਰ ਵਿਰੁੱਧ ਸੰਘਰਸ਼ ਵਿੱਢ ਦਿੱਤਾ ਗਿਆ। ਸੰਘਰਸ਼ ਨੂੰ ਹੋਰ ਤਿਖੇਰਾ ਕਰਨ ਲਈ ਭਾਰਤੀ ਖੇਤ ਮਜ਼ਦੂਰ ਯੂਨੀਅਨ ਵੱਲੋਂ ਪਿਛਲੇ ਦਿਨੀਂ ਜੰਤਰ ਮੰਤਰ ਦਿੱਲੀ ਵਿਖੇ ਲਾਮਿਸਾਲ ਧਰਨਾ ਦਿੱਤਾ ਗਿਆ। ਇਹ ਧਰਨਾ ਸੰਘਰਸ਼ ਵਿੱਚ ਕੁੱਦਣ ਲਈ ਉਤਸ਼ਾਹੀ ਸੰਦੇਸ਼ ਦੇ ਗਿਆ।




ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਪ੍ਰਧਾਨ ਐਨ ਪੇਰੀਆਸਾਮੀ ਦੀ ਪ੍ਰਧਾਨਗੀ ਹੇਠ ਲੱਗੇ ਇਸ ਧਰਨੇ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਦੇ ਜਨਰਲ ਸਕੱਤਰ ਡੀ ਰਾਜਾ ਉਚੇਚੇ ਤੌਰ 'ਤੇ ਸ਼ਾਮਲ ਹੋਏ। ਉਨ੍ਹਾ ਯੂਨੀਅਨ ਦੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਲੋਕ ਪੱਖੀ ਪਾਰਟੀਆਂ ਨੂੰ ਨਾਲ ਲੈ ਕੇ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਸੰਘਰਸ਼ਾਂ ਦਾ ਸਾਂਝਾ ਪਿੜ ਮੱਲਣ। ਉਨ੍ਹਾ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ 2024 ਦੀਆਂ ਆਮ ਚੋਣਾਂ ਵਿੱਚ ਭਾਜਪਾ ਨੂੰ ਚਲਦਾ ਕੀਤਾ ਜਾਵੇ।

ਦੇਸ਼ ਦੇ 15 ਸੂਬਿਆ ਵਿੱਚੋਂ ਧਰਨੇ ਵਿੱਚ ਸ਼ਾਮਲ ਹੋਣ ਵਾਲੇ ਮਜ਼ਦੂਰਾਂ ਨੂੰ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ ਨੇ ਖੇਤ ਮਜ਼ਦੂਰ ਵਰਗ ਨੂੰ ਦਰਪੇਸ਼ ਦੁਸ਼ਵਾਰੀਆਂ ਦਾ ਵਿਸਥਾਰ ਨਾਲ ਵਰਣਨ ਕੀਤਾ। ਉਨ੍ਹਾ ਮੰਗ ਕੀਤੀ ਕਿ ਜਿਹੜੀਆਂ ਮੰਗਾਂ ਲਈ ਖੇਤੀ ਕਾਮੇ ਸੰਘਰਸ਼ ਲਈ ਮਜਬੂਰ ਹੋਏ ਹਨ, ਉਹ ਫੌਰਨ ਪ੍ਰਵਾਨ ਕੀਤੀਆਂ ਜਾਣ। ਬੀ ਕੇ ਐਮ ਯੂ ਦੇ ਜਨਰਲ ਸਕੱਤਰ ਵੀ ਐਸ ਨਿਰਮਲ ਨੇ ਸਟੇਜ ਦੀ ਕਾਰਵਾਈ ਨਿਭਾਈ। ਧਰਨੇ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਯੂਨੀਅਨ ਦੇ ਸਾਬਕਾ ਪ੍ਰਧਾਨ ਕੇ. ਈ. ਇਸਮਾਇਲ, ਉੱਪ ਪ੍ਰਧਾਨ ਨਗੇਂਦਰ ਨਾਥ ਓਝਾ, ਬਿਹਾਰ ਸੂਬਾ ਪ੍ਰਧਾਨ ਸੂਰਿਯਾ ਕਾਂਤ ਐਮ ਐਲ ਏ, ਜਾਨਕੀ ਪਾਸਵਾਨ (ਬਿਹਾਰ), ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਦੇਵੀ ਕੁਮਾਰ ਸਰਹਾਲੀ ਕਲਾਂ, ਪੱਛਮੀ ਬੰਗਾਲ ਤੋਂ ਤਪਿਨ ਗਾਂਗਲੀ, ਉੱਤਰ ਪ੍ਰਦੇਸ਼ ਤੋਂ ਫੂਲ ਚੰਦ ਯਾਦਵ, ਏਟਕ ਵੱਲੋਂ ਐਸ. ਕੇ. ਦਾਮਲੇ, ਕੁਲ ਹਿੰਦ ਕਿਸਾਨ ਸਭਾ ਦੇ ਪ੍ਰਧਾਨ ਆਰ. ਵੈਂਕਈਆ, ਆਲ ਇੰਡੀਆ ਯੂਥ ਫੈਡਰੇਸ਼ਨ ਦੇ ਪ੍ਰਧਾਨ ਤਿਰੁਮਲਾਈ, ਕੇਰਲਾ ਰਾਜ ਦੇ ਮੰਤਰੀ ਕੇ. ਰਾਜੂ, ਸੀ. ਪੀ. ਆਈ ਹਰਿਆਣਾ ਦੇ ਸੂਬਾ ਸਕੱਤਰ ਦਰਿਓ ਸਿੰਘ ਕਸ਼ਅਪ, ਤਿਲੰਗਾਨਾ ਤੋਂ ਬੀ. ਮਾਲੇਸ਼, ਆਂਧਰਾ ਪ੍ਰਦੇਸ਼ ਤੋਂ ਏ ਸ਼ੇਖਰਨ, ਸੀ ਪੀ ਆਈ ਦਿੱਲੀ ਦੇ ਸਕੱਤਰ ਦਿਨੇਸ਼ ਵਰਸ਼ਿਨੇ, ਤਾਮਿਲਨਾਡੂ ਤੋਂ ਭਾਸਕਰ ਤੋਂ ਇਲਾਵਾ ਰਾਜਸਥਾਨ, ਉੜੀਸਾ, ਮੱਧ ਪ੍ਰਦੇਸ਼ ਅਤੇ ਮਨੀਪੁਰ ਤੋਂ ਵੀ ਬੀ. ਕੇ. ਐਮ. ਯੂ ਦੇ ਆਗੂ ਧਰਨੇ ਵਿੱਚ ਸ਼ਾਮਲ ਸਨ।

ਬਾਅਦ ਵਿੱਚ ਭਾਰਤ ਦੇ ਰਾਸ਼ਟਰਪਤੀ ਦੇ ਨਾਂਅ ਈ ਮੇਲ ਰਾਹੀਂ ਮੰਗ ਪੱਤਰ ਭੇਜਿਆ ਗਿਆ। ਇਸ ਵਿੱਚ ਦੱਸਿਆ ਗਿਆ ਕਿ 2011 ਵਿੱਚ ਸਮਾਜਕ ਆਰਥਿਕ ਜਾਤੀ ਜਨਗਣਨਾ ਦੀ ਰਿਪੋਰਟ ਜੋ 2015 ਵਿੱਚ ਵਿੱਚ ਜਾਰੀ ਕੀਤੀ ਗਈ, ਵਿੱਚ ਦਰਜ ਹੈ ਕਿ 17. 92 ਕਰੋੜ ਪੇਂਡੂ ਮਜ਼ਦੂਰਾਂ ਵਿੱਚੋਂ 51. 4 ਫੀਸਦੀ ਰੋਜ਼ਾਨਾ ਦੀ ਦਿਹਾੜੀ 'ਤੇ ਨਿਰਭਰ ਹਨ। 54 ਫੀਸਦੀ ਪੇਂਡੂ ਪਰਵਾਰਾਂ ਕੋਲ ਜ਼ਮੀਨ ਦਾ ਕੋਈ ਟੁਕੜਾ ਨਹੀਂ ਹੈ। ਦਲਿਤ ਪੇਂਡੂ ਪਰਵਾਰਾਂ ਵਿੱਚ 70 ਫੀਸਦੀ ਬੇਜ਼ਮੀਨੇ ਹਨ। ਅੱਗੇ ਆਖਿਆ ਗਿਆ ਕਿ ਖੇਤੀ ਖੇਤਰ ਵਿੱਚ ਵਧਦੀ ਬੇਰੁਜ਼ਗਾਰੀ ਖੇਤ ਮਜ਼ਦੂਰਾਂ ਸਾਹਮਣੇ ਵੱਡੀ ਸਮੱਸਿਆ ਹੈ। ਮਨਰੇਗਾ ਸਕੀਮ ਅਧੀਨ ਨੌਕਰੀਆਂ ਦੀ ਕਮੀ ਪੂਰੀ ਕੀਤੀ ਜਾ ਸਕਦੀ ਸੀ, ਜੇਕਰ ਇਸ ਨੂੰ ਬਾਕਾਇਦਗੀ ਨਾਲ ਚਲਾਇਆ ਜਾਂਦਾ ਅਤੇ ਇਸ ਦੇ ਪ੍ਰਬੰਧ ਨੂੰ ਹੋਰ ਤਕੜਿਆ ਕੀਤਾ ਜਾਂਦਾ, ਪਰ ਇਸ ਐਕਟ ਨੂੰ ਅੱਧੇ ਮਨ ਲਾਗੂ ਕਰਨ ਅਤੇ ਇਸ ਵਿੱਚ ਉਪਲੱਬਧ ਪ੍ਰਵੀਜ਼ਨਾਂ ਦੀ ਵਿਆਪਕ ਉਲੰਘਣਾ ਨੇ ਮਗਨਰੇਗਾ ਦੇ ਮਨੋਰਥ ਅੱਗੇ ਰੋੜੇ ਅਟਕਾਏ।

ਰਾਸ਼ਟਰਪਤੀ ਨੂੰ ਭੇਜੇ ਗਏ ਮੰਗ ਪੱਤਰ ਵਿੱਚ ਸਾਲ ਵਿੱਚ 200 ਦਿਨ ਕੰਮ ਅਤੇ ਦਿਹਾੜੀ 700 ਰੁਪਏ ਯਕੀਨੀ ਬਣਾਉਣ ਲਈ ਲਿਖਿਆ ਗਿਆ ਹੈ। ਉਜਰਤਾਂ ਦੀ ਅਦਾਇਗੀ ਸਮੇਂ ਸਿਰ ਕਰਨ ਦੀ ਮੰਗ ਕੀਤੀ ਗਈ ਹੈ। ਮਗਨਰੇਗਾ ਮਜ਼ਦੂਰਾਂ ਨੂੰ ਕੰਮ ਦੇ ਪੈਸਿਆਂ ਦੀ ਅਦਾਇਗੀ ਅਧਾਰ ਕਾਰਡ ਬੇਸਡ ਕਰਨ ਦੇ ਸਿਸਟਮ ਨੂੰ ਮਜ਼ਬੂਤ ਬਣਾਇਆ ਜਾਵੇ, ਤਾਂ ਕਿ ਬੈਂਕ ਵਿੱਚੋਂ ਪੈਸੇ ਕਢਵਾਉਣ ਦੀ ਅਸਾਨੀ ਰਹੇ। ਕੁਰੱਪਸ਼ਨ ਨੂੰ ਰੋਕਣ ਲਈ ਸਖਤ ਕਦਮ ਉਠਾਏ ਜਾਣ ਅਤੇ ਕੁਰੱਪਟ ਅਧਿਕਾਰੀਆਂ ਨੂੰ ਸਜ਼ਾ ਦਿੱਤਾ ਜਾਵੇ।

ਉਕਤ ਤੋਂ ਇਲਾਵਾ ਮਜ਼ਦੂਰ ਵਰਗ ਦੀ ਬਿਹਤਰੀ ਲਈ ਹੋਰ ਮੰਗਾਂ ਰਾਸ਼ਟਰਪਤੀ ਅੱਗੇ ਇਸ ਆਸ ਨਾਲ ਰੱਖੀਆ ਗਈਆ ਕਿ ਮਗਨਰੇਗਾ ਮਜ਼ਦੂਰਾਂ ਦੀ ਜ਼ਿੰਦਗੀ ਵਿੱਚ ਸਥਿਰਤਾ ਲਿਆਵੇਗਾ, ਜਿਸ ਦੀ ਉਨ੍ਹਾਂ ਨੂੰ ਸਖਤ ਲੋੜ ਹੈ।

ਵਰਣਨਯੋਗ ਹੈ ਕਿ ਖੇਤੀ ਅਤੇ ਪੇਂਡੂ ਮਜ਼ਦੂਰ ਜਥੇਬੰਦੀਆਂ ਦਾ ਕੌਮੀ ਪੱਧਰ ਦਾ ਸਾਂਝਾ ਮੰਚ ਵੀ ਸਰਗਰਮੀ ਨਾਲ ਮਜ਼ਦੂਰਾਂ ਦੇ ਹੱਕਾਂ ਲਈ ਯਤਨਸ਼ੀਲ ਹੈ। ਇਸੇ ਰੌਸ਼ਨੀ ਵਿੱਚ ਯੰਤਰ ਮੰਤਰ 'ਤੇ ਸੀ ਪੀ ਆਈ ਦੇ ਜਨਰਲ ਸਕੱਤਰ ਡੀ. ਰਾਜਾ ਨੇ ਜ਼ੋਰ ਦਿੱਤਾ ਹੈ ਕਿ ਮਜ਼ਦੂਰ ਵਰਗ ਦੀ ਬਿਹਤਰੀ ਲਈ ਕੰਮ ਕਰ ਰਹੀਆਂ ਵੱਖ-ਵੱਖ ਜਥੇਬੰਦੀਆਂ ਦੀ ਆਪਸੀ ਸਾਂਝ ਮਜ਼ਬੂਤ ਹੋਣੀ ਸਮੇਂ ਦੀ ਮੰਗ ਹੈ।

*# ਸੰਪਰਕ : 98725-40447*

# ਬੂਟਾ-ਏ-ਅਮਲਤਾਸ

**ਡਾ. ਬਿਹਾਰੀ ਮੰਡੇਰ**

ਗੁਰਬਾਣੀ ਵਿੱਚ ਵਾਕ ਆਉਂਦਾ ਹੈ 'ਬਲਿਹਾਰੀ ਕੁਦਰਤ ਵਸਿਆ ਤੇਰਾ ਅੰਤੁ ਨ ਜਾਇ ਲਖਿਆ'। ਸੱਚਮੁੱਚ ਕੁਦਰਤ ਦਾ ਕੋਈ ਅੰਤ ਨਹੀਂ। ਬੇਸ਼ੱਕ ਵਿਗਿਆਨੀ ਕੁਦਰਤ ਦੇ ਗੁੱਝੇ ਭੇਦਾਂ ਨੂੰ ਖੋਲ੍ਹਣ ਲੱਗੇ ਹਨ, ਪਰ ਕੁਦਰਤ ਬਹੁਤ ਵਿਸ਼ਾਲ ਹੈ। ਇਸ ਦੀ ਵਿਸ਼ਾਲਤਾ ਅੱਗੇ ਸਿਰ ਝੁਕਦਾ ਹੈ।

ਹੋਇਆ ਇੰਝ ਕਿ ਮੈਂ ਇਸੇ ਮਾਰਚ ਮਹੀਨੇ ਘਰ ਅਮਲਤਾਸ ਦਾ ਬੂਟਾ ਲਗਾਇਆ। ਉਸ ਉੱਪਰ ਦੋ ਕੁ ਹਰੀਆਂ ਡੰਡੀਆਂ ਤੇ ਕੁਝ ਪੱਤੇ ਸਨ। ਪੰਜ- ਚਾਰ ਦਿਨਾਂ ਬਾਅਦ ਪੱਤਿਆਂ ਨੂੰ ਹਰੇ ਵੇਖ ਯਕੀਨ ਹੋ ਗਿਆ ਕਿ ਬੂਟਾ ਜੜ੍ਹ ਲਾ ਗਿਆ ਹੈ, ਹੁਣ ਚੱਲ ਪਵੇਗਾ। ਅਪ੍ਰੈਲ 'ਚ ਮੌਸਮ ਜਦੋਂ ਗਰਮ ਹੋਇਆ ਤਾਂ ਪੱਤੇ ਪੀਲੇ ਪੈਣੇ ਸ਼ੁਰੂ ਹੋ ਗਏ। ਫਿਰ ਇੱਕ-ਇੱਕ ਕਰਕੇ ਝੜਨ ਲੱਗੇ। ਇਸ ਤਰ੍ਹਾਂ ਹੌਲੀ-ਹੌਲੀ ਸਾਰੇ ਪੱਤੇ ਝੜ ਗਏ। ਬੂਟਾ ਗਰਮੀ ਦੀ ਵਜ੍ਹਾ ਨਾਲ ਉਪਰੋਂ ਵੀ ਸੁੱਕਣਾ ਸ਼ੁਰੂ ਹੋ ਗਿਆ।

ਅਪ੍ਰੈਲ ਦਾ ਮਹੀਨਾ ਗੁਜ਼ਰਨ ਵਾਲਾ ਸੀ। ਮੈਨੂੰ ਇੰਝ ਲੱਗਣ ਲੱਗਾ ਕਿ ਬੂਟਾ ਤਾਂ ਸੁੱਕੇਗਾ। ਮੈਂ ਨਰਸਰੀ 'ਚ ਗਿਆ ਅਤੇ ਮਾਲੀ ਨਾਲ ਗੱਲ ਸਾਂਝੀ ਕੀਤੀ। ਉਸ ਦੱਸਿਆ ਕਿ ਮਈ ਮਹੀਨੇ ਵਿੱਚ ਜਾ ਕੇ ਬੂਟਾ ਫੁਟਾਰਾ ਕਰੇਗਾ। ਮਈ ਮਹੀਨੇ ਦੇ ਪਹਿਲੇ ਹਫਤੇ ਦੀ ਗੱਲ ਹੈ ਕਿ ਮੈਂ ਇਹ ਚੈੱਕ ਕਰਨ ਲਈ ਬੂਟਾ ਸੁੱਕ ਤਾਂ ਨਹੀਂ ਗਿਆ, ਉਸ ਦੀ ਉਪਰੋਂ ਕੁਝ ਡੰਡੀ ਤੋੜ ਲਈ। ਤੋੜੀ ਹੋਈ ਡੰਡੀ ਨੂੰ ਜਦ ਨੀਝ ਲਾ ਕੇ ਦੇਖਿਆ ਤਾਂ ਉਸ ਉੱਪਰ ਕਈ ਹਰੇ ਹਰੇ ਧੱਬੇ ਵਿਖਾਈ ਦਿੱਤੇ, ਜਿਸ ਤੋਂ ਪਤਾ ਲੱਗਦਾ ਸੀ ਕਿ ਬੂਟਾ ਢੰਗੂਰਨ ਦੀ ਸਥਿਤੀ ਵਿੱਚ ਸੀ। ਹੁਣ ਡੰਡੀ ਤੋੜਨ ਦਾ ਪਛਤਾਵਾ ਹੋਣ ਲੱਗਾ। ਹੁਣ ਹਰ ਰੋਜ਼ ਸਵੇਰੇ ਉੱਠ ਕੇ ਬੂਟੇ ਨੂੰ ਗੌਰ ਨਾਲ ਵੇਖਣਾ ਮੇਰਾ ਨਿੱਤਨੇਮ ਹੀ ਬਣ ਗਿਆ ਸੀ। ਇੱਕ ਦਿਨ ਕੀ ਵੇਖਦਾ ਹਾਂ ਕਿ ਬੂਟਾ ਕਈ ਥਾਵਾਂ ਤੋਂ ਢੰਗੂਰ ਰਿਹਾ ਸੀ। ਮਨ ਦੀ ਸਾਰੀ ਚਿੰਤਾ ਦੂਰ ਹੋ ਗਈ ਕਿ ਹੁਣ ਨਹੀਂ ਬੂਟਾ ਸੁੱਕਦਾ। ਦੋ ਕੁ ਦਿਨਾਂ ਬਾਅਦ ਬੂਟੇ 'ਤੇ ਇੱਕ ਬਹੁਤ ਹੀ ਕੋਮਲ ਜਿਹੀ ਨਰੰਗੀ ਰੰਗ ਦੀ ਪੱਤੀ ਨਜ਼ਰ ਆਈ। ਇਹ ਵੇਖ ਕੇ ਮਨ ਬਹੁਤ ਖੁਸ਼ ਹੋਇਆ। ਗਰਮੀ ਵੀ ਲੋਹੜੇ ਦੀ ਪੈ ਰਹੀ ਸੀ ਤੇ ਧੁੱਪ ਵੀ ਬਹੁਤ ਤਿੱਖੀ ਸੀ। ਸ਼ਾਮ ਨੂੰ ਦੇਖਿਆ ਤਾਂ ਪੱਤੀ ਧੁੱਪ ਨਾਲ ਸੜ ਚੁੱਕੀ ਸੀ। ਮਨ ਫੇਰ ਬਹੁਤ ਉਦਾਸ ਹੋ ਗਿਆ। ਸਵੇਰੇ ਉੱਠ ਕੇ ਮੈਂ ਬੂਟੇ ਨੂੰ ਵੇਖੇ ਬਗੈਰ ਹੀ ਸੈਰ ਕਰਨ ਚਲਾ ਗਿਆ। ਵਾਪਸ ਆ ਕੇ ਜਦੋਂ ਗੌਰ ਕੀਤੀ ਤਾਂ ਕਈ ਪੱਤੀਆਂ ਵੱਖ-ਵੱਖ ਗੰਢਾਂ 'ਤੇ ਨਜ਼ਰ ਆਈਆਂ। ਮਨ ਫੇਰ ਹੌਸਲਾ ਫੜ ਗਿਆ ਕਿ ਹੁਣ ਨਹੀਂ ਬੂਟਾ ਮਰਨ ਲੱਗਾ। ਸ਼ਾਮ ਨੂੰ ਅਸਮਾਨ ਵਿੱਚ ਹਲਕੀ ਬੱਦਲਵਾਈ ਹੋ ਗਈ। ਰਾਤ ਨੂੰ ਹਨੇਰੀ ਆਈ ਤੇ ਕੁਝ ਮੀਂਹ ਵੀ ਪਿਆ।

ਸਵੇਰੇ ਮੌਸਮ ਖੁਸ਼ਗਵਾਰ ਸੀ। ਬੂਟੇ 'ਤੇ ਨਰੰਗੀ ਰੰਗ ਦੀਆਂ ਪੱਤੀਆਂ ਟਹਿਕ ਰਹੀਆਂ ਸਨ। ਅਗਲੀ ਸਵੇਰ ਕੀ ਵੇਖਦਾ ਹਾਂ ਕਿ ਪੱਤੀਆਂ ਹਰਾ ਰੰਗ ਵਟਾ ਰਹੀਆਂ ਹਨ। ਹੁਣ ਖੁਸ਼ੀ ਦਾ ਕੋਈ ਟਿਕਾਣਾ ਨਹੀਂ ਸੀ। ਦੋ ਕੁ ਦਿਨਾਂ ਦੀ ਗਰਮੀ ਬਾਅਦ ਮੌਸਮ ਫੇਰ ਬਦਲ ਗਿਆ। ਅਸਮਾਨ ਵਿੱਚ ਬੱਦਲ ਛਾ ਗਏ ਅਤੇ ਮੀਂਹ ਵੀ ਪਿਆ। ਹੁਣ ਪੱਤੀਆਂ ਦਾ ਆਕਾਰ ਵਧਣਾ ਸ਼ੁਰੂ ਹੋ ਗਿਆ ਅਤੇ ਉਹ ਪੱਤਿਆਂ ਵਿੱਚ ਤਬਦੀਲ ਹੋ ਗਈਆਂ। ਕਈ ਦਿਨਾਂ ਵਿੱਚ ਬੂਟੇ ਉੱਪਰ ਕਈ ਡੰਡੀਆਂ ਬਣ ਗਈਆਂ, ਜੋ ਕਿ ਨਰੰਗੀ ਰੰਗ ਦੀਆਂ ਪੱਤੀਆਂ ਅਤੇ ਹਰੇ ਰੰਗ ਦੇ ਪੱਤਿਆਂ ਨਾਲ ਭਰ ਗਈਆਂ। ਮੌਸਮ ਵਾਲਿਆਂ ਭਵਿੱਖਬਾਣੀ ਕੀਤੀ ਕਿ ਕਈ ਦਿਨ ਛੁਟ-ਪੁਟ ਅਤੇ ਦਰਮਿਆਨੀ ਬਾਰਿਸ਼ ਹੋਵੇਗੀ। ਮਈ ਦੇ ਮਹੀਨੇ ਰਾਤਾਂ ਠੰਢੀਆਂ ਹੋ ਗਈਆਂ। ਮੌਸਮ ਵਾਲਿਆਂ ਇਹ ਵੀ ਦੱਸਿਆ ਕਿ 26 ਸਾਲਾਂ ਬਾਅਦ ਅਜਿਹਾ ਹੋ ਰਿਹਾ ਹੈ ਕਿ ਮਈ ਮਹੀਨੇ ਵਿੱਚ ਮੌਸਮ ਏਨਾ ਠੰਢਾ ਰਹਿ ਰਿਹਾ ਹੈ। ਬੂਟਾ ਹੁਣ ਪੂਰੀ ਰਫਤਾਰ ਨਾਲ ਵਧ ਰਿਹਾ ਸੀ। ਕੁਝ ਹੀ ਦਿਨਾਂ ਵਿੱਚ ਬੂਟਾ ਪੂਰਾ ਹਰਾ-ਭਰਾ ਹੋ ਗਿਆ ਸੀ।

ਇੱਕ ਦਿਨ ਮੈਂ ਵਿਹੜੇ ਵਿੱਚ ਬੈਠਾ ਬੂਟੇ ਨੂੰ ਨਿਹਾਰ ਰਿਹਾ ਸੀ ਤਾਂ ਮੈਨੂੰ ਬੂਟੇ ਨਾਲ ਜੋ ਬੀਤੀ ਸੀ, ਉਹ ਯਾਦ ਆ ਗਈ। ਮੇਰੇ ਕੋਲੋਂ ਉਸ ਦੀ ਡੰਡੀ ਤੋੜੀ ਜਾਣਾ, ਫੇਰ ਮੌਸਮ ਦੀ ਮਾਰ ਕਿੰਨੀਆਂ ਹੀ ਔਕੜਾਂ ਝੱਲ ਕੇ ਅੱਜ ਇੱਕ ਹਰਾ-ਭਰਾ, ਲਹਿਲਹਾਉਂਦਾ ਬੂਟਾ ਮੇਰੇ ਸਾਹਮਣੇ ਸੀ ਅਤੇ ਮੈਨੂੰ ਚਿਤਾ ਰਿਹਾ ਸੀ ਕਿ ਭਾਵੇਂ ਤੁਸੀਂ ਜ਼ਿੰਦਗੀ ਵਿੱਚ ਕਿੰਨੇ ਵੀ ਟੁੱਟ ਜਾਓ, ਪਰ ਹਾਰ ਨਾ ਮੰਨੋ। ਪ੍ਰਸਥਿਤੀਆਂ ਕਿੰਨੀਆਂ ਵੀ ਉਲਟ ਹੋ ਜਾਣ, ਧੀਰਜ ਨਾ ਛੱਡੋ। ਸਮਾਂ ਪਰਿਵਰਤਨਸ਼ੀਲ ਹੈ। ਸਮਾਂ ਅਤੇ ਸਥਿਤੀਆਂ ਬਦਲਦੀਆਂ ਰਹਿੰਦੀਆਂ ਹਨ। ਸਾਨੂੰ ਕੁਦਰਤ 'ਤੇ ਟੇਕ ਰੱਖਣ ਦੀ ਲੋੜ ਹੈ। ਇਹ ਵੀ ਚੇਤੇ ਰੱਖਣਾ ਚਾਹੀਦਾ ਹੈ ਕਿ ਵਕਤ ਚੰਗਾ ਹੋਵੇ ਜਾਂ ਮਾੜਾ, ਉਸ ਨੇ ਗੁਜ਼ਰਨਾ ਹੀ ਹੁੰਦਾ ਹੈ। ਲੋੜ ਹੁੰਦੀ ਹੈ ਗੁਜ਼ਰਦੇ ਵਕਤ ਦੇ ਨਾਲ-ਨਾਲ ਜ਼ਾਬਤਾ ਬਣਾ ਕੇ ਰੱਖਣ ਦੀ। ਹੌਸਲਾ ਬਣਾ ਕੇ ਰੱਖਣ ਦੀ। ਹਾਂ-ਵਾਚਕ ਮਨੋਬਿਰਤੀ ਬਣਾ ਕੇ ਰੱਖਣ ਦੀ। ਧੀਰਜ ਧਾਰ ਕੇ ਰੱਖਣ ਦੀ। ਪ੍ਰਸਥਿਤੀਆਂ ਨਾਲ ਜ਼ਾਬਤਾਬੱਧ ਟੱਕਰ ਲੈਣ ਦੀ। ਸਭ ਤੋਂ ਵੱਧ ਲੋੜ ਹੁੰਦੀ ਹੈ ਆਤਮਵਿਸ਼ਵਾਸ ਬਣਾ ਕੇ ਰੱਖਣ ਦੀ ਕਿ ਹਾਂ ਮੈਂ ਇਹ ਕਰ ਸਕਦਾ ਹਾਂ। ਇਸ ਤਰ੍ਹਾਂ ਤੁਸੀਂ ਜ਼ਿੰਦਗੀ ਦੇ ਦੁਸ਼ਵਾਰ ਰਾਹਾਂ 'ਤੇ ਬਗੈਰ ਡੋਲੇ ਸਾਬਤ ਕਦਮੀਂ ਤੁਰ ਕੇ ਆਪਣੇ ਨਿਸ਼ਾਨੇ ਵੱਲ ਵਧ ਸਕੋਗੇ। ਤੁਹਾਡਾ ਆਤਮਵਿਸ਼ਵਾਸ, ਸਬਰ, ਧੀਰਜ, ਹੌਸਲਾ, ਜ਼ਾਬਤਾ ਅਤੇ ਤੁਹਾਡੀ ਮਾਨਸਿਕ ਪ੍ਰਤੀਬੱਧਤਾ ਤੁਹਾਨੂੰ ਤੁਹਾਡੀ ਮੰਜ਼ਲ ਤੱਕ ਜ਼ਰੂਰ ਲੈ ਕੇ ਜਾਵੇਗੀ ਅਤੇ ਤੁਹਾਨੂੰ ਜ਼ਿੰਦਗੀ ਦਾ ਬੂਟਾ-ਏ-ਅਮਲਤਾਸ ਜ਼ਰੂਰ ਬਣਾਏਗੀ।

*# ਸੰਪਰਕ : 98144-65017*

10-JUNE-PAGE-5.qxd 6/9/2023 9:41 PM Page 1



# ਮਨਰੇਗਾ ਮਜ਼ਦੂਰਾਂ ਨੇ ਬਲਾਕ ਪੰਚਾਇਤ ਅਫਸਰ ਦਾ ਫੂਕਿਆ ਪੁਤਲਾ

**ਮਜ਼ਦੂਰਾਂ ਨੂੰ ਮਗਨਰੇਗਾ ਤਹਿਤ ਕੰਮ ਨਾ ਦੇਣ ਵਾਲੇ ਬੀ ਡੀ ਪੀ ਓ ਤੇ ਸਰਕਾਰ ਨੂੰ ਲੋਕ ਕਦੇ ਸਹਿਣ ਨਹੀਂ ਕਰਨਗੇ : ਢਾਬਾਂ, ਨੱਥਾ ਸਿੰਘ**



ਜਲਾਲਾਬਾਦ ਵਿਖੇ ਬੀ ਡੀ ਪੀ ਓ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕਰਦੇ ਮਜ਼ਦੂਰ ਤੇ ਪੰਚਾਇਤਾਂ ਦੇ ਨੁਮਾਇੰਦੇ।

**ਜਲਾਲਾਬਾਦ (ਜੀਤ ਕੁਮਾਰ)**-ਮਗਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਰਜਿ.) ਜ਼ਿਲ੍ਹਾ ਫਾਜ਼ਿਲਕਾ ਤੇ ਗ੍ਰਾਮ ਪੰਚਾਇਤ ਚੱਕ ਅਰਨੀ ਵਾਲਾ ਵੱਲੋਂ ਕਰਨੈਲ ਬੱਘੇਕੇ, ਨੱਥਾ ਸਿੰਘ ਸਾਬਕਾ ਸਰਪੰਚ, ਜਗਜੀਤ ਢਾਬਾਂ, ਸੋਨੂੰ ਬੱਘੇ ਕੇ, ਬੌਬੀ ਚੱਕ ਅਰਨੀਵਾਲਾ ਤੇ ਜੱਜ ਕੱਟੀਆਂਵਾਲਾ ਦੀ ਅਗਵਾਈ ਹੇਠ ਬਲਾਕ ਪੰਚਾਇਤ ਅਫਸਰ ਜਲਾਲਾਬਾਦ ਦਾ ਪੁਤਲਾ ਫੂਕਿਆ ਗਿਆ ਤੇ ਮੌਜੂਦਾ ਸਰਕਾਰ ਅਤੇ ਬੀ ਡੀ ਪੀ ਓ ਦੇ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਨਰਿੰਦਰ ਢਾਬਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ, ਜੋਕਿ ਮਜ਼ਦੂਰਾਂ, ਕਿਸਾਨਾਂ ਤੇ ਮੁਲਾਜ਼ਮ ਵਰਗ ਨਾਲ ਵੱਡੇ ਵੱਡੇ ਵਾਅਦੇ ਕਰਕੇ ਬਣੀ ਸੀ ਕਿ ਆਮ ਲੋਕਾਂ ਦੀ ਸਰਕਾਰ ਬਣਨ 'ਤੇ ਕਿਸੇ ਨੂੰ ਆਪਣੇ ਹੱਕ ਲੈਣ ਲਈ ਧਰਨੇ ਨਹੀਂ ਲਗਾਉਣੇ ਪੈਣਗੇ, ਪਰ ਤ੍ਰਾਸਦੀ ਇਹ ਹੈ ਕਿ ਹਰੇਕ ਵਰਗ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਸੜਕਾਂ 'ਤੇ ਨਿਕਲ ਰਿਹਾ ਹੈ। ਇਸੇ ਤਰ੍ਹਾਂ ਹੀ ਮਗਨਰੇਗਾ ਕਾਨੂੰਨ ਅਧੀਨ, ਜਿਸ ਦਾ ਜੌਬ ਕਾਰਡ ਬਣਿਆ ਹੋਇਆ ਹੈ, ਉਸ ਪਰਿਵਾਰ ਨੂੰ ਹਰੇਕ ਸਾਲ ਵਿੱਚ 100 ਦਿਨ ਦਾ ਕੰਮ ਦੇਣ ਦੀ ਗਰੰਟੀ ਕਰਦਾ ਹੈ, ਪਰ ਜਲਾਲਾਬਾਦ ਵਿੱਚ ਹਲਕਾ ਵਿਧਾਇਕ ਵੱਲੋਂ ਬੀ.ਡੀ.ਪੀ.ਓ. ਜਲਾਲਾਬਾਦ ਉੱਪਰ ਆਪਣਾ ਦਬਾਅ ਬਣਾ ਕੇ ਮਨਰੇਗਾ ਮਜ਼ਦੂਰਾਂ ਦਾ ਕੰਮ ਰੋਕਿਆ ਹੋਇਆ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਚੱਕ ਅਰਨੀਵਾਲਾ (ਕੱਟੀਆਂਵਾਲਾ), ਢਾਣੀ ਪੰਜਾਬ ਪੂਰਾ ਤੇ ਢਾਬ ਖੁਸ਼ਹਾਲ ਜੋਈਆਂ ਦੇ ਮਗਨਰੇਗਾ ਮਜ਼ਦੂਰਾਂ ਵੱਲੋਂ ਕੰਮ ਮੰਗਣ 'ਤੇ ਵੀ ਕੰਮ ਨਹੀਂ ਦਿੱਤਾ ਜਾ ਰਿਹਾ ਹੈ, ਜਿਸ ਦਾ ਕਾਰਨ ਇਹ ਹੈ ਕਿ ਇਨ੍ਹਾਂ ਪਿੰਡਾਂ ਦੇ ਲੋਕਾਂ ਦੀ ਗਲਤੀ ਇਹ ਸੀ ਕਿ ਈਮਾਨਦਾਰ ਛਵੀ ਵਾਲਿਆਂ ਨੂੰ ਸਰਪੰਚ ਬਣਾਇਆ ਹੈ ਅਤੇ ਇਹ ਸਰਪੰਚ, ਜੋ ਵਿਧਾਇਕ ਕੋਲ ਹਾਜ਼ਰੀ ਨਹੀਂ ਭਰਦੇ ਹਨ, ਉਨ੍ਹਾਂ ਦੇ ਪਿੰਡਾਂ ਦੇ ਕੰਮ 'ਤੇ ਰੋਕ ਲਗਾ ਰਹੇ ਹਨ।

ਜਦੋਂ ਵੀ ਬੀ.ਡੀ.ਪੀ.ਓ. ਨਾਲ ਮਜ਼ਦੂਰਾਂ ਨੂੰ ਮਗਨਰੇਗਾ ਤਹਿਤ ਕੰਮ ਦੇਣ ਦੀ ਮੰਗ ਕੀਤੀ ਜਾਂਦੀ ਹੈ ਤਾਂ ਅਣਦੇਖੀ ਕੀਤੀ ਜਾਂਦੀ ਹੈ, ਜਿਸ ਦੇ ਰੋਸ ਵਜੋਂ ਅੱਜ ਇਥੇ ਪ੍ਰਦਰਸ਼ਨ ਕਰਕੇ ਚੇਤਾਵਨੀ ਦਿੱਤੀ ਗਈ ਕਿ ਜੇਕਰ ਮਗਨਰੇਗਾ ਮਜ਼ਦੂਰਾਂ ਨੂੰ ਬਿਨਾਂ ਕਿਸੇ ਪੱਖਪਾਤ ਦੇ ਕੰਮ ਨਹੀਂ ਦਿੱਤਾ ਗਿਆ ਤਾਂ ਮਜ਼ਦੂਰ ਵਰਗ ਸੰਘਰਸ਼ ਨੂੰ ਤਿੱਖਾ ਕਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨਜੀਤ ਕੱਟੀਆਂ ਵਾਲਾ, ਗੁਰਜੰਟ ਸਿੰਘ, ਛਿੰਦਰ ਪਾਲ ਸਿੰਘ, ਅਜੇ ਸਿੰਘ ਤੇ ਕੰਵਲਪ੍ਰੀਤ ਬੱਘੇਕੇ ਹਾਜ਼ਰ ਸਨ।

## ਪੰਜਾਬ ਮਿਊਂਸਪਲ ਵਰਕਰ ਯੂਨੀਅਨ ਵੱਲੋਂ ਧਰਨਾ ਜਾਰੀ

*ਈ ਓ ਤੇ ਐੱਮ ਐੱਲ ਏ ਖਿਲਾਫ ਕੀਤੀ ਨਾਅਰੇਬਾਜ਼ੀ*



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪੰਜਾਬ ਮਿਊਂਸਪਲ ਵਰਕਰ ਯੂਨੀਅਨ ਰਜਿ: 109 ਰਾਮਪੁਰਾ ਫੂਲ ਵੱਲੋਂ ਦਫਤਰ ਨਗਰ ਕੌਂਸਲ ਰਾਮਪੁਰਾ ਫੂਲ ਵਿਖੇ ਦਿੱਤਾ ਜਾ ਰਿਹਾ ਧਰਨਾ ਲਗਾਤਾਰ ਅੱਜ ਗਿਆਰਵੇਂ ਦਿਨ ਵਿੱਚ ਸ਼ਾਮਲ ਹੋ ਗਿਆ ਹੈ, ਜਿਸ ਦੀ ਪ੍ਰਧਾਨਗੀ ਹਰਚਰਨ ਸਿੰਘ ਰਾਮਾਂ ਮੰਡੀ ਨੇ ਕੀਤੀ। ਧਰਨੇ ਨੂੰ ਸੰਬੋਧਨ ਕਰਦਿਆਂ ਸੁਰਮੁੱਖ ਸਿੰਘ ਸੇਲਬਰਾਹ ਸਾਬਕਾ ਕੈਸ਼ੀਅਰ ਪੰਜਾਬ ਬੀਕੇਯੂ ਕ੍ਰਾਂਤੀਕਾਰੀ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਤੁਸੀਂ ਵੋਟਾਂ ਤੋਂ ਪਹਿਲਾਂ ਬੇਰੁਜ਼ਗਾਰਾਂ ਨੂੰ ਯੋਗਤਾ ਅਨੁਸਾਰ ਰੁਜ਼ਗਾਰ ਦੇ ਕੇ ਪੰਜਾਬ ਦੇ ਨੌਜਵਾਨਾਂ ਨੂੰ ਬਾਹਰਲੇ ਮੁਲਕਾਂ ਵਿੱਚ ਜਾਣ ਤੋਂ ਰੋਕ ਕੇ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਦਾ ਢਿੰਡੋਰਾ ਪਿੱਟਦੇ ਰਹਿੰਦੇ ਸੀ, ਪਰ ਤੁਹਾਡੀ ਹੀ ਸਰਕਾਰ ਵਿੱਚ ਹਲਕਾ ਵਿਧਾਇਕ ਵੱਲੋਂ ਜ਼ੁਬਾਨੀ ਨਾਦਰਸ਼ਾਹੀ ਹੁਕਮ ਦਿੰਦਿਆਂ ਫਾਇਰ ਬ੍ਰਿਗੇਡ ਵਿੱਚ ਕੰਮ ਕਰਦੇ 10 ਫਾਇਰਮੈਨ 2 ਡਰਾਈਵਰ, ਇੱਕ ਦਫਤਰ ਵਿੱਚ ਕੰਮ ਕਰਦੀ ਲੜਕੀ ਸਮੇਤ 13 ਮੁਲਾਜ਼ਮਾਂ ਨੂੰ ਨੌਕਰੀ ਤੋਂ ਫਾਰਗ ਕਰਕੇ ਬਦਲਾਖੋਰੀ ਦੀ ਭਾਵਨਾ ਨਾਲ ਇਨ੍ਹਾਂ ਹੱਸਦੇ ਖੇਡਦੇ ਪਰਿਵਾਰਾਂ ਦੇ ਚੁੱਲ੍ਹੇ ਠੰਢੇ ਕਰਕੇ ਕਿਹੜਾ ਰੰਗਲਾ ਪੰਜਾਬ ਬਣਾਉਣਾ ਚਾਹੁੰਦੇ ਹਨ। ਧਰਨੇ ਵਿੱਚ ਪਹੁੰਚੇ ਬੀਕੇਯੂ ਏਕਤਾ ਉਗਰਾਹਾਂ ਦੇ ਬਲਾਕ ਰਾਮਪੁਰਾ ਪ੍ਰਧਾਨ ਮਾਸਟਰ ਸੁਖਦੇਵ ਸਿੰਘ ਜਵੰਦਾ ਤੇ ਬੂਟਾ ਸਿੰਘ ਬੱਲੋ ਖਜ਼ਾਨਚੀ ਬਲਾਕ ਰਾਮਪੁਰਾ ਨੇ ਕਿਹਾ ਕਿ ਅਸੀਂ ਜਲਦੀ ਹੀ ਆਪਣੀ ਜਥੇਬੰਦੀ ਦੀ ਮੀਟਿੰਗ ਕਰਕੇ ਸੰਘਰਸ਼ ਨੂੰ ਹਮਾਇਤ ਦੇਣ ਦਾ ਫੈਸਲਾ ਕਰਾਂਗੇ। ਪੰਜਾਬ ਮਿਉਂਸਪਲ ਵਰਕਰਜ਼ ਦੇ ਸੂਬਾ ਮੀਤ ਪ੍ਰਧਾਨ ਜਗਦੇਵ ਸਿੰਘ ਨੇ ਹੈਂਕੜਬਾਜ਼ ਈ ਓ ਰਾਮਪੁਰਾ ਫੂਲ ਦੀ ਨਿਖੇਧੀ ਕਰਦਿਆਂ ਕਿਹਾ ਕਿ 10 ਦਿਨਾਂ ਤੋਂ ਗੈਰ-ਹਾਜ਼ਰ ਚੱਲਦਿਆਂ ਅੱਜ ਦਫਤਰ ਆਏ, ਪ੍ਰੰਤੂ ਲਗਾਤਾਰ ਗਿਆਰਵੇਂ ਦਿਨ ਧਰਨੇ 'ਤੇ ਬੈਠੇ ਮੁਲਾਜ਼ਮਾਂ ਨੂੰ ਗੱਲਬਾਤ ਲਈ ਕੋਈ ਸੱਦਾ ਪੱਤਰ ਤਾਂ ਕੀ ਦੇਣਾ ਸੀ, ਉਲਟਾ ਦਫਤਰੀ ਮੁਲਾਜ਼ਮਾਂ ਨੂੰ ਆਪਣੇ ਦਫਤਰ ਵਿੱਚ ਬੁਲਾ ਕੇ ਡਰਾ ਧਮਕਾ ਕੇ ਚੱਲ ਰਹੇ ਸੰਘਰਸ਼ ਵਿੱਚ ਸ਼ਾਮਲ ਹੋਣ ਤੋਂ ਰੋਕ ਰਿਹਾ ਹੈ। ਧਰਨਾਕਾਰੀਆਂ ਨੇ ਈ ਓ ਰਾਮਪੁਰਾ ਤੇ ਐੱਮ ਐੱਲ ਏ ਖਿਲਾਫ ਪੂਰੇ ਜੋਸ਼ ਨਾਲ ਨਾਹਰੇਬਾਜ਼ੀ ਕੀਤੀ।

## ਸ਼ਹਿਰ ਦੀਆਂ ਸਮੱਸਿਆਵਾਂ ਦਾ ਹੱਲ ਅੱਜ ਦੀ ਕੈਬਨਿਟ ਮੀਟਿੰਗ 'ਚ ਫੌਰੀ ਕੀਤਾ ਜਾਵੇ : ਸੰਘਰਸ਼ ਕਮੇਟੀ



**ਮਾਨਸਾ (ਆਤਮਾ ਸਿੰਘ ਪਮਾਰ)**

ਸਥਾਨਕ ਸ਼ਹਿਰ ਦੀਆਂ ਅਤਿ ਗੰਭੀਰ ਸਮੱਸਿਆਵਾਂ ਸਬੰਧੀ ਮਾਨਸਾ ਸੰਘਰਸ਼ ਕਮੇਟੀ ਦੇ ਆਗੂਆਂ ਬਾਬਾ ਅਮ੍ਰਿਤ ਮੁਨੀ, ਕਾਮਰੇਡ ਕ੍ਰਿਸ਼ਨ ਚੌਹਾਨ, ਡਾ. ਧੰਨਾ ਮੱਲ ਗੋਇਲ ਤੇ ਸਾਬਕਾ ਐੱਮ ਸੀ ਰਾਜੂ ਦਰਾਕਾ ਦੀ ਅਗਵਾਈ ਵਿੱਚ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਚਰਨਜੀਤ ਸਿੰਘ ਅੱਕਾਂਵਾਲੀ ਰਾਹੀਂ ਮਾਨਯੋਗ ਮੁੱਖ ਮੰਤਰੀ ਪੰਜਾਬ ਸ੍. ਭਗਵੰਤ ਸਿੰਘ ਮਾਨ ਦੇ ਨਾਮ ਮੰਗ ਪੱਤਰ ਭੇਜ ਕੇ ਮੰਗ ਕੀਤੀ ਗਈ ਕਿ ਸੀਵਰੇਜ ਤੇ ਬਾਰਿਸ਼ ਦੇ ਗੰਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਸ਼ਹਿਰੀਆਂ ਨੂੰ ਵੱਡੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਇਸ ਦਾ ਪੱਕਾ ਹੱਲ ਨਾ ਹੋਣ ਕਾਰਨ ਗੰਭੀਰ ਬਿਮਾਰੀਆਂ ਜਨਮ ਲੈ ਰਹੀਆਂ ਹਨ। ਆਗੂਆਂ ਨੇ ਮੰਗ ਕਰਦਿਆਂ ਕਿਹਾ ਕਿ ਸਰਕਾਰ ਫੌਰੀ ਤੌਰ 'ਤੇ ਥਰਮਲ ਪਲਾਂਟ ਬਣਾਂਵਾਲੀ ਨੂੰ ਹਦਾਇਤ ਕਰੇ ਕਿ ਆਪਣੇ ਖਰਚੇ 'ਤੇ ਪਾਇਪ ਲਾਈਨ ਪਾ ਕੇ ਸੀਵਰੇਜ ਦੇ ਗੰਦੇ ਪਾਣੀ ਦੀ ਵਾਟਰ ਟਰੀਟਮੈਂਟ ਕਰਕੇ ਪਾਣੀ ਦੀ ਵਰਤੋਂ ਕਰੇ ਤੇ ਘਾਤਕ ਬਿਮਾਰੀਆਂ ਨੂੰ ਸੱਦਾ ਦੇ ਰਹੇ ਟੋਭੇ 'ਤੇ ਪਏ ਕੂੜੇ ਦੇ ਢੇਰ ਆਦਿ ਦੀ ਸਫਾਈ ਸਬੰਧੀ ਬੇਸ਼ੱਕ ਵਰਕ ਆਰਡਰ ਹੋਣ ਦੇ ਬਾਵਜੂਦ ਕੰਮ ਸ਼ੁਰੂ ਨਹੀਂ ਹੋਇਆ, ਉਹ ਕੰਮ ਫੌਰੀ ਤੌਰ 'ਤੇ ਤੇਜ਼ੀ ਨਾਲ ਚਲਾਉਣ ਦੀ ਵੀ ਹਦਾਇਤ ਕੀਤੀ ਜਾਵੇ।

ਸੰਘਰਸ਼ ਕਮੇਟੀ ਨੇ ਚਿੰਤਾ ਜ਼ਾਹਰ ਕੀਤੀ ਕਿ ਜਾਇਦਾਦ ਦੀ ਖਰੀਦ ਵੇਚ ਸਬੰਧੀ ਐੱਨ .ਓ. ਸੀ. ਤੇ ਲਾਈਆਂ ਬੇਲੋੜੀਆਂ ਸ਼ਰਤਾਂ ਕਾਰਨ ਆਮ ਲੋਕਾਂ ਨੂੰ ਖੱਜਲ ਖੁਆਰੀ ਅਤੇ ਆਰਥਿਕ ਲੁੱਟ ਦਾ ਸਾਹਮਣਾ ਕਰਨਾ ਪੈ ਰਿਹਾ, ਨੂੰ ਤਰੁੰਤ ਰੋਕਿਆ ਜਾਵੇ ਅਤੇ ਸ਼ਰਤਾਂ ਨੂੰ ਵੀ ਹਟਾਇਆ ਜਾਵੇ ਅਤੇ ਵਧਾਏ ਕੁਲੈਕਟਰ ਰੇਟ ਵੀ ਵਾਪਸ ਲਏ ਜਾਣ। ਸ਼ਹਿਰ ਦੋ ਹਿੱਸਿਆਂ ਵਿੱਚ ਵੰਡਿਆ ਹੋਇਆ ਹੈ, ਬਾਰਿਸ਼ਾਂ ਤੇ ਗੰਦੇ ਪਾਣੀ ਦੀ ਨਿਕਾਸੀ ਦਾ ਯੋਗ ਪ੍ਰਬੰਧ ਨਾ ਹੋਣ ਕਾਰਨ ਸ਼ਹਿਰ ਵਿੱਚ ਪਾਣੀ ਭਰ ਜਾਂਦਾ ਹੈ। ਦੁਕਾਨਦਾਰਾਂ ਤੇ ਆਮ ਲੋਕਾਂ ਦਾ ਜਾਨੀ ਤੇ ਮਾਲੀ ਨੁਕਸਾਨ ਹੋ ਰਿਹਾ ਹੈ, ਰੇਲਵੇ ਲਾਈਨ ਕਰਾਸਿੰਗ ਪੁਲੀ, ਜੋ ਬਹੁਤ ਛੋਟੀ ਹੋਣ ਕਾਰਨ ਬੰਦ ਪਈ ਹੈ, ਜਿਸ ਕਾਰਨ ਪਾਣੀ ਦੀ ਨਿਕਾਸੀ ਠੀਕ ਤਰੀਕੇ ਨਾਲ ਨਹੀਂ ਹੋ ਰਹੀ, ਨੂੰ ਜਲਦੀ ਬਣਾਇਆ ਜਾਵੇ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਬਾਰਿਸ਼ਾਂ ਵਿੱਚ ਕੋਈ ਦਿੱਕਤ ਨਾ ਆਵੇ। ਆਗੂਆਂ ਨੇ ਮੰਗ ਕੀਤੀ ਕਿ ਅੱਜ 10 ਜੂਨ ਨੂੰ ਮਾਨਸਾ ਵਿਖੇ ਹੋਣ ਵਾਲੀ ਕੈਬਨਿਟ ਮੀਟਿੰਗ ਵਿੱਚ ਫੌਰੀ ਤੌਰ 'ਤੇ ਉਕਤ ਮਸਲਿਆਂ ਦਾ ਹੱਲ ਕੀਤਾ ਜਾਵੇ।

## ਕਾਤਰਾਂ

### ਡੇਅਰੀ ਸਿਖਲਾਈ ਕੋਰਸ 12 ਤੋਂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਡੇਅਰੀ ਵਿਕਾਸ ਵਿਭਾਗ ਦੇ ਡਿਪਟੀ ਡਾਇਰੈਕਟਰ ਰਣਦੀਪ ਹਾਂਡਾ ਨੇ ਦੱਸਿਆ ਕਿ ਡੇਅਰੀ ਵਿਕਾਸ ਵਿਭਾਗ ਵੱਲੋਂ 12 ਜੂਨ ਨੂੰ ਡੇਅਰੀ ਸਿਖਲਾਈ ਕੇਂਦਰ ਤਰਨਤਾਰਨ ਤੇ ਗਿੱਲ, ਜ਼ਿਲ੍ਹਾ ਮੋਗਾ ਵਿਖੇ ਡੇਅਰੀ ਕਿੱਤੇ ਸੰਬੰਧੀ ਸਿਖਲਾਈ ਦਿੱਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਚਾਹਵਾਨ ਨੌਜਵਾਨ ਵਧੇਰੇ ਜਾਣਕਾਰੀ ਲਈ ਜ਼ਿਲ੍ਹੇ ਦੇ ਕਾਰਜਕਾਰੀ ਅਫਸਰ ਕਪਲਮੀਤ ਸਿੰਘ ਸੰਧੂ ਨਾਲ ਮੋਬਾਈਲ ਨੰ. 97793-52959 'ਤੇ ਸੰਪਰਕ ਕਰਕੇ ਦੁਧਾਰੂ ਪਸ਼ੂ, ਮਿਲਕਿੰਗ ਮਸ਼ੀਨਾਂ, ਫੋਡਰ ਹਾਰਵੈਸਟਰ, ਸਾਈਲੇਜ਼ ਬੇਲਰ, ਟੀ ਐੱਸ ਆਰ ਆਦਿ 'ਤੇ ਸਬਸਿਡੀ ਸਬੰਧੀ ਵਧੇਰੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ।

### ਪੁਲਸ ਵਰਦੀ 'ਚ ਆਏ ਲੁਟੇਰਿਆਂ ਸੋਨੇ ਦੀ ਚੈਨੀ ਤੇ ਸਾਢੇ ਤਿੰਨ ਲੱਖ ਰੁਪਏ ਲੁੱਟੇ

**ਮੋਗਾ (ਅਮਰਜੀਤ ਬੱਬਰੀ)**-ਪੁਲਸ ਦੀ ਵਰਦੀ 'ਚ ਆਏ ਚਾਰ ਲੁਟੇਰਿਆਂ ਨੇ ਸ਼ਹਿਰ ਦੀ ਪੁਰਾਣੀ ਦਾਣਾ ਮੰਡੀ ਦੇ ਭੁੱਟੋ ਕਰਿਆਨਾ ਸ਼ਾਪ ਦੇ ਮਾਲਕ ਦੋ ਸਕੇ ਭਰਾਵਾਂ ਨੂੰ ਅਗਵਾ ਕਰ ਲਿਆ ਤੇ ਫਿਰ ਕਰੀਬ ਸਾਢੇ ਤਿੰਨ ਲੱਖ ਰੁਪਏ ਦੀ ਨਕਦੀ ਤੇ ਭਰਾ ਦੇ ਗਲੇ 'ਚ ਪਾਈ ਡੇਢ ਤੋਲੇ ਸੋਨੇ ਦੀ ਚੇਨ ਲੁੱਟ ਲਈ। ਘਟਨਾ ਵੀਰਵਾਰ ਰਾਤ 9 ਵਜੇ ਗਿੱਲ ਰੋਡ ਦੀ ਗਲੀ ਨੰਬਰ 1 ਵਿਖੇ ਵਾਪਰੀ। ਲੁੱਟ ਦੀ ਇਸ ਘਟਨਾ ਦੀ ਜਾਣਕਾਰੀ ਮਿਲਣ ਤੋਂ ਬਾਅਦ ਸ਼ੁੱਕਰਵਾਰ ਦੁਪਹਿਰ ਨੂੰ ਪੁਲਸ ਸਰਗਰਮ ਹੋ ਗਈ। ਪੁਲਸ ਨੇ ਦੋਵੇਂ ਪੀੜਤ ਭਰਾਵਾਂ ਤੋਂ ਪੁੱਛਗਿੱਛ ਕਰਨ ਮਗਰੋਂ ਗਿੱਲ ਰੋਡ 'ਤੇ ਅਕਾਲਸਰ ਰੋਡ ਦੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਰਾਹੀਂ ਭਾਲ ਸ਼ੁਰੂ ਕਰ ਦਿੱਤੀ ਹੈ।

### ਵਿਦਿਆਰਥੀਆਂ ਦਾ ਸਨਮਾਨ ਸਮਾਰੋਹ ਅੱਜ

**ਕੋਟਕਪੂਰਾ (ਰਛਪਾਲ ਭੁੱਲਰ)**-ਜ਼ਿਲ੍ਹਾ ਫਰੀਦਕੋਟ ਦੇ ਸਰਕਾਰੀ ਸਕੂਲਾਂ 'ਚ ਪੜ੍ਹਦੇ ਉਹ ਵਿਦਿਆਰਥੀ, ਜੋ ਇਸ ਸਾਲ ਅੱਠਵੀਂ, ਦਸਵੀਂ ਤੇ ਬਾਰਵੀਂ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਮੈਰਿਟ ਲਿਸਟ 'ਚ ਆਏ ਹਨ, ਦਾ ਸਨਮਾਨ ਸਮਾਰੋਹ ਰਾਮ ਮੁਹੰਮਦ ਸਿੰਘ ਅਜ਼ਾਦ ਵੈੱਲਫੇਅਰ ਸੁਸਾਇਟੀ ਕੋਟਕਪੂਰਾ ਵੱਲੋਂ 10 ਜੂਨ ਨੂੰ ਸਵੇਰੇ 10 ਸਥਾਨਕ ਸ਼ਹੀਦ ਭਗਤ ਸਿੰਘ ਪਾਰਕ ਸਾਹਮਣੇ ਸਰਕਾਰੀ ਮਿਡਲ ਸਕੂਲ ਪੁਰਾਣਾ ਕਿਲ੍ਹਾ ਕੋਟਕਪੂਰਾ ਵਿਖੇ ਕੀਤਾ ਜਾ ਰਿਹਾ ਹੈ। ਇਹ ਫੈਸਲਾ ਸੁਸਾਇਟੀ ਦੀ ਇੱਕ ਹੰਗਾਮੀ ਮੀਟਿੰਗ 'ਚ ਕੀਤਾ ਗਿਆ, ਜਿਸ 'ਚ ਸੁਸਾਇਟੀ ਦੇ ਪ੍ਰਧਾਨ ਅਸ਼ੋਕ ਕੌਸ਼ਲ, ਜਨਰਲ ਸਕੱਤਰ ਕੁਲਵੰਤ ਸਿੰਘ ਚਾਨੀ, ਵਿੱਤ ਸਕੱਤਰ ਸੋਮ ਨਾਥ ਅਰੋੜਾ, ਐਗਜ਼ੈਕਟਿਵ ਮੈਂਬਰ ਪ੍ਰੇਮ ਚਾਵਲਾ, ਪ੍ਰੋ. ਹਰਬੰਸ ਸਿੰਘ ਪਦਮ, ਗੁਰਚਰਨ ਸਿੰਘ ਮਾਨ ਤੇ ਮੁਖਤਿਆਰ ਸਿੰਘ ਮੱਤਾ ਸ਼ਾਮਲ ਹੋਏ। ਇਹ ਜਾਣਕਾਰੀ ਮੁੱਖ ਸਲਾਹਕਾਰ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਦਿੱਤੀ।

### ਦੁੱਖ ਦਾ ਪ੍ਰਗਟਾਵਾ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਰਾਮਗੜ੍ਹੀਆ ਅਕਾਲ ਜਥੇਬੰਦੀ ਪੰਜਾਬ ਜ਼ਿਲ੍ਹਾ ਬਰਨਾਲਾ ਦੇ ਆਗੂ ਬਾਬਾ ਬੁੱਧ ਸਿੰਘ ਕਲਸੀ ਮਹਿਲ ਖੁਰਦ ਦੀ ਧਰਮ ਪਤਨੀ ਬੀਬੀ ਦਲਜੀਤ ਕੌਰ ਕਲਸੀ ਕੁਝ ਸਮਾਂ ਬਿਮਾਰ ਰਹਿਣ ਉਪਰੰਤ ਸਦੀਵੀ ਵਿਛੋੜਾ ਦੇ ਗਏ ਹਨ। ਇਸ ਦੁਖਦਾਈ ਮੌਕੇ ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਕੌਮੀ ਕਨਵੀਨਰ ਹਰਜੀਤ ਸਿੰਘ ਰਾਮਗੜ੍ਹੀਆ, ਸੂਬਾ ਪ੍ਰਧਾਨ ਜਗਜੀਤ ਸਿੰਘ ਸੱਗੂ, ਜ਼ਿਲ੍ਹਾ ਪ੍ਰਧਾਨ ਮੰਗਲ ਸਿੰਘ ਧਨੌਲਾ, ਹਲਕਾ ਪ੍ਰਧਾਨ ਮੁਕੰਦ ਸਿੰਘ ਰਾਮਗੜ੍ਹੀਆ, ਜਰਨੈਲ ਸਿੰਘ ਮਠਾੜੂ, ਨਰਿੰਦਰ ਸਿੰਘ ਸੋਹਲ, ਜੁਗਿੰਦਰ ਸਿੰਘ ਧੰਜਲ, ਗੁਰਮੀਤ ਸਿੰਘ ਛੀਨੀਵਾਲ, ਚੇਅਰਮੈਨ ਜਗਸੀਰ ਸਿੰਘ ਖਾਲਸਾ, ਦੁਕਾਨਦਾਰ ਯੂਨੀਅਨ ਪ੍ਰਧਾਨ ਗਗਨਦੀਪ ਸਿੰਘ ਸਰਾਂ, ਪ੍ਰੈੱਸ ਕਲੱਬ ਰਜਿ: ਮਹਿਲ ਕਲਾਂ ਦੇ ਆਗੂਆਂ ਨੇ ਪੀੜਤ ਕਲਸੀ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

## 20 ਜੂਨ ਤੋਂ ਸੰਸਦ ਮੈਂਬਰਾਂ ਦੀਆਂ ਰਿਹਾਇਸ਼ਾਂ ਦਾ ਕਰਾਂਗੇ ਘਿਰਾਓ : ਸੰਤੋਸ਼ ਬੈਣੀਵਾਲ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ 18 ਜੂਨ ਨੂੰ ਸਿਰਸਾ ਦੌਰੇ ਨੂੰ ਲੈ ਕੇ ਜ਼ਿਲ੍ਹੇ ਅੰਦਰ ਰੋਸ ਤੇਜ਼ ਹੋ ਗਿਆ ਹੈ।ਸਰਪੰਚ ਐਸੋਸੀਏਸ਼ਨ ਨੇ ਇਸ ਦੌਰੇ ਦੇ ਬਾਈਕਾਟ ਦਾ ਐਲਾਨ ਕੀਤਾ ਹੈ।

ਸਰਪੰਚ ਐਸੋਸੀਏਸ਼ਨ ਦੇ ਸੂਬਾ ਮੀਤ ਪ੍ਰਧਾਨ ਸੰਤੋਸ਼ ਬੈਣੀਵਾਲ ਨੇ ਕਿਹਾ ਕਿ 20 ਜੂਨ ਤੋਂ ਸਾਰੇ ਸੰਸਦ ਮੈਂਬਰਾਂ ਦੀਆਂ ਰਿਹਾਇਸ਼ਾਂ ਦਾ ਘਿਰਾਓ ਕੀਤਾ ਜਾਵੇਗਾ।ਜੇਕਰ ਇਸ ਵਾਰ ਵੀ ਸਰਕਾਰ ਨੇ ਉਨ੍ਹਾਂ ਨੂੰ ਪਹਿਲਾਂ ਵਾਂਗ ਹੀ ਨਜ਼ਰਬੰਦ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਹ ਕਿਸੇ ਵੀ ਹੱਦ ਤੱਕ ਜਾ ਸਕਦੇ ਹਨ। ਸੰਤੋਸ਼ ਬੈਣੀਵਾਲ ਨੇ ਕਿਹਾ ਕਿ ਜੇ ਸਰਕਾਰ ਨੇ 9 ਸਾਲਾਂ ਦੇ ਅੰਦਰ ਹੀ ਲੋਕਾਂ ਦੀ ਭਲਾਈ ਲਈ ਕੰਮ ਕੀਤਾ ਹੁੰਦਾ ਤਾਂ ਅੱਜ ਮੁੱਖ ਮੰਤਰੀ ਨੂੰ ਲੋਕ ਸੰਵਾਦ ਦੀ ਲੋੜ ਨਾ ਪੈਂਦੀ।ਉਨ੍ਹਾਂ ਕਿਹਾ ਕਿ ਦੇਸ਼ ਦੀ ਸ਼ਾਨ ਹੋਣ ਵਾਲੀਆਂ ਧੀਆਂ ਨਾਲ ਜੰਤਰ-ਮੰਤਰ 'ਤੇ ਕੁੱਟਮਾਰ ਤੇ ਦੁਰਵਿਹਾਰ ਕੀਤਾ ਗਿਆ।ਇਸ ਘਟਨਾ ਨੇ ਦੁਨੀਆ ਭਰ ਦੇ ਸਮੁੱਚੇ ਦੇਸ਼ ਨੂੰ ਸ਼ਰਮਸਾਰ ਕਰ ਦਿੱਤਾ ਹੈ।ਸੰਤੋਸ਼ ਬੈਣੀਵਾਲ ਨੇ ਕਿਹਾ ਕਿ ਉਹ ਭਲਕੇ ਤੋਂ ਸਾਰੇ ਪਿੰਡਾਂ ਵਿੱਚ ਭਾਜਪਾ-ਜੇਜੇਪੀ ਆਗੂਆਂ ਨੂੰ ਦਾਖ਼ਲ ਨਾ ਹੋਣ ਦੇ ਬੋਰਡ ਲਾਉਣਗੇ। ਸੂਬਾ ਪ੍ਰਧਾਨ ਰਣਵੀਰ ਸਮੈਣ ਨੇ ਕਿਹਾ ਕਿ ਮੌਜੂਦਾ ਸਰਕਾਰ ਤਾਨਾਸ਼ਾਹੀ ਢੰਗ ਨਾਲ ਪੰਚਾਇਤੀ ਰਾਜ ਐਕਟ ਨੂੰ ਖਤਮ ਕਰਨਾ ਚਾਹੁੰਦੀ ਹੈ, ਪਰ ਉਹ ਸਰਕਾਰ ਨੂੰ ਇਸ ਵਿੱਚ ਕਿਸੇ ਵੀ ਕੀਮਤ 'ਤੇ ਕਾਮਯਾਬ ਨਹੀਂ ਹੋਣ ਦੇਣਗੇ।

ਸਰਪੰਚ ਐਸੋਸੀਏਸ਼ਨ ਦੇ ਸੂਬਾ ਮੀਤ ਪ੍ਰਧਾਨ ਸੰਤੋਸ਼ ਬੈਣੀਵਾਲ ਦੇ ਨਾਲ ਕਾਗਦਾਨਾ ਸਰਪੰਚ ਪ੍ਰਤੀਨਿਧੀ ਮੰਗਾ ਰਾਮ ਬੈਣੀਵਾਲ, ਸਰਪੰਚ ਚੰਦਰ ਮੋਹਨ, ਸਿਰਸਾ ਸਰਪੰਚ ਐਸੋਸੀਏਸ਼ਨ ਦੇ ਪ੍ਰਧਾਨ ਜਸਕਰਨ ਸਿੰਘ ਕੰਗ, ਮਖੋਸਰਾਨੀ ਪਿੰਡ ਦੇ ਸਰਪੰਚ ਸੁਭਾਸ਼ ਵੀ ਹਾਜ਼ਰ ਸਨ।

## ਅਧਿਆਪਕ ਦਲ ਦੀ ਅਧਿਆਪਕਾਂ ਦੇ ਮਸਲਿਆਂ ਸੰਬੰਧੀ ਜ਼ਿਲ੍ਹਾ ਸਿੱਖਿਆ ਅਫ਼ਸਰ ਨਾਲ ਮੀਟਿੰਗ



**ਸੰਗਰੂਰ (ਪ੍ਰਵੀਨ ਸਿੰਘ)**

ਅਧਿਆਪਕ ਦਲ ਪੰਜਾਬ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ) ਸ੍ਰੀ ਸੰਜੀਵ ਸ਼ਰਮਾ ਨਾਲ ਜ਼ਿਲ੍ਹਾ ਪ੍ਰਧਾਨ ਵਰਿੰਦਰਜੀਤ ਸਿੰਘ ਬਜਾਜ ਦੀ ਅਗਵਾਈ ਹੇਠ ਹੋਈ।

ਮੀਟਿੰਗ ਵਿੱਚ ਅਧਿਆਪਕ ਦਲ ਪੰਜਾਬ ਦੇ ਸੂਬਾ ਪ੍ਰਧਾਨ ਗੁਰਜੰਟ ਸਿੰਘ ਵਾਲੀਆ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਜ਼ਿਲ੍ਹਾ ਜਨਰਲ ਸਕੱਤਰ ਸ੍ਰੀ ਵਿਸ਼ਾਲ ਸ਼ਰਮਾ ਨੇ ਮੀਟਿੰਗ ਦੇ ਏਜੰਡੇ ਵਾਰੇ ਸਿੱਖਿਆ ਅਧਿਕਾਰੀ ਨੂੰ ਜਾਣੂ ਕਰਾਇਆ ਅਤੇ ਵਿਚਾਰ-ਚਰਚਾ ਕੀਤੀ।

ਉਨ੍ਹਾਂ ਕਿਹਾ ਕਿ ਮੀਟਿੰਗ ਬੜੇ ਸੁਖਾਵੇਂ ਮਾਹੌਲ ਵਿੱਚ ਹੋਈ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਸ੍ਰੀ ਸੰਜੀਵ ਸ਼ਰਮਾ ਤੋਂ ਪਿਛਲੇ ਏਜੰਡੇ ਦੀ ਰਿਪੋਰਟ ਲਈ ਗਈ। ਇਸ ਮੌਕੇ ਸੂਬਾ ਪ੍ਰਧਾਨ ਗੁਰਜੰਟ ਸਿੰਘ ਵਾਲੀਆ ਨੇ ਦੱਸਿਆ ਕਿ ਪਿਛਲੀ ਮੀਟਿੰਗ ਵਿੱਚ ਜੋ ਵੀ ਮੰਗਾਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਨੂੰ ਦਿੱਤੀਆਂ ਗਈਆਂ ਸਨ, ਉਹ ਸਾਰੀਆਂ ਹੀ ਹੱਲ ਕਰ ਦਿੱਤੀਆਂ ਗਈਆਂ ਹਨ, ਜਿਸ ਵਿਚ ਏਜੰਡਾ ਦੀ ਮੁੱਖ ਮੰਗ ਜ਼ਿਲ੍ਹੇ ਅੰਦਰ ਵੱਖ-ਵੱਖ ਸਕੂਲਾਂ ਦੇ ਅਧਿਆਪਕਾਂ ਦੀਆਂ ਅਧੂਰੀਆਂ ਸਰਵਿਸ ਬੁੱਕਾਂ ਨੂੰ ਪੂਰਾ ਕਰਾਉਣਾ ਅਤੇ ਅਧਿਆਪਕਾਂ ਨਾਲ ਸਬੰਧਤ ਹੋਰ ਅਧੂਰੇ ਰਿਕਾਰਡ ਮੁਕੰਮਲ ਕਰਾਉਣੇ ਸੀ, ਜੋ ਜ਼ਿਲ੍ਹਾ ਸਿੱਖਿਆ ਅਫ਼ਸਰ ਵੱਲੋਂ ਬਲਾਕ ਨੋਡਲ ਅਫ਼ਸਰ ਰਾਹੀਂ ਪੂਰੇ ਕਰਾਏ ਗਏ, ਜਿਸ 'ਤੇ ਅਧਿਆਪਕ ਦਲ ਵੱਲੋਂ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ। ਜ਼ਿਲ੍ਹਾ ਪ੍ਰਧਾਨ ਵਰਿੰਦਰਜੀਤ ਸਿੰਘ ਬਜਾਜ ਵਲੋਂ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਦੱਸਿਆ ਕਿ ਅਧਿਆਪਕਾਂ ਵੱਲੋਂ ਛੁੱਟੀਆਂ ਆਨਲਾਈਨ ਕਰਦੇ ਸਮੇਂ ਕਈ ਸਕੂਲ ਮੁਖੀਆਂ ਤੇ ਪ੍ਰਿੰਸੀਪਲ ਵੱਲੋਂ ਛੁੱਟੀ ਸਬੰਧੀ ਨਿਯਮਾਂ ਦੀ ਜਾਣਕਾਰੀ ਦੀ ਘਾਟ ਹੋਣ ਕਾਰਨ ਅਧਿਆਪਕਾਂ ਨੂੰ ਜੋ ਮੁਸ਼ਕਲਾਂ ਪੇਸ਼ ਆ ਰਹੀਆਂ ਹਨ, ਦਾ ਹੱਲ ਕੀਤਾ ਜਾਵੇ।

ਜ਼ਿਲ੍ਹਾ ਸਿੱਖਿਆ ਅਫ਼ਸਰ ਨੇ ਭਰੋਸਾ ਦਿੱਤਾ ਕਿ ਦਫ਼ਤਰ ਵੱਲੋਂ ਇਸ ਸਬੰਧੀ ਇੱਕ ਜਨਰਲ ਪੱਤਰ ਜਾਰੀ ਕਰ ਦਿੱਤਾ ਜਾਵੇਗਾ। ਸੂਬਾ ਪ੍ਰਧਾਨ ਗੁਰਜੰਟ ਸਿੰਘ ਵਾਲੀਆ ਤੇ ਜ਼ਿਲ੍ਹਾ ਪ੍ਰਧਾਨ ਵਰਿੰਦਰਜੀਤ ਸਿੰਘ ਬਜਾਜ ਨੇ ਜ਼ਿਲ੍ਹਾ ਸਿੱਖਿਆ ਅਫ਼ਸਰ ਕੋਲ ਫੀਲਡ ਵਿੱਚੋਂ ਆ ਰਹੀਆਂ ਹੋਰ ਸਮੱਸਿਆਵਾਂ ਜਿਵੇਂ ਸਕੂਲ ਆਫ਼ ਐਮੀਨੈਂਸ ਵਿੱਚ ਵਰਕਲੋਡ ਜ਼ਿਆਦਾ ਹੋਣ ਕਾਰਨ ਨਵੀਆਂ ਪੋਸਟਾਂ ਦੇਣ ਸੰਬੰਧੀ ਮੰਗ ਉਠਾਈ, ਜਿਸ 'ਤੇ ਸਿੱਖਿਆ ਅਧਿਕਾਰੀ ਨੇ ਭਰੋਸਾ ਦਿੱਤਾ ਕਿ 25 ਜੂਨ ਤੋਂ ਪਹਿਲਾਂ ਸਕੂਲਾਂ ਨੂੰ ਨਵਾਂ ਸਟਾਫ਼ ਮੁਹੱਈਆ ਕਰਾ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਇੱਕ ਮੰਗ ਪੱਤਰ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਸੰਜੀਵ ਸ਼ਰਮਾ ਰਾਹੀਂ ਪੰਜਾਬ ਸਰਕਾਰ ਨੂੰ ਭੇਜਿਆ ਗਿਆ।

## ਹਠੂਰ, ਲੱਖਾ, ਚਕਰ ਤੇ ਮਾਣੂੰਕੇ ਦੀ ਖਸਤਾ ਹਾਲਤ ਸੜਕ ਨੂੰ ਬਣਾਉਣ ਲਈ ਦਿੱਤਾ ਮੰਗ ਪੱਤਰ



**ਜਗਰਾਉਂ (ਸੰਜੀਵ ਅਰੋੜਾ)**-ਪਿੰਡ ਲੱਖਾ, ਚਕਰ, ਮਾਣੂੰਕੇ ਤੇ ਹਠੂਰ ਇਲਾਕੇ ਦੀਆਂ ਸੜਕਾਂ ਪਿਛਲੇ ਲੰਬੇ ਸਮੇਂ ਟੁੱਟ ਚੁੱਕੀਆਂ ਹਨ। ਇਨ੍ਹਾਂ ਸੜਕਾਂ ਦੀ ਹਾਲਤ ਏਨੀ ਤਰਸਯੋਗ ਹੈ ਕਿ ਗੱਡੀ ਜਾਂ ਮੋਟਰਸਾਈਕਲ ਲੰਘਾਉਣਾ ਤਾਂ ਦੂਰ ਦੀ ਗੱਲ ਪੈਦਲ ਤੁਰਨਾ ਬਹੁਤ ਮੁਸ਼ਕਲ ਹੈ। ਸੜਕ ਵਿੱਚ ਵੱਡੇ-ਵੱਡੇ ਟੋਏ ਪੈ ਚੁੱਕੇ ਹਨ। ਪਿੰਡ ਹਠੂਰ ਵਿੱਚ ਟਰੱਕ ਅਪਰੇਟਰ ਯੂਨੀਅਨ ਬਣੀ ਹੋਈ ਹੈ, ਸਮਾਨ ਦੀ ਢੋਆ-ਢੁਆਈ ਲਈ ਇਨ੍ਹਾਂ ਸੜਕਾਂ ਉਪਰੋਂ ਟਰੱਕਾਂ ਜਾਂ ਹੋਰ ਸਾਧਨਾਂ ਦਾ ਲੰਘਣਾ ਬਹੁਤ ਹੀ ਮੁਸ਼ਕਲ ਹੈ। ਇਨ੍ਹਾਂ ਸੜਕਾਂ ਦੀ ਹਾਲਤ ਏਨੀ ਤਰਸਯੋਗ ਹੈ ਕਿ ਇੱਥੋਂ ਦੀ ਲੰਘਣ ਵਾਲੀਆਂ ਬੱਸਾਂ ਵਾਲੇ ਆਪਣੀਆਂ ਬੱਸਾਂ ਦੀ ਮੁਰੰਮਤ ਕਰਦੇ ਆਮ ਦੇਖੇ ਜਾ ਸਕਦੇ ਹਨ। ਇਸ ਸਬੰਧੀ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਮਹਿੰਦਰ ਸਿੰਘ ਕਮਾਲਪੁਰਾ, ਸਰਪੰਚ ਮਲਕੀਤ ਸਿੰਘ ਹਠੂਰ ਤੇ ਪ੍ਰਧਾਨ ਦਲਵੀਰ ਸਿੰਘ ਬੁਰਜ ਕਲਾਰਾਂ ਦੀ ਅਗਵਾਈ ਹੇਠ ਐਸ. ਡੀ. ਐਮ. ਨੂੰ ਮੰਗ ਪੱਤਰ ਦਿੱਤਾ। ਮੰਗ ਪੱਤਰ ਦੇਣ ਸਮੇਂ ਕਿਹਾ ਕਿ ਹਠੂਰ, ਲੱਖਾ, ਚਕਰ ਤੇ ਮਾਣੂੰਕੇ ਆਦਿ ਪਿੰਡਾਂ ਦੀਆਂ ਸੜਕਾਂ ਪਿਛਲੇ ਕਈ ਸਾਲਾਂ ਤੋਂ ਬਿਲਕੁਲ ਟੁੱਟ ਚੁੱਕੀਆਂ ਹਨ। ਸਰਕਾਰ ਤੋਂ ਕਈ ਸਾਲਾਂ ਤੋਂ ਇਸ ਦੀ ਮੁਰੰਮਤ ਲਈ ਮੰਗ ਕੀਤੀ, ਪਰ ਸਰਕਾਰ ਦੇ ਕੰਨ 'ਤੇ ਜੂੰ ਨਹੀਂ ਸਰਕੀ। ਉਨ੍ਹਾਂ ਕਿਹਾ ਕਿ ਹੁਣ ਸਬਰ ਦਾ ਬੰਨ੍ਹ ਟੁੱਟ ਚੁੱਕਾ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਮਹਿੰਦਰ ਸਿੰਘ ਕਮਾਲਪੁਰਾ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੱਤੀ ਜੇਕਰ ਇਕ ਹਫ਼ਤੇ ਤੱਕ ਕੋਈ ਕਾਰਵਾਈ ਨਾ ਕੀਤੀ ਤਾਂ ਇਲਾਕੇ ਦਾ ਇਕੱਠ ਕਰਕੇ ਅਣਮਿਥੇ ਸਮੇਂ ਲਈ ਪੱਕਾ ਮੋਰਚਾ ਲਾਇਆ ਜਾਵੇਗਾ। ਇਸ ਮੌਕੇ ਪ੍ਰਮਿੰਦਰ ਸਿੰਘ ਕੰਬੋ, ਜਗਜੀਤ ਸਿੰਘ, ਸਤਨਾਮ ਸਿੰਘ, ਬਲਵਿੰਦਰ ਸਿੰਘ, ਕਮਲਜੀਤ ਸਿੰਘ, ਜਗਤਾਰ ਸਿੰਘ ਲੱਖਾ, ਗੁਰਮੀਤ ਸਿੰਘ, ਸਰਵਜੀਤ ਸਿੰਘ, ਗੁਰਪ੍ਰੀਤ ਸਿੰਘ, ਬਲਬੀਰ ਸਿੰਘ, ਸੁਖਦੇਵ ਸਿੰਘ ਦੇਹੜਕਾ, ਮਹਿੰਦਰ ਸਿੰਘ ਤੇ ਜਗਤਾਰ ਸਿੰਘ ਆਦਿ ਸ਼ਾਮਲ ਸਨ।

## ਪੁਰਾਣੀ ਪੈਨਸ਼ਨ ਬਹਾਲੀ ਕਮੇਟੀ ਅੱਜ ਪੰਜਾਬ ਕੈਬਨਿਟ ਦਾ ਕਰੇਗੀ ਘਿਰਾਓ



**ਮਾਨਸਾ (ਆਤਮਾ ਸਿੰਘ ਪਮਾਰ)**-ਪੁਰਾਣੀ ਪੈਨਸ਼ਨ ਬਹਾਲੀ ਕਮੇਟੀ ਵੱਲੋਂ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਤੋਂ ਆਨਾਕਾਨੀ ਕਰ ਰਹੀ ਪੰਜਾਬ ਸਰਕਾਰ ਦੀ ਮਾਨਸਾ ਵਿਖੇ ਹੋ ਰਹੀ ਕੈਬਨਿਟ ਮੀਟਿੰਗ ਦਾ ਦਾ ਘਿਰਾਓ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਸ ਸਬੰਧੀ ਪੁਰਾਣੀ ਪੈਨਸ਼ਨ ਬਹਾਲੀ ਕਮੇਟੀ ਦੀ ਇੱਕ ਹੰਗਾਮੀ ਮੀਟਿੰਗ ਜ਼ਿਲ੍ਹਾ ਕਨਵੀਨਰ ਦਰਸ਼ਨ ਸਿੰਘ ਅਲੀਸ਼ੇਰ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਜ਼ਿਲ੍ਹਾ ਕਨਵੀਨਰ ਨੇ ਬੋਲਦਿਆਂ ਕਿਹਾ ਕਿ ਜਦੋਂ 2004 ਤੋਂ ਭਰਤੀ ਹੋਏ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਪੰਜਾਬ ਵਿੱਚ ਹੀ ਲਾਗੂ ਹੈ ਤਾਂ ਸਰਕਾਰ ਹੋਰਨਾਂ ਸੂਬਿਆਂ 'ਚ ਟੀਮਾਂ ਭੇਜਣ ਦਾ ਢੌਂਗ ਕਿਉਂ ਰਚ ਰਹੀ ਹੈ? ਸਟੇਟ ਕੋ-ਕਨਵੀਨਰ ਕਰਮਜੀਤ ਤਾਮਕੋਟ ਨੇ ਕਿਹਾ ਕਿ 10 ਜੂਨ ਨੂੰ ਵੱਡੀ ਗਿਣਤੀ 'ਚ ਅਧਿਆਪਕ ਤੇ ਮੁਲਾਜ਼ਮ ਕੈਬਨਿਟ ਮੀਟਿੰਗ ਦਾ ਘਿਰਾਓ ਕਰਨਗੇ ਤਾਂ ਜੋ ਸਰਕਾਰ ਤੋਂ ਇਸੇ ਕੈਬਨਿਟ ਮੀਟਿੰਗ 'ਚ ਪੁਰਾਣੀ ਪੈਨਸ਼ਨ ਲਾਗੂ ਕਰਵਾਉਣ ਨੂੰ ਅਮਲੀ ਜਾਮਾ ਪਹਿਨਾਉਣ ਲਈ ਦਬਾਅ ਪਾਇਆ ਜਾ ਸਕੇ। ਇਸ ਮੌਕੇ ਗੁਰਤੇਜ ਉੱਭਾ, ਰਾਜਵਿੰਦਰ ਬੈਹਣੀਵਾਲ, ਲਖਵਿੰਦਰ ਮਾਨ, ਸਤੀਸ਼ ਕੁਮਾਰ, ਦਮਨਜੀਤ ਸਿੰਘ, ਗੁਰਜੀਤ ਰੜ, ਅਮਰੀਕ ਜੋਗਾ, ਗੁਰਵਿੰਦਰ ਸਿੰਘ, ਅਮਰੀਕ ਸਿੰਘ, ਹਰਪ੍ਰੀਤ ਸਿੰਘ, ਉਮੇਸ਼ ਸ਼ਰਮਾ, ਰਾਜੇਸ਼ ਕੁਮਾਰ ਆਦਿ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜਦੋਂ ਤੱਕ ਪੁਰਾਣੀ ਪੈਨਸ਼ਨ ਅਸਲੀ ਰੂਪ 'ਚ ਲਾਗੂ ਨਹੀਂ ਕੀਤੀ ਜਾਂਦੀ, ਉਦੋਂ ਤੱਕ ਜਿਸ ਜ਼ਿਲ੍ਹੇ 'ਚ ਕੈਬਨਿਟ ਮੀਟਿੰਗ ਹੋਏਗੀ, ਉਸ ਦਾ ਵਿਰੋਧ ਕੀਤਾ ਜਾਵੇਗਾ।

## ਵਿਦੇਸ਼ਾਂ 'ਚ ਮਹਿਲਾਵਾਂ ਦਾ ਸ਼ੋਸ਼ਣ ਰੋਕਣ ਲਈ ਪੰਜਾਬ ਸਰਕਾਰ ਉਲੀਕੇਗੀ ਨੀਤੀ : ਡਾ. ਬਲਜੀਤ ਕੌਰ

*ਪੀੜਤਾਂ ਨਾਲ ਭਲਕੇ ਹੋਵੇਗੀ ਜਲੰਧਰ 'ਚ ਵਿਚਾਰ-ਚਰਚਾ*

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਦੀਆਂ ਮਹਿਲਾਵਾਂ ਨੂੰ ਵਿਦੇਸ਼ਾਂ ਵਿੱਚ ਭੇਜ ਕੇ ਉਨ੍ਹਾਂ ਨਾਲ ਹੋ ਰਹੇ ਸ਼ੋਸ਼ਣ ਨੂੰ ਸੂਬਾ ਸਰਕਾਰ ਵੱਲੋਂ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ।ਇਸ ਸਬੰਧੀ ਮਹਿਲਾਵਾਂ ਦੇ ਹੋ ਰਹੇ ਸ਼ੋਸ਼ਣ ਨੂੰ ਰੋਕਣ ਲਈ ਸੂਬਾ ਸਰਕਾਰ ਵੱਲੋਂ ਰਾਜ ਪੱਧਰੀ ਪਾਲਿਸੀ ਉਲੀਕਣ ਲਈ ਪੀੜਤਾਂ ਨਾਲ ਜਲੰਧਰ ਵਿਖੇ 11 ਜੂਨ ਨੂੰ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਮੰਤਰੀ ਡਾ. ਬਲਜੀਤ ਕੌਰ ਦੀ ਪ੍ਰਧਾਨਗੀ ਹੇਠ ਵਿਚਾਰ ਚਰਚਾ ਕੀਤੀ ਜਾ ਰਹੀ ਹੈ।ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਦੀਆਂ ਮਹਿਲਾਵਾਂ ਜੋ ਵਿਦੇਸ਼ਾਂ ਵਿੱਚ ਜਾਣ ਦੀਆਂ ਇੱਛੁਕ ਹਨ, ਉਥੇ ਵੱਸੀਆਂ ਹੋਈਆਂ ਹਨ ਜਾਂ ਵਾਪਸ ਆ ਚੁੱਕੀਆਂ ਹਨ, ਦੇ ਹੱਕਾਂ ਦੀ ਰਾਖੀ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਤੌਰ 'ਤੇ ਧਿਆਨ ਦਿੱਤਾ ਜਾ ਰਿਹਾ ਹੈ।ਉਨ੍ਹਾ ਕਿਹਾ ਕਿ ਇਸ ਪਾਲਸੀ ਵਿੱਚ ਹਰ ਤਰ੍ਹਾਂ ਦਾ ਸ਼ੋਸ਼ਣ ਭੁਗਤ ਚੁੱਕੀਆਂ ਔਰਤਾਂ ਦੇ ਦੁਖਾਂਤ ਨੂੰ ਸੁਣਨ ਤੇ ਉਨ੍ਹਾਂ ਦੇ ਸੁਝਾਵਾਂ ਨੂੰ ਪਾਲਸੀ ਵਿੱਚ ਸ਼ਾਮਲ ਕਰਨ ਲਈ 11 ਜੂਨ ਨੂੰ ਡਿਪਟੀ ਕਮਿਸ਼ਨਰ ਜਲੰਧਰ ਦੇ ਦਫਤਰ ਵਿਖੇ 11 ਤੋਂ 1 ਵਜੇ ਤੱਕ ਵਿਚਾਰ ਚਰਚਾ ਦਾ ਆਯੋਜਨ ਕੀਤਾ ਜਾ ਰਿਹਾ ਹੈ।ਮੰਤਰੀ ਨੇ ਕਿਹਾ ਕਿ ਐੱਨ ਆਰ ਆਈ ਵਿਅਕਤੀਆਂ/ਏਜੰਟਾਂ/ਰਿਸ਼ਤੇਦਾਰਾਂ ਦੇ ਝਾਂਸੇ ਵਿੱਚ ਆ ਕੇ ਧੋਖਾ ਖਾ ਚੁੱਕੀਆਂ ਮਹਿਲਾਵਾਂ ਨੂੰ ਇਸ ਵਿਚਾਰ ਚਰਚਾ ਵਿੱਚ ਸ਼ਾਮਲ ਹੋਣ ਲਈ ਖੁੱਲ੍ਹਾ ਸੱਦਾ ਦਿੱਤਾ ਗਿਆ ਹੈ।ਉਨ੍ਹਾ ਦੱਸਿਆ ਕਿ ਰਾਜ ਦੇ ਵੱਖ ਵੱਖ ਡਿਪਟੀ ਕਮਿਸ਼ਨਰਾਂ ਵੱਲੋਂ ਆਪਣੇ ਜ਼ਿਲ੍ਹਿਆਂ ਤੋਂ ਅਜਿਹੀਆਂ ਔਰਤਾਂ, ਜੋ ਵਿਦੇਸ਼ਾਂ ਵਿੱਚ ਸ਼ੋਸ਼ਣ ਦਾ ਸ਼ਿਕਾਰ ਹੋਈਆਂ ਹਨ, ਨੂੰ ਇਸ ਵਿਚਾਰ ਚਰਚਾ ਵਿੱਚ ਸ਼ਾਮਲ ਹੋਣ ਲਈ ਪੱਤਰ ਵੀ ਲਿਖਿਆ ਗਿਆ ਹੈ।

## ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਚਾਰ ਰੋਜ਼ਾ ਇੰਡਕਸ਼ਨ ਵਰਕਸ਼ਾਪ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਿੱਖਿਆ ਡਾਇਰੈਕਟੋਰੇਟ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਹਿਗੜ੍ਹ ਸਾਹਿਬ ਵਿਖੇ ਨਵੇਂ ਭਰਤੀ ਹੋਏ ਅਧਿਆਪਕਾਂ ਲਈ ਚਾਰ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਦਾ ਉਦਘਾਟਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਸਿੱਖਿਆ ਸ੍. ਸੁਖਮਿੰਦਰ ਸਿੰਘ ਨੇ ਕੀਤਾ। ਉਨ੍ਹਾ ਸ਼੍ਰੋਮਣੀ ਕਮੇਟੀ ਵੱਲੋਂ ਧਾਰਨ ਕੀਤੀ ਸਿੱਖਿਆ ਬਾਰੇ ਸੋਚ ਤੇ ਅਜੋਕੇ ਨੌਜਵਾਨਾਂ ਵੱਲੋਂ ਸਿੱਖ ਕਦਰਾਂ-ਕੀਮਤਾਂ ਨੂੰ ਗ੍ਰਹਿਣ ਕਰਨ ਦੀ ਲੋੜ ਸਾਂਝੀ ਕੀਤੀ। ਉਨ੍ਹਾਂ ਨੇ ਇਸ ਵਰਕਸ਼ਾਪ ਦੇ ਉਦੇਸ਼ਾਂ ਨੂੰ ਵੀ ਸਾਂਝਾ ਕੀਤਾ। ਡਾ. ਰਾਜਪਾਲ ਸਿੰਘ ਨੇ ਸਹਿਜ ਪਾਠ ਕਰਨ ਦੀ ਲੋੜ ਤੇ ਪ੍ਰਸੰਗਿਕਤਾ ਬਾਰੇ ਗੱਲ ਕੀਤੀ। ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਫਾਰ ਗਰਲਜ਼ ਨਿੰਮ ਸਾਹਿਬ ਦੇ ਇੰਚਾਰਜ ਡਾ. ਗੁਰਤੇਜ ਸਿੰਘ ਨੇ ਸਿੱਖ ਰਹਿਤ ਮਰਿਆਦਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਤੇ ਭਾਗੀਦਾਰਾਂ ਨੂੰ ਜੀਵਨ ਦੇ ਵਿਆਪਕ ਦ੍ਰਿਸ਼ਟੀਕੋਣ ਲਈ ਸਿੱਖ ਧਰਮ ਦੇ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ।

ਡਾ. ਗੁਰਮੇਲ ਸਿੰਘ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਸਿੱਖਿਆ ਦੇ ਸਮਾਜ-ਵਿਗਿਆਨਕ ਪਰਿਪੇਖ ਬਾਰੇ ਵਿਚਾਰ-ਵਟਾਂਦਰਾ ਕੀਤਾ, ਜਦਕਿ ਡਾ. ਚਮਕੌਰ ਸਿੰਘ, ਡਾਇਰੈਕਟਰ ਟੌਹੜਾ ਇੰਸਟੀਚਿਊਟ, ਬਹਾਦਰਗੜ੍ਹ ਨੇ ਗੁਰਬਾਣੀ ਦੀ ਰੌਸ਼ਨੀ 'ਚ ਸਿੱਖਿਆ ਦੇ ਪਰਿਪੇਖ ਬਾਰੇ ਵਿਚਾਰ-ਵਟਾਂਦਰਾ ਕੀਤਾ। ਡਾ. ਸਰਬਜੀਤ ਸਿੰਘ ਰੇਣੂਕਾ, ਪੀ ਏ ਯੂ ਲੁਧਿਆਣਾ ਨੇ ਦੱਸਿਆ ਕਿ ਕਿਵੇਂ ਅਧਿਆਪਨ ਵਿਦਿਆਰਥੀਆਂ ਤੇ ਅਧਿਆਪਕਾਂ ਦੋਵਾਂ ਲਈ ਵਰਦਾਨ ਹੋ ਸਕਦਾ ਹੈ। ਡਾ. ਦਲਬੀਰ ਸਿੰਘ ਨੇ ਅੰਗਰੇਜ਼ੀ ਭਾਸ਼ਾ ਤੇ ਅਧਿਆਪਨ ਬਾਰੇ ਭੁਲੇਖੇ ਦੂਰ ਕੀਤੇ। ਡਾ. ਕੁਲਦੀਪ ਸਿੰਘ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਉਨ੍ਹਾਂ ਤਬਦੀਲੀਆਂ ਬਾਰੇ ਵਿਚਾਰ-ਵਟਾਂਦਰਾ ਕੀਤਾ, ਜੋ ਨੀਤੀ ਦਾ ਉਦੇਸ਼ ਭਾਰਤੀ ਸਿੱਖਿਆ ਪ੍ਰਣਾਲੀ 'ਚ ਲਿਆਉਣਾ ਹੈ। ਉਨ੍ਹਾਂ ਦੇ ਸੈਸ਼ਨ ਤੋਂ ਬਾਅਦ ਡਾ. ਕੰਵਲਜੀਤ ਸਿੰਘ ਨੇ ਅੱਜ ਦੇ ਪਦਾਰਥਵਾਦੀ ਸੰਸਾਰ 'ਚ ਸਿੱਖ ਇਤਿਹਾਸ ਤੇ ਰੂਹਾਨੀਅਤ ਦੀ ਸਾਰਥਕਤਾ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ।

ਵਰਕਸ਼ਾਪ ਦੇ ਸਮਾਪਤੀ ਸੈਸ਼ਨ 'ਚ ਡਾ. ਕਿਰਪਾਲ ਸਿੰਘ ਬਡੂੰਗਰ ਸਾਬਕਾ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਸ਼ਿਰਕਤ ਕੀਤੀ ਤੇ ਸਿਖਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਨਿਰਪੱਖਤਾ, ਸਤਿਕਾਰ ਤੇ ਇਮਾਨਦਾਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਸ ਤੋਂ ਪਹਿਲਾਂ ਬੀਬੀ ਸਤਵੰਤ ਕੌਰ ਸਹਾਇਕ ਡਾਇਰੈਕਟਰ (ਸਕੂਲ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਭਰਤੀ ਮੁਹਿੰਮ ਦੇ ਆਪਣੇ ਤਜਰਬੇ ਸਾਂਝੇ ਕੀਤੇ। ਇਸ ਮੌਕੇ ਸ੍. ਅਵਤਾਰ ਸਿੰਘ ਜੂਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਸ਼ਮੂਲੀਅਤ ਕਰਨ ਵਾਲਿਆਂ ਨੂੰ ਅਪੀਲ ਕੀਤੀ ਕਿ ਉਹ ਨਵੀਨਤਾ ਦੇ ਮਸਾਲ-ਧਾਰਕਾਂ ਵਜੋਂ ਉੱਭਰਨ ਲਈ ਸਿੱਖ ਕਦਰਾਂ-ਕੀਮਤਾਂ ਨੂੰ ਅਪਣਾਉਣ ਤੇ ਸਕੂਲੀ ਵਾਤਾਵਰਣ 'ਚ ਜ਼ਰੂਰੀ ਤਬਦੀਲੀ ਲਿਆਉਣ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ ਨੇ ਡਾਇਰੈਕਟੋਰੇਟ ਨੂੰ ਇਸ ਸੈਮੀਨਾਰ ਦੇ ਆਯੋਜਨ ਲਈ ਕੀਤੇ ਗਏ ਯਤਨਾਂ ਲਈ ਵਧਾਈ ਦਿੱਤੀ।

## ਡਾ. ਬਲਬੀਰ ਸਿੰਘ ਨੂੰ ਸਦਮਾ, ਪਿਤਾ ਦਾ ਦੇਹਾਂਤ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਗੁਰਲਾਫ ਨਰਸਿੰਗ ਹੋਮ ਦੇ ਓਨਰ ਡਾ. ਬਲਬੀਰ ਸਿੰਘ ਨੂੰ ਉਸ ਸਮੇਂ ਭਾਰੀ ਸਦਮਾ ਪੁੱਜਾ, ਜਦੋਂ ਉਨ੍ਹਾ ਦੇ ਪਿਤਾ ਉੱਘੇ ਵਾਰਤਕ ਲੇਖਕ ਲਾਭ ਸਿੰਘ ਦਾ ਦੇਹਾਂਤ ਹੋ ਗਿਆ। ਡਾ. ਬਲਬੀਰ ਸਿੰਘ ਨਾਲ ਉਨ੍ਹਾਂ ਦੇ ਪਿਤਾ ਉੱਘੇ ਵਾਰਤਕ ਲੇਖਕ ਸਵ. ਲਾਭ ਸਿੰਘ ਲੁਧਿਆਣਾ, ਜੋ ਕਿ ਪੰਜਾਬੀ ਸਾਹਿਤ ਅਕਾਦਮੀ ਦੇ ਜੀਵਨ ਮੈਂਬਰ, ਸਾਬਕਾ ਜ਼ੋਨਲ ਡਾਇਰੈਕਟਰ ਨਹਿਰੂ ਯੁਵਾ ਕੇਂਦਰ ਸੰਗਠਨ, ਪੰਜਾਬ ਤੇ ਚੰਡੀਗੜ੍ਹ ਦੀ ਮੌਤ 'ਤੇ ਭਾਰਤੀ ਕਮਿਊਨਿਸਟ ਪਾਰਟੀ ਲੁਧਿਆਣਾ ਦੇ ਸਕੱਤਰ ਕਾਮਰੇਡ ਡੀ ਪੀ ਮੌੜ, ਡਾ. ਅਰੁਣ ਮਿੱਤਰਾ, ਐੱਮ ਐੱਸ ਭਾਟੀਆ, ਗੁਲਜ਼ਾਰ ਪੰਧੇਰ, ਸਾਬਕਾ ਈ ਓ ਸੁੱਖ ਸਾਗਰ ਸਿੰਘ, ਦਰਸ਼ਨ ਲਾਲ ਜੈਨ, ਕਾਮਰੇਡ ਜਗਦੀਸ਼ ਰਾਏ ਬੌਬੀ ਤੋਂ ਇਲਾਵਾ ਹੋਰ ਸਿਆਸੀ ਤੇ ਗੈਰ-ਸਿਆਸੀ ਵਿਅਕਤੀਆਂ ਨੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਸਵ. ਲਾਭ ਸਿੰਘ ਨੇ ਪਹਿਲਾਂ ਸਿੱਖਿਆ ਖੇਤਰ ਵਿੱਚ ਤੇ ਫਿਰ ਸਮਾਜ ਸੇਵਾ ਦੇ ਖੇਤਰ ਵਿੱਚ, ਜੋ ਸੇਵਾਵਾਂ ਦਿੱਤੀਆਂ ਹਨ, ਉਹ ਰਹਿੰਦੀ ਦੁਨੀਆ ਤੀਕ ਯਾਦ ਰਹਿਣਗੀਆਂ। ਸਵ. ਲਾਭ ਸਿੰਘ ਦਾ ਭੋਗ ਤੇ ਅੰਤਿਮ ਅਰਦਾਸ 11 ਜੂਨ ਦਿਨ ਐਤਵਾਰ ਨੂੰ ਗੁਰਦੁਆਰਾ ਸਿੰਘ ਸਭਾ, ਮਾਡਲ ਟਾਊਨ, ਐਕਸਟੈਨਸ਼ਨ, ਲੁਧਿਆਣਾ ਵਿਖੇ 12 ਤੋਂ 1 ਵਜੇ ਤੱਕ ਹੋਵੇਗੀ।

## ਕੇਂਦਰ ਵੱਲੋਂ ਸਾਉਣੀ ਫਸਲਾਂ 'ਤੇ ਕੀਤਾ ਨਿਗੂਣਾ ਵਾਧਾ ਮੁੱਢੋਂ ਖਾਰਜ



ਮਨਜੀਤ ਸਿੰਘ ਢੀਂਡਸਾ ਤੇ ਗੁਰਸੇਵਕ ਸਿੰਘ ਮੰਜਾਲੀਆਂ।

**ਸਮਰਾਲਾ (ਸੁਰਜੀਤ ਸਿੰਘ)**

ਕੇਂਦਰ ਸਰਕਾਰ ਨੇ ਸਾਉਣੀ ਦੀਆਂ ਫ਼ਸਲਾਂ ਦੇ ਸਮਰਥਨ ਮੁੱਲ ਐਲਾਨ ਕੀਤੇ ਹਨ, ਜਿਸ ਵਿੱਚ ਝੋਨੇ ਦੀ ਫ਼ਸਲ ਲਈ 143 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ ਕੀਤਾ ਗਿਆ ਹੈ ਅਤੇ ਮੱਕੀ ਦੀ ਫ਼ਸਲ ਉਤੇ ਵਾਧਾ ਕਰਕੇ 2090 ਰੁਪਏ ਪ੍ਰਤੀ ਕੁਇੰਟਲ ਮਿੱਥਿਆ ਗਿਆ ਹੈ।

ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਅਤੇ ਬਲਾਕ ਸਮਰਾਲਾ ਦੇ ਪ੍ਰਧਾਨ ਗੁਰਸੇਵਕ ਸਿੰਘ ਮੰਜਾਲੀਆਂ ਨੇ ਕਿਹਾ ਕਿ ਬੀ. ਕੇ. ਯੂ. (ਲੱਖੋਵਾਲ) ਕੇਂਦਰ ਸਰਕਾਰ ਇਸ ਵਾਧੇ ਨੂੰ ਮੂਲੋਂ ਨਕਾਰਦੀ ਹੈ, ਕਿਉਂਕਿ ਇਸ ਵਾਧੇ ਨਾਲ ਕਿਸਾਨਾਂ ਨੂੰ ਕੋਈ ਵੀ ਲਾਭ ਨਹੀਂ ਹੋਣਾ, ਇਸ ਨਾਲ ਮਹਿੰਗਾਈ ਕਾਰਨ ਕਿਸਾਨਾਂ ਦੇ ਵਧੇ ਖਰਚੇ ਵੀ ਪੂਰੇ ਨਹੀਂ ਹੋਣੇ। ਉਨ੍ਹਾਂ ਕਿਹਾ ਕਿ ਜਦੋਂ ਤੱਕ ਸਵਾਮੀਨਾਥਨ ਕਮੇਟੀ ਦੀ ਖੇਤੀ ਲਾਗਤ ਤੇ ਮੁੱਲ ਕਮਿਸ਼ਨ ਅਨੁਸਾਰ ਭਾਅ ਨਹੀਂ ਮਿੱਥੇ ਜਾਂਦੇ, ਉਦੋਂ ਤੱਕ ਕਿਸਾਨਾਂ ਨੂੰ ਕਦੀ ਵੀ ਲਾਹੇਵੰਦੇ ਭਾਅ ਨਹੀਂ ਮਿਲਣੇ। ਉਨ੍ਹਾਂ ਅੱਗੇ ਕਿਹਾ ਕਿ ਅੱਜਕੱਲ੍ਹ ਮੰਡੀਆਂ ਵਿੱਚ ਮੱਕੀ ਦੀ ਫਸਲ ਆ ਰਹੀ ਹੈ ਪ੍ਰੰਤੂ ਮੰਡੀਆਂ ਵਿੱਚ ਕਿਸਾਨਾਂ ਦੀ ਪੂਰੀ ਤਰ੍ਹਾਂ ਲੁੱਟ ਕੀਤੀ ਜਾ ਰਹੀ ਹੈ ਅਤੇ ਮੱਕੀ 1500 ਤੋਂ 1700 ਰੁਪਏ ਦੇ ਵਿਚਕਾਰ ਖਰੀਦੀ ਜਾ ਰਹੀ ਹੈ, ਜਦੋਂ ਕਿ ਭਾਅ 2090 ਰੁਪਏ ਪ੍ਰਤੀ ਕੁਇੰਟਲ ਹੈ। ਬੀ. ਕੇ. ਯੂ. (ਲੱਖੋਵਾਲ) ਇਸ ਲੁੱਟ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦੇ ਹਾਂ ਕਿ ਇਸ ਵੱਲ ਧਿਆਨ ਦੇਵੇ ਤੇ ਮੱਕੀ ਦਾ ਪੂਰਾ ਰੇਟ ਕਿਸਾਨਾਂ ਨੂੰ ਦਿਵਾਇਆ ਜਾਵੇ। ਉਨ੍ਹਾਂ ਅੱਗੇ ਕਿਹਾ ਕਿ ਹਰਿਆਣੇ ਦੇ ਸ਼ਾਹਬਾਦ ਵਿੱਚ ਜੋ ਕੁਝ ਵਾਪਰਿਆ ਹੈ, ਉਸਤੋਂ ਬਿਲਕੁੱਲ ਸਾਫ ਹੈ ਕਿ ਕੋਈ ਵੀ ਸਰਕਾਰ ਕਿਸਾਨਾਂ ਪ੍ਰਤੀ ਸੁਹਿਰਦ ਨਹੀਂ। ਕਿਸਾਨਾਂ ਉਪਰ ਬੇਰਹਿਮੀ ਨਾਲ ਲਾਠੀਚਾਰਜ ਕਰਕੇ ਅੰਨ੍ਹਾ ਤਸ਼ੱਦਦ ਕੀਤਾ ਹੈ, ਬੀ. ਕੇ. ਯੂ. (ਲੱਖੋਵਾਲ) ਇਸ ਘਟਨਾ ਦੀ ਸਖਤ ਨਿੰਦਾ ਕਰਦਿਆਂ ਇਹ ਕਾਰਾ ਕਰਨ ਵਾਲੇ ਪੁਲਸ ਅਧਿਕਾਰੀਆਂ ਉੱਤੇ ਸਖਤ ਕਾਰਵਾਈ ਦੀ ਮੰਗ ਕੀਤੀ ਜਾਂਦੀ ਹੈ।

## ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਫਰੀਦਕੋਟ ਤੇ ਫ਼ਿਰੋਜ਼ਪੁਰ ਦੀ ਹੋਈ ਚੇਤਨਾ ਕਨਵੈਨਸਨ



**ਮੋਗਾ (ਅਮਰਜੀਤ ਬੱਬਰੀ)**

ਸਟੇਟ ਕਮੇਟੀ ਪੰਜਾਬ ਦੇ ਫੈਸਲੇ ਅਨੁਸਾਰ ਸਰਕਲ ਫਰੀਦਕੋਟ ਤੇ ਫ਼ਿਰੋਜ਼ਪੁਰ ਦੀ ਪ੍ਰਤੀਨਿਧਤਾ ਚੇਤਨਾ ਕਨਵੈਨਸ਼ਨ ਸਤੀਸ਼ ਲੂੰਬਾ ਹਾਲ (ਕਾਮਰੇਡ ਨਛੱਤਰ ਸਿੰਘ ਧਾਲੀਵਾਲ) ਯਾਦਗਾਰੀ ਭਵਨ ਬੱਸ ਸਟੈਂਡ ਵਿਖੇ ਜ਼ੋਨ ਕਨਵੀਨਰ ਸੁਖਦੇਵ ਸਿੰਘ ਬਾਬਾ, ਗੁਰਚਰਨ ਸਿੰਘ ਬੁੱਟਰ ਸਰਕਲ ਪ੍ਰਧਾਨ ਫ਼ਰੀਦਕੋਟ ਦੀ ਪ੍ਰਧਾਨਗੀ ਹੇਠ ਹੋਈ। ਜਥੇਬੰਦੀ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਜੀ, ਸਟੇਟ ਆਗੂ ਕਰਤਾਰ ਸਿੰਘ ਲੁਧਿਆਣਾ, ਗੁਰਧਿਆਨ ਸਿੰਘ ਦਿੜ੍ਹਬਾ ਤੇ ਦਰਸ਼ਨ ਲਾਲ ਨੇ ਦੱਸਿਆ ਕਿ ਪਾਵਰਕਾਮ ਦੀ ਮੈਨੇਜਮੈਂਟ ਬਿਜਲੀ ਕਾਮਿਆਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਨਜ਼ਰਅੰਦਾਜ਼ ਕਰ ਰਹੀ ਹੈ। ਪਾਵਰਕਾਮ ਅੰਦਰ ਕਾਮਿਆਂ ਦੀ ਵੱਡੀ ਘਾਟ ਹੋਣ ਕਰਕੇ ਮੁਲਾਜ਼ਮਾਂ ਤੇ ਕੰਮ ਬੋਝ ਵਧਣ ਕਾਰਨ ਨਿੱਤ ਦਿਹਾੜੇ ਕਰੰਟ ਨਾਲ ਘਾਤਕ ਹਾਦਸਿਆਂ ਵਿੱਚ ਪਿਛਲੇ ਦਿਨੀਂ 7 ਕਾਮਿਆਂ ਨੂੰ ਜਾਨ ਗਵਾਉਣੀ ਪਈ ਮਹਿਕਮੇ ਦੇ ਕੰਮ ਕਰਨ ਵਾਲੇ ਕਾਮਿਆਂ ਵਿੱਚ ਡਰ ਦਾ ਮਾਹੌਲ ਹੈ।

ਬੁਲਾਰਿਆਂ ਨੇ ਕਿਹਾ ਕਿ ਬਿਜਲੀ ਕਾਮਿਆਂ ਦਾ ਮੋਬਾਈਲ ਅਲਾਊਂਸ ਬਿਨਾਂ ਵਜ੍ਹਾ ਕੱਟਣਾ, ਤਨਖਾਹਾਂ ਵਿੱਚ ਤਰੁਟੀਆਂ ਦੂਰ ਨਹੀਂ ਕਰਨਾ, ਸੇਵਾ ਮੁਕਤ ਕ੍ਰਮਚਾਰੀਆਂ ਨੂੰ ਉਨ੍ਹਾਂ ਦੇ ਬਣਦੇ ਲਾਭ ਸਮੇਂ ਸਿਰ ਨਾ ਦੇਣ, ਕੈਸ਼ਲੈਸ ਸਕੀਮ ਲਾਗੂ ਨਾ ਕਰਨ, ਕੰਟਰੈਕਟ ਕਾਮਿਆਂ ਨੂੰ ਰੈਗੂਲਰ ਕਰਨ, 295/19 ਅਧੀਨ ਮਹਿਕਮੇ ਅੰਦਰ ਭਰਤੀ ਕੀਤੇ ਸਹਾਇਕ ਲਾਈਨਮੈਨਾਂ ਨੂੰ 3 ਸਾਲ ਦਾ ਪਰਖਕਾਲ ਸਮਾਂ ਸਫ਼ਲਤਾ ਪੂਰਵਕ ਪੂਰਾ ਕਰਨ ਦੇ ਬਾਵਜੂਦ ਪੂਰੀਆਂ ਤਨਖਾਹਾਂ ਸਮੇਤ ਭੱਤੇ ਲਾਗੂ ਨਾ ਕਰਨ ਅਤੇ ਕ੍ਰਮਚਾਰੀਆਂ 'ਤੇ ਕੀਤੇ ਪਰਚੇ ਰੱਦ ਕਰਨ ਦੀ ਸਰਕਾਰ ਤੋਂ ਮੰਗ ਕੀਤੀ ਗਈ ਅਤੇ ਹੱਕੀ ਤੇ ਜਾਇਜ਼ ਮੰਗਾਂ ਨਾ ਮੰਨਣ ਦੀ ਨਿਖੇਧੀ ਕੀਤੀ ਗਈ।

ਬੁਲਾਰਿਆਂ ਨੇ ਕਿਹਾ ਕਿ ਜੇਕਰ ਉਪਰੋਕਤ ਮੰਗ ਪੱਤਰ ਵਿੱਚ ਦਰਜ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਤੇ ਪੈਡੀ ਸੀਜ਼ਨ ਦੌਰਾਨ ਜਥੇਬੰਦੀ ਵੱਲੋਂ ਪਾਵਰਕੌਮ ਦੇ ਮੁੱਖ ਦਫ਼ਤਰ ਪਟਿਆਲਾ ਦੇ ਤਿੰਨੋਂ ਗੇਟਾਂ 'ਤੇ ਜ਼ੋਰਦਾਰ ਪ੍ਰਦਰਸ਼ਨ ਕੀਤਾ ਜਾਵੇਗਾ ਤੇ 07/06/23 ਤੋਂ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਵੱਲੋਂ ਦਿੱਤੇ ਸੰਘਰਸ਼ ਪ੍ਰੋਗਰਾਮ ਅਨੁਸਾਰ ਡਵੀਜ਼ਨ ਪੱਧਰ 'ਤੇ ਧਰਨਿਆਂ ਤੋਂ ਬਾਅਦ 24/06/23 ਨੂੰ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਉ ਦੀ ਕੋਠੀ ਅੱਗੇ ਵਿਸ਼ਾਲ ਧਰਨਾ ਲਾਇਆ ਜਾਵੇਗਾ, ਸਮੁੱਚੇ ਪੰਜਾਬ ਅੰਦਰ ਵਰਕ ਟੂ ਰੂਲ, ਬਨਦੀ ਡਿਊਟੀ ਕੀਤੀ ਜਾਵੇਗੀ, ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰ ਯੂਨੀਅਨ ਪੰਜਾਬ ਦੇ ਸਕੱਤਰ ਗੁਰਮੇਲ ਸਿੰਘ ਨਾਹਰ ਵਲੋਂ ਅਪੀਲ ਕੀਤੀ ਕਿ ਆਪਣੇ ਹੱਕਾਂ ਨੂੰ ਸੁਰੱਖਿਅਤ ਰੱਖਣ ਲਈ ਇਕ ਹੋਰ ਸਾਂਝੇ ਸੰਘਰਸ਼ਾਂ ਵਿੱਚ ਮੋਹਰੀ ਰੋਲ ਨਿਭਾਉਣ ਲਈ ਤਿਆਰ ਰਹਿਣਾ ਚਾਹੀਦਾ ਹੈ।

## ਸ਼ਹੀਦ ਊਧਮ ਸਿੰਘ ਚੌਕ ਫਿਰੋਜ਼ਪੁਰ ਦੇ ਨਵ-ਨਿਰਮਾਣ ਲਈ ਸਮੁੱਚਾ ਇਲਾਕਾ ਪੱਬਾਂ ਭਾਰ



**ਮਮਦੋਟ/ਫਿਰੋਜ਼ਪੁਰ (ਜਸਬੀਰ ਸਿੰਘ ਕੰਬੋਜ, ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਸ਼ਹਿਰ 'ਚ ਸ਼ਹੀਦ ਊਧਮ ਸਿੰਘ ਦੀ ਯਾਦ 'ਚ ਬਣੇ ਸ਼ਹੀਦ ਊਧਮ ਸਿੰਘ ਚੌਕ 'ਚ ਲਗਾਏ ਸ. ਊਧਮ ਸਿੰਘ ਦੇ ਬੁੱਤ ਨੂੰ ਆਧੁਨਿਕ ਤਕਨੀਕ ਨਾਲ ਵਧੀਆ ਦਿੱਖ ਦੇਣ ਲਈ ਸ਼ਹੀਦ ਊਧਮ ਸਿੰਘ ਮੈਮੋਰੀਅਲ ਟਰੱਸਟ ਫਿਰੋਜ਼ਪੁਰ ਨੇ ਬੀੜਾ ਚੁੱਕਿਆ ਹੈ। ਇਸ ਸੰਬੰਧੀ ਕੰਬੋਜ ਭਵਨ (ਇੱਛੇ ਵਾਲਾ) ਫਿਰੋਜ਼ਪੁਰ ਵਿਖੇ ਹੋਈਆਂ ਮੀਟਿੰਗਾਂ ਵਿਚ ਪਿਛਲੇ ਦਿਨੀਂ ਫੈਸਲਾ ਲਿਆ ਕਿ ਸ਼ਹੀਦ ਦਾ ਕੱਦਾਵਰ ਬੁੱਤ ਅਤੇ ਚੌਕ ਦੀ ਵਧੀਆ ਆਧੁਨਿਕ ਡਿਜ਼ਾਇਨ ਬਣਵਾ ਕੇ ਚੰਗੀ ਦਿੱਖ ਬਣਾਈ ਜਾਵੇ। ਇਸ ਸੰਬੰਧ 'ਚ ਇਲਾਕੇ 'ਚ ਪੂਰਾ ਜੋਸ਼ ਹੈ।

ਇਲਾਕੇ 'ਚੋਂ ਖਾਸ ਕਰ ਸ਼ਹੀਦ ਦੇ ਵਾਰਸ ਕੰਬੋਜ ਭਾਈਚਾਰੇ ਦੇ ਪਿੰਡਾਂ ਚੋਂ ਲਗਾਤਾਰ ਫੰਡ ਆ ਰਹੇ ਹਨ। ਨਗਰ ਸ਼ੇਰ ਖਾਂ ਵਾਲਾ ਤੋਂ ਇੱਕ ਲੱਖ ਪੰਜਾਹ ਹਜ਼ਾਰ ਰੁਪਏ, ਪਿੰਡ ਕਮੱਗਰ ਤੋਂ ਵੀ ਡੇਢ ਲੱਖ ਦੇ ਕਰੀਬ ਫੰਡ ਸ਼ਹੀਦ ਊਧਮ ਸਿੰਘ ਮੈਮੋਰੀਅਲ ਟਰੱਸਟ ਦੀ ਕਾਰਜਕਾਰੀ ਅਹੁਦੇਦਾਰ ਸ਼ਖਸੀਅਤਾਂ ਨੂੰ ਜਮ੍ਹਾਂ ਕਰਾਏ ਗਏ। ਪਿੰਡ ਹਾਕੇ ਵਾਲਾ ਰਾਮੇ ਵਾਲਾ ਵੱਲੋਂ 400000 ਦੀ ਰਕਮ ਕਮੇਟੀ ਮੈਂਬਰ ਨੂੰ ਭੇਟ ਕੀਤੀ ਤੇ ਪਿੰਡ ਦੁਲਚੀ ਕੇ ਵੱਲੋਂ 113200 ਰੁਪਏ, ਪਿੰਡ ਟਿੱਬੀ ਖੁਰਦ (ਨਿੱਕੀ ਟਿੱਬੀ) ਵੱਲੋਂ 40000, ਸੁਰਿੰਦਰ ਸਿੰਘ ਜੰਮੂ ਪਿੰਡ ਤਰਿੱਡਾ ਵੱਲੋਂ 5100 ਰੁਪਏ, ਪਿੰਡ ਨਾਜੂ ਸ਼ਾਹ ਵੱਲੋਂ 27900 ਰੁਪਏ, ਪਿੰਡ ਮੋਹਰੇ ਵਾਲਾ ਵੱਲੋਂ 48700 ਰੁਪਏ, ਪਿੰਡ ਬਜ਼ੀਦਪੁਰ ਵੱਲੋਂ ਸ਼ਹੀਦ ਊਧਮ ਸਿੰਘ ਦੇ ਬੁੱਤ ਲਈ 56000, ਪਿੰਡ ਸ਼ੇਰਖਾਂ ਵੱਲੋਂ ਮਾਰਫ਼ਤ ਗੁਰਨਾਮ ਸਿੰਘ ਸਰਪੰਚ ਵੱਲੋਂ 18300 ਅਤੇ ਕੰਬੋਜ ਨਗਰ ਫਿਰੋਜ਼ਪੁਰ ਵੱਲੋਂ 2,10000 ਰੁਪਏ ਦੀ ਰਕਮ ਕਮੇਟੀ ਦੇ ਮੈਂਬਰ ਸਹਿਬਾਨ ਨੂੰ ਭੇਟ ਕੀਤੀ ਗਈ। ਸ਼ਹੀਦ ਊਧਮ ਸਿੰਘ ਮੈਮੋਰੀਅਲ ਟਰੱਸਟ ਫਿਰੋਜ਼ਪੁਰ ਦੇ ਪ੍ਰਧਾਨ ਭਗਵਾਨ ਸਿੰਘ ਸਾਮਾ, ਸੁੱਚਾ ਸਿੰਘ ਬਿੰਦ ਖਜ਼ਾਨਚੀ, ਬਲਜੀਤ ਸਿੰਘ ਏ ਡੀ ਏ, ਦਰਸ਼ਨ ਸਿੰਘ ਅੱਛੇ ਵਾਲਾ, ਬਾਬੂ ਸਿੰਘ ਆਦਿ ਨੇ ਇਸ ਬਹੁਮੁੱਲੇ ਸਹਿਯੋਗ ਵਾਸਤੇ ਉਪਰੋਕਤ ਸਮੂਹ ਪਿੰਡਾਂ ਦੇ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ।

10-JUNE-PAGE-7.qxd 6/9/2023 9:41 PM Page 1



# ਪੈਨਸ਼ਨਰਜ਼ ਜੁਆਇੰਟ ਫਰੰਟ ਡੀ ਸੀ ਦਫ਼ਤਰ ਸਾਹਮਣੇ ਦੇਵੇਗਾ ਵਿਸ਼ਾਲ ਧਰਨਾ

**ਮੋਗਾ (ਅਮਰਜੀਤ ਬੱਬਰੀ)**

ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਦੀ ਸੂਬਾ ਕਮੇਟੀ ਦੇ ਫ਼ੈਸਲੇ ਮੁਤਾਬਕ ਜ਼ਿਲ੍ਹੇ ਦੀਆਂ ਫਰੰਟ 'ਚ ਸ਼ਾਮਲ ਜਥੇਬੰਦੀਆਂ ਵੱਲੋਂ 14 ਜੂਨ ਨੂੰ ਡੀ ਸੀ ਦਫ਼ਤਰ ਸਾਹਮਣੇ 11 ਵਜੇ ਤੋਂ 2 ਵਜੇ ਤੱਕ ਇੱਕ ਵਿਸ਼ਾਲ ਧਰਨਾ ਦਿੱਤਾ ਜਾਵੇਗਾ ਤੇ ਰੈਲੀ ਕਰਨ ਉਪਰੰਤ ਡਿਪਟੀ ਕਮਿਸ਼ਨਰ ਨੂੰ ਪੰਜਾਬ ਦੇ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਸੌਂਪਿਆ ਜਾਵੇਗਾ। ਪੈਨਸ਼ਨਰ ਐਸੋਸੀਏਸ਼ਨ ਤੇ ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਦੇ ਜ਼ਿਲ੍ਹਾ ਆਗੂਆਂ ਬਲੌਰ ਸਿੰਘ ਘਾਲੀ ਤੇ ਭਜਨ ਸਿੰਘ ਗਿੱਲ ਨੇ ਨੇਚਰ ਪਾਰਕ ਵਿੱਚ ਮੀਟਿੰਗ ਕਰਨ ਉਪਰੰਤ ਇਹ ਜਾਣਕਾਰੀ ਪ੍ਰੈਸ ਨੂੰ ਦਿੱਤੀ।



ਲੈਕ: ਸੁਖਮੰਦਰ ਸਿੰਘ, ਪ੍ਰੇਮ ਕੁਮਾਰ ਤੇ ਬਿੱਕਰ ਸਿੰਘ, ਬਲਵਿੰਦਰ ਸਿੰਘ ਗਿੱਲ, ਬਲਬੀਰ ਸਿੰਘ, ਲਖਬੀਰ ਚੰਦ, ਜਾਗੀਰ ਸਿੰਘ ਖੋਖਰ, ਜਗਜੀਤ ਸਿੰਘ ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲਗਾਤਾਰ ਪੈਨਸਨਰ ਜਥੇਬੰਦੀਆਂ ਨਾਲ ਮੀਟਿੰਗਾਂ ਕਰਨ ਉਪਰੰਤ ਪੈਨਸ਼ਨਰਾਂ ਦੀਆਂ ਮੰਗਾਂ ਦਾ ਕੋਈ ਨਿਪਟਾਰਾ ਨਹੀਂ ਕੀਤਾ ਜਾਂਦਾ, ਸਗੋਂ ਜਥੇਬੰਦੀਆਂ ਨੂੰ ਮੀਟਿੰਗਾਂ ਦਾ ਸਮਾਂ ਦੇ ਕੇ ਮੀਟਿੰਗਾਂ ਨਹੀਂ ਕੀਤੀਆਂ ਜਾਂਦੀਆਂ ਜਿਸ ਕਰਕੇ ਪੈਨਸ਼ਨਰ ਆਗੂ ਲੰਮੀਆਂ ਵਾਟਾਂ ਤਹਿ ਕਰਕੇ ਨਿਰਾਸ਼ ਹੋ ਕੇ ਬੁੱਢੇ ਵਾਰੇ ਥੱਕੇ ਟੁੱਟੇ ਘਰ ਪਰਤ ਆਉਂਦੇ ਹਨ।

ਉਹਨਾਂ ਮੰਗ ਕੀਤੀ ਕਿ ਪੇ ਕਮਿਸ਼ਨ ਦੁਆਰਾ ਸਿਫਾਰਸ ਕੀਤਾ ਗੁਣਾਂਕ ਤੇ ਉਸ ਸਮੇਂ ਦੀ ਸਰਕਾਰ ਵੱਲੋਂ ਕੈਬਨਿਟ ਵੱਲੋਂ ਪਾਸ ਕੀਤਾ ਗੁਣਾਂਕ 2.59 ਤੇ ਨੈਸ਼ਨਲ ਆਧਾਰ 'ਤੇ ਤਨਖਾਹ ਫਿਕਸ ਕਰਕੇ ਉਸਦਾ 50% ਪੈਨਸ਼ਨ ਦੇਣ ਵਰਗੀਆਂ ਮੰਗਾਂ ਲਾਗੂ ਕੀਤੀਆਂ ਜਾਣ, ਸਾਢੇ ਪੰਜ ਸਾਲ ਦਾ ਪੇ ਕਮਿਸ਼ਨ ਦਾ ਬਕਾਇਆ ਪੈਨਸ਼ਨਰਾਂ ਨੂੰ ਯਕਮੁਸ਼ਤ ਦਿੱਤਾ ਜਾਵੇ, ਮਹਿੰਗਾਈ ਭੱਤਾ ਕੇਂਦਰ ਦੀ ਤਰਜ਼ 'ਤੇ 34% ਤੋਂ ਵਧਾ ਕੇ 42% ਕੀਤਾ ਜਾਵੇ, ਮੈਡੀਕਲ ਭੱਤਾ ਦੋ ਹਜ਼ਾਰ ਰੁਪਏ ਕੀਤਾ ਜਾਵੇ।

ਪੈਨਸ਼ਨਰਾਂ ਨੂੰ ਬੁਢਾਪੇ ਦੀ ਹਾਲਤ ਵਿੱਚ ਨਾਮੁਰਾਦ ਬਿਮਾਰੀਆਂ ਦਾ ਸ਼ਿਕਾਰ ਹੋਣ ਕਰਕੇ ਉਨ੍ਹਾਂ ਦੇ ਇਲਾਜ 'ਤੇ ਆਏ ਖਰਚੇ ਦੇ ਮੈਡੀਕਲ ਬਿੱਲਾਂ ਨੂੰ ਦੋ-ਦੋ ਸਾਲ ਲਟਕਾਇਆ ਜਾਂਦਾ ਹੈ, ਕਦੇ ਹੈਲਥ ਡਾਇਰੈਕਟਰ, ਕਦੇ ਮਹਿਕਮੇ ਦੇ ਡਾਇਰੈਕਟਰ ਪਾਸ ਬਿੱਲ ਭੇਜ ਕੇ ਮਹੀਨਿਆਂ ਬੱਧੀ ਪ੍ਰਤੀ ਪੂਰਤੀ ਕਰਨ ਤੋਂ ਟਾਲਾ ਵੱਟਿਆ ਜਾਂਦਾ ਹੈ। ਇਸ ਲਈ ਦੂਜੇ ਸੂਬਿਆਂ ਵਾਂਗ ਕੈਸ ਲੈੱਸ ਹੈਲਥ ਸਕੀਮ ਚਾਲੂ ਕੀਤੀ ਜਾਵੇ। ਮੁਲਾਜਮਾਂ ਵਾਂਗ ਪੈਨਸ਼ਨਰਾਂ ਨੂੰ ਵੀ ਅੰਗ ਹੀਣ ਭੱਤਾ ਦਿੱਤਾ ਜਾਵੇ, ਪਾਵਰ ਕਾਰਪੋਰੇਸਨ ਦੇ ਪੈਨਸ਼ਨਰਾਂ ਨੂੰ ਮੁਲਾਜ਼ਮਾਂ ਵਾਂਗ ਯੂਨਿਟਾਂ ਦੀ ਛੋਟ ਦਿੱਤੀ ਜਾਵੇ। ਏ ਜੀ ਪੰਜਾਬ ਪਾਸ ਗਏ ਹਜ਼ਾਰਾਂ ਕੇਸ ਪੈਨਸ਼ਨ ਰਵੀਜ਼ਨ ਦੀ ਉਡੀਕ ਕਰ ਰਹੇ ਹਨ। ਉਨ੍ਹਾਂ ਨੂੰ ਪਾਸ ਕਰਕੇ ਬਣਦੇ ਲਾਭ ਦਿੱਤੇ ਜਾਣ।

ਮੀਟਿੰਗ ਵਿੱਚ ਪੈਨਸ਼ਨਰਾਂ ਨੂੰ ਅਪੀਲ ਕੀਤੀ ਕਿ ਜਿਲ੍ਹੇ ਦੇ ਸਾਰੇ ਮਹਿਕਮਿਆਂ ਦੇ ਪੈਨਸ਼ਨਰ 14 ਜੂਨ ਨੂੰ ਵੱਡੀ ਗਿਣਤੀ ਵਿੱਚ ਡੀ. ਸੀ ਮੋਗਾ ਦੇ ਸਾਹਮਣੇ ਠੀਕ 11 ਵਜੇ ਧਰਨੇ 'ਤੇ ਪਹੁੰਚ ਕੇ ਪੰਜਾਬ ਸਰਕਾਰ ਖਿਲਾਫ਼ ਆਪਣਾ ਰੋਸ ਦਰਜ ਕਰਾਉਣ। ਮੀਟਿੰਗ ਵਿੱਚ ਆਤਮਾ ਸਿੰਘ ਚੜਿੱਕ, ਸ਼ਮਸ਼ੇਰ ਸਿੰਘ, ਬ੍ਰਿਜ ਲਾਲ, ਸੁਭਾਸ਼ ਚੰਦਰ ਮਨਜੀਤ ਸਿੰਘ ਅਤੇ ਸੁਰਿੰਦਰ ਰਾਮ ਕੁੱਸਾ, ਸਰਬਜੀਤ ਦੌਧਰ ਸ਼ਾਮਲ ਸਨ।

## ਟਰੈਵਲ ਏਜੰਟ ਮਿਸ਼ਰਾ ਵਿਰੁੱਧ ਕਾਰਵਾਈ ਲਈ ਪੰਜੋਲੀ ਨੇ ਗ੍ਰਹਿ ਮੰਤਰੀ, ਮੁੱਖ ਮੰਤਰੀ ਤੇ ਡੀ ਜੀ ਪੀ ਨੂੰ ਲਿਖਿਆ ਪੱਤਰ

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿਛਲੇ ਸਮੇਂ ਪੰਜਾਬ ਦੇ ਲਗਭਗ ਇੱਕ ਹਜ਼ਾਰ ਤੋਂ ਵੱਧ ਵਿਦਿਆਰਥੀਆਂ ਨੂੰ ਜਾਲ੍ਹੀ ਕਾਗਜ਼ ਪੱਤਰ ਬਣਾ ਕੇ ਬ੍ਰਿਜੇਸ਼ ਮਿਸ਼ਰਾ ਟਰੈਵਲ ਏਜੰਟ ਨੇ ਕੈਨੇਡਾ ਭੇਜ ਦਿੱਤਾ ਹੈ। ਕੈਨੇਡਾ ਸਰਕਾਰ ਨੇ ਇਨ੍ਹਾਂ ਵਿਦਿਆਰਥੀਆਂ ਦੇ ਜਦੋਂ ਕਾਗਜ਼ ਪੱਤਰ ਚੈੱਕ ਕੀਤੇ ਤਾਂ ਲਗਭਗ ਸਾਰਿਆਂ ਦੇ ਕਾਗਜ਼ ਪੱਤਰ ਜਾਲ੍ਹੀ ਪਾਏ ਗਏ। ਵਿਦਿਆਰਥੀਆਂ ਤੋਂ ਪਤਾ ਲੱਗਾ ਹੈ ਕਿ ਇਸ ਏਜੰਟ ਨੇ ਇੱਕ ਹੀ ਪੇਪਰ ਉਤੇ ਦੋ ਦੋ ਵਿਦਿਆਰਥੀਆਂ ਨੂੰ ਵੀਜ਼ੇ ਲਗਵਾ ਕੇ ਕੈਨੇਡਾ ਭੇਜ ਦਿੱਤਾ ਹੈ। ਇਸ ਦੇ ਬਦਲੇ 'ਚ ਇਸ ਨੇ ਵਿਦਿਆਰਥੀਆਂ ਕੋਲੋਂ ਮੋਟੀਆਂ ਰਕਮਾਂ ਵਸੂਲ ਕੀਤੀਆਂ ਹਨ। ਹੁਣ ਕੈਨੇਡਾ ਸਰਕਾਰ ਨੇ ਇਨ੍ਹਾਂ ਵਿਦਿਆਰਥੀਆਂ ਨੂੰ ਡੀਪੋਰਟ ਕਰਨ ਲਈ ਇਨ੍ਹਾਂ ਦੀ ਗਰਦਨ 'ਤੇ ਡੀਪੋਰਟ ਦੀ ਤਲਵਾਰ ਲਟਕਾ ਰੱਖੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਕੈਨੇਡਾ ਵਾਪਸੀ ਉਤੇ ਅੱਜ ਕੈਨੇਡਾ ਦੇ ਪ੍ਰਧਾਨ ਮੰਤਰੀ, ਸ੍ਰ ਸੱਜਣ ਸਿੰਘ ਮੰਤਰੀ ਕੈਨੇਡਾ, ਜਗਮੀਤ ਸਿੰਘ ਮੈਂਬਰ ਪਾਰਲੀਮੈਂਟ ਤੇ ਇਮੀਗ੍ਰੇਸ਼ਨ ਮੰਤਰੀ ਕੈਨੇਡਾ ਸਰਕਾਰ ਨੂੰ ਇੱਕ ਪੱਤਰ ਲਿਖ ਕੇ ਬੇਨਤੀ ਕੀਤੀ ਹੈ ਕਿ ਇਨ੍ਹਾਂ ਵਿਦਿਆਰਥੀਆਂ ਨੂੰ ਕੋਈ ਕਾਨੂੰਨੀ ਰਾਹ ਕੱਢ ਕੇ ਕੈਨੇਡਾ 'ਚ ਪਨਾਹ ਦੇਣ ਦੀ ਕਿਰਪਾਲਤਾ ਕੀਤੀ ਜਾਵੇ। ਜਥੇ. ਪੰਜੋਲੀ ਨੇ ਜਲੰਧਰ ਦੇ ਇਸ ਟਰੈਵਲ ਏਜੰਟ ਵਿਰੁੱਧ ਭਾਰਤ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ, ਮੁੱਖ ਮੰਤਰੀ ਪੰਜਾਬ ਤੇ ਡੀ.ਜੀ.ਪੀ. ਪੰਜਾਬ ਪੁਲਸ ਨੂੰ ਵੀ ਇੱਕ ਪੱਤਰ ਲਿਖਿਆ ਹੈ ਕਿ ਉਪਰੋਕਤ ਟਰੈਵਲ ਏਜੰਟ ਵਿਰੁੱਧ ਪਰਚਾ ਦਰਜ ਕਰਕੇ ਕਾਨੂੰਨੀ ਕਾਰਵਾਈ ਕੀਤੀ ਜਾਵੇ। ਜਥੇ. ਪੰਜੋਲੀ ਨੇ ਆਪਣੇ ਪੱਤਰ ਵਿੱਚ ਗ੍ਰਹਿ ਮੰਤਰੀ ਨੂੰ ਲਿਖਿਆ ਕਿ ਬਿਨਾਂ ਦੇਰੀ ਇਸ ਟਰੈਵਲ ਏਜੰਟ ਵਿਰੁੱਧ ਸਖਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਤਾਂ ਕਿ ਭਵਿੱਖ ਵਿੱਚ ਕੋਈ ਵੀ ਟਰੈਵਲ ਏਜੰਟ ਬੱਚਿਆਂ ਦਾ ਆਰਥਿਕ ਸ਼ੋਸ਼ਣ ਨਾ ਕਰ ਸਕੇ।

# ਕਿਸਾਨੀ ਮੰਗਾਂ ਲਈ ਡੀ ਸੀ ਦਫਤਰ ਅੱਗੇ 12 ਤੋਂ ਧਰਨਾ : ਸੰਯੁਕਤ ਕਿਸਾਨ ਮੋਰਚਾ



**ਮਾਨਸਾ (ਆਤਮਾ ਸਿੰਘ ਪਮਾਰ)**-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਇਕਾਈ ਮਾਨਸਾ ਦੀ ਇੱਕ ਅਹਿਮ ਮੀਟਿੰਗ ਸਥਾਨਕ 'ਤੇਜਾ ਸਿੰਘ ਸੁਤੰਤਰ ਭਵਨ' ਵਿਖੇ ਹੋਈ। ਪਿਛਲੇ ਪ੍ਰੋਗਰਾਮਾਂ ਦਾ ਰੀਵਿਊ ਕਰਨ ਉਪਰੰਤ ਸਰਬਸੰਮਤੀ ਨਾਲ ਫੈਸਲਾ ਲਿਆ ਗਿਆ ਕਿ ਰਹਿੰਦੀਆਂ ਕਿਸਾਨੀ ਮੰਗਾਂ ਨਰਮੇ ਦਾ ਮੁਆਵਜ਼ਾ, ਗੜ੍ਹੇਮਾਰੀ ਪ੍ਰਭਾਵਿਤ ਫਸਲਾਂ ਦੀ ਗਿਰਦਾਵਰੀ, ਮੂੰਗੀ 'ਤੇ ਐੱਮ.ਐੱਸ.ਪੀ. ਲਾਗੂ ਕਰਵਾਉਣ, ਲੰਪੀ ਸਕਿਨ, ਸੋਲਰ ਮੋਟਰਾਂ ਦਾ ਮਸਲਾ, ਬਿਜਲੀ ਸਰਕਟ ਨਾਲ ਫਸਲੀ ਨੁਕਸਾਨ, ਝਖੜ ਤੇ ਰਜਬਾਹਿਆਂ ਦੇ ਓਵਰਲੋਡ ਕਾਰਨ ਘਰੇਲੂ ਤੇ ਫਸਲੀ ਨੁਕਸਾਨ ਦੇ ਮੁਆਵਜ਼ੇ ਸਮੇਤ ਤਮਾਮ ਅਧੂਰੀਆਂ ਮੰਗਾਂ ਲਈ 12 ਜੂਨ ਤੋਂ 16 ਜੂਨ ਤੱਕ ਦਿਨ-ਰਾਤ ਲਗਾਤਾਰ ਡੀ ਸੀ ਦਫਤਰ ਅੱਗੇ ਧਰਨਾ ਦਿੱਤਾ ਜਾਵੇਗਾ ਤੇ ਮੋਰਚੇ ਦੇ ਬੈਨਰ ਹੇਠ ਸਾਰੀਆਂ ਧਿਰਾਂ ਦੇ ਆਗੂ, ਵਰਕਰ ਵੱਡੀ ਗਿਣਤੀ 'ਚ ਧਰਨੇ ਵਿੱਚ ਸ਼ਮੂਲੀਅਤ ਕਰਨਗੇ। ਇਸ ਮੀਟਿੰਗ ਦੀ ਪ੍ਰਧਾਨਗੀ ਜਮਹੂਰੀ ਕਿਸਾਨ ਸਭਾ ਦੇ ਆਗੂ ਮਾਸਟਰ ਛੱਜੂ ਰਾਮ ਰਿਸ਼ੀ ਨੇ ਕੀਤੀ। ਸੰਯੁਕਤ ਮੋਰਚੇ ਅਧੀਨ ਆਉਂਦੀਆ ਧਿਰਾਂ ਦੇ ਪਿਛਲੇ ਦਿਨੀਂ ਵਿੱਛੜ ਚੁੱਕੇ ਸਾਥੀਆਂ ਦੇ ਪਰਿਵਾਰਾਂ ਨਾਲ ਹਮਦਰਦੀ ਜ਼ਾਹਰ ਕਰਦਿਆਂ ਸ਼ੋਕ ਮਤਾ ਵੀ ਪਾਇਆ ਗਿਆ।

ਮੀਟਿੰਗ ਦੌਰਾਨ ਪੰਜਾਬ ਕਿਸਾਨ ਯੂਨੀਅਨ ਦੇ ਆਗੂ ਰਾਮਫਲ ਚੱਕ ਅਲੀਸ਼ੇਰ, ਨਰਿੰਦਰ ਕੌਰ ਬੁਰਜ ਹਮੀਰਾ, ਕੁੱਲ ਹਿੰਦ ਕਿਸਾਨ ਸਭਾ (ਅਜੈ ਭਵਨ) ਦੇ ਆਗੂ ਰੂਪ ਸਿੰਘ ਢਿੱਲੋਂ, ਮਲਕੀਤ ਸਿੰਘ ਮੰਦਰਾਂ, ਲੱਖੋਵਾਲ ਦੇ ਆਗੂ ਲਾਭ ਸਿੰਘ ਬਰਨਾਲਾ, ਬੀ ਕੇ ਯੂ ਡਕੌਂਦਾ (ਧਨੇਰ) ਦੇ ਆਗੂ ਬਲਵਿੰਦਰ ਸ਼ਰਮਾ, ਕੁਲਵੰਤ ਸਿੰਘ ਕਿਸ਼ਨਗੜ੍ਹ, ਮਾਲਵਾ ਦੇ ਆਗੂ ਮਲੂਕ ਸਿੰਘ ਹੀਰਕੇ, ਇਕਬਾਲ ਸਿੰਘ ਹੀਰਕੇ, ਕਾਦੀਆਂ ਦੇ ਆਗੂ ਪਰਮਜੀਤ ਸਿੰਘ ਗਾਗੋਵਾਲ, ਮਲਕੀਤ ਸਿੰਘ ਗਾਗੋਵਾਲ, ਬੀ ਕੇ ਯੂ ਡਕੌਂਦਾ (ਬੁਰਜ ਗਿੱਲ) ਦੇ ਆਗੂ ਇਕਬਾਲ ਸਿੰਘ ਮਾਨਸਾ, ਕਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਭਜਨ ਸਿੰਘ ਘੁੰਮਣ, ਜਮਹੂਰੀ ਕਿਸਾਨ ਸਭਾ ਦੇ ਆਗੂ ਮੇਜਰ ਸਿੰਘ ਦੂਲੋਵਾਲ, ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਆਗੂ ਡਾਕਟਰ ਧੰਨਾ ਮੱਲ ਗੋਇਲ, ਸੱਤਪਾਲ ਰਿਸ਼ੀ ਤੋਂ ਇਲਾਵਾ ਸੰਯੁਕਤ ਮੋਰਚੇ ਦੇ ਆਗੂ ਗੁਰਜੰਟ ਸਿੰਘ ਮਾਨਸਾ, ਕਰਤਾਰ ਸਿੰਘ ਵਰਨ, ਸੁਖਚਰਨ ਦਾਨੇਵਾਲੀਆ ਤੇ ਨਾਜਰ ਸਿੰਘ ਹਾਜ਼ਰ ਸਨ।

## ਕਾਤਰਾਂ

### ਸਰਵਹਿੱਤਕਾਰੀ ਵਿੱਦਿਆ ਮੰਦਰ 'ਚ ਸਮਰ ਕੈਂਪ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਸਰਵਹਿੱਤਕਾਰੀ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਮਰ ਕੈਂਪ ਲਗਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਵੱਖ ਵੱਖ ਤਰ੍ਹਾਂ ਦੀਆਂ ਐਕਟੀਵਿਟੀਆ ਜਿਵੇਂ ਭੰਗੜਾ, ਕਲਾਸੀਕਲ ਡਾਂਸ (ਕਥਕ), ਸਿਲਾਈ-ਕਢਾਈ, ਕੁਕਿੰਗ, ਆਰਟ ਐਂਡ ਕਰਾਫਟ, ਯੋਗਾ, ਵੇਸਟ ਮਟੀਰੀਅਲ ਤੋਂ ਤਿਆਰ ਨਵੀਆਂ ਵਸਤਾਂ, ਖੇਡਾਂ, ਮਹਿੰਦੀ, ਚਾਰਟ ਤੇ ਮਾਡਲ ਬਣਾਉਣ 'ਚ ਭਾਗ ਲਿਆ। ਵਿਦਿਆਰਥੀਆਂ ਨੂੰ ਸਕੂਲ ਵੱਲੋਂ ਰੋਜ਼ਾਨਾ ਰਿਫਰੈਸ਼ਮੈਂਟ ਦਿੱਤੀ ਗਈ। ਕੈਂਪ ਦੇ ਅੰਤਿਮ ਦਿਨ ਸਕੂਲ ਵਿੱਚ ਪ੍ਰੋਗਰਾਮ ਰੱਖਿਆ ਗਿਆ, ਜਿਸ 'ਚ ਵਿਦਿਆਰਥੀਆਂ ਵੱਲੋਂ ਸਿਖਾਇਆ ਭੰਗੜਾ, ਕਥਕ ਤੇ ਡਾਂਸ ਪੇਸ਼ ਕੀਤਾ ਗਿਆ ਹੈ। ਸਕੂਲ ਦੇ ਪ੍ਰਧਾਨ ਅਸ਼ੋਕ ਕਮਰਾ, ਮੈਨੇਜਰ ਡਾਕਟਰ ਅਜੈ ਛਾਬੜਾ, ਪ੍ਰਿੰਸੀਪਲ ਬਿੰਦਰਪਾਲ ਕੌਰ ਤੇ ਸਮੂਹ ਸਟਾਫ ਮੌਕੇ 'ਤੇ ਸ਼ਾਮਲ ਸੀ। ਸਕੂਲ ਮੈਨੇਜਮੈਂਟ ਵੱਲੋਂ ਭੰਗੜੇ ਦੇ ਕੋਚ ਗੁਰਪ੍ਰੀਤ ਸਿੰਘ ਤੇ ਸਹਿਯੋਗੀ ਕਰਨਵੀਰ ਸਿੰਘ ਅਤੇ ਕਥਕ ਦੇ ਅਧਿਆਪਕ ਮਿਸ ਸ਼ੁਸ਼ੀਲਾ ਨੂੰ ਸਨਮਾਨਤ ਕੀਤਾ ਗਿਆ।

### ਨੌਜਵਾਨ ਵੱਲੋਂ ਮਾਨਸਿਕ ਪ੍ਰੇਸ਼ਾਨੀ ਕਾਰਨ ਖੁਦਕੁਸ਼ੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪਿੰਡ ਮਹਿਲ ਖੁਰਦ ਵਿਖੇ ਇੱਕ ਨੌਜਵਾਨ ਵੱਲੋਂ ਮਾਨਸਿਕ ਪ੍ਰੇਸ਼ਾਨੀ ਦੇ ਕਾਰਨ ਖੁਦਕੁਸ਼ੀ ਕਰਨ ਦਾ ਪਤਾ ਲੱਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਮਹਿਲ ਖੁਰਦ ਨਾਲ ਸਬੰਧਤ ਨੌਜਵਾਨ ਸੰਦੀਪ ਸਿੰਘ ਉਰਫ ਸਨੀ ਪੁੱਤਰ ਸਵ: ਭਰਪੂਰ ਸਿੰਘ ਵਾਸੀ ਮਹਿਲ ਖੁਰਦ ਨੂੰ ਅਦਾਲਤ ਵੱਲੋਂ 2017 'ਚ ਬਠਿੰਡਾ ਵਿਖੇ ਹੋਏ ਸੜਕ ਹਾਦਸੇ ਦੇ ਮੁਕੱਦਮੇ 'ਚ ਲਗਭਗ 35 ਲੱਖ ਰੁਪਏ ਦੇ ਕਰੀਬ ਹਰਜ਼ਾਨਾ ਪਾ ਦਿੱਤਾ ਗਿਆ ਸੀ, ਜਿਸ ਤੋਂ ਬਾਅਦ ਉਹ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਰਹਿਣ ਲੱਗਾ। ਇਸ ਮਾਨਸਿਕ ਪ੍ਰੇਸ਼ਾਨੀ ਦੇ ਚਲਦਿਆਂ ਬੀਤੀ ਰਾਤ ਉਸ ਨੇ ਕਮਰੇ ਦੇ ਗੇਟ 'ਚ ਲੱਗੇ ਸ਼ੀਸ਼ੇ 'ਚ ਜ਼ੋਰ ਨਾਲ ਮੁੱਕਾ ਮਾਰਿਆਂ ਤਾਂ ਸ਼ੀਸ਼ਾ ਵੱਜਣ ਕਾਰਨ ਉਸ ਦੀ ਬਾਂਹ ਖੂਨ ਨਾਲ ਲਥਪਥ ਹੋ ਗਈ। ਉਹ ਬੇਹੋਸ਼ ਹੋ ਕੇ ਹੇਠਾਂ ਡਿੱਗ ਪਿਆ। ਇਸ ਸਬੰਧੀ ਪਤਾ ਲਗਦਿਆਂ ਹੀ ਪਰਿਵਾਰਕ ਮੈਂਬਰਾਂ ਵੱਲੋਂ ਉਸ ਨੂੰ ਇਲਾਜ ਲਈ ਬਰਨਾਲਾ ਦੇ ਇੱਕ ਪ੍ਰਾਈਵੇਟ ਹਸਪਤਾਲ 'ਚ ਭਰਤੀ ਕਰਵਾਇਆ ਗਿਆ, ਜਿੱਥੋਂ ਡਾਕਟਰਾਂ ਨੇ ਉਸ ਦੀ ਗੰਭੀਰ ਹਾਲਤ ਨੂੰ ਦੇਖਦਿਆਂ ਲੁਧਿਆਣਾ ਰੈਫਰ ਕਰ ਦਿੱਤਾ। ਡੀ.ਐੱਮ.ਸੀ. ਲੁਧਿਆਣਾ ਪਹੁੰਚਣ 'ਤੇ ਡਾਕਟਰਾਂ ਨੇ ਸੰਦੀਪ ਸਿੰਘ ਨੂੰ ਮ੍ਰਿਤਕ ਐਲਾਨ ਦਿੱਤਾ। ਜਾਣਕਾਰੀ ਅਨੁਸਾਰ ਸਰੀਰ 'ਚੋਂ ਜ਼ਿਆਦਾ ਖੂਨ ਵਹਿ ਜਾਣ ਕਾਰਨ ਨੌਜਵਾਨ ਨੂੰ ਬਚਾਇਆ ਨਹੀਂ ਜਾ ਸਕਿਆ। ਮਹਿਲ ਕਲਾਂ ਪੁਲਸ ਵੱਲੋਂ ਇਸ ਮਾਮਲੇ 'ਚ ਮ੍ਰਿਤਕ ਦੇ ਵਾਰਸਾਂ ਦੇ ਬਿਆਨ ਦਰਜ ਕਰ ਲਏ ਹਨ। ਮ੍ਰਿਤਕ ਸੰਦੀਪ ਸਿੰਘ ਸਨੀ ਦਾ ਅੰਤਿਮ ਸੰਸਕਾਰ ਉਸ ਦੇ ਭਰਾ ਮਨਦੀਪ ਸਿੰਘ ਨੋਨੀ ਹੈਰੀ ਦੇ ਕੈਨੇਡਾ ਤੋਂ ਆਉਣ ਉਪਰੰਤ ਕੀਤਾ ਜਾਵੇਗਾ।

### ਪ੍ਰੀਖਿਆ ਕੇਂਦਰਾਂ ਨੇੜੇ ਧਾਰਾ 144 ਲਾਗੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਮੈਜਿਸਟਰੇਟ ਫਿਰੋਜ਼ਪੁਰ ਰਾਜੇਸ਼ ਧੀਮਾਨ ਨੇ ਫੌਜਦਾਰੀ ਜਾਬਤਾ, ਸੰਘਤਾ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹੇ ਅੰਦਰ ਮੈਰੀਟੋਰੀਅਸ ਸਕੂਲਾਂ ਵਿੱਚ 9ਵੀਂ ਤੇ 11ਵੀਂ ਕਲਾਸ ਲਈ ਦਾਖਲਾ ਪ੍ਰਵੇਸ਼ ਪ੍ਰੀਖਿਆ ਲਈ ਬਣਾਏ ਗਏ ਕੇਂਦਰਾਂ ਦੇ ਆਲੇ-ਦੁਆਲੇ 11 ਜੂਨ 2023 ਨੂੰ ਦਫਾ 144 ਸੀਆਰਪੀਸੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ।ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਇਨ੍ਹਾਂ ਹੁਕਮਾਂ ਅਨੁਸਾਰ ਜ਼ਿਲ੍ਹੇ ਵਿੱਚ ਬਣਾਏ ਗਏ ਪ੍ਰੀਖਿਆ ਕੇਂਦਰਾਂ ਦੇ ਆਲੇ-ਦੁਆਲੇ ਦਫ਼ਾ 144 ਸੀਆਰਪੀਸੀ ਲਗਾਈ ਗਈ ਹੈ।ਉਨ੍ਹਾਂ ਜਾਰੀ ਹੁਕਮਾਂ ਵਿਚ ਦੱਸਿਆ ਕਿ ਇਹ ਪ੍ਰੀਖਿਆ ਐੱਮ ਐੱਲ ਐੱਮ ਸੀਨੀਅਰ ਸੈਕੰਡਰੀ ਸਕੂਲ ਨੇੜੇ ਬੱਸ ਸਟੈਂਡ ਫਿਰੋਜ਼ਪੁਰ ਛਾਉਣੀ ਤੇ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਫਿਰੋਜ਼ਪੁਰ ਸ਼ਹਿਰ ਵਿਖੇ ਕਰਵਾਈ ਜਾਵੇਗੀ।ਇਹ ਹੁਕਮ ਇਨ੍ਹਾਂ ਪ੍ਰੀਖਿਆ ਕੇਂਦਰਾਂ 'ਤੇ ਡਿਊਟੀ ਦੇ ਰਹੇ ਮੁਲਾਜ਼ਮਾਂ 'ਤੇ ਲਾਗੂ ਨਹੀਂ ਹੋਣਗੇ।

### 12 ਨੂੰ ਪਾਲੀਵਾਲਾ, ਢਾਣੀ ਰੇਸ਼ਮ ਸਿੰਘ ਤੇ ਰੋੜਾ ਵਾਲਾ 'ਚ ਜਨਤਕ ਕੈਂਪ ਲਗਾਏ ਜਾਣਗੇ : ਐੱਸ ਡੀ ਐੱਮ ਅਰੋੜਾ

**ਜਲਾਲਾਬਾਦ (ਜੀਤ ਕੁਮਾਰ)**-ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਲੋਕਾਂ ਦੀਆਂ ਮੁਸ਼ਕਲਾਂ ਦਾ ਨਿਬੇੜਾ ਕਰਨ ਦੇ ਉਦੇਸ਼ ਨਾਲ ਉਨ੍ਹਾਂ ਦੇ ਘਰਾਂ ਨੇੜੇ ਕੈਂਪ ਲਗਾਏ ਜਾ ਰਹੇ ਹਨ। ਜਾਣਕਾਰੀ ਦਿੰਦਿਆਂ ਉਪ ਮੰਡਲ ਮੈਜਿਸਟਰੇਟ ਜਲਾਲਾਬਾਦ ਰਵਿੰਦਰ ਸਿੰਘ ਅਰੋੜਾ ਨੇ ਦੱਸਿਆ ਕਿ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ 12 ਜੂਨ ਨੂੰ ਪਿੰਡ ਪਾਲੀ ਵਾਲਾ, ਢਾਣੀ ਰੇਸ਼ਮ ਸਿੰਘ, ਚੱਕ ਪਾਲੀ ਵਾਲਾ (ਮੋਹਲਾਂ) 'ਚ ਸਵੇਰੇ 11:30 ਵਜੇ ਅਤੇ ਮੰਡੀ ਅਮੀਨ ਗੰਜ (ਰੋੜਾਂ ਵਾਲੀ) ਵਿਖੇ ਦੁਪਹਿਰ 2 ਵਜੇ ਜਨਤਕ ਕੈਂਪ ਲਗਾਏ ਜਾਣਗੇ। ਇਨ੍ਹਾਂ ਕੈਂਪਾਂ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ ਜਾਣਗੀਆਂ ਅਤੇ ਮੌਕੇ 'ਤੇ ਹੱਲ ਹੋਣ ਵਾਲੀਆਂ ਸਮੱਸਿਆਵਾਂ ਦਾ ਮੌਕੇ ਤੇ ਹੀ ਨਿਪਟਾਰਾ ਕੀਤਾ ਜਾਵੇਗਾ ਅਤੇ ਬਾਕੀ ਸਮੱਸਿਆਵਾਂ ਸੰਬੰਧੀ ਸੰਬੰਧਤ ਅਧਿਕਾਰੀਆਂ ਨੂੰ ਲੋੜੀਦੇ ਆਦੇਸ਼ ਜਾਰੀ ਕੀਤੇ ਜਾਣਗੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਤੈਅ ਮਿਤੀ ਅਤੇ ਸਮੇਂ ਦੌਰਾਨ ਪਿੰਡਾਂ ਵਿਚ ਲਗਾਏ ਜਾ ਰਹੇ ਕੈਂਪਾਂ ਵਿੱਚ ਪਹੁੰਚ ਕੇ ਆਪਣੀਆਂ ਸਮੱਸਿਆਵਾਂ ਦਾ ਨਿਪਟਾਰਾ ਕਰਵਾਇਆ ਜਾਵੇ।

### ਬਾਰਡਰ ਏਰੀਏ 'ਚ ਡਰੋਨ ਉਡਾਉਣ 'ਤੇ ਪਾਬੰਦੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਮੈਜਿਸਟ੍ਰੇਟ ਫਿਰੋਜ਼ਪੁਰ ਰਾਜੇਸ਼ ਧੀਮਾਨ ਨੇ ਦਫਾ 144 ਸੀਆਰਪੀਸੀ 1973 ਦੇ ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਫਿਰੋਜ਼ਪੁਰ ਦੇ ਅੰਤਰਰਾਸ਼ਟਰੀ ਬਾਰਡਰ ਤੋਂ 25 ਕਿਲੋਮੀਟਰ ਦੇ ਘੇਰੇ ਵਿੱਚ ਵੱਖ ਵੱਖ ਸਥਾਨਾਂ ਤੇ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਡਰੋਨ ਦੀ ਵਰਤੋਂ 'ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ।ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਜ਼ਿਲ੍ਹਾ ਫਿਰੋਜ਼ਪੁਰ ਵਿਖੇ ਵਿਦੇਸ਼ਾਂ ਦੀ ਧਰਤੀ ਤੋਂ ਪੰਜਾਬ (ਭਾਰਤ) ਵਿੱਚ ਡਰੋਨ ਦੀ ਵਰਤੋਂ ਕਰਕੇ ਕਿਸੇ ਅਣ-ਸੁਖਾਵੀਂ ਘਟਨਾ ਨੂੰ ਅੰਜਾਮ ਦਿੱਤਾ ਜਾ ਸਕਦਾ ਹੈ, ਜਿਸ ਕਰਕੇ ਸੁਰੱਖਿਆ ਦੇ ਮੱਦੇਨਜ਼ਰ ਡਰੋਨ ਦੀ ਵਰਤੋਂ 'ਤੇ ਪਾਬੰਦੀ ਲਗਾਉਣੀ ਜ਼ਰੂਰੀ ਹੈ।ਇਹ ਹੁਕਮ ਜਾਰੀ ਹੋਣ ਦੀ ਮਿਤੀ ਤੋਂ ਦੋ ਮਹੀਨੇ ਤੱਕ ਲਾਗੂ ਰਹੇਗਾ।

## ਮਜ਼ਦੂਰ ਪਰਵਾਰਾਂ ਦੇ ਰਾਸ਼ਨ ਕਾਰਡ ਕੱਟਣ ਵਿਰੁੱਧ ਰੋਸ ਪ੍ਰਦਰਸ਼ਨ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**

ਮਜ਼ਦੂਰ ਪਰਿਵਾਰਾਂ ਦੇ ਰਾਸ਼ਨ ਕਾਰਡ ਕੱਟੇ ਜਾਣ ਵਿਰੁੱਧ ਪਿੰਡ ਇਕਾਈ ਜੱਸੇਆਣਾ ਵੱਲੋਂ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ।

ਇਸ ਸਮੇਂ ਇਕੱਠ ਨੂੰ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਸੰਯੁਕਤ ਸਕੱਤਰ ਜਗਜੀਤ ਸਿੰਘ ਜੱਸੇਆਣਾ ਤੇ ਇਕਾਈ ਪ੍ਰਧਾਨ ਜਸਪ੍ਰੀਤ ਕੌਰ ਜੱਸੇਆਣਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਜ਼ਦੂਰਾਂ ਦੇ ਕੱਟੇ ਕਾਰਡ ਬਹਾਲ ਕੀਤੇ ਜਾਣ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਗਰੀਬਾਂ ਪ੍ਰਤੀ ਲਗਾਤਾਰ ਵਿਰੋਧੀ ਰਵੱਈਆ ਅਪਣਾਇਆ ਹੋਇਆ ਹੈ ਅਤੇ ਇਨ੍ਹਾਂ ਮਜ਼ਦੂਰ ਵਿਰੋਧੀ ਫੈਸਲਿਆਂ ਦੀ ਜ਼ੋਰਦਾਰ ਨਿੰਦਾ ਕੀਤੀ ਗਈ। ਆਗੂਆਂ ਨੇ ਕਿਹਾ ਕਿ ਮੌਜੂਦਾ ਸਰਕਾਰ ਦੇ ਰਾਜ ਵਿੱਚ ਗਰੀਬ ਲੋਕਾਂ 'ਤੇ ਪੁਲਸ ਜਬਰ ਢਾਹਿਆ ਜਾ ਰਿਹਾ ਹੈ ਤੇ ਪੁਲਸ ਜਬਰ ਹੱਦਾਂ ਬੰਨੇ ਟੱਪ ਗਿਆ ਹੈ, ਜੋ ਪਿਛਲੀਆਂ ਰਹਿ ਚੁੱਕੀਆਂ ਸਰਕਾਰਾਂ ਨੂੰ ਵੀ ਮਾਤ ਪਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਜਬਰ ਤਸ਼ੱਦਦ ਦਾ ਜਥੇਬੰਦ ਹੋ ਕੇ ਟਾਕਰਾ ਕੀਤਾ ਜਾਵੇਗਾ ਤੇ ਪਿੰਡ ਜੱਸੇਆਣਾ ਤੇ ਕਾਨਿਆਂ ਵਾਲੀ ਪੁਲਸ ਤਸ਼ੱਦਦ ਕਾਂਡ ਵਿਰੁੱਧ ਲਗਾਤਾਰ ਰੋਸ ਜਾਰੀ ਰਹੇਗਾ ਅਤੇ ਮਜ਼ਦੂਰਾਂ ਸਿਰ ਝੂਠੇ ਪਰਚੇ ਰੱਦ ਕਰਵਾਉਣ ਤੱਕ ਸੰਘਰਸ਼ ਜਾਰੀ ਰਹੇਗਾ ਅਤੇ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਨੂੰ ਹੋਰ ਮਜ਼ਬੂਤ ਕਰਦਿਆਂ ਸਾਂਝੇ ਘੋਲਾਂ ਨੂੰ ਵਿਸ਼ਾਲ ਰੂਪ 'ਚ ਮਘਾਇਆ ਜਾਵੇਗਾ।

## ਬਾਸਮਤੀ ਦੀ ਫ਼ਸਲ ਨੂੰ ਉਤਸ਼ਾਹਤ ਕਰਨ ਲਈ ਕਿਸਾਨ ਸਿਖਲਾਈ ਕੈਂਪ

**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**

ਪੰਜਾਬ ਸਰਕਾਰ ਦੀਆਂ ਖੇਤੀਬਾੜੀ ਵਿਭਾਗ ਦੀਆਂ ਚੱਲ ਰਹੀਆਂ ਸਕੀਮਾਂ ਦੇ ਪ੍ਰਚਾਰ ਲਈ ਮੁੱਖ ਖੇਤੀਬਾੜੀ ਅਫ਼ਸਰ ਡਾ. ਤੇਜਪਾਲ ਸਿੰਘ ਦੀ ਰਹਿਨੁਮਾਈ ਤੇ ਬਲਾਕ ਖੇਤੀਬਾੜੀ ਅਫ਼ਸਰ ਡਾ. ਜਸਵਿੰਦਰ ਸਿੰਘ ਦੀ ਯੋਗ ਅਗਵਾਈ ਵਿੱਚ ਪਿੰਡ ਛਾਂਗਾ ਰਾਏ ਉਤਾੜ ਵਿਖੇ ਬਲਾਕ ਪੱਧਰ ਦਾ ਕਿਸਾਨ ਸਿਖਲਾਈ ਕੈਂਪ ਲਾਇਆ ਗਿਆ। ਡਾ. ਤੇਜਪਾਲ ਸਿੰਘ ਨੇ ਕੈਂਪ ਵਿੱਚ ਹਾਜ਼ਰ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਿਸਾਨਾਂ ਨੂੰ ਪੰਜਾਬ ਸਰਕਾਰ ਦੀਆਂ ਨਵੀਆਂ ਸਕੀਮਾਂ ਜਿਵੇਂ 'ਪਾਣੀ ਬਚਾਓ, ਪੈਸੇ ਕਮਾਓ' ਤੇ 'ਬਾਸਮਤੀ ਲਗਾਓ, ਪਾਣੀ ਬਚਾਓ, ਵੱਧ ਮੁਨਾਫ਼ਾ ਕਮਾਓ' ਅਪਣਾ ਕੇ ਧਰਤੀ ਹੇਠਲੇ ਪਾਣੀ ਦੀ ਬੱਚਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਸਾਨਾਂ ਨੂੰ ਬਾਸਮਤੀ ਦੀ ਫ਼ਸਲ 'ਤੇ ਪਬੰਦੀਸ਼ੁਦਾ ਦਵਾਈਆਂ ਨੂੰ ਨਾ ਵਰਤਣ ਦੀ ਅਪੀਲ ਵੀ ਕੀਤੀ। ਕੈਂਪ ਦੌਰਾਨ ਹਾਜ਼ਰ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਡਾ. ਅਮਨਦੀਪ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ ਨੇ ਕਿਸਾਨਾਂ ਨੂੰ ਬਾਸਮਤੀ ਦੀਆਂ ਨਵੀਆਂ ਕਿਸਮਾਂ, ਹਰੀ ਖਾਦ ਦੇ ਉਪਯੋਗ ਤੋਂ ਇਲਾਵਾ ਕਣਕ ਦੇ ਨਾੜ ਨੂੰ ਸਾੜਨ ਨਾਲ ਹੋਣ ਵਾਲੇ ਦੁਸ਼ਪ੍ਰਭਾਵਾਂ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਕਿਸਾਨਾਂ ਨੂੰ ਬਾਸਮਤੀ ਤੋਂ ਪਹਿਲਾਂ ਤੀਜੀ ਫ਼ਸਲ ਜਿਵੇਂ ਮੂੰਗੀ ਜਾਂ ਮੱਕੀ ਦੀ ਕਾਸ਼ਤ ਕਰਨ ਦੀ ਅਪੀਲ ਕੀਤੀ। ਇਸ ਮੌਕੇ ਖੇਤੀਬਾੜੀ ਸੁਪਰਵਾਈਜ਼ਰ ਗੁਰਮੀਤ ਸਿੰਘ ਨੇ ਕਿਸਾਨਾਂ ਨੂੰ ਬਾਸਮਤੀ ਦੀ ਫ਼ਸਲ ਲਈ ਸੁਚੱਜੇ ਢੰਗ ਦੱਸਦੇ ਹੋਏ ਪੰਜਾਬ ਸਰਕਾਰ ਦੁਆਰਾ ਬੈਨ ਕੀਤੀਆਂ ਪੈਸਟੀਸਾਈਡ ਦਵਾਈਆਂ ਦੀ ਵਰਤੋਂ ਨਾ ਕਰਨ ਤੇ ਜ਼ਹਿਰ ਮੁਕਤ ਬਾਸਮਤੀ ਪੈਦਾ ਕਰਕੇ ਵਿਦੇਸ਼ਾਂ ਵਿੱਚ ਬਾਸਮਤੀ ਦੀ ਮੰਗ ਨਾਲ ਵੱਧ ਮੁਨਾਫ਼ਾ ਕਮਾਉਣ ਦੀ ਅਪੀਲ ਕੀਤੀ। ਕੈਂਪ ਦੌਰਾਨ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਵੱਲੋਂ ਪਿੰਡ ਦੇ ਕਿਸਾਨਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਅਤੇ ਇਨ੍ਹਾਂ ਦੇ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ। ਉਨ੍ਹਾਂ ਵੱਲੋਂ ਕਿਸਾਨਾਂ ਨੂੰ ਖੇਤੀਬਾੜੀ ਮਹਿਕਮੇ ਨਾਲ ਜੁੜ ਕੇ ਸਰਕਾਰੀ ਸਕੀਮਾਂ ਦਾ ਵੱਧ ਤੋਂ ਵੱਧ ਲਾਹਾ ਲੈਣ ਦੀ ਅਪੀਲ ਕੀਤੀ। ਇਸ ਮੌਕੇ ਖੇਤੀਬਾੜੀ ਉਪ ਨਿਰੀਖਕ ਜਰਮਨਜੀਤ ਸਿੰਘ ਨੇ ਕਿਸਾਨਾਂ ਖੇਤੀਬਾੜੀ ਉਪ ਨਿਰੀਖਕ ਜਰਮਨਜੀਤ ਸਿੰਘ ਨੇ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਅਪਨਾ ਕੇ ਸਰਕਾਰ ਵੱਲੋਂ 1500 ਰੁਪਏ ਪ੍ਰਤੀ ਕਿੱਲੇ ਦੇ ਹਿਸਾਬ ਨਾਲ ਦਿੱਤੀ ਜਾਣ ਵਾਲੀ ਵਿੱਤੀ ਸਹਾਇਤਾ ਦਾ ਲਾਹਾ ਲੈਣ ਲਈ ਪ੍ਰੇਰਤ ਕੀਤਾ। ਉਨ੍ਹਾਂ ਮਿੱਟੀ ਤੇ ਪਾਣੀ ਦੀ ਜਾਂਚ ਪੜਤਾਲ ਸਬੰਧੀ ਵੀ ਪ੍ਰੇਰਿਤ ਕੀਤਾ। ਉਨ੍ਹਾਂ ਕਿਸਾਨਾਂ ਨੂੰ ਬੀਜ ਦੀ ਸੋਧ ਕਰਨ ਉਪਰੰਤ ਹੀ ਪਨੀਰੀ ਦੀ ਬਿਜਾਈ ਕਰਨ ਬਾਰੇ ਦੱਸਿਆ ਤੇ ਕਿਸਾਨਾਂ ਨੂੰ ਵਿਭਾਗ ਵਿੱਚ ਚੱਲ ਰਹੀਆਂ ਗਤੀਵਿਧੀਆਂ ਜਿਵੇਂ ਪੀ.ਐਮ. ਕਿਸਾਨ ਦੇ ਖਾਤੇ ਚਲਾਉਣ ਸਬੰਧੀ ਤੇ ਸਬਸਿਡੀ ਬਾਰੇ ਵੀ ਜਾਣਕਾਰੀ ਦਿੱਤੀ।

## ਜਸਕੀਰਤ ਸਿੰਘ ਨੂੰ ਵਧੀਆ ਅੰਕ ਲੈਣ 'ਤੇ ਕੀਤਾ ਸਨਮਾਨਤ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਫ਼ਤਿਹ ਗਰੁੱਪ ਆਫ ਇੰਸਟੀਚਿਊਸ਼ਨਜ ਦਸਵੀਂ ਤੇ ਬਾਰ੍ਹਵੀਂ ਦੀਆਂ ਕਲਾਸਾਂ 'ਚੋਂ ਮੈਰਿਟ ਵਿੱਚ ਆਏ ਵਿਦਿਆਰਥੀਆਂ ਨੂੰ ਹੱਲਾਸ਼ੇਰੀ ਦੇਣ ਲਈ ਸਨਮਾਨਤ ਕੀਤਾ ਗਿਆ। ਕਾਲਜ ਦੇ ਵਿਹੜੇ ਵਿੱਚ ਰੱਖੇ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਕਲਾਸਾਂ ਭਾਵੇਂ ਉਹ ਪੰਜਾਬ ਸਕੂਲ ਸਿੱਖਿਆ ਬੋਰਡ ਹੋਵੇ ਜਾਂ ਸੀ.ਬੀ.ਐਸ.ਈ 'ਚੋਂ ਮੈਰਿਟ 'ਚ ਆਏ ਵਿਦਿਆਰਥੀਆਂ ਨੂੰ ਪੜ੍ਹਾਈ 'ਚ ਮੱਲਾਂ ਮਾਰਨ ਕਰਕੇ ਸਨਮਾਨ ਸਮਾਰੋਹ ਆਯੋਜਤ ਕੀਤਾ ਗਿਆ। ਜਸਕੀਰਤ ਸਿੰਘ ਢਿੱਲੋਂ ਪੁੱਤਰ ਸ਼ਿੰਗਾਰਾ ਸਿੰਘ ਵਾਸੀ ਰਾਮਪੁਰਾ ਫੂਲ ਜੋ ਸ਼ਿਵਾਲਿਕ ਹਿੱਲਜ਼ ਸੀਨੀਅਰ ਸੈਕੰਡਰੀ ਸਕੂਲ ਦਾ ਵਿਦਿਆਰਥੀ ਹੈ, ਨੇ 80 ਪ੍ਰਤੀਸ਼ਤ ਅੰਕ ਹਾਸਲ ਕਰਕੇ ਮੈਰਿਟ ਲਿਸਟ 'ਚ ਸਥਾਨ ਬਣਾਇਆ ਹੈ। ਜਸਕੀਰਤ ਦੀ ਇਸ ਉਪਲਬਧੀ ਕਾਰਨ ਫ਼ਤਿਹ ਗਰੁੱਪ ਨੇ ਉਸ ਨੂੰ ਸਨਮਾਨਤ ਕੀਤਾ ਹੈ। ਇਸ ਤੋਂ ਇਲਾਵਾ ਅਮਰਿੰਦਰ ਸਿੰਘ, ਜਸ਼ਨਜੋਤ ਭੁੱਲਰ, ਸੁਖਮਨ ਸਿੰਘ, ਅਕਾਸ਼ਦੀਪ ਸਿੰਘ, ਗਗਨਦੀਪ ਢਿੱਲੋਂ, ਮਨਜੋਤ ਕੌਰ, ਹਰਮਨਦੀਪ ਕੌਰ, ਜਸਮਨ ਸਿੰਘ, ਅਰਮਾਨਦੀਪ ਸਿੰਘ ਨੇ ਮੈਰਿਟ 'ਚ ਜਗ੍ਹਾ ਬਣਾਈ ਹੈ, ਨੂੰ ਵੀ ਸਨਮਾਨਤ ਕੀਤਾ। ਕਾਲਜ ਦੇ ਐਮ.ਡੀ ਸੁਖਮੰਦਰ ਸਿੰਘ ਚੱਠਾ ਨੇ ਕਿਹਾ ਕਿ ਸਾਡਾ ਟੀਚਾ ਹੈ ਕਿ ਇਲਾਕੇ ਦੇ ਵਿਦਿਆਰਥੀਆਂ ਨੂੰ ਉੱਚ ਵਿੱਦਿਆ ਹਾਸਲ ਕਰਵਾਈ ਜਾ ਸਕੇ ਤਾਂ ਜੋ ਸਮਾਜ ਅੰਦਰ ਅਗਿਆਨਤਾ ਦਾ ਹਨੇਰਾ ਨਾ ਰਹੇ। ਇਸ ਮੌਕੇ ਆਪ ਆਗੂ ਰੌਬੀ ਬਰਾੜ, ਸ਼ੇਰ ਬਹਾਦਰ ਸਿੰਘ ਧਾਲੀਵਾਲ, ਇੰਦਰਜੀਤ ਬਾਵਾ, ਗੁਰਜੀਤ ਭੂੰਦੜ ਤੇ ਮਨੋਜ ਕੁਮਾਰ ਹਾਜ਼ਰ ਸਨ।

### ਮੋਟਰ ਚੋਰੀ ਕਰਨ ਦੇ ਦੋਸ਼ 'ਚ ਦੋ ਵਿਅਕਤੀ ਗ੍ਰਿਫਤਾਰ

**ਮਲੋਟ (ਗੁਰਮੀਤ ਸਿੰਘ ਮੱਕੜ)**-ਥਾਣਾ ਕਬਰਵਾਲਾ ਪੁਲਸ ਨੇ ਖੇਤ 'ਚ ਮੋਟਰ ਚੋਰੀ ਕਰਨ ਦੇ ਦੋਸ਼ ਹੇਠ ਦੋ ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਪੁਲਸ ਨੂੰ ਦਿੱਤੇ ਆਪਣੇ ਬਿਆਨਾਂ ਵਿਚ ਜਸਵੰਤ ਸਿੰਘ ਵਾਸੀ ਰਾਣੀਵਾਲਾ ਨੇ ਦੱਸਿਆ ਕਿ ਉਹ ਖੇਤੀਬਾੜੀ ਦਾ ਕੰਮ ਕਰਦਾ ਹੈ ਅਤੇ ਉਸ ਦੇ ਖੇਤ ਵਿਚ ਪਾਣੀ ਵਾਲੀਆਂ ਦੋ ਮੋਟਰਾਂ ਲੱਗੀਆਂ ਹਨ। ਜਦੋਂ ਉਹ ਮੋਟਰ ਚਲਾਉਣ ਲਈ ਖੇਤ ਵਿਚ ਗਿਆ ਤਾਂ ਉਸ ਦੀ ਮੋਟਰ ਚੋਰੀ ਹੋ ਚੁੱਕੀ ਸੀ। ਉਸ ਨੇ ਦੱਸਿਆ ਕਿ ਉਸ ਵੱਲੋਂ ਆਪਣੇ ਤੌਰ 'ਤੇ ਪੜਤਾਲ ਕਰਨ 'ਤੇ ਪਤਾ ਲੱਗਿਆ ਕਿ ਬਲਪ੍ਰੀਤ ਸਿੰਘ ਅਤੇ ਮਨਪ੍ਰੀਤ ਸਿੰਘ ਵਾਸੀ ਰੱਤਾ ਖੇੜਾ ਛੋਟਾ ਨੇ 7 ਅਤੇ 8 ਜੂਨ ਦੀ ਦਰਮਿਆਨੀ ਰਾਤ ਨੂੰ ਉਸ ਦੇ ਖੇਤ ਵਿਚੋਂ ਮੋਟਰ ਚੋਰੀ ਕੀਤੀ ਹੈ। ਪੁਲਸ ਨੇ ਬਿਆਨਾਂ ਦੇ ਅਧਾਰ 'ਤੇ ਮੁਕੱਦਮਾ ਦਰਜ ਕਰਕੇ ਕਾਰਵਾਈ ਕਰਦੇ ਹੋਏ ਉਕਤ ਵਿਅਕਤੀਆਂ ਨੂੰ ਕਾਬੂ ਕਰ ਲਿਆ ਗਿਆ।

# ਹੁਣ ਲੋੜ ਨਹੀਂ ਮਰ ਚੁੱਕੀਆਂ ਹੱਡੀਆਂ ਚੁੱਕ ਕੇ ਤੀਰਥਾਂ 'ਤੇ ਭੀੜਾਂ ਵਧਾਉਂਦੇ ਫਿਰਨ ਦੀ : ਬਲਰਾਜ ਮੌੜ

**ਪਿਤਾ ਦੀ ਰਾਖ ਨੂੰ ਟੋਏ 'ਚ ਦੱਬ ਕੇ 'ਤੇ ਫਲਦਾਰ ਤੇ ਛਾਂਦਾਰ ਪੌਦਾ ਲਾਇਆ**



**ਤਲਵੰਡੀ ਸਾਬੋ (ਜਗਦੀਪ ਗਿੱਲ)**

ਅੱਜ ਦੇ ਵਿਗਿਆਨਕ ਯੁੱਗ ਵਿੱਚ ਵੀ ਜਿੱਥੇ ਸਾਡੇ ਸਮਾਜ ਵਿੱਚ ਵੇਲਾ ਵਿਹਾ ਚੁੱਕੀਆਂ ਰਸਮਾਂ, ਰੀਤਾਂ ਤੇ ਹੋਰ ਹਰ ਤਰ੍ਹਾਂ ਦਾ ਅੰਧਵਿਸ਼ਵਾਸੀ ਵਰਤਾਰਾ ਅਸੀਂ ਬਿਨਾਂ ਕਿਸੇ ਕਾਰਨ ਜਾਣਿਆ, ਆਪਣੇ ਸਿਰਾਂ 'ਤੇ ਢੋਂਹਦੇ ਆ ਰਹੇ ਹਾਂ, ਉੱਥੇ ਅੱਜ ਅਗਾਂਹਵਧੂ ਸੋਚ ਦੇ ਧਾਰਨੀ ਲੋਕ ਵੀ ਇਨ੍ਹਾਂ ਤੋਂ ਛੁਟਕਾਰਾ ਪਾ ਕੇ ਸਮਾਜ ਵਿੱਚ ਨਵੀਆਂ ਪਿਰਤਾਂ ਪਾ ਰਹੇ ਹਨ।

ਤਰਕਸ਼ੀਲ ਸੁਸਾਇਟੀ ਪੰਜਾਬ ਦੇ ਜ਼ੋਨ ਬਠਿੰਡਾ ਦੇ ਜਥੇਬੰਦਕ ਮੁਖੀ ਬਲਰਾਜ ਮੌੜ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਤਰਕਸ਼ੀਲ ਸੁਸਾਇਟੀ ਦੇ ਹਮਦਰਦ ਤੇ ਸਮਰਥਕ ਸ੍. ਜਰਨੈਲ ਸਿੰਘ ਮੌੜ ਕਮਾਂਡੈਂਟ ਸੰਗਰੂਰ ਨੇ ਆਪਣੇ ਪਿਤਾ ਸ੍. ਬੰਤ ਸਿੰਘ ਦੀ ਮੌਤ ਉਪਰੰਤ ਫੁੱਲ ਚੁਗਣ ਦੀ ਰਸਮ ਨੂੰ ਨਾ ਕਰਦਿਆਂ ਸਾਰੇ ਅੰਗੀਠੇ ਨੂੰ ਇਕੱਠਾ ਕਰਕੇ ਟੋਏ ਵਿੱਚ ਦੱਬ ਕੇ ਉਨ੍ਹਾਂ ਦੀ ਯਾਦ ਵਿੱਚ ਫਲਦਾਰ ਤੇ ਛਾਂਦਾਰ ਬੂਟੇ ਲਾ ਕੇ ਫੁੱਲ ਚੁਗਣ/ਪਾਉਣ ਦੀ ਰਸਮ ਨੂੰ ਤੋੜਿਆ, ਤਾਂ ਜੋ ਵਾਧੂ ਦੇ ਝਮੇਲਿਆਂ ਤੋਂ ਸਮਾਜ ਨੂੰ ਛੁਟਕਾਰਾ ਮਿਲ ਸਕੇ। ਅੱਜ ਜਦ ਡੈਥ ਸਰਟੀਫਿਕੇਟ ਸਾਨੂੰ ਸਾਡੇ ਘਰ ਬੈਠਿਆਂ ਮਿਲ ਜਾਂਦਾ ਹੈ ਤਾਂ ਕੀ ਜ਼ਰੂਰਤ ਹੈ ਕਿ ਅਸੀਂ ਮਚ ਚੁੱਕੀਆਂ ਹੱਡੀਆਂ ਦੀ ਪੋਟਲੀ ਚੁੱਕ ਕੇ ਵੱਖ ਵੱਖ ਤੀਰਥ ਅਸਥਾਨਾਂ 'ਤੇ ਭੀੜਾਂ ਵਧਾਉਂਦੇ ਫਿਰੀਏ। ਅਸੀਂ ਇਸ ਨਾਲ ਸੁਨੇਹਾ ਦੇਣਾ ਚਾਹੁੰਦੇ ਹਾਂ ਕਿ ਆਓ ਸਾਡੇ ਪਾਣੀਆਂ ਨੂੰ ਪਲੀਤ ਹੋਣ ਤੋਂ ਬਚਾਈਏ ਤੇ ਨਾਲ ਹੀ ਦੂਸ਼ਿਤ ਹੁੰਦੇ ਵਾਤਾਵਰਣ ਨੂੰ ਰੁੱਖ ਲਗਾ ਕੇ ਸ਼ੁੱਧ ਕਰੀਏ। ਸ੍. ਬੰਤ ਸਿੰਘ ਨੇ 90 ਸਾਲ ਤੰਦਰੁਸਤ ਤੇ ਨਸ਼ਾ ਮੁਕਤ ਜੀਵਨ ਜੀਵਿਆ। ਉਹ ਬਹੁਤ ਹੀ ਨਿਮਰ ਸੁਭਾਅ ਤੇ ਅਗਾਂਹ ਵਧੂ ਸੋਚ ਦੇ ਧਾਰਨੀ ਸਨ, ਜਿਨ੍ਹਾਂ ਨਿਰੋਲ ਛੋਟੀ ਕਿਸਾਨੀ ਵਿੱਚੋਂ ਉੱਪਰ ਉੱਠ ਕੇ ਆਪਣੇ ਪਰਿਵਾਰ ਨੂੰ ਵਧੀਆ ਸਮਾਜ ਦੇ ਪਾਤਰ ਸਿਰਜਣ ਵਿੱਚ ਕਾਮਯਾਬੀ ਹਾਸਲ ਕੀਤੀ। ਇਸ ਤੋਂ ਇਲਾਵਾ ਇਸ ਪਰਿਵਾਰ ਵੱਲੋਂ ਬਾਪੂ ਬੰਤ ਸਿੰਘ ਦੀ ਯਾਦ ਵਿੱਚ 90 ਫਲਦਾਰ ਤੇ ਛਾਂਦਾਰ ਬੂਟੇ ਲਾਉਣ ਦਾ ਫੈਸਲਾ ਕੀਤਾ, ਜੋ ਵੱਖ ਵੱਖ ਥਾਂਵਾਂ 'ਤੇ ਲਗਾਏ ਜਾਣਗੇ।

## ਗੁਰਮਤਿ ਸਿਖਲਾਈ ਕੈਂਪ ਲਾਇਆ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**-ਗਰਮੀ ਦੀਆਂ ਛੁੱਟੀਆਂ ਨੂੰ ਮੁੱਖ ਰੱਖਦੇ ਹੋਏ ਸਕੱਤਰ ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਹਲਕਾ ਮਮਦੋਟ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਮੈਂਬਰ ਜਥੇਦਾਰ ਪ੍ਰੀਤਮ ਸਿੰਘ ਜੀ ਮਲਸੀਹਾਂ ਦੇ ਸਹਿਯੋਗ ਨਾਲ ਪਿੰਡ ਮੋਹਨ ਕੇ ਹਿਠਾੜ ਬੱਚਿਆਂ ਦਾ ਗੁਰਮਤਿ ਸਿਖਲਾਈ ਕੈਂਪ ਲਾਇਆ ਗਿਆ, ਜਿਸ ਵਿੱਚ ਬੜੇ ਉਤਸ਼ਾਹ ਨਾਲ ਬੱਚਿਆਂ ਨੇ ਹਾਜ਼ਰੀ ਭਰੀ। ਭਾਈ ਸੁਖਵਿੰਦਰ ਸਿੰਘ ਪ੍ਰਚਾਰਕ, ਭਾਈ ਕੁਲਜੀਤ ਸਿੰਘ ਪ੍ਰਚਾਰਕ ਤੇ ਭਾਈ ਜਤਿੰਦਰਪਾਲ ਸਿੰਘ ਝਬਾਲ ਕਵੀਸ਼ਰੀ ਜਥੇ ਨੇ ਬੱਚਿਆਂ ਨੂੰ ਗੁਰਬਾਣੀ ਤੇ ਗੁਰ ਇਤਿਹਾਸ ਬਾਰੇ ਜਾਣੂ ਕਰਾਇਆ ਤੇ ਅਖੀਰਲੇ ਦਿਨ ਗੁਰਦਵਾਰਾ ਸਾਹਿਬ ਬੱਚਿਆਂ ਦੇ ਪੇਪਰ ਲਏ ਗਏ। ਬੱਚਿਆਂ ਨੂੰ ਗੁਰਬਾਣੀ ਲਿਟਰੇਚਰ ਤੇ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ। ਨਗਰ ਵਾਸੀਆਂ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਆਈ ਹੋਈ ਟੀਮ ਦਾ ਧੰਨਵਾਦ ਕੀਤਾ ਅਤੇ ਅਜਿਹੇ ਕੈਂਪ ਲਾਉਣ ਲਈ ਸ਼ਲਾਘਾ ਕੀਤੀ। ਇਸ ਸਮੇਂ ਸਰਪੰਚ ਰਮਨ ਕੁਮਾਰ, ਡਾਕਟਰ ਮੋਹਨ ਲਾਲ ਸਰਕਲ ਪ੍ਰਧਾਨ ਆਮ ਆਦਮੀ ਪਾਰਟੀ, ਹੈੱਡ ਗ੍ਰੰਥੀ ਗੁਰਸੇਵਕ ਸਿੰਘ ਤੇ ਚਰਨਜੀਤ ਸਿੰਘ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ : ਬੁੱਧ ਰਾਮ



**ਬੁਢਲਾਡਾ (ਅਸ਼ੋਕ ਲਾਕੜਾ)**-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਪ੍ਰੋਗਰਾਮ 'ਸਰਕਾਰ ਤੁਹਾਡੇ ਦੁਆਰ' ਤਹਿਤ ਪਿੰਡ ਮੱਲ ਸਿੰਘ ਵਾਲਾ ਵਿਖੇ ਵਿਧਾਇਕ ਹਲਕਾ ਬੁਢਲਾਡਾ ਪ੍ਰਿੰਸੀਪਲ ਬੁੱਧ ਰਾਮ ਤੇ ਐੱਸ.ਡੀ.ਐੱਮ. ਪ੍ਰਮੋਦ ਸਿੰਗਲਾ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਕੈਂਪ ਵਿੱਚ ਬਰ੍ਹੇ, ਕਲੀਪੁਰ, ਭੂੱਲੂਵਾਲਾ ਡੋਗਰਾ, ਰਾਮਨਗਰ ਭੱਠਲ, ਕਾਸਮਪੁਰ ਛੀਨਾ ਤੇ ਆਲਮਪੁਰ ਮੰਦਰਾਂ ਆਦਿ ਪਿੰਡਾਂ ਦੇ ਵਸਨੀਕਾਂ ਨੇ ਵੱਡੀ ਗਿਣਤੀ 'ਚ ਭਾਗ ਲਿਆ।

ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ੍. ਭਗਵੰਤ ਸਿੰਘ ਮਾਨ ਵੱਲੋਂ ਦਿੱਤੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਪਿੰਡਾਂ ਤੇ ਸ਼ਹਿਰਾਂ ਦੇ ਮੁਹੱਲਿਆਂ ਵਿੱਚ ਜਾ ਕੇ ਵਿਸ਼ੇਸ਼ ਜਨ ਸੁਣਵਾਈ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾ ਕਿਹਾ ਕਿ ਇਨ੍ਹਾਂ ਕੈਂਪਾਂ ਦਾ ਆਮ ਲੋਕਾਂ ਨੂੰ ਬਹੁਤ ਫਾਇਦਾ ਹੋਇਆ ਹੈ, ਜੋ ਆਪਣੇ ਪਿੰਡਾਂ ਤੋਂ ਦੂਰ ਸ਼ਹਿਰਾਂ ਵਿੱਚ ਸਰਕਾਰੀ ਦਫ਼ਤਰਾਂ 'ਚ ਨਹੀਂ ਜਾ ਸਕਦੇ ਸਨ, ਇਨ੍ਹਾਂ ਕੈਂਪਾਂ ਦਾ ਲੋਕਾਂ ਵੱਲੋਂ ਭਰਪੂਰ ਲਾਭ ਉਠਾਇਆ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਦੇ ਲੋਕਾਂ ਦੀ ਭਲਾਈ ਲਈ ਇਤਿਹਾਸਕ ਫੈਸਲੇ ਲਏ ਹਨ ਤੇ ਬਿਨਾਂ ਕਿਸੇ ਪੱਖਪਾਤ ਤੋਂ ਹਰ ਵਰਗ ਦੀ ਭਲਾਈ ਲਈ ਕੰਮ ਕੀਤੇ ਜਾ ਰਹੇ ਹਨ। ਐੱਸ.ਡੀ.ਐੱਮ. ਪ੍ਰਮੋਦ ਸਿੰਗਲਾ ਨੇ ਕਿਹਾ ਕਿ ਕੈਂਪ ਦੌਰਾਨ ਲੋਕਾਂ ਦੀਆਂ ਜੋ ਵੀ ਮੁਸ਼ਕਲਾਂ ਤੇ ਸ਼ਿਕਾਇਤਾਂ ਸੁਣੀਆਂ ਜਾਂਦੀਆਂ ਹਨ, ਉਨ੍ਹਾਂ ਦਾ ਤੈਅ ਸਮੇਂ ਅੰਦਰ ਨਿਪਟਾਰਾ ਕੀਤਾ ਜਾਂਦਾ ਹੈ। ਉਨ੍ਹਾ ਦੱਸਿਆ ਕਿ ਕੈਂਪ ਦੌਰਾਨ ਆਧਾਰ ਕਾਰਡ, ਜਾਤੀ ਸਰਟੀਫਿਕੇਟ, ਜਨਮ ਸਰਟੀਫਿਕੇਟ, ਐਫੀਡੇਵਿਟ/ਫਾਰਮ ਫਿਲਿੰਗ, ਪਾਵਰਕਾਮ ਨਾਲ ਸਬੰਧਤ ਸਕੀਮਾਂ ਦਾ ਲਾਭ, ਪਸ਼ੂ ਪਾਲਣ ਵਿਭਾਗ, ਮਾਲ ਵਿਭਾਗ ਆਦਿ ਦੇ ਕੰਮਾਂ ਸਬੰਧੀ ਲੋਕਾਂ ਵੱਲੋਂ ਆਏ ਮਸਲਿਆਂ ਦਾ ਹੱਲ ਕੀਤਾ ਗਿਆ ਤੇ ਬਕਾਇਆ ਦਰਖ਼ਾਸਤਾਂ ਦਾ ਸਮਾਂਬੱਧ ਢੰਗ ਨਾਲ ਹੱਲ ਕਰਨ ਲਈ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਗਏ।

## ਕੈਬਨਿਟ ਮੰਤਰੀ ਵੱਲੋਂ ਸੀ ਸੀ ਟੀ ਵੀ ਕੈਮਰਿਆਂ ਦਾ ਉਦਘਾਟਨ



**ਸ੍ਰੀ ਮੁਕਤਸਰ ਸਾਹਿਬ/ਮਲੋਟ (ਸ਼ਮਿੰਦਰਪਾਲ, ਪੂਜਾ/ਗੁਰਮੀਤ ਮੱਕੜ)**-ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਅਤੇ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਸਮਾਜ ਵਿਰੋਧੀ ਤਾਕਤਾਂ ਨਾਲ ਨਿਬੜਣ ਲਈ ਵਚਨਬੱਧ ਹੈ ਤਾਂ ਜੋ ਅਣਸੁਖਾਵੀਂ ਘਟਨਾਵਾਂ ਨੂੰ ਰੋਕਿਆ ਜਾ ਸਕੇ। ਇਸ ਗੱਲ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਨੇ 10 ਲੱਖ ਰੁਪਏ ਦੀ ਲਾਗਤ ਨਾਲ ਮਲੋਟ ਸ਼ਹਿਰ ਵਿੱਚ ਲੱਗਣ ਵਾਲੇ ਸੀ.ਸੀ.ਟੀ.ਵੀ. ਕੈਮਰਿਆਂ ਦਾ ਪੁਲਸ ਸਟੇਸ਼ਨ ਵਿਖੇ ਉਦਘਾਟਨ ਕਰਨ ਮੌਕੇ ਕੀਤਾ।

ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ, ਚੋਰੀ, ਡਕੈਤੀ ਤੇ ਲੁੱਟ-ਖੋਹ ਵਾਲੀਆਂ ਵਾਰਦਾਤਾਂ ਨੂੰ ਰੋਕਣ ਲਈ ਸਖਤ ਕਦਮ ਚੁੱਕ ਰਹੀ ਹੈ ਤਾਂ ਜੋ ਮਾੜੇ ਅਨਸਰਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾ ਸਕੇ। ਉਨ੍ਹਾ ਕਿਹਾ ਕਿ ਸ਼ਹਿਰ ਵਿੱਚ ਸੀ.ਸੀ.ਟੀ.ਵੀ. ਕੈਮਰੇ ਲੱਗਣ ਨਾਲ ਇਲਾਕਾ ਨਿਵਾਸੀਆਂ ਨੂੰ ਬਹੁਤ ਫਾਇਦਾ ਮਿਲੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਮੇਸ਼ ਅਰਨੀਵਾਲਾ, ਜਸਮੀਤ ਸਿੰਘ ਸ਼ਹਿਰੀ ਪ੍ਰਧਾਨ, ਡੀ ਐੱਸ ਪੀ ਬਲਕਾਰ ਸਿੰਘ, ਐੱਸ ਐੱਚ ਓ ਵਰੁਣ ਕੁਮਾਰ, ਵਰਿੰਦਰ ਢੋਸੀਵਾਲ ਤੇ ਪਤਵੰਤੇ ਵਿਅਕਤੀ ਹਾਜ਼ਰ ਸਨ।

# ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਤੇ ਸਾਬਕਾ ਚੇਅਰਮੈਨ ਨੇ ਯੋਜਨਾਵਾਂ ਸੰਬੰਧੀ ਕੀਤੀ ਚਰਚਾ



**ਕੋਟਕਪੂਰਾ (ਸ਼ਾਮ ਲਾਲ ਚਾਵਲਾ)**

ਜ਼ਿਲ੍ਹਾ ਯੋਜਨਾ ਬੋਰਡ ਫਰੀਦਕੋਟ ਦੇ ਚੇਅਰਮੈਨ ਇੰਜੀ. ਸੁਖਜੀਤ ਸਿੰਘ ਢਿੱਲਵਾਂ ਨੂੰ ਮੁਬਾਰਕਬਾਦ ਦੇਣ ਲਈ ਪੁੱਜੇ ਸਾਬਕਾ ਚੇਅਰਮੈਨ ਐਡਵੋਕੇਟ ਪਵਨ ਗੋਇਲ ਨੇ ਉਨ੍ਹਾ ਨਾਲ ਅਨੇਕਾਂ ਰਸਮੀ ਤੇ ਗੈਰ-ਰਸਮੀ ਗੱਲਾਂ ਸਾਂਝੀਆਂ ਕੀਤੀਆਂ। ਇੰਜੀ. ਢਿੱਲਵਾਂ ਨੇ ਪਵਨ ਗੋਇਲ ਦਾ ਗਰਮਜੋਸ਼ੀ ਨਾਲ ਸੁਆਗਤ ਕਰਦਿਆਂ ਆਖਿਆ ਕਿ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਸਮੇਤ ਸਮੁੱਚੀ ਲੀਡਰਸ਼ਿਪ ਦਾ ਤੰਦਰੁਸਤ ਸਮਾਜ ਤੇ ਸਿਹਤਮੰਦ ਪੰਜਾਬ ਦੀ ਸਿਰਜਣਾ ਦਾ ਏਜੰਡਾ ਹੈ। ਇਸ ਲਈ ਉਹ ਐਡਵੋਕੇਟ ਪਵਨ ਗੋਇਲ ਤੋਂ ਸਹਿਯੋਗ ਦੀ ਮੰਗ ਕਰਦੇ ਹਨ ਕਿ ਜ਼ਿਲ੍ਹਾ ਫਰੀਦਕੋਟ ਦੇ ਪਿੰਡਾਂ, ਸ਼ਹਿਰਾਂ, ਕਸਬਿਆਂ ਦੀਆਂ ਯੋਜਨਾਵਾਂ ਸਬੰਧੀ ਉਸਾਰੂ ਸੁਝਾਅ ਜ਼ਰੂਰ ਦੇਣ। ਪਵਨ ਗੋਇਲ ਨੇ ਆਖਿਆ ਕਿ ਉਨ੍ਹਾ ਦੇ ਸਤਿਕਾਰਤ ਪਿਤਾ ਸਾਬਕਾ ਮੰਤਰੀ ਸਵ: ਲਾਲਾ ਭਗਵਾਨ ਦਾਸ ਗੋਇਲ ਦੀ ਤਰ੍ਹਾਂ ਉਹ ਵੀ ਰਾਜਨੀਤੀ ਤੋਂ ਉੱਪਰ ਉੱਠ ਕੇ ਦੇਸ਼ ਦੇ ਵਿਕਾਸ ਬਾਰੇ ਹੀ ਸੋਚਦੇ ਹਨ। ਇੰਜੀ. ਸੁਖਜੀਤ ਸਿੰਘ ਢਿੱਲਵਾਂ ਨੇ ਆਖਿਆ ਕਿ ਭਾਵੇਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿਹਤ ਤੇ ਸਿੱਖਿਆ ਦੇ ਪ੍ਰਬੰਧਾਂ 'ਚ ਸੁਧਾਰ ਕਰਕੇ ਪੰਜਾਬ ਵਾਸੀਆਂ ਲਈ ਮੁਫਤ ਅਤੇ ਵਧੀਆ ਇਲਾਜ ਤੇ ਪੜ੍ਹਾਈ ਮੁਹੱਈਆ ਕਰਵਾਉਣ ਦਾ ਟੀਚਾ ਸਰ ਕਰਨ ਲਈ ਪਹਿਲਕਦਮੀ ਕੀਤੀ ਹੈ, ਪਰ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਵੱਲੋਂ ਸਾਰੇ ਮੰਤਰੀਆਂ, ਵਿਧਾਇਕਾਂ ਤੇ ਵੱਖ-ਵੱਖ ਵਿਭਾਗਾਂ ਦੇ ਚੇਅਰਮੈਨਾਂ ਨੂੰ ਹਦਾਇਤ ਕੀਤੀ ਹੈ ਕਿ ਉਹ ਆਮ ਲੋਕਾਂ ਦੇ ਦੁੱਖ-ਸੁੱਖ ਤੇ ਸ਼ਿਕਾਇਤਾਂ ਸੁਣ ਕੇ ਉਨ੍ਹਾਂ ਦੇ ਹੱਲ ਲਈ ਯਤਨਸ਼ੀਲ ਰਹਿਣ।

# ਜੀ ਜੀ ਐੱਸ ਮੈਡੀਕਲ ਟੀਚਰਜ਼ ਐਸੋਸੀਏਸ਼ਨ ਨੇ ਸਿਹਤ ਮੰਤਰੀ ਨੂੰ ਸੌਂਪਿਆ ਮੰਗ ਪੱਤਰ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**

ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ (ਜੀ ਜੀ ਐੱਸ ਐੱਮ ਸੀ ਐੱਚ) ਫਰੀਦਕੋਟ ਦੇ ਸਮਰਪਤ ਫੈਕਲਟੀ ਮੈਂਬਰਾਂ ਦੀ ਨੁਮਾਇੰਦਗੀ ਕਰਦੇ ਹੋਏ ਜੀ ਜੀ ਐੱਸ ਮੈਡੀਕਲ ਟੀਚਰਜ਼ ਐਸੋਸੀਏਸ਼ਨ ਨੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੂੰ ਇੱਕ ਮੰਗ ਪੱਤਰ ਸੌਂਪਿਆ। ਇਸ ਮੈਮੋਰੰਡਮ 'ਚ ਐਸੋਸੀਏਸ਼ਨ ਦੁਆਰਾ ਪੇਸ਼ ਕੀਤੀਆਂ ਗਈਆਂ ਅਹਿਮ ਮੰਗਾਂ ਦੇ ਉਦੇਸ਼ ਨੂੰ ਉਜਾਗਰ ਕਰ ਕੰਮ ਦੀਆਂ ਸਥਿਤੀਆਂ ਵਿੱਚ ਸੁਧਾਰ ਕਰਨਾ ਤੇ ਫੈਕਲਟੀ ਮੈਂਬਰਾਂ ਨੂੰ ਦਰਪੇਸ਼ ਚੁਣੌਤੀਆਂ ਦਾ ਹੱਲ ਕਰਨਾ ਹੈ।

ਇਸ ਮੌਕੇ ਜੀ ਜੀ ਐੱਸ ਮੈਡੀਕਲ ਟੀਚਰਜ਼ ਐਸੋਸੀਏਸ਼ਨ ਦੇ ਪ੍ਰਧਾਨ ਡਾ. ਹਰਪ੍ਰੀਤ ਕੌਰ ਨੇ ਕਿਹਾ ਕਿ ਅਸੀਂ ਜੀ ਜੀ ਐੱਸ ਮੈਡੀਕਲ ਟੀਚਰਜ਼ ਐਸੋਸੀਏਸ਼ਨ, ਮਿਆਰੀ ਮੈਡੀਕਲ ਸਿੱਖਿਆ ਤੇ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਸਮਰਪਤ ਹਾਂ। ਸਾਡੇ ਫੈਕਲਟੀ ਦੇ ਮਨੋਬਲ ਨੂੰ ਵਧਾਉਣ ਲਈ ਸਮਾਂਬੱਧ ਤਰੱਕੀਆਂ ਬਹੁਤ ਮਹੱਤਵਪੂਰਨ ਹਨ। ਮੈਂਬਰ ਤੇ ਉਨ੍ਹਾਂ ਦੇ ਯੋਗਦਾਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਮਾਨਤਾ ਦਿੰਦੇ ਹਾਂ। ਅਸੀਂ ਸਿਹਤ ਮੰਤਰੀ ਨੂੰ ਇਸ ਮੰਗ 'ਤੇ ਵਿਚਾਰ ਕਰਨ ਤੇ ਸਾਡੇ ਯੋਗ ਫੈਕਲਟੀ ਲਈ ਕੈਰੀਅਰ ਦੀ ਤਰੱਕੀ ਦੇ ਮੌਕਿਆਂ ਦੀ ਸਹੂਲਤ ਦੇਣ ਦੀ ਅਪੀਲ ਕਰਦੇ ਹਾਂ।

ਇਸ ਮੌਕੇ ਐਸੋਸੀਏਸ਼ਨ ਦੇ ਮੀਤ ਪ੍ਰਧਾਨ ਡਾ. ਗਗਨ ਪ੍ਰੀਤ ਸਿੰਘ ਨੇ ਨੈਸ਼ਨਲ ਮੈਡੀਕਲ ਕਮਿਸ਼ਨ (ਐੱਨ.ਐੱਮ.ਸੀ.) ਦੁਆਰਾ ਦਰਸਾਏ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤਰੱਕੀ ਨਿਯਮਾਂ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਸਾਡਾ ਮੰਨਣਾ ਹੈ ਕਿ ਨਿਰਧਾਰਤ ਪ੍ਰਮੋਸ਼ਨ ਨਿਯਮਾਂ ਦੀ ਪਾਲਣਾ ਕਰਨਾ ਇੱਕ ਪੱਧਰੀ ਖੇਡ ਦਾ ਖੇਤਰ ਯਕੀਨੀ ਬਣਾਏਗਾ ਤੇ ਫੈਕਲਟੀ ਮੈਂਬਰਾਂ ਨੂੰ ਉਨ੍ਹਾਂ ਦੇ ਸਬੰਧਤ ਖੇਤਰਾਂ 'ਚ ਉੱਤਮਤਾ ਲਈ ਪ੍ਰੇਰਿਤ ਕਰੇਗਾ।

ਇਸ ਮੌਕੇ ਸੰਯੁਕਤ ਸਕੱਤਰ ਡਾ: ਪਰਦੀਪ ਗਰਗ ਨੇ ਕਿਹਾ ਕਿ ਫਰੀਦਕੋਟ 'ਚ ਕੰਮ ਨਾਲ ਜੁੜੀਆਂ ਚੁਣੌਤੀਆਂ ਨੂੰ ਦੇਖਦੇ ਹੋਏ ਸਾਡੇ ਸੰਸਥਾਨ ਵਿੱਚ ਪ੍ਰਤਿਭਾਸ਼ਾਲੀ ਫੈਕਲਟੀ ਮੈਂਬਰਾਂ ਨੂੰ ਆਕਰਸ਼ਿਤ ਕਰਨ ਤੇ ਉਨ੍ਹਾਂ ਨੂੰ ਬਰਕਰਾਰ ਰੱਖਣ ਲਈ ਔਖਾ ਖੇਤਰ ਭੱਤਾ ਬਹੁਤ ਜ਼ਰੂਰੀ ਹੈ। ਇਹ ਭੱਤਾ ਸਾਨੂੰ ਆਪਣੇ ਮਰੀਜ਼ਾਂ ਨੂੰ ਸਭ ਤੋਂ ਵਧੀਆ ਡਾਕਟਰੀ ਸਿੱਖਿਆ ਤੇ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਦੇ ਯੋਗ ਬਣਾਏਗਾ।

ਇਸ ਮੌਕੇ ਸਿਹਤ ਮੰਤਰੀ ਡਾ: ਬਲਬੀਰ ਸਿੰਘ ਨੇ ਕਿਹਾ ਕਿ ਜੀ ਜੀ ਐੱਸ ਮੈਡੀਕਲ ਟੀਚਰਜ਼ ਐਸੋਸੀਏਸ਼ਨ ਦੁਆਰਾ ਪੇਸ਼ ਕੀਤੀਆਂ ਗਈਆਂ ਮੰਗਾਂ ਮੈਡੀਕਲ ਸਿੱਖਿਆ ਤੇ ਸਿਹਤ ਸੇਵਾਵਾਂ ਦੀ ਬਿਹਤਰੀ ਲਈ ਜਾਇਜ਼ ਤੇ ਮਹੱਤਵਪੂਰਨ ਹਨ। ਅਸੀਂ ਇਨ੍ਹਾਂ ਮੰਗਾਂ ਨੂੰ ਹੱਲ ਕਰਨ ਤੇ ਫੈਕਲਟੀ ਮੈਂਬਰਾਂ ਲਈ ਇੱਕ ਅਨੁਕੂਲ ਮਾਹੌਲ ਯਕੀਨੀ ਬਣਾਉਣ ਲਈ ਡੂੰਘਾਈ ਨਾਲ ਕੰਮ ਕਰਾਂਗੇ। ਉਨ੍ਹਾ ਕਿਹਾ ਕਿ ਅਸੀਂ ਇਕੱਠੇ ਮਿਲ ਕੇ ਅੱਗੇ ਵਧਣ ਲਈ ਸਿਹਤ ਸੰਭਾਲ ਪ੍ਰਣਾਲੀ ਨੂੰ ਮਜ਼ਬੂਤ ਕਰ ਸਕਦੇ ਹਾਂ ਤੇ ਚਾਹਵਾਨ ਮੈਡੀਕਲ ਪੇਸ਼ੇਵਰਾਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰ ਸਕਦੇ ਹਾਂ।

# ਝੋਨੇ ਦੀ ਸਿੱਧੀ ਬਿਜਾਈ ਨੂੰ ਪ੍ਰਫੁੱਲਤ ਕਰਨ ਲਈ ਕਿਸਾਨ ਸਿਖਲਾਈ ਕੈਂਪ ਲਾਇਆ



**ਮਲੋਟ (ਗੁਰਮੀਤ ਸਿੰਘ ਮੱਕੜ)**-ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਉੱਨਤ ਕਿਸਾਨ ਮਿਸ਼ਨ ਅਧੀਨ ਦਫ਼ਤਰ ਸਹਾਇਕ ਪੌਦਾ ਸੁਰੱਖਿਆ ਅਫ਼ਸਰ ਵਿਖੇ ਝੋਨੇ ਦੀ ਸਿੱਧੀ ਬਿਜਾਈ ਹੇਠ ਰਕਬਾ ਵਧਾਉਣ ਲਈ ਡਾ. ਗੁਰਪ੍ਰੀਤ ਸਿੰਘ ਮੁੱਖ ਖੇਤੀਬਾੜੀ ਅਫਸਰ, ਸ੍ਰੀ ਮੁਕਤਸਰ ਸਾਹਿਬ ਦੇ ਦਿਸ਼ਾ-ਨਿਰਦੇਸ਼ਾਂ ਤੇ ਡਾ. ਪਰਮਿੰਦਰ ਸਿੰਘ ਧੰਜੂ ਬਲਾਕ ਖੇਤੀਬਾੜੀ ਅਫ਼ਸਰ ਦੀ ਯੋਗ ਅਗਵਾਈ ਹੇਠ ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ ਲਾਇਆ ਗਿਆ, ਜਿਸ ਵਿੱਚ ਡਾ. ਮੰਗਲ ਸੈਨ ਖੇਤੀਬਾੜੀ ਵਿਕਾਸ ਅਫ਼ਸਰ ਵੱਲੋਂ ਕਿਸਾਨਾਂ ਨੂੰ ਮਿੱਟੀ ਅਤੇ ਪਾਣੀ ਦੇ ਸੈਂਪਲ ਲੈਣ ਦੀ ਵਿਧੀ ਅਤੇ ਪਰਖ ਕਰਾਉਣ ਬਾਰੇ ਜਾਗਰੂਕ ਕੀਤਾ ਗਿਆ। ਡਾ. ਅਮ੍ਰਿਤਕ੍ਰਿਪਾਲ ਸਿੰਘ, ਖੇਤੀਬਾੜੀ ਵਿਸਥਾਰ ਅਫ਼ਸਰ, ਸਰਕਲ ਕੋਲਿਆਂਵਾਲੀ ਨੇ ਕਿਸਾਨਾ ਨੂੰ ਦੱਸਿਆ ਗਿਆ ਕਿ ਝੋਨੇ ਦੀ ਸਿੱਧੀ ਬਿਜਾਈ ਕਰਨ ਨਾਲ ਪਾਣੀ ਦੀ ਬੱਚਤ ਹੁੰਦੀ ਹੈ ਤੇ ਲੇਬਰ 'ਤੇ ਆਉਣ ਵਾਲੇ ਖਰਚੇ ਦੀ ਬੱਚਤ ਹੁੰਦੀ ਹੈ। ਉਨ੍ਹਾਂ ਨੇ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਜ਼ਰੂਰੀ ਨੁਕਤੇ ਜਿਵੇਂ ਕਿ ਖਾਦਾਂ ਦੀ ਸੁਚੱਜੀ ਵਰਤੋਂ, ਨਦੀਨਾਂ ਦੀ ਸਮੱਸਿਆ ਤੋਂ ਬਚਾਅ ਅਤੇ ਬਾਸਮਤੀ ਦੀ ਫ਼ਸਲ ਉੱਪਰ ਪੰਜਾਬ ਸਰਕਾਰ ਵੱਲੋਂ ਬੈਨ ਕੀਤੀਆਂ ਗਈਆਂ ਕੀਟਨਾਸ਼ਕ ਦਵਾਈਆਂ ਦੀ ਵਰਤੋਂ ਨਾ ਕਰਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

ਡਾ. ਮਨਿੰਦਰਜੀਤ ਸਿੰਘ, ਖੇਤੀਬਾੜੀ ਵਿਕਾਸ ਅਫ਼ਸਰ, ਸਰਕਲ ਵਿਰਕ ਖੇੜਾ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਫਸਲ ਉੱਪਰ ਕੀੜੇ-ਮਕੌੜਿਆਂ ਦੀ ਰੋਕਥਾਮ ਲਈ ਕੀੜੇਮਾਰ ਦਵਾਈਆਂ ਦੀ ਵਰਤੋਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਤੇ ਸ਼੍ਰੀਮਤੀ ਰਮਨਦੀਪ ਕੌਰ, ਬੀ.ਟੀ.ਐਮ. (ਆਤਮਾ) ਵਲੋਂ ਭਾਰਤ ਸਰਕਾਰ ਦੀ ਚੱਲ ਰਹੀ ਪੀ.ਐਮ. ਕਿਸਾਨ ਸਨਮਾਨ ਨਿੱਧੀ ਯੋਜਨਾ ਸਬੰਧੀ ਕਿਸਾਨਾਂ ਨੂੰ ਲੋੜੀਦੀ ਜਾਣਕਾਰੀ ਦਿੱਤੀ ਗਈ। ਡਾ. ਜਸਨੀਨ ਕੌਰ, ਖੇਤੀਬਾੜੀ ਵਿਕਾਸ ਅਫ਼ਸਰ, ਸਰਕਲ ਮਿੱਡਾ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਹੇਠ ਰਕਬਾ ਵਧਾਉਣ ਲਈ ਪੰਜਾਬ ਸਰਕਾਰ ਵਲੋਂ ਸਾਲ 2023-24 ਦੌਰਾਨ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500 ਰੁਪਏ ਪ੍ਰਤੀ ਏਕੜ ਪ੍ਰੋਤਸਾਹਨ ਰਾਸ਼ੀ ਦਿੱਤੀ ਜਾ ਰਹੀ ਹੈ। ਉਨ੍ਹਾਂ ਵੱਲੋਂ ਦੱਸਿਆ ਗਿਆ ਕਿ ਕਿਸਾਨ ਵੀਰ ਇਸ ਸਬੰਧੀ ਖੇਤੀਬਾੜੀ ਵਿਭਾਗ ਦੇ ਪੋਰਟਲ 'ਤੇ ਅਪਲਾਈ ਕਰਕੇ ਇਸ ਦਾ ਲਾਭ ਲੈ ਸਕਦੇ ਹਨ। ਪੋਰਟਲ 'ਤੇ ਅਪਲਾਈ ਕਰਨ ਲਈ ਕਿਸਾਨ ਨੂੰ ਆਪਣੀ ਜ਼ਮੀਨ ਦੇ ਖੇਵਟ ਨੰ./ਖਸਰਾ ਨੰ. ਅਤੇ ਸਿੱਧੀ ਬਿਜਾਈ ਅਧੀਨ ਰਕਬੇ ਦੀ ਜਾਣਕਾਰੀ ਦੇਣੀ ਹੋਵੇਗੀ ਤੇ ਇਸ ਪੋਰਟਲ 'ਤੇ ਕਿਸਾਨ ਵੀਰ 25 ਜੂਨ ਤੱਕ ਆਪਣੀ ਰਜਿਸਟ੍ਰੇਸ਼ਨ ਕਰ ਸਕਦੇ ਹਨ।

# ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਪਾਵਰਕਾਮ ਦੇ ਢੰਡੋਵਾਲ , ਲੋਹੀਆਂ ਤੇ ਮੱਲ੍ਹੀਆਂ ਦਫਤਰਾਂ ਵਿਖੇ ਧਰਨੇ



*ਪੁਤਲੇ ਫੂਕਣ ਮੌਕੇ ਨਾਹਰੇਬਾਜ਼ੀ ਕਰਦੇ ਕਿਸਾਨ ਆਗੂ*

**ਸ਼ਾਹਕੋਟ (ਗਿਆਨ ਸੈਦਪੁਰੀ)**- ਵੀਰਵਾਰ ਨੂੰ ਕਿਸਾਨ ਮਜਦੂਰ ਸੰਘਰਸ਼ ਕਮੇਟੀ ਜ਼ਿਲ੍ਹਾ ਜਲੰਧਰ ਵੱਲੋਂ ਪਾਵਰ ਕਾਮ ਦੇ ਦਫਤਰਾਂ 'ਤੇ ਧਰਨੇ ਦਿੱਤੇ ਗਏ। ਜਿਨ੍ਹਾਂ ਵਿੱਚ ਕ੍ਰਮਵਾਰ ਗੁਰਮੇਲ ਸਿੰਘ ਰੇੜਵਾਂ ਅਤੇ ਨਿਰਮਲ ਸਿੰਘ ਢੰਡੋਵਾਲ ਦੀ ਅਗਵਾਈ ਵਿਚ ਢੰਡੋਵਾਲ ਵਿਖੇ ,ਸਲਵਿੰਦਰ ਸਿੰਘ ਜਾਣੀਆਂ ਅਤੇ ਸਤਨਾਮ ਸਿੰਘ ਰਾਈਵਾਲ ਦੀ ਅਗਵਾਈ ਵਿੱਚ ਲੋਹੀਆਂ ਵਿਖੇ ਅਤੇ ਰਣਜੀਤ ਸਿੰਘ ਬੱਲ ਨੌਂ ਅਤੇ ਜਿੰਦਰ ਸਿੰਘ ਈਦਾ ਦੀ ਅਗਵਾਈ ਵਿੱਚ ਮੱਲੀਆਂ ਵਿਖੇ ਧਰਨੇ ਦਿੱਤੇ ਗਏ । ਜਥੇਬੰਦੀ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਖਾਸ ਤੌਰ 'ਤੇ ਪੁੱਜੇ । ਸੰਬੋਧਨ ਕਰਦੇ ਹੋਏ ਬੁਲਾਰਿਆਂ ਨੇ ਕਿਹਾ ਕਿ ਸਰਕਾਰ ਇਕ ਇਕ ਕਰਕੇ ਸਾਰੇ ਹੀ ਸਰਕਾਰੀ ਅਦਾਰਿਆਂ ਨੂੰ ਪ੍ਰਾਈਵੇਟ ਹੱਥਾਂ ਵਿੱਚ ਦਿੰਦੀ ਜਾ ਰਹੀ ਹੈ। ਕਿਸੇ ਵੀ ਸਰਕਾਰੀ ਅਦਾਰੇ ਦੇ ਹਾਲਾਤ ਚੰਗੇ ਨਹੀਂ ਹਨ। ਪੰਜਾਬ ਸਰਕਾਰ ਵੱਲੋਂ ਲੋਕਾਂ ਦੇ ਘਰਾਂ ਵਿੱਚ ਚਿੱਪ ਵਾਲੇ ਮੀਟਰ ਲਗਾਉਣ ਦਾ ਫੈਸਲਾ ਰੱਦ ਕੀਤਾ ਜਾਵੇ, ਬਿਜਲੀ ਐਕਟ 2003 ਅਤੇ ਬਿਜਲੀ ਵੰਡ ਸੋਧ ਕਨੂੰਨ 2022 ਤੁਰੰਤ ਰੱਦ ਕੀਤਾ ਜਾਵੇ, ਸਰਕਾਰ ਬਿਨਾਂ ਸ਼ਰਤ ਹਰੇਕ ਖਪਤਕਾਰ ਨੂੰ 300 ਯੂਨਿਟ ਪ੍ਰਤੀ ਮਹੀਨਾ ਬਿੱਲ ਮੁਆਫੀ ਦੇਵੇ ਅਤੇ ਉਸ ਕੋਲੋਂ ਵਾਧੂ ਬਿਜਲੀ ਖਪਤ ਦਾ ਹੀ ਬਿੱਲ ਲਿਆ ਜਾਵੇ, ਖੇਤੀ ਮੋਟਰਾਂ ਨੂੰ ਬਿਜਲੀ ਦੀ ਸਿਲਾਈ 16 ਘੰਟੇ ਦਿੱਤੀ ਜਾਵੇ ਅਤੇ ਝੋਨੇ ਦੀ ਲਵਾਈ ਲਈ 10 ਜੂਨ ਤੋਂ ਸ਼ੁਰੂ ਕੀਤੀ ਜਾਵੇ, ਪਾਵਰਕਾਮ ਵਿੱਚ ਠੇਕੇਦਾਰੀ ਸਿਸਟਮ ਬੰਦ ਕਰਕੇ ਹਜਾਰਾਂ ਖਾਲੀ ਪਈਆਂ ਅਸਾਮੀਆਂ ਭਰੀਆਂ ਜਾਣ, ਓਵਰਲੋਡ ਟਰਾਂਸਫਰ ਨੂੰ ਤੁਰੰਤ ਡੀ ਲੋਡ ਕੀਤਾ ਜਾਵੇ ਅਤੇ ਖਸਤਾ ਹੋ ਚੁੱਕੇ ਸਾਜੋ ਸਾਮਾਨ ਨੂੰ ਬਦਲਿਆ ਜਾਵੇ, ਵੀ ਡੀ ਐਮ ਸਕੀਮ ਤੁਰੰਤ ਲਾਗੂ ਕੀਤੀ ਜਾਵੇ ਅਤੇ ਲੋਡ ਵਧਾਉਣ ਵਾਸਤੇ ਸਿਰਫ 200 ਰੁਪਏ ਹੀ ਸਰਵਿਸ ਫੀਸ ਲਈ ਜਾਵੇ, ਬਿਜਲੀ ਸ਼ਾਰਟ ਸਰਕਟ ਨਾਲ ਕਣਕ ਦੇ ਨਾੜ ਨੂੰ ਅੱਗ ਲੱਗਣ ਦੀ ਸੂਰਤ ਵਿੱਚ 59 ਹਜਾਰ ਮੁਆਵਜਾ ਦਿੱਤਾ ਜਾਵੇ ਆਦਿ ਮਸਲਿਆਂ 'ਤੇ ਚਰਚਾ ਕੀਤੀ ਗਈ । ਇਸ ਤੋਂ ਇਲਾਵਾ ਜਥੇਬੰਦੀ ਵੱਲੋ ਹਰਿਆਣਾ ਸਰਕਾਰ ਦੁਆਰਾ ਕਿਸਾਨਾਂ ਮਜਦੂਰਾਂ ਤੇ ਲਾਠੀਚਾਰਜ ਕਰਨ ਅਤੇ ਜੇਲ੍ਹਾਂ 'ਚ ਡੱਕਣ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਫਸਲਾਂ ਦੀ ਕੀਮਤ ਵਿੱਚ ਕੀਤਾ ਨਿਗੂਣਾ ਵਾਧਾ ਕਿਸਾਨ ਮਜਦੂਰ ਨਾਲ ਇਕ ਘਿਨਾਉਣਾ ਮਜਾਕ ਹੈ। ਇਸ ਤੋਂ ਬਾਅਦ ਕੇਂਦਰ ਸਰਕਾਰ ਅਤੇ ਖੱਟੜ ਸਰਕਾਰ ਦੇ ਪੁਤਲੇ ਵੀ ਫੂਕੇ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਲੰਧਰ ਜ਼ਿਲ੍ਹਾ ਦੇ ਚਾਰਾ ਜੋਨਾਂ ਤੋਂ ਸੈਂਕੜਿਆਂ ਦੀ ਗਿਣਤੀ ਵਿੱਚ ਕਿਸਾਨ ,ਮਜਦੂਰ ,ਬੀਬੀਆਂ ,ਬੱਚੇ ਅਤੇ ਬਜੁਰਗ ਹਾਜਰ ਸਨ।

# ਨਬਾਰਡ ਵੱਲੋਂ ਨਵੇਂ ਪ੍ਰੋਜੈਕਟਾਂ ਲਈ 919 ਕਰੋੜ ਰੁਪਏ ਦੀ ਮਨਜ਼ੂਰੀ : ਚੀਮਾ



**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਇਥੇ ਕਿਹਾ ਕਿ ਸੂਬੇ ਨੇ ਆਪਣੀ ਕਾਰਗੁਜਾਰੀ ਵਿੱਚ ਭਾਰੀ ਸੁਧਾਰ ਕਰਦਿਆਂ ਵਿੱਤੀ ਵਰ੍ਹੇ 2022-23 ਦੌਰਾਨ ਨੈਸ਼ਨਲ ਬੈਂਕ ਫਾਰ ਐਗਰੀਕਲਚਰ ਐਂਡ ਰੂਰਲ ਡਿਵੈਲਪਮੈਂਟ (ਨਾਬਾਰਡ) ਦੁਆਰਾ ਸਹਾਇਤਾ ਪ੍ਰਾਪਤ ਚੱਲ ਰਹੇ ਪੇਂਡੂ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਲਈ 800 ਕਰੋੜ ਰੁਪਏ ਦੇ ਫੰਡਾਂ ਦੀ ਰਿਕਾਰਡ ਵਰਤੋਂ ਕੀਤੀ । ਇੱਥੇ ਪੰਜਾਬ ਭਵਨ ਵਿਖੇ ਨਾਬਾਰਡ ਤੋਂ ਸਹਾਇਤਾ ਪ੍ਰਾਪਤ ਪ੍ਰੋਜੈਕਟਾਂ ਦੀ ਸਮੀਖਿਆ ਕਰਨ ਲਈ ਉੱਚ ਤਾਕਤੀ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਿੱਤੀ ਸਾਲ 2022-2023 ਦੌਰਾਨ ਚੱਲ ਰਹੇ ਪ੍ਰੋਜੈਕਟਾਂ ਦੀ ਉੱਚ-ਵਰਤੋਂ ਨੂੰ ਯਕੀਨੀ ਬਣਾਉਣ ਲਈ ਵਿੱਤ ਵਿਭਾਗ ਅਤੇ ਨਾਬਾਰਡ ਦੀ ਭੂਮਿਕਾ ਦੀ ਸ਼ਲਾਘਾ ਕੀਤੀ। ਨਾਬਾਰਡ ਵੱਲੋਂ ਪੇਂਡੂ ਬੁਨਿਆਦੀ ਢਾਂਚਾ ਵਿਕਾਸ ਫੰਡ (ਆਰ.ਆਈ.ਐਫ.ਡੀ.) ਤਹਿਤ ਪ੍ਰਾਪਤ ਫੰਡਾਂ ਨਾਲ ਚੱਲ ਰਹੇ ਵੱਖ-ਵੱਖ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਵਿੱਤ ਮੰਤਰੀ ਨੇ ਸਾਰੇ ਪ੍ਰਸ਼ਾਸਕੀ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਉਹ ਨਾਬਾਰਡ ਤੋਂ ਉਪਲਬਧ ਫੰਡਾਂ ਦੀ ਵੱਧ ਤੋਂ ਵੱਧ ਵਰਤੋਂ 'ਤੇ ਧਿਆਨ ਕੇਂਦਰਿਤ ਕਰਨ ਦੇ ਨਾਲ-ਨਾਲ ਇਨ੍ਹਾਂ ਪ੍ਰੋਜੈਕਟਾਂ ਨੂੰ ਲਾਗੂ ਕਰਨ ਦੀ ਗਤੀ ਨੂੰ ਤੇਜ ਕਰਨ ਤਾਂ ਜੋ ਇੰਨ੍ਹਾਂ ਨੂੰ ਜਲਦੀ ਤੋਂ ਜਲਦੀ ਮੁਕੰਮਲ ਕਰਕੇ ਰਾਜ ਦੇ ਪੇਂਡੂ ਖੇਤਰ ਦੇ ਲੋਕਾਂ ਨੂੰ ਲਾਭ ਪਹੁੰਚਾਇਆ ਜਾ ਸਕੇ।

ਮੀਟਿੰਗ ਵਿੱਚ ਵਧੀਕ ਮੁੱਖ ਸਕੱਤਰ ਵਿਕਾਸ ਸ੍ਰੀ ਕੇ.ਏ.ਪੀ. ਸਿਨਹਾ, ਪ੍ਰਮੁੱਖ ਸਕੱਤਰ ਵਿੱਤ ਅਜੋਏ ਕੁਮਾਰ ਸਿਨ੍ਹਾ, ਸਕੱਤਰ ਵਿੱਤ ਸ੍ਰੀਮਤੀ ਗਰਿਮਾ ਸਿੰਘ, ਅਤੇ ਪ੍ਰਮੁੱਖ ਸਕੱਤਰਾਂ, ਸਕੱਤਰਾਂ, ਪ੍ਰਬੰਧਕੀ ਵਿਭਾਗਾਂ ਦੇ ਮੁਖੀਆਂ ਅਤੇ ਚੀਫ ਜਨਰਲ ਮੈਨੇਜਰ ਰਘੂਨਾਥ ਬੀ. ਦੀ ਅਗਵਾਈ ਹੇਠ ਨਾਬਾਰਡ ਦੀ ਟੀਮ ਸ਼ਾਮਲ ਹੋਈ।

# ਗੁ. ਸਾਹਿਬ ਪਿੰਡ ਮੁੱਗੋਵਾਲ ਵਿਖੇ ਸਤਿਗੁਰੂ ਕਬੀਰ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਧਾਰਮਕ ਸਮਾਗਮ



**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**— ਗੁਰਦੁਆਰਾ ਸਾਹਿਬ ਪਿੰਡ ਮੁੱਗੋਵਾਲ ਵਿਖੇ ਸਮੂੰਹ ਸੰਗਤਾਂ ਨੇ ਇਕੱਤਰ ਹੋ ਕੇ ਇਨਕਲਾਬੀ ਬਾਣੀ ਦੇ ਰਚੇਤਾ ਸਤਿਗੁਰੂ ਕਬੀਰ ਮਹਾਰਾਜ ਜੀ ਦੇ 625ਵੇਂ ਪ੍ਰਕਾਸ਼ ਉਤਸਵ ਮੌਕੇ ਧਾਰਮਿਕ ਸਮਾਗਮ ਕਰਵਾਇਆ। ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਕਥਾ ਕੀਰਤਨ ਰਾਹੀਂ ਸਤਿਗੁਰੂ ਕਬੀਰ ਮਹਾਰਾਜ ਜੀ ਵੱਲੋਂ ਦਿੱਤੇ ਮਾਨਵਤਾਵਾਦੀ ਸਿਧਾਂਤ 'ਤੇ ਚਾਨਣਾ ਪਾਇਆ ਗਿਆ। ਇਸ ਮੌਕੇ ਗੁਰਮੇਲ ਸਿੰਘ, ਦਲਬੀਰ ਸਿੰਘ, ਨਿਰਮਲ ਸਿੰਘ,ਸਚਿਨ, ਰਤਨ ਕੌਰ, ਬਲਵਿੰਦਰ ਕੌਰ, ਸਰਨਜੀਤ ਕੌਰ, ਸੁਰਿੰਦਰ ਕੌਰ, ਸੰਦੀਪ ਕੌਰ, ਰਿੰਕੂ, ਗੁਰਦੇਵ ਕੌਰ, ਕੁਲਵੰਤ ਕੌਰ, ਪ੍ਰੀਤਮ ਕੌਰ, ਸੁਰਿੰਦਰ ਕੌਰ, ਪਰਮਜੀਤ ਕੌਰ, ਹਰਦੀਪ ਕੌਰ ਦੀਪੀ, ਮਨਜੀਤ ਕੌਰ, ਚਰਨ ਕੌਰ ਸਮੇਤ ਸਿੱਖ ਸੰਗਤਾਂ ਵੱਡੀ ਗਿਣਤੀ ਵਿੱਚ ਹਾਜਰ ਸਨ। ਸਮਾਗਮ ਦੇ ਅਖੀਰ ਵਿੱਚ ਸੰਗਤਾਂ ਲਈ ਖਾਣ ਪਾਣੀ ਦਾ ਵਿਸ਼ੇਸ਼ ਤੌਰ 'ਤੇ ਪ੍ਰਬੰਧ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਤਿਗੁਰੂ ਕਬੀਰ ਜੀ ਆਪਣੀ ਬਾਣੀ ਵਿੱਚ ਸਾਨੂੰ ਪ੍ਰਭੂ ਦੇ ਲੜ ਲੱਗਣ, ਹਰ ਤਰ੍ਹਾਂ ਦੇ ਨਸ਼ਿਆਂ ਦਾ ਤਿਆਗ ਕਰਨ, ਅੰਧ-ਵਿਸ਼ਵਾਸੀ ਸੋਚ ਨੂੰ ਤਿਆਗਣ, ਔਰਤ ਜਾਤੀ ਦਾ ਸਤਿਕਾਰ ਕਰਨ, ਦੁਖਿਆਰੇ ਲੋਕਾਂ ਦੀਆਂ ਸਮੱਸਿਆਵਾਂ ਹੱਲ ਕਰਨ, ਵੱਧ ਤੋਂ ਵੱਧ ਗਿਆਨਵਾਨ ਤੇ ਬਿਬੇਕਸ਼ੀਲ ਬਣਨ, ਕੁਦਰਤ ਨਾਲ ਪਿਆਰ ਕਰਨ ਅਤੇ ਸੇਵਾ-ਸਿਮਰਨ ਤੇ ਪਰਉਪਕਾਰੀ ਜ਼ਿੰਦਗੀ ਜੀਊਣ ਦਾ ਸੰਦੇਸ਼ ਦਿੰਦੇ ਹਨ। ਜਿਸ ਉੱਤੇ ਚੱਲ ਕੇ ਹਰ ਵਿਅਕਤੀ ਸ਼ਾਂਤਮਈ ਅਤੇ ਸੁਖਮਈ ਜ਼ਿੰਦਗੀ ਬਤੀਤ ਕਰ ਸਕਦਾ ਹੈ।

## ਕਮਿਊਨਿਸਟ ਇਨਕਲਾਬੀ ਆਗੂ ਕਾ. ਮਦਨ ਗੋਪਾਲ ਦੀ ਯਾਦ 'ਚ 'ਜ਼ਮੀਨ ਦਾ ਸਵਾਲ ਅਤੇ ਬੇਜ਼ਮੀਨੇ' ਵਿਸ਼ੇ ਉੱਪਰ ਚਰਚਾ 11 ਨੂੰ

**ਜਲੰਧਰ (ਰਾਜੇਸ਼ ਥਾਪਾ, ਕੇਸਰ )** ਸਮਾਜ ਨੂੰ ਹਰ ਮਨੁੱਖ ਦੇ ਚੰਗਾ ਜਿਉਣਯੋਗ ਬਣਾਉਣ ਲਈ ਸਾਰੀ ਉਮਰ ਦ੍ਰਿੜਤਾ ਨਾਲ ਕੰਮ ਕਰਨ ਵਾਲੇ ਉੱਘੇ ਇਨਕਲਾਬੀ ਕਮਿਊਨਿਸਟ ਆਗੂ ਕਾਮਰੇਡ ਮਦਨ ਗੋਪਾਲ ਦੀ ਛੇਵੀਂ ਬਰਸੀ ਸੰਗੀ-ਸਾਥੀਆਂ, ਸਨੇਹੀਆਂ ਅਤੇ ਪਰਵਾਰ ਵੱਲੋਂ 11 ਜੂਨ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸਵੇਰੇ 11 ਵਜੇ ਮਨਾਈ ਜਾਵੇਗੀ। ਇਸ ਮੌਕੇ 'ਜ਼ਮੀਨ ਦਾ ਸਵਾਲ ਅਤੇ ਬੇਜ਼ਮੀਨੇ' ਵਿਸ਼ੇ 'ਤੇ ਚਰਚਾ ਕੀਤੀ ਜਾਵੇਗੀ।

ਜਿਸ ਦੇ ਮੁੱਖ ਬੁਲਾਰੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਸੂਬਾ ਆਗੂ ਮੁਕੇਸ਼ ਮਲੌਦ ਹੋਣਗੇ। ਇਸ ਮੌਕੇ ਪ੍ਰੈਸ ਨੂੰ ਜਾਰੀ ਬਿਆਨ ਰਾਹੀਂ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਦੇ ਸੀਨੀਅਰ ਸੂਬਾਈ ਆਗੂ ਕਾਮਰੇਡ ਅਜਮੇਰ ਸਿੰਘ ਨੇ ਕਿਹਾ ਕਿ ਕਾ. ਮਦਨ ਗੋਪਾਲ ਇਕ ਆਦਰਸ਼ ਕਮਿਊਨਿਸਟ ਸਨ ਜਿਹਨਾਂ ਨੇ ਇਨਕਲਾਬੀ ਲਹਿਰ ਵਿਚ ਕੁੱਦਕੇ ਸਮਾਜ ਨੂੰ ਮਨੁੱਖ ਦੇ ਜਿਉਣਯੋਗ ਬਣਾਉਣ ਲਈ ਤਾਉਮਰ ਦ੍ਰਿੜਤਾ ਨਾਲ ਕੰਮ ਕੀਤਾ। ਆਪਣੀ ਸਾਦਾ ਅਤੇ ਬੇਦਾਗ਼ ਜ਼ਿੰਦਗੀ ਕਾਰਨ ਉਹ ਹਰ ਕਿਸੇ ਦਾ ਮਨ ਮੋਹ ਲੈਣ ਵਾਲੇ ਸੱਚੇ ਕਮਿਊਨਿਸਟ ਸਨ। ਉਹਨਾਂ ਨੇ ਸਾਰੀ ਉਮਰ ਮਾਰਕਸਵਾਦੀ ਨਜ਼ਰੀਏ ਉੱਪਰ ਪਹਿਰਾ ਦਿੱਤਾ ਅਤੇ ਕਦੇ ਵੀ ਆਪਣੀ ਵਿਚਾਰਧਾਰਾ ਅਤੇ ਅਸੂਲਾਂ ਨਾਲ ਸਮਝੌਤਾ ਨਹੀਂ ਕੀਤਾ।

ਉਨ੍ਹਾਂ ਕਿਹਾ ਕਿ ਅੱਜ ਮੋਦੀ ਹਕੂਮਤ ਫਾਸ਼ੀਵਾਦੀ ਏਜੰਡੇ ਤਹਿਤ ਹਰ ਉਸ ਆਵਾਜ਼ ਨੂੰ ਡੰਡੇ ਦੇ ਜ਼ੋਰ ਅਤੇ ਝੂਠੇ ਦੇਸ਼ ਧ੍ਰੋਹ ਵਰਗੇ ਮੁਕੱਦਮਿਆਂ ਨਾਲ ਕੁਚਲ ਰਹੀ ਹੈ। ਦੇਸ਼ ਦਾ ਨਾਂਅ ਦੁਨੀਆਂ ਭਰ 'ਚ ਰੌਸ਼ਨ ਕਰਨ ਵਾਲੀਆਂ ਮਹਿਲਾ ਪਹਿਲਵਾਨਾਂ ਨਾਲ ਹੋਏ ਜਿਨਸੀ ਸ਼ੋਸ਼ਣ 'ਚ ਇਨਸਾਫ਼ ਦੇਣ ਦੀ ਬਜਾਏ ਆਪਣੇ ਸਿਆਸੀ ਹਿੱਤਾਂ ਨੂੰ ਪਹਿਲ ਦੇ ਕੇ ਇਸ ਲਈ ਜ਼ਿੰਮੇਵਾਰ ਮੰਤਰੀ ਬ੍ਰਿਜ ਭੂਸ਼ਨ ਸ਼ਰਨ ਸਿੰਘ ਦੇ ਹੱਕ 'ਚ ਖੜੀ ਹੈ। ਉਸਨੂੰ ਗ੍ਰਿਫ਼ਤਾਰ ਕਰਕੇ ਅਹੁਦੇ ਤੋਂ ਬਰਖ਼ਾਸਤ ਕਰਨਾ ਚਾਹੀਦਾ ਹੈ।

# ਦਰਬਾਰ ਬਾਬਾ ਚੁੱਪ ਸ਼ਾਹ ਦਾ ਸਾਲਾਨਾ ਜੋੜ ਮੇਲਾ 22, 23 ਨੂੰ




**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** -ਦਰਬਾਰ ਬਾਬਾ ਚੁੱਪ ਸ਼ਾਹ ਦੀ ਮਜਾਰ 'ਤੇ ਸਾਲਾਨਾ ਜੋੜ ਮੇਲਾ 22, 23 ਜੂਨ ਦਿਨ ਵੀਰਵਾਰ, ਸ਼ੁੱਕਰਵਾਰ ਨੂੰ ਕਰਵਾਇਆ ਜਾ ਰਿਹਾ ਹੈ। ਸ਼ਹੀਦ-ਏ-ਆਜ਼ਮ ਭਗਤ ਸਿੰਘ ਸਪੋਰਟਸ ਕਲੱਬ ਅਤੇ ਵੈਲਫ਼ੇਅਰ ਸੁਸਾਇਟੀ ਰਜਿ.ਦੇ ਬਲਾਕ ਪ੍ਰਧਾਨ ਰਾਜੂ ਭੰਡਾਲ ਨੇ ਦੱਸਿਆ ਮੇਲੇ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ, ਹਰ ਸਾਲ ਦੀ ਤਰ੍ਹਾਂ ਇਸ ਵਾਰ 22 ਜੂਨ ਝੰਡੇ ਅਤੇ ਚਾਦਰ ਦੀ ਰਸਮ ਸਵੇਰੇ 10,30 ਵਜੇ ਅਤੇ ਕਵਾਲੀਆਂ 11.30 ਵਜੇ ਜਿਸ 'ਚ ਕੱਵਾਲ ਸਲਾਮਤ ਅਲੀ ਮਲੇਰਕੋਟਲੇ ਵਾਲੇ ਅਤੇ ਸੂਫੀ ਗਾਇਕ ਯਮਨਾ ਰਸੀਲਾ ਧਾਰਮਿਕ ਪ੍ਰੋਗਰਾਮ ਪੇਸ਼ ਕਰਨਗੇ। ਨਾਮਵਰ ਕਲਾਕਾਰ ਪੀਰਾਂ ਦੀ ਮਹਿਫਲ ਸਜਾਉਣਗੇ। ਇਸ ਮੌਕੇ ਦੌਰਾਨ ਛਬੀਲ ਅਤੇ ਪੀਰਾਂ ਦੇ ਲੰਗਰ ਅਟੁੱਟ ਵਰਤਾਏ ਜਾਣਗੇ। ਦਰਬਾਰ ਬਾਬਾ ਚੁੱਪ ਸ਼ਾਹ ਪ੍ਰਬੰਧਕ ਕਮੇਟੀ, ਗੁਰਸ਼ਰਨ ਰਾਏ, ਲਖਵਿੰਦਰ ਪਾਲ, ਹਰਬੰਸ ਲਾਲ, ਗੁਰਨਾਮ ਸਿੰਘ, ਕੁਲਵਿੰਦਰ ਸੰਘਾ, ਰਘਬੀਰ ਸਿੰਘ ਪ੍ਰਧਾਨ ਕੇਵਲ ਸਿੰਘ ਰੰਧਾਵਾ, ਐਨ ਆਰ ਆਈ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀ ਸੰਘੇ ਜਗੀਰ ਹਾਜ਼ਰ ਸਨ।

# ਖਸਤਾ ਹਾਲ ਸੜਕਾਂ ਦੀ ਮੁਰੰਮਤ ਤੇ ਬਕਾਇਆ ਵਿਕਾਸ ਦੇ ਕੰਮ ਤੁਰੰਤ ਮੁਕੰਮਲ ਕਰਵਾਏ ਜਾਣ : ਬੈਂਸ



**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)**- ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ, ਉਚੇਰੀ ਸਿੱਖਿਆ ਪੰਜਾਬ ਨੇ ਆਪਣੇ ਵਿਧਾਨ ਸਭਾ ਹਲਕੇ ਦੇ ਨੰਗਲ ਸ਼ਹਿਰ ਵਿੱਚ ਸੜਕਾਂ ਦੀ ਖਸਤਾ ਹਾਲਤ ਅਤੇ ਬਕਾਇਆ ਵਿਕਾਸ ਕਾਰਜਾਂ ਸਬੰਧੀ ਸਖਤ ਨੋਟਿਸ ਲੈਂਦੇ ਹੋਏ ਸਬੰਧਿਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਲੋਕਾਂ ਨੂੰ ਦਰਪੇਸ਼ ਮੁਸ਼ਕਿਲਾਂ ਦਾ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇ। ਨੰਗਲ ਦੇ ਵਿਕਾਸ ਕਾਰਜਾਂ ਦਾ ਜਾਇਜਾ ਲੈਣ ਲਈ ਪ੍ਰਸਾਸ਼ਨ ਦੇ ਅਧਿਕਾਰੀਆਂ ਨਗਰ ਕੌਂਸਲ, ਬੀ.ਬੀ.ਐਮ.ਬੀ ਤੇ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨਾਲ ਵਿਸ਼ੇਸ ਮੀਟਿੰਗ ਕਰਨ ਮੌਕੇ ਹਰਜੋਤ ਬੈਂਸ ਨੇ ਕਿਹਾ ਕਿ ਨੰਗਲ ਇੱਕ ਬਹੁਤ ਸੁੰਦਰ ਸ਼ਹਿਰ ਹੈ, ਪ੍ਰਕਿਰਤੀ ਦੇ ਬਹੁਤ ਨੇੜੇ ਹੈ, ਪ੍ਰੰਤੂ ਇਹ ਬਹੁਤ ਵੱਡੀ ਤਰਾਸਦੀ ਹੈ ਕਿ ਪਿਛਲੀਆਂ ਸਰਕਾਰਾ ਨੇ ਨੰਗਲ ਸ਼ਹਿਰ ਦੇ ਵਿਕਾਸ ਵੱਲ ਕੋਈ ਧਿਆਨ ਨਹੀ ਦਿੱਤਾ। ਨੰਗਲ ਸ਼ਹਿਰ ਦੀਆਂ ਅੰਦਰੂਨੀ ਅਤੇ ਸ਼ਹਿਰ ਨੂੰ ਜੋੜਨ ਵਾਲੀਆਂ ਸੜਕਾਂ ਦੀ ਹਾਲਤ ਜਰ-ਜਰ ਹੈ। ਬੀ.ਬੀ.ਐਮ.ਬੀ ਅਧੀਨ ਇਲਾਕੇ ਵਿੱਚ ਵੀ ਸੜਕਾਂ ਦੀ ਹਾਲਤ ਖਸਤਾ ਹੈ, ਨੰਗਲ ਦੇ ਵਿਕਾਸ ਲਈ ਫੰਡਾਂ ਦੀ ਕੋਈ ਘਾਟ ਲਈ ਹੈ, ਇਸ ਦੇ ਬਾਵਜੂਦ ਜਿਹੜੇ ਵਿਕਾਸ ਦੇ ਕੰਮ ਬਹੁਤ ਪਹਿਲਾ ਸ਼ੁਰੂ ਕੀਤੇ ਗਏ ਉਹ ਬਕਾਇਆ ਹਨ ਜਾਂ ਰੁਕੇ ਹੋਏ ਹਨ, ਜਿਸ ਨਾਲ ਨੰਗਲ ਸ਼ਹਿਰ ਦੇ ਵਸਨੀਕ ਅਤੇ ਆਉਣ ਜਾਣ ਵਾਲੇ ਲੋਕ ਬੁਰੀ ਤਰਾਂ ਪ੍ਰਭਾਵਿਤ ਹੋ ਰਹੇ ਹਨ, ਸ਼ਹਿਰ ਨੂੰ ਸਾਫ- ਸੁਥਰਾ ਰੱਖਣਾ ਸਾਡੀ ਤਰਜੀਹ ਹੈ। ਉਨ੍ਹਾਂ ਨੇ ਕਿਹਾ ਕਿ ਨੰਗਲ ਸ਼ਹਿਰ ਦੀਆਂ ਅੰਦਰੂਨੀ ਅਤੇ ਸ਼ਹਿਰ ਨੂੰ ਜੋੜਨ ਵਾਲੀਆਂ ਸੜਕਾਂ ਭਾਵੇ ਉਹ ਕਿਸੇ ਵੀ ਵਿਭਾਗ ਅਧੀਨ ਹੋਣ ਉਨ੍ਹਾ ਦੀ ਤੁਰੰਤ ਮੁਰੰਮਤ ਕਰਵਾਈ ਜਾਵੇ, ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦੇਣਾ ਸਰਕਾਰ ਦਾ ਫਰਜ਼ ਹੈ ਤੇ ਇਸ ਵਿੱਚ ਕੋਈ ਦੇਰੀ ਜਾਂ ਲਾਪਰਵਾਹੀ ਬਰਦਾਸ਼ਤ ਨਹੀ ਕੀਤੀ ਜਾਵੇਗੀ। ਮੀਟਿੰਗ ਵਿੱਚ ਐਸ.ਡੀ.ਐਮ ਮਨੀਸ਼ਾ ਰਾਣਾ, ਡਿਪਟੀ ਚੀਫ ਇੰਜੀਨਿਅਰ ਬੀ.ਬੀ.ਐਮ.ਬੀ ਐਚ.ਐਲ.ਕੰਬੋਜ, ਕਾਰਜਕਾਰੀ ਇੰਜੀਨਿਅਰ ਬੀ.ਬੀ.ਐਮ.ਬੀ ਐਚ.ਐਸ.ਵਾਲੀਆਂ, ਕਾਰਜ ਸਾਧਕ ਅਫਸਰ ਨਗਰ ਕੌਂਸਲ ਨੰਗਲ ਭੁਪਿੰਦਰ ਸਿੰਘ, ਐਮ.ਈ ਮਨੋਜ ਕੁਮਾਰ ਵੀ ਹਾਜ਼ਰ ਸਨ।

# ਬਲਵਿੰਦਰ ਕੌਰ ਨੂੰ ਸੇਵਾ ਮੁਕਤੀ 'ਤੇ ਨਿੱਘੀ ਵਿਦਾਇਗੀ



**ਮਾਹਿਲਪੁਰ ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਹੀਰ ਸਰਕਾਰੀ ਐਲੀਮੈਂਟਰੀ ਸਕੂਲ ਭਾਮ ਵਿਖੇ ਮੈਡਮ ਬਲਵਿੰਦਰ ਕੌਰ ਨੂੰ ਸੇਵਾ ਮੁਕਤ ਹੋਣ 'ਤੇ ਸਰਕਾਰੀ ਐਲੀਮੈਂਟਰੀ ਸਕੂਲ ਭਾਮ ਕਲੱਸਟਰ ਅਤੇ ਬਲਾਕ ਵੱਲੋਂ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ। ਇਸ ਸਬੰਧੀ ਸੁਰਿੰਦਰ ਸਿੰਘ ਸੈਂਟਰ ਹੈੱਡ ਟੀਚਰ ਦੀ ਅਗਵਾਈ ਹੇਠ ਇੱਕ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ ਜਿਸ ਵਿਚ ਬੀ ਪੀ ਈ ਓ ਚਰਨਜੀਤ ਸਿੱਧੂ, ਜਸਵੀਰ ਸਿੰਘ ਏ ਬੀ ਈ ਓ/ ਸਟੇਟ ਐਵਾਰਡੀ, ਸੁਰਿੰਦਰ ਸਿੰਘ ਸੈਂਟਰ ਹੈੱਡ ਟੀਚਰ,ਮਨਜੀਤ ਸਿੰਘ ਮੁੱਖ ਅਧਿਆਪਕ, ਸੁਲੱਖਣ ਸਿੰਘ, ਨਵਦੀਪ ਸਿੰਘ, ਪਰਮਜੀਤ ਸਿੰਘ, ਸਤਪਾਲ ਸਿੰਘ, ਇੰਦਰਜੀਤ , ਬਲਵਿੰਦਰ ਸਿੰਘ, ਕੁਲਵਿੰਦਰ ਕੌਰ, ਕਿਰਨ ਬਾਲਾ, ਮਨਪ੍ਰੀਤ , ਅਮਰਜੀਤ ਕੌਰ,ਸਗਲੀ ਰਾਮ, ਰਾਮ ਸਰੂਪ, ਜਗਤਾਰ ਸਿੰਘ,ਦਰਸਨ ਕੌਰ,ਕਮਲਜੀਤ ਸਿੰਘ,ਜੋਰਾਵਰ ਸਿੰਘ, ਸਰਬਜੀਤ ਸਿੰਘ, ਵਿਜੇ ਕੁਮਾਰ, ਹਰਮਿੰਦਰ ਕੁਮਾਰ, ਹਰਮਿੰਦਰ ਸਿੰਘ, ਮਨਜੀਤ ਸਿੰਘ ਭਾਮ ਹਾਜਰ ਹੋਏ। ਇਸ ਮੌਕੇ ਹਾਜਰ ਬੁਲਾਰਿਆਂ ਨੇ ਮੈਡਮ ਬਲਵਿੰਦਰ ਕੌਰ ਦੀ ਬੇਦਾਗ ਨੌਕਰੀ 'ਤੇ ਵਿਚਾਰ ਪ੍ਰਗਟਾਉਂਦਿਆਂ ਉਨ੍ਹਾਂ ਦੀ ਚੰਗੀ ਸਿਹਤ ਦੀ ਕਾਮਨਾ ਕੀਤੀ। ਇਸ ਮੌਕੇ ਮੈਡਮ ਬਲਵਿੰਦਰ ਕੌਰ ਨੇ ਸਕੂਲ ਸਟਾਫ ਵੱਲੋਂ ਮਿਲੇ ਪਿਆਰ ਲਈ ਧੰਨਵਾਦ ਕੀਤਾ।

## 2 ਸਮੱਗਲਰ ਇੱਕ ਕਿੱਲੋ ਅਫੀਮ ਸਮੇਤ ਗ੍ਰਿਫਤਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਇੰਸਪੈਕਟਰ ਉਂਕਾਰ ਸਿੰਘ ਬਰਾੜ ਮੁੱਖ ਅਫਸਰ ਥਾਣਾ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ ਨੇ ਦੱਸਿਆ ਕਿ ਏ.ਐਸ.ਆਈ ਮਦਨ ਸਿੰਘ ਚੌਕੀ ਸਰਾ ਸਮੇਤ ਪੁਲਸ ਪਾਰਟੀ ਗਸ਼ਤ ਦੇ ਸਬੰਧ ਵਿਚ ਮੇਨ ਜੀ ਟੀ ਰੋਡ ਪਿੰਡ ਢੱਟਾ ਪੁਲੀ ਮੌਜੂਦ ਸੀ ਕਿ ਪਿੰਡ ਹੰਬੜਾ ਵਲੋਂ ਪੈਦਲ ਆਉਂਦੇ ਦੋ ਨੌਜਵਾਨਾਂ ਨੂੰ ਕਾਬੂ ਕੀਤਾ, ਜਿਨ੍ਹਾਂ ਪਾਸੋਂ ਅਫੀਮ ਬ੍ਰਾਮਦ ਹੋਈ। ਇਨ੍ਹਾਂ ਵਿਰੁੱਧ ਮੁਕੱਦਮਾ ਦਰਜ ਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਜਮਹੂਰੀ ਕਿਸਾਨ ਸਭਾ ਨੇ ਭਾਜਪਾ ਸੰਸਦ ਦਾ ਪੁਤਲਾ ਫੂਕਿਆ

**ਨੂਰਪੁਰਬੇਦੀ, (ਸੁਰਜੀਤ ਸਿੰਘ ਕਾਹਲੋਂ)**- ਜਮਹੂਰੀ ਕਿਸਾਨ ਸਭਾ ਪੰਜਾਬ ਦੀ ਅਗਵਾਈ ਹੇਠ ਸਥਾਨਕ ਜੱਟਾਂ ਦੇ ਮੁਹੱਲਾ ਵਿਖੇ ਇਕੱਠੇ ਹੋਏ ਕਿਸਾਨਾਂ ਅਤੇ ਸ਼ਹਿਰਵਾਸੀਆਂ ਨੇ ਦਿੱਲੀ ਵਿਖੇ ਅੰਦੋਲਨ ਕਰ ਰਹੀਆਂ ਮਹਿਲਾ ਪਹਿਲਵਾਨਾਂ ਦੇ ਹੱਕ 'ਚ ਪ੍ਰਦਰਸ਼ਨ ਕਰਦਿਆਂ ਭਾਜਪਾ ਸੰਸਦ ਤੇ ਭਾਰਤੀ ਕੁਸ਼ਤੀ ਫੈੱਡਰੇਸ਼ਨ ਦੇ ਪ੍ਰਧਾਨ ਬ੍ਰਿਜ ਭੂਸ਼ਣ ਸਰਨ ਸਿੰਘ ਦਾ ਪੁਤਲਾ ਫੂਕਿਆ।

ਇਸ ਮੌਕੇ ਬੋਲਦਿਆਂ ਜਮਹੂਰੀ ਕਿਸਾਨ ਸਭਾ ਦੇ ਆਗੂ ਯੋਗਰਾਜ ਧਾਦਲੀ ਨੇ ਆਖਿਆ ਕਿ ਕਰੀਬ ਡੇਢ ਮਹੀਨੇ ਤੋਂ ਦੇਸ਼ ਲਈ ਸੋਨ ਮੈਡਲ ਜਿੱਤਣ ਵਾਲੀਆਂ ਖਿਡਾਰਨਾਂ ਜਿਣਸੀ ਸ਼ੋਸ਼ਣ ਦੇ ਖਿਲਾਫ ਇਨਸਾਫ ਹਾਸਲ ਕਰਨ ਲਈ ਡਟੀਆਂ ਹੋਈਆਂ ਹਨ। ਮਗਰ ਉਨਾਂ ਦੀ ਕਿਧਰੇ ਵੀ ਸੁਣਵਾਈ ਨਹੀਂ ਹੋ ਰਹੀ ਹੈ। ਜਿਸ ਤੋਂ ਸਾਫ ਜਾਪਦਾ ਹੈ ਕਿ ਕੇਂਦਰ ਦੀ ਮੋਦੀ ਸਰਕਾਰ ਦੀ ਨੀਅਤ 'ਚ ਖੋਟ ਹੈ ਜੋ ਭਾਜਪਾ ਸੰਸਦ ਅਤੇ ਕਥਿਤ ਦੋਸ਼ੀ ਭਾਰਤੀ ਕੁਸ਼ਤੀ ਫੈੱਡਰੇਸ਼ਨ ਦੇ ਪ੍ਰਧਾਨ ਬ੍ਰਿਜ ਭੂਸ਼ਣ ਸਰਨ ਸਿੰਘ ਨੂੰ ਬਚਾਉਣਾ ਚਾਹੁੰਦੀ ਹੈ। ਇਸ ਮੌਕੇ ਪ੍ਰਦਰਸ਼ਨਕਾਰੀਆਂ ਨੇ 'ਬ੍ਰਿਜ਼ ਭੂਸ਼ਣ ਸਰਨ ਸਿੰਘ ਨੂੰ ਗ੍ਰਿਫਤਾਰ ਕਰੋ', 'ਭਾਰਤੀ ਜਨਤਾ ਪਾਰਟੀ ਮੁਰਦਾਬਾਦ' ਅਤੇ ਪਹਿਲਵਾਨਾਂ ਦੀ ਏਕਤਾ ਜ਼ਿੰਦਾਬਾਦ' ਆਦਿ ਜ਼ੋਰਦਾਰ ਨਾਅਰੇ ਲਗਾਏ ਉਪਰੰਤ ਭਾਜਪਾ ਸੰਸਦ ਦਾ ਪੁਤਲਾ ਫੂਕਿਆ।

ਜਦਕਿ ਇਕੱਤਰ ਹੋਈਆਂ ਔਰਤਾਂ ਨੇ ਮੋਦੀ ਸਰਕਾਰ ਦਾ ਪਿੱਟ ਸਿਆਪਾ ਕੀਤਾ। ਇਸ ਮੌਕੇ ਮਾ. ਬਲਵੀਰ ਸਿੰਘ ਧਾਦਲੀ, ਯੋਗਰਾਜ ਧਾਦਲੀ, ਹਰਮੇਸ਼ ਸਿੰਘ, ਪ੍ਰੇਮ ਸਿੰਘ, ਹਰਬੰਸ ਸਿੰਘ, ਦਰਸ਼ਨ ਸਿੰਘ, ਗੁਰਮੀਤ ਸਿੰਘ, ਗੁਰਦਿਆਲ ਸਿੰਘ ਬਿੱਟੂ, ਗੋਗੀ, ਬਖਤਾਵਰ ਸਿੰਘ, ਮਾ. ਜੱਗਾ ਸਿੰਘ ਤੇ ਸੁਖਦੇਵ ਸਿੰਘ ਸਹਿਤ ਭਾਰੀ ਗਿਣਤੀ 'ਚ ਕਿਸਾਨ ਹਾਜ਼ਰ ਸਨ।

# ਐੱਲ ਪੀ ਯੂ ਵੱਲੋਂ ਆਰਕੀਟੈਕਚਰ ਦੇ ਸਭ ਤੋਂ ਵੱਡੇ ਚਾਰ ਦਿਨਾ ਸੰਮੇਲਨ 'ਨਾਸਾ' ਦੀ ਮੇਜ਼ਬਾਨੀ



**ਜਲੰਧਰ: (ਸ਼ੈਲੀ ਐਲਬਰਟ)** ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) 9 ਤੋਂ 12 ਜੂਨ ਤੱਕ 65ਵੇਂ ਸਾਲਾਨਾ ਨੈਸ਼ਨਲ ਐਸੋਸੀਏਸ਼ਨ ਆਫ ਸਟੂਡੈਂਟਸ ਆਫ ਆਰਕੀਟੈਕਚਰ (ਨਾਸਾ) ਕਨਵੈਨਸ਼ਨ ਦੀ ਮੇਜ਼ਬਾਨੀ ਕਰੇਗੀ। ਇਥੇ ਭਾਰਤ ਅਤੇ ਦੁਨੀਆ ਭਰ ਤੋਂ 4,000 ਤੋਂ ਵੱਧ ਆਰਕੀਟੈਕਚਰਲ ਵਿਦਿਆਰਥੀ ਇਕੱਤਰ ਹੋਣਗੇ। ਨਾਸਾ, ਜਿਹੜੀ ਕਿ ਇੱਕ ਪ੍ਰਸਿੱਧ ਆਰਕੀਟੈਕਚਰਲ ਸਟੂਡੈਂਟ ਸੰਸਥਾ ਹੈ, ਵੱਖ-ਵੱਖ ਦੇਸ਼ਾਂ ਦੇ 300+ ਕਾਲਜਾਂ ਦੇ 65,000 ਤੋਂ ਵੱਧ ਵਿਦਿਆਰਥੀਆਂ ਦੀ ਸ਼ਾਨਦਾਰ ਭਾਗੀਦਾਰੀ ਦਾ ਮਾਣ ਪ੍ਰਾਪਤ ਕਰਦੀ ਹੈ। ਡਾ. (ਆਰਕੀ ) ਅਤੁਲ ਕੁਮਾਰ ਸਿੰਗਲਾ, ਐਲਪੀਯੂ ਵਿਖੇ ਸਕੂਲ ਆਫ ਆਰਕੀਟੈਕਚਰ ਐਂਡ ਡਿਜਾਈਨ ਦੇ ਮੁੱਖ ਆਰਕੀਟੈਕਟ ਅਤੇ ਮੁਖੀ ਨੇ ਵਿਦਿਆਰਥੀਆਂ ਨੂੰ ਸਿੱਧੇ ਅਤੇ ਅਸਿੱਧੇ ਮੌਕੇ ਪ੍ਰਦਾਨ ਕਰਦੇ ਹੋਏ, ਔਨਲਾਈਨ ਅਤੇ ਔਫਲਾਈਨ ਦੋਵਾਂ ਪਲੇਟਫਾਰਮਾਂ ਰਾਹੀਂ ਵਿਦਿਆਰਥੀਆਂ ਨੂੰ ਇਸ ਵਿਚ ਸ਼ਾਮਲ ਕਰਨ ਦੇ ਸੰਮੇਲਨ ਦੇ ਉਦੇਸ਼ ਨੂੰ ਉਜਾਗਰ ਕੀਤਾ। ਆਪਣੇ-ਆਪਣੇ ਖੇਤਰਾਂ ਵਿੱਚ ਮਾਹਿਰ ,ਦੇਸ਼ ਅਤੇ ਦੁਨੀਆ ਭਰ ਦੇ ਲਗਭਗ 20 ਪ੍ਰਸਿੱਧ ਬੁਲਾਰਿਆਂ ਨੇ ਆਰਕੀਟੈਕਟਾਂ ਦੀ ਨਵੀਂ ਪੀੜ੍ਹੀ ਨੂੰ ਪ੍ਰੇਰਨਾ ਦੇਣ ਅਤੇ ਮਾਰਗਦਰਸ਼ਨ ਕਰਨ ਲਈ ਵਿਭਿੰਨ ਆਰਕੀਟੈਕਚਰਲ ਸੰਕਲਪਾਂ ਨੂੰ ਕਵਰ ਕਰਨਾ ਹੈ। ਆਈਕੋਨਿਕ ਅਤੇ ਸਸਟੇਨੇਬਲ ਪ੍ਰੋਜੈਕਟਾਂ ਦੇ ਮੁੱਖ ਬੁਲਾਰਿਆਂ ਵਿੱਚ ਪ੍ਰੈਸੀਡੈਂਟ, ਸੀਓਏ, ਪ੍ਰੋ (ਆਰਕੀ ) ਅਭੈ ਵਿਨਾਇਕ ਪੁਰੋਹਿਤ, ਸਪੇਨ ਤੋਂ ਡਾ: ਰੋਜਾ ਸਰਵੇਰਾ, ਦੁਬਈ ਤੋਂ ਡਾ: ਬੀਯੂ ਅਬਦੁੱਲਾ, ਇਟਲੀ ਤੋਂ ਰੇਮਨ ਪ੍ਰੈਟ, ਸਲਾਵੋਮੀਰ ਲੇਡਾਉਨ, ਯੂਜੀਨ ਐਨ ਪੰਡਾਲਾ, ਆਰ ਮਿਕੀ ਦੇਸਾਈ ਆਦਿ ਸ਼ਾਮਲ ਹਨ।

# ਵਿਦੇਸ਼ਾਂ 'ਚ ਮਹਿਲਾਵਾਂ ਦਾ ਸ਼ੋਸ਼ਣ ਰੋਕਣ ਲਈ ਪੰਜਾਬ ਸਰਕਾਰ ਉਲੀਕੇਗੀ ਨੀਤੀ: ਡਾ.ਬਲਜੀਤ ਕੌਰ

**ਹੁਸ਼ਿਆਰਪੁਰ, , (ਬਲਵੀਰ ਸਿੰਘ ਸੈਣੀ)**

ਪੰਜਾਬ ਦੀਆਂ ਮਹਿਲਾਵਾਂ ਨੂੰ ਵਿਦੇਸ਼ਾਂ ਵਿਚ ਭੇਜ ਕਿ ਉਨ੍ਹਾਂ ਨਾਲ ਹੋ ਰਹੇ ਸ਼ੋਸ਼ਣ ਨੂੰ ਸੂਬਾ ਸਰਕਾਰ ਵੱਲੋਂ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ। ਇਸ ਸਬੰਧੀ ਮਹਿਲਾਵਾਂ ਦੇ ਹੋ ਰਹੇ ਸ਼ੋਸ਼ਣ ਨੂੰ ਰੋਕਣ ਲਈ ਸੂਬਾ ਸਰਕਾਰ ਵੱਲੋਂ ਰਾਜ ਪੱਧਰੀ ਪਾਲਿਸੀ ਉਲੀਕਣ ਲਈ ਪੀੜਤਾਂ ਨਾਲ ਜਲੰਧਰ ਵਿਖੇ 11 ਜੂਨ ਨੂੰ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਮੰਤਰੀ ਡਾ.ਬਲਜੀਤ ਕੌਰ ਦੀ ਪ੍ਰਧਾਨਗੀ ਹੇਠ ਵਿਚਾਰ ਚਰਚਾ ਕੀਤੀ ਜਾ ਰਹੀ ਹੈ। ਡਾ.ਬਲਜੀਤ ਕੌਰ ਨੇ ਦੱਸਿਆ ਕਿ ਕੁੱਝ ਏਜੰਟਾਂ ਵੱਲੋਂ ਸੂਬੇ ਦੀਆਂ ਮਹਿਲਾਵਾਂ ਨੂੰ ਵਿਦੇਸ਼ਾਂ ਵਿਚ ਗੈਰ ਕਾਨੂੰਨੀ ਢੰਗ ਨਾਲ ਭੇਜਣ ਦੇ ਮੰਤਵ ਨਾਲ ਨੌਕਰੀ ਦਾ ਝਾਂਸਾ ਦੇਣ ਅਤੇ ਗਲਤ ਬਿਆਨ ਬਾਜ਼ੀ ਕਰਕੇ ਉਨ੍ਹਾਂ ਨਾਲ ਕਈ ਤਰ੍ਹਾਂ ਦਾ ਸ਼ੋਸ਼ਣ ਕੀਤਾ ਜਾਂਦਾ ਹੈ। ਇਸ ਸਥਿਤੀ 'ਤੇ ਕਾਬੂ ਪਾਉਣ ਲਈ ਪੰਜਾਬ ਸਰਕਾਰ ਵੱਲੋਂ ਇਕ ਰਾਜ ਪੱਧਰੀ ਪਾਲਿਸੀ ਤਿਆਰ ਕਰਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਪਾਲਿਸੀ ਵਿਚ ਹਰ ਤਰ੍ਹਾਂ ਦਾ ਸ਼ੋਸ਼ਣ ਭੁਗਤ ਚੁੱਕੀਆ ਔਰਤਾਂ ਦੇ ਦੁਖਾਂਤ ਨੂੰ ਸੁਣਨ ਅਤੇ ਉਨ੍ਹਾਂ ਦੇ ਸੁਝਾਵਾਂ ਨੂੰ ਪਾਲਿਸੀ ਵਿਚ ਸ਼ਾਮਿਲ ਕਰਨ ਲਈ 11 ਜੂਨ ਨੂੰ ਡਿਪਟੀ ਕਮਿਸ਼ਨਰ, ਜਲੰਧਰ ਦੇ ਦਫਤਰ ਵਿਖੇ 11.00 ਤੋਂ 1.00 ਵਜੇ ਤੱਕ ਵਿਚਾਰ ਚਰਚਾ ਦਾ ਆਯੋਜਨ ਕੀਤਾ ਜਾ ਰਿਹਾ ਹੈ। ਮੰਤਰੀ ਨੇ ਵਿਆਖਿਆ ਕੀਤੀ ਕਿ ਮਹਿਲਾਵਾਂ ਦੇ ਸ਼ੋਸ਼ਣ ਸਬੰਧੀ ਘਟਨਾਵਾਂ ਖਾਸ ਤੌਰ 'ਤੇ ਅਮਰੀਕਾ, ਕਨੇਡਾ, ਆਸਟ੍ਰੇਲੀਆ, ਨਿਊਜੀਲੈਂਡ, ਮੱਧ ਪੂਰਬੀ ਦੇਸ਼ ਜਿਵੇਂ ਕੁਵੈਤ, ਦੁਬੰਈ ਓਮਾਨ ਆਦਿ ਤੋਂ ਅਜਿਹੀਆਂ ਮੰਦਭਾਗੀ ਘਟਨਾਵਾਂ ਦੀ ਰਿਪੋਰਟ ਪ੍ਰਾਪਤ ਹੁੰਦੀ ਹੈ। ਮੰਤਰੀ ਨੇ ਕਿਹਾ ਕਿ ਐਨ.ਆਰ.ਆਈ ਵਿਅਕਤੀਆਂ/ਏਜੰਟਾਂ/ਰਿਸ਼ਤੇਦਾਰਾਂ ਦੇ ਝਾਂਸੇ ਵਿੱਚ ਆ ਕੇ ਧੋਖਾ ਖਾ ਚੁੱਕੀਆਂ ਮਹਿਲਾਵਾਂ ਨੂੰ ਇਸ ਵਿਚਾਰ ਚਰਚਾ ਵਿਚ ਸ਼ਾਮਲ ਹੋਣ ਲਈ ਖੁੱਲ੍ਹਾ ਸੱਦਾ ਦਿੱਤਾ ਗਿਆ ਹੈ।

# ਜ਼ਿਲ੍ਹਾ ਪੱਧਰੀ ਜਲ ਸੰਭਾਲ ਯੋਜਨਾ ਤਿਆਰ ਕੀਤੀ ਜਾਵੇ : ਦਿਨੇਸ਼ ਕੁਮਾਰ

**ਜਲੰਧਰ -(ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-:ਜਲ ਸ਼ਕਤੀ ਅਭਿਆਨ ਦੀ ਕੇਂਦਰੀ ਟੀਮ ਨੇ ਬੁੱਧਵਾਰ ਨੂੰ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨੂੰ ਜਲੰਧਰ ਲਈ ਜ਼ਿਲ੍ਹਾ ਪੱਧਰੀ ਜਲ ਸੰਭਾਲ ਯੋਜਨਾ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਅਤੇ ਸੰਭਾਲਣ ਲਈ ਵਿਆਪਕ ਰੂਪਰੇਖਾ ਤਿਆਰ ਕੀਤੀ ਜਾ ਸਕੇ।। ਵੱਖ-ਵੱਖ ਵਿਭਾਗਾਂ ਨਾਲ ਸਮੀਖਿਆ ਮੀਟਿੰਗ ਦੌਰਾਨ ਕੇਂਦਰੀ ਨੋਡਲ ਅਫ਼ਸਰ-ਕਮ-ਕੇਂਦਰੀ ਜੁਆਇੰਟ ਸਕੱਤਰ ਦਿਨੇਸ਼ ਕੁਮਾਰ ਨੇ ਕਿਹਾ ਕਿ ਸਬੰਧਤ ਅਧਿਕਾਰੀਆਂ ਵੱਲੋਂ ਜ਼ਿਲ੍ਹਾ ਪੱਧਰੀ ਯੋਜਨਾ ਜਲਦ ਤੋਂ ਜਲਦ ਪੇਸ਼ ਕੀਤੀ ਜਾਵੇ ਤਾਂ ਜੋ ਇਸ ਮਾਨਸੂਨ ਸੀਜ਼ਨ ਦੌਰਾਨ ਧਰਤੀ ਹੇਠਲੇ ਪਾਣੀ ਨੂੰ ਰੀਚਾਰਜ ਕਰਨ ਲਈ ਲੋੜੀਂਦੇ ਕਦਮ ਚੁੱਕੇ ਜਾ ਸਕਣ। ਉਨ੍ਹਾਂ ਇਹ ਵੀ ਕਿਹਾ ਕਿ ਪਾਣੀ ਦੀ ਸੰਭਾਲ ਸਬੰਧੀ ਪਲਾਂਟ ਨਿਰਧਾਰਤ ਸਮੇਂ ਦੇ ਅੰਦਰ ਸਥਾਪਤ ਕਰਨ ਤੋਂ ਇਲਾਵਾ ਸਾਰੀਆਂ ਸਰਕਾਰੀ ਇਮਾਰਤਾਂ ਵਿੱਚ ਰੂਫ ਟਾਪ ਰੇਨ ਵਾਟਰ ਹਾਰਵੈਸਟਿੰਗ ਸਿਸਟਮ ਹੋਣੇ ਚਾਹੀਦੇ ਹਨ । ਉਨ੍ਹਾਂ ਅਧਿਕਾਰੀਆਂ ਨੂੰ ਇਸ ਟੀਚੇ ਦੀ ਪ੍ਰਾਪਤੀ ਲਈ ਲੋੜੀਂਦੀ ਕਾਰਵਾਈ ਕਰਨ ਦੀਆਂ ਹਦਾਇਤਾਂ ਦਿੱਤੀਆਂ ਤਾਂ ਜੋ ਪਾਣੀ ਦੀ ਸੰਭਾਲ ਦੇ ਸਬੰਧ ਵਿੱਚ ਸਾਰਥਕ ਨਤੀਜੇ ਸਾਹਮਣੇ ਆ ਸਕਣ । ਸਾਰੇ ਜਲਘਰਾਂ ਦੀ ਜੀਓ-ਟੈਗਿੰਗ ਕਰਨ 'ਤੇ ਜ਼ੋਰ ਦਿੰਦਿਆਂ ਕੇਂਦਰੀ ਨੋਡਲ ਅਫ਼ਸਰ ਨੇ ਕਿਹਾ ਕਿ ਜ਼ਿਲ੍ਹੇ ਦੇ ਸਾਰੇ ਜਲ ਸ਼ਕਤੀ ਕੇਂਦਰ ਪੂਰੀ ਤਰ੍ਹਾਂ ਸੰਚਾਲਿਤ ਹੋਣ ਚਾਹੀਦੇ ਹਨ ਅਤੇ ਮਾਨਸੂਨ ਵਿੱਚ ਵੱਧ ਤੋਂ ਵੱਧ ਨਤੀਜੇ ਪ੍ਰਾਪਤ ਕਰਨ ਲਈ ਜਲਦ ਤੋਂ ਜਲਦ ਰੁੱਖ ਲਾਉਣ ਦੀ ਮੁਹਿਮ ਚਲਾਈ ਜਾਵੇ । ਉਨ੍ਹਾਂ ਸਪੱਸ਼ਟ ਕਿਹਾ ਕਿ ਸਮੂਹਿਕ ਯਤਨਾਂ ਨਾਲ ਅਸੀਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਪਾਣੀ ਦੀ ਬੱਚਤ ਕਰ ਸਕਦੇ ਹਾਂ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਵਰਿੰਦਰਪਾਲ ਸਿੰਘ ਬਾਜਵਾ, ਸੈਂਟਰਲ ਗਰਾਊਂਡ ਵਾਟਰ ਬੋਰਡ ਦੇ ਵਿਗਿਆਨੀ ਕੇ.ਪੀ. ਸਿੰਘ, ਭੂਮੀ ਤੇ ਜਲ ਸੰਭਾਲ ਅਫ਼ਸਰ ਲੁਪਿੰਦਰ ਕੁਮਾਰ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸੁਖਬੀਰ ਕੌਰ, ਮੁੱਖ ਖੇਤੀਬਾੜੀ ਅਫ਼ਸਰ ਡਾ. ਜਸਵੰਤ ਰਾਏ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਠੰਢੇ ਮਿੱਠੇ ਜਲ ਦੀ ਛਬੀਲ ਲਾਈ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਗਰਮੀ ਦੇ ਮੌਸਮ ਵਿੱਚ ਭੁੱਖਿਆਂ ਨੂੰ ਭੋਜਨ ਅਤੇ ਪਿਆਸੇ ਨੂੰ ਪਾਣੀ ਪਿਲਾਉਣਾ ਸਭ ਤੋਂ ਉੱਤਮ ਸੇਵਾ ਮੰਨੀ ਜਾਂਦੀ ਹੈ। ਇਸ ਸੇਵਾ ਦੇ ਤਹਿਤ ਪਿੰਡ ਕੁਲਾਮ ਰੋਡ 'ਤੇ ਦੁਕਾਨਦਾਰ ਮਾਰਕੀਟ ਸੰਗਤ ਦੇ ਸਹਿਯੋਗ ਨਾਲ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਜਲੇਬੀ, ਲੰਗਰ ਦਾਲ ਫੁਲਕਾ ਵਰਤਾਇਆ ਗਿਆ। ਜਿਸ ਵਿੱਚ ਭਾਰੀ ਗਿਣਤੀ ਵਿੱਚ ਰਾਹਗੀਰਾਂ ਨੇ ਜਲ ਅਤੇ ਜਲੇਬੀ ਦਾ ਲੰਗਰ ਛਕਿਆ ਅਤੇ ਸੰਗਤਾਂ ਨੂੰ ਮਿੱਠੇ ਜਲ ਦੀ ਸੇਵਾ ਕੀਤੀ ਅਤੇ ਸੰਗਤਾਂ ਨੂੰ ਸਰਧਾ ਭਾਵਨਾ ਨਾਲ ਲੰਗਰ ਛਕਾਇਆ ਗਿਆ ਰੋਸ਼ਨ ਕੁਮਾਰ ਜੋਗਿੰਦਰ ਮਿਲਨ ਟੈਂਟ, ਸਤਨਾਮ ਸਿੰਘ ਮਿਲਨ ਨੇ ਦੱਸਿਆ ਕਿ ਮਨੁੱਖਤਾ ਦੀ ਸੇਵਾ ਹੀ ਸੱਚੀ ਸੇਵਾ ਹੈ। ਇਸ ਮੌਕੇ ਸਤਨਾਮ ਕਪੂਰ, ਮਲਕੀਤ, ਗੋਗੀ, ਗੁਰਮੀਤ ਸਿੰਘ, ਪਾਲਾ, ਠੇਕੇਦਾਰ, ਗੁਰਨੂਰ ਸਿੰਘ, ਪਵ ਕੁਲਾਮ ਨੇ ਸੇਵਾ ਕੀਤੀ।

# ਬੀ ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ 'ਚ ਸਮਰ ਕੈਂਪ ਲਗਾਇਆ



**ਲੋਹੀਆਂ ਖਾਸ, 08 ਜੂਨ (ਯੋਗੇਸ਼ਵਰ, ਰੀਨਾ ਸ਼ਰਮਾ) :** ਬੀ.ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ, ਵਾੜਾ ਜੋਧ ਸਿੰਘ, ਜ਼ਿਲ੍ਹਾ ਜਲੰਧਰ ਵਿਖੇ ਦੋ ਦਿਨੀਂ 'ਸਮਰ ਐਡਵੈਂਚਰ-ਸਮਰ ਕੈਂਪ' ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਇਸ ਸਕੂਲ ਦੇ ਵਿਦਿਆਰਥੀਆਂ ਤੋਂ ਇਲਾਵਾ ਦੂਸਰੇ ਸਕੂਲਾਂ ਦੇ ਵਿਦਿਆਰਥੀਆਂ ਨੇ ਵੀ ਵੱਧ-ਚੜ੍ਹ ਕੇ ਹਿੱਸਾ ਲਿਆ। ਸਕੂਲ ਦੇ ਅਧਿਆਪਕ ਮੈਡਮ ਰਾਵੀ, ਮੈਡਮ ਸੁਖਦੀਪ, ਮੈਡਮ ਮਨਦੀਪ, ਮੈਡਮ ਪ੍ਰਭਜੋਤ, ਅਮਨਦੀਪ ਸਿੰਘ, ਰਾਜਨਪ੍ਰੀਤ ਸਿੰਘ ਅਤੇ ਹੋਰ ਅਧਿਆਪਕਾਂ ਦੇ ਸਹਿਯੋਗ ਨਾਲ ਕੈਂਪ ਦੀ ਸ਼ੁਰੂਆਤ ਪਰਮ ਪਿਤਾ ਪਰਮਾਤਮਾ ਦੇ ਨਾਮ ਅਤੇ ਆਸ਼ੀਰਵਾਦ ਲੈ ਕੇ ਕੀਤੀ ਗਈ। ਫਿਰ ਬੱਚਿਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਲਈ ਯੋਗਾ, ਮੈਡੀਟੇਸ਼ਨ, ਮਾਈਂਡ ਬੂਸਟਰ ਗਤੀਵਿਧੀਆਂ ਅਤੇ ਖੇਡਾਂ ਕਰਵਾਈਆਂ ਗਈਆਂ। ਬੱਚਿਆਂ ਨੂੰ ਸਿਹਤਮੰਦ ਜੀਵਨ ਲਈ ਫਲਾਂ ਦੇ ਫਾਇਦੇ ਦੱਸਦੇ ਹੋਏ ਖਾਣ ਲਈ ਫਲ ਦਿੱਤੇ ਗਏ। ਬੱਚਿਆਂ ਨੇ 'ਫਾਦਰ ਡੇਅ' ਨੂੰ ਸਮਰਪਿਤ ਆਪਣੇ ਪਿਤਾ ਜੀ ਦੀ ਫੋਟੋ ਨਾਲ ਕ੍ਰਾਫਟ ਵਰਕ ਰਾਹੀਂ ਸੁੰਦਰ ਕਾਰਡ ਅਤੇ ਕੋਲਾਜ ਬਣਾਏ।

ਫਿਰ ਬੱਚਿਆਂ ਨੇ ਪੂਲ ਪਾਰਟੀ, ਮੂਵੀ ਸ਼ੋਅ, ਡੀਜੇ ਡਾਂਸ ਮਸਤੀ ਦੇ ਨਾਲ ਫਲ, ਮੈਂਗੋ ਫਰੂਟੀ, ਸੈਂਡਵਿਚ, ਪੇਸਟ੍ਰੀ ਆਈਸਕ੍ਰੀਮ ਆਦਿ ਦਾ ਅਨੰਦ ਮਾਣਿਆ। ਵਿਦਿਆਰਥੀਆਂ ਨੂੰ ਸੁੰਦਰ ਤੋਹਫੇ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਸ੍ਰੀਮਤੀ ਨੀਤੀਮਾ ਪੁਰੀ ਨੇ ਮੋਟੀਵੇਸ਼ਨਲ ਸ਼ਬਦਾਂ ਰਾਹੀਂ ਵਿਦਿਆਰਥੀਆਂ ਨੂੰ ਜੀਵਨ ਵਿੱਚ ਹਮੇਸ਼ਾ ਸਕਰਾਤਮਕ ਰੁੱਖ ਅਪਨਾਉਣ, ਮਾਤਾ ਪਿਤਾ ਅਤੇ ਅਧਿਆਪਕਾਂ ਦਾ ਆਦਰ ਕਰਨ, ਪ੍ਰੀਖਿਆਵਾਂ ਤੋਂ ਨਾ ਡਰਨ, ਸਭ ਧਰਮਾਂ ਪ੍ਰਤੀ ਆਦਰ ਪ੍ਰਗਟਾਉਣ ਅਤੇ ਮਿਹਨਤ ਅਤੇ ਇਮਾਨਦਾਰੀ ਦਾ ਰਸਤਾ ਅਪਨਾਉਣ ਲਈ ਪ੍ਰੇਰਿਤ ਕੀਤਾ।

# ਕੈਨੇਡਾ ਤੋਂ ਜਬਰੀ ਵਤਨ ਵਾਪਸੀ ਦਾ ਸਾਹਮਣਾ ਕਰ ਰਹੇ ਵਿਦਿਆਰਥੀਆਂ ਨੂੰ ਕਾਨੂੰਨੀ ਸਹਾਇਤਾ ਦੇਵਾਂਗੇ : ਧਾਲੀਵਾਲ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਦੇ ਐਨ.ਆਰ.ਆਈ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਕੈਨੇਡਾ ਤੋਂ ਜਬਰੀ ਵਤਨ ਵਾਪਸੀ ਦਾ ਸਾਹਮਣਾ ਕਰ ਰਹੇ 700 ਦੇ ਕਰੀਬ ਵਿਦਿਆਰਥੀ ਨੂੰ ਮੁਫਤ ਕਾਨੂੰਨੀ ਸਹਾਇਤਾ ਦੇਵੇਗੀ। ਇਨ੍ਹਾਂ ਵਿਦਿਆਰਥੀਆਂ 'ਚ ਜ਼ਿਆਦਾ ਪੰਜਾਬ ਨਾਲ ਸਬੰਧਤ ਹਨ ਅਤੇ ਉਨ੍ਹਾਂ ਨੂੰ ਕੈਨੇਡਾ ਵਿਚ ਇਮੀਗ੍ਰੇਸ਼ਨ ਕਾਨੂੰਨਾਂ ਦੇ ਮਾਹਿਰ ਵਕੀਲਾਂ ਵੱਲੋਂ ਸਹਾਇਤਾ ਦਿਵਾਈ ਜਾਵੇਗੀ। ਇਸ ਦੇ ਨਾਲ ਹੀ ਧਾਲੀਵਾਲ ਨੇ ਇਨ੍ਹਾਂ ਵਿਦਿਆਰਥੀਆਂ ਦਾ ਮਸਲਾ ਹੱਲ ਕਰਨ ਲਈ ਕੈਨੇਡਾ ਦੇ ਪੰਜਾਬੀ ਮੂਲ ਦੇ ਸਾਰੇ ਐਮ.ਪੀਜ਼ ਨੂੰ ਵੀ ਚਿੱਠੀ ਲਿਖੀ ਹੈ ਤਾਂ ਜੋ ਬੱਚਿਆਂ ਦਾ ਭਵਿੱਖ ਸੁਰੱਖਿਅਤ ਕੀਤਾ ਜਾ ਸਕੇ। ਸਥਾਨਕ ਪੰਜਾਬ ਭਵਨ ਵਿਖੇ ਐਨ.ਆਰ.ਆਈ ਵਿਭਾਗ ਨਾਲ ਜੁੜੇ ਪੂਰੇ ਪੰਜਾਬ ਦੇ ਸਿਵਲ ਅਤੇ ਪੁਲਿਸ ਅਧਿਕਾਰੀਆਂ ਨਾਲ ਇਕ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਇਹ ਆਮ ਵੇਖਣ ਵਿਚ ਆਇਆ ਹੈ ਕਿ ਠੱਗ ਟ੍ਰੈਵਲ ਏਜੰਟਾਂ ਦੇ ਚੁੰਗਲ ਵਿਚ ਬਹੁਤ ਸਾਰੇ ਪੰਜਾਬੀ ਫਸ ਜਾਂਦੇ ਹਨ। ਬਹੁਤੇ ਲੋਕ ਜਿੱਥੇ ਵਿਦੇਸ਼ਾਂ ਵਿਚ ਖੱਜਲ-ਖੁਆਰ ਹੁੰਦੇ ਹਨ ਉੱਥੇ ਹੀ ਕਈਆਂ ਦਾ ਲੱਖਾਂ ਰੁਪਿਆ ਵੀ ਖਰਾਬ ਹੋ ਜਾਂਦਾ ਹੈ। ਉਨ੍ਹਾਂ ਸਾਰੇ ਡਿਪਟੀ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨੂੰ ਹਦਾਇਤ ਕੀਤੀ ਕਿ ਟ੍ਰੈਵਲ ਏਜੰਟਾਂ ਅਤੇ ਇਮੀਗ੍ਰੇਸ਼ਨ ਏਜੰਸੀਆਂ ਦੇ ਕਾਗਜ਼ਾਂ ਦੀ ਪੜਤਾਲ ਕਰਕੇ 10 ਜੁਲਾਈ ਤੱਕ ਰਿਪੋਰਟ ਭੇਜੀ ਜਾਵੇ। ਉਨ੍ਹਾਂ ਇਸ ਗੱਲ 'ਤੇ ਚਿੰਤਾ ਪ੍ਰਗਟਾਈ ਕਿ ਬਹੁਤ ਸਾਰੇ ਟ੍ਰੈਵਲ ਏਜੰਟ ਗੈਰ ਕਾਨੂੰਨੀ ਤਰੀਕੇ ਨਾਲ ਇਮੀਗ੍ਰੇਸ਼ਨ ਦਾ ਕੰਮ ਕਰ ਰਹੇ ਹਨ। ਧਾਲੀਵਾਲ ਨੇ ਦੱਸਿਆ ਕਿ 15 ਜੁਲਾਈ ਤੋਂ 30 ਅਗਸਤ ਤੱਕ ਜ਼ਿਲ੍ਹਾ ਪੱਧਰ 'ਤੇ ਹੋਣ ਵਾਲੀਆਂ ਐਨ.ਆਰ.ਆਈ ਮਿਲਣੀਆਂ ਲਈ ਪਰਵਾਸੀ ਪੰਜਾਬੀਆਂ ਨੂੰ ਆਪਣੀਆਂ ਸਮੱਸਿਆਂਵਾਂ ਲੈ ਕੇ ਆਉਣ ਲਈ ਖੁੱਲ੍ਹਾ ਸੱਦਾ ਦਿੱਤਾ ਜਾ ਰਿਹਾ ਹੈ। ਪਰਵਾਸੀ ਪੰਜਾਬੀਆਂ ਦੀਆਂ ਹਰ ਤਰ੍ਹਾਂ ਦੀਆਂ ਸਮੱਸਿਆਵਾਂ ਤੇ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ 30 ਸਤੰਬਰ ਤੱਕ ਨਵੀਂ ਐਨ.ਆਰ.ਆਈ ਨੀਤੀ ਲਿਆਉਣ ਦੀ ਯੋਜਨਾ ਹੈ। ਮੀਟਿੰਗ ਵਿਚ ਐਨ.ਆਰ.ਆਈ. ਵਿਭਾਗ ਦੇ ਪ੍ਰਮੁੱਖ ਸਕੱਤਰ ਦਲੀਪ ਕੁਮਾਰ, ਸਕੱਤਰ ਕੰਵਲ ਪ੍ਰੀਤ ਬਰਾੜ, ਜਲੰਧਰ ਡਵੀਜ਼ਨ ਦੇ ਕਮਿਸ਼ਨਰ-ਕਮ-ਚੇਅਰਪਰਸਨ ਐਨ.ਆਰ.ਆਈ ਸਭਾ ਜਲੰਧਰ ਗੁਰਪ੍ਰੀਤ ਕੌਰ ਸਪਰਾ, ਏ.ਡੀ.ਜੀ.ਪੀ. ਐਨ.ਆਰ.ਆਈ ਵਿੰਗ ਪ੍ਰਵੀਨ ਕੇ. ਸਿਨ੍ਹਾ ਅਤੇ ਸਮੂਹ ਜ਼ਿਲ੍ਹਿਆਂ ਦੇ ਨੋਡਲ ਅਧਿਕਾਰੀ ਹਾਜ਼ਰ ਸਨ।

# ਪੀ ਸੀ ਐੱਮ ਐੱਸ ਡੀ ਕਾਲਜ ਦੇ 'ਚ ਅੰਤਰਰਾਸ਼ਟਰੀ ਸੈਮੀਨਾਰ

**ਜਲੰਧਰ ( ਇਕਬਾਲ ਸਿੰਘ ਉੱਭੀ)** ਪੀ ਸੀ ਐਮ ਐਸ ਡੀ ਕਾਲਜ ਫਾਰ ਵੂਮੈਨ ਦੇ ਕਾਸਮੈਟੋਲੋਜੀ ਵਿਭਾਗ ਨੇ ਰਾਸ਼ਟਰਾਂ 'ਚ ਸੁੰਦਰਤਾ ਉਦਯੋਗ 'ਚ ਉੱਦਮਤਾ ਹੁਨਰ ਵਿਸ਼ੇ 'ਤੇ ਇੱਕ ਅੰਤਰਰਾਸ਼ਟਰੀ ਸੈਮੀਨਾਰ ਦਾ ਆਯੋਜਨ ਕੀਤਾ। ਇਸ ਦਿਨ ਦੇ ਮਹਿਮਾਨ ਦੁਬਈ ਤੋਂ ਨੌਕਰੀ ਸਲਾਹਕਾਰ ਏਕਤਾ ਕੌਸਲ ਅਤੇ ਦੁਬਈ ਤੋਂ ਸੈਲੂਨ ਮੈਨੇਜਰ ਭਾਰਗਵੀ ਸਨ। ਸ੍ਰੀਮਤੀ ਏਕਤਾ ਨੇ ਕਿਹਾ ਕਿ ਹਰ ਲੜਕੀ ਨੂੰ ਸਵੈ-ਨਿਰਭਰ ਹੋਣਾ ਚਾਹੀਦਾ ਹੈ ਅਤੇ ਸਵੈ-ਨਿਰਭਰ ਬਣਨ ਲਈ ਉਸ ਨੂੰ ਆਪਣੀ ਸਮਰੱਥਾ ਅਤੇ ਸਵੈ-ਮਾਣ ਦਾ ਅਹਿਸਾਸ ਹੋਣਾ ਚਾਹੀਦਾ ਹੈ। ਉਹ ਉੱਦਮਤਾ ਐਫ ਆਈ ਆਰ 'ਚ ਇੱਕ ਕੈਰੀਅਰ ਦੀ ਚੋਣ ਕਰ ਸਕਦੇ ਹਨ, ਜਿਸ 'ਚ ਕੁਝ ਹੁਨਰਾਂ ਵਿੱਚ ਮੁਹਾਰਤ ਹਾਸਲ ਕੀਤੀ ਜਾਣੀ ਹੈ। ਸ੍ਰੀਮਤੀ ਭਾਰਗਵੀ ਨੇ ਉਨ੍ਹਾਂ ਨੂੰ ਭਾਰਤ ਅਤੇ ਵਿਦੇਸਾਂ ਵਿੱਚ ਪੇਸ਼ੇਵਰ ਮਦਦ ਦੀ ਪੇਸ਼ਕਸ਼ ਕਰਨ ਦਾ ਵਾਅਦਾ ਕੀਤਾ। ਇਸ ਮੌਕੇ ਪ੍ਰਧਾਨ ਨਰੇਸ਼ ਕੁਮਾਰ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕੀ ਕਮੇਟੀ ਦੇ ਹੋਰ ਮੈਂਬਰਾਂ ਅਤੇ ਪ੍ਰਿੰਸੀਪਲ ਪ੍ਰੋ.(ਡਾ.) ਪੂਜਾ ਪਰਾਸ਼ਰ ਨੇ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਪੈਨਸ਼ਨ ਸਕੀਮ ਬਹਾਲੀ ਲਈ ਕਮੇਟੀਆਂ ਤੇ ਟੀਮਾਂ ਦਾ ਗਠਨ ਮੁਲਾਜ਼ਮਾਂ ਲਈ ਵਿਸ਼ਵਾਸਘਾਤ : ਵਾਲੀਆ

**ਜਲੰਧਰ ( ਰਾਜੇਸ਼ ਥਾਪਾ)** ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਦੇ ਜਿਲ੍ਹਾ ਕਨਵੀਨਰ-ਕੁਲਦੀਪ ਵਾਲੀਆ ਅਤੇ ਕੋ-ਕਨਵੀਨਰ ਦਿਲਬਾਗ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਪਿਛਲੇ ਸਾਲ ਅਕਤੂਬਰ 'ਚ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਐਲਾਨ ਕੀਤਾ। ਇਸ ਐਲਾਨ ਤੋਂ ਬਾਅਦ ਹਿਮਾਚਲ ਅਤੇ ਗੁਜਰਾਤ ਚੋਣਾਂ 'ਚ ਆਪ ਪਾਰਟੀ ਵੱਲੋਂ ਇਸ ਐਲਾਨ ਮਾਤਰ ਦਾ ਸਿਆਸੀ ਲਾਹਾ ਲੈਣ ਦੀ ਪੂਰੀ ਕੋਸਿਸ਼ ਕੀਤੀ ਗਈ। ਭਾਵੇਂ ਕਿ ਐਲਾਨ ਪਹਿਲਾਂ ਪੰਜਾਬ ਵਿੱਚ ਹੋਇਆ, ਪਰ ਹਿਮਾਚਲ 'ਚ ਬਾਅਦ ਵਿੱਚ ਬਣੀ ਸਰਕਾਰ ਨੇ ਅਪਣਾ ਵਾਅਦਾ ਪੂਰਾ ਕਰਦਿਆਂ ਪੁਰਾਣੀ ਪੈਨਸ਼ਨ ਬਹਾਲ ਵੀ ਕਰ ਦਿੱਤੀ, ਪਰ ਪੰਜਾਬ 'ਚ ਪਹਿਲਾਂ ਤਾਂ ਇਸ ਨੂੰ ਘੋਖ ਕਰਨ ਲਈ ਰਾਜਪਾਲ ਵੱਲੋਂ ਉੱਚ ਅਧਿਕਾਰੀਆਂ ਦੀ ਕਮੇਟੀ ਬਣਾਈ ਗਈ। ਇਸ ਤੋਂ ਬਾਅਦ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿਚ ਸਬ ਕਮੇਟੀ ਬਣਾ ਕੇ ਇਸ ਕਮੇਟੀ ਨੂੰ ਐਸ ਓ ਪੀ ਬਨਾਉਣ ਅਤੇ ਇਸਦੇ ਪ੍ਰਭਾਵਾਂ ਦੀ ਘੋਖ ਕਰਨ ਦਾ ਕੰਮ ਸੌਂਪ ਕੇ ਪੁਰਾਣੀ ਪੈਨਸ਼ਨ ਬਹਾਲੀ ਦੇ ਕੰਮ ਨੂੰ ਠੰਡੇ ਬਸਤੇ 'ਚ ਪਾਉਣ ਦੀ ਕੋਸਿਸ਼ ਕੀਤੀ ਗਈ। ਇਸੇ ਦੌਰਾਨ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੀ ਸੂਬਾ ਪੱਧਰੀ ਰੈਲੀ ਦੇ ਐਲਾਨ ਤੋਂ ਘਬਰਾਈ ਸਰਕਾਰ ਨੇ ਵਿੱਤ ਮੰਤਰੀ ਨਾਲ ਮੀਟਿੰਗ ਫਿਕਸ ਕੀਤੀ। ਇਹ ਮੀਟਿੰਗ 6 ਅਪ੍ਰੈਲ ਪੰਜਾਬ ਭਵਨ ਚੰਡੀਗੜ੍ਹ ਵਿਖੇ ਅਹਿਮ ਮੀਟਿੰਗ ਹੋਈ ਜਿਸ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਆਗੂਆ ਨੇ ਸਵਾਲ ਕੀਤਾ ਕਿ ਕਿੰਨੇ ਸਮੇਂ ਤੱਕ ਪੁਰਾਣੀ ਪੈਨਸ਼ਨ ਮੁਕੰਮਲ ਬਹਾਲ ਹੋ ਜਾਵੇਗੀ ਤਾਂ ਵਿੱਤ ਮੰਤਰੀ ਸਾਹਿਬ ਵੱਲੋਂ ਖੁੱਲ੍ਹਾ ਸਮਾਂ ਮਿਥ ਕੇ ਦੋ ਮਹੀਨੇ ਦਾ ਸਮਾਂ ਮੰਗਿਆ ਗਿਆ। ਹੁਣ ਜਦੋਂ 6 ਜੂਨ ਨੂੰ ਦੋ ਮਹੀਨੇ ਪੂਰੇ ਹੋ ਚੁੱਕੇ ਹਨ ਹੁਣ ਇੱਕ ਪੱਤਰ ਜਾਰੀ ਕਰਕੇ ਸਰਕਾਰ ਨੇ ਪੁਰਾਣੀ ਪੈਨਸ਼ਨ ਬਹਾਲੀ ਨੂੰ ਸਮਝਣ ਲਈ ਵੱਖ ਵੱਖ ਰਾਜਾਂ 'ਚ ਜਾਣ ਲਈ ਟੀਮਾਂ ਭੇਜ ਦਿੱਤੀਆਂ। ਵਾਅਦਿਆਂ ਤੇ ਪੂਰਾ ਉੱਤਰਨ ਦਾ ਦਾਅਵਾ ਕਰਨ ਵਾਲੀ ਸਰਕਾਰ ਅਪਣਾ ਵਾਅਦੇ ਤੋਂ ਭੱਜ ਕੇ ਕਰਮਚਾਰੀਆਂ ਨਾਲ ਵਿਸਵਾਸਘਾਤ ਕਰ ਰਹੀ ਹੈ। ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਕਨਵੀਨਰ ਕੁਲਦੀਪ ਵਾਲੀਆ ਨੇ ਉਕਤ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਸਖਤ ਫੈਸਲੇ ਲਏ ਜਾਣ ਤਿੱਖੇ ਸੰਘਰਸ਼ ਉਲੀਕੇ ਜਾਣਗੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਕਰਨੈਲ ਫਿਲੌਰ,ਪਰੇਮ ਖਲਵਾੜਾ,ਵੇਦ ਰਾਜ, ਸੰਦੀਪ ਰਾਜੋਵਾਲ, ਕਸਤੂਰੀ ਲਾਲ, ਰਾਮਰੂਪ, ਧਰਮਪਾਲ, ਮੋਹਣ ਲਾਲ, ਧਰਮਪਾਲ, ਕੁਲਦੀਪ ਸਿੰਘ ਕੌੜਾ ਅਤੇ ਹੋਰ ਸਾਥੀ ਸ਼ਾਮਲ ਸਨ।

# ਪਾਵਰਕਾਮ ਦੇ ਉਚ ਅਧਿਕਾਰੀਆਂ ਦੀਆਂ ਅਣਗਹਿਲੀਆਂ ਸਦਕਾ ਬਿਜਲੀ ਕਾਮੇ ਮੁਢਲੀਆਂ ਸਹੂਲਤਾਂ ਤੋਂ ਵਾਂਝੇ



**ਮਾਹਿਲਪੁਰ (ਸਫਰੀ)** - ਦਫਤਰਾਂ ਵਿਚ ਠੇਕੇ 'ਤੇ ਰੱਖੇ ਜਾਂਦੇ ਕਾਮੇ ਪੂਰੀ ਤਰ੍ਹਾਂ ਨਿਯਮਾਂ ਤਹਿਤ ਰੱਖੇ ਜਾਂਦੇ ਹਨ, ਪਰ ਵੱਡੇ ਪੱਧਰ 'ਤੇ ਫੈਲੇ ਭ੍ਰਿਸ਼ਟਾਚਾਰ ਕਾਰਨ ਪ੍ਰਾਈਵੇਟ ਕੰਪਨੀਆਂ ਨਾਲ ਤਹਿ ਕੀਤੀਆਂ ਸ਼ਰਤਾਂ ਸਾਰੀਆਂ ਉਸ ਵੇਲੇ ਹਵਾ ਹਵਾਈ ਹੁੰਦੀਆਂ ਹਨ, ਜਦੋਂ ਤਹਿ ਸ਼ਰਤਾਂ ਲਾਗੂ ਨਹੀਂ ਹੁੰਦੀਆਂ। ਕੋਟ ਫਤੂਹੀ ਬਿਜਲੀ ਘਰ ਅੱਗੇ ਕੰਟਰੈਕਟ ਕਾਮਿਆਂ ਵੱਲੋਂ ਅਪਣੀਆਂ ਸੰਵਿਧਾਨਕ ਮੰਗਾਂ ਨੂੰ ਲੈ ਕੇ ਦਿੱਤੇ ਜਾ ਰਹੇ ਧਰਨੇ ਦੇ ਸੰਬੰਧ 'ਚ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਅਤੇ ਪ੍ਰਦੀਪ ਕੁਮਾਰ ਮੰਨਨਹਾਨਾ, ਕੋਸਲ ਕੁਮਾਰ ਨੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਤੇ ਉਨ੍ਹਾਂ ਨੇ ਦੱਸਿਆ ਕਿ ਬਰਸਾਤ ਦੇ ਦਿਨਾ 'ਚ ਸੈਫਟੀ ਕਿੱਟਾਂ ਦਾ ਨਾ ਮਿਲਣਾ ਕਾਮਿਆਂ ਲਈ ਵੱਡਾ ਖਤਰਾ ਹੈ ਤੇ ਉਨ੍ਹਾਂ ਤੋਂ ਬਿਨ੍ਹਾਂ ਕੰਮ ਨਹੀਂ ਕੀਤਾ ਜਾ ਸਕਦਾ ਅਤੇ ਨਾ ਹੀ ਕਾਮਿਆਂ ਨੂੰ ਪਹਿਚਾਣ ਪੱਤਰ ਬਣਾ ਕੇ ਦਿੱਤੇ ਜਾ ਰਹੇ ਹਨ ਤੇ ਨਾ ਹੀ ਈ ਐਸ ਆਈ ਨੰਬਰ ਦਿੱਤਾ ਜਾ ਰਿਹਾ ਹੈ। ਧੀਮਾਨ ਨੇ ਕਾਮਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਿਸ ਕੰਟਰੈਕਟ 'ਤੇ ਅਧਿਕਾਰੀ ਦਸਤਖਤ ਕਰਦੇ ਹਨ ਅਸਲ 'ਚ ਉਹ ਲਾਗੂ ਹੁੰਦਾ ਹੀ ਨਹੀਂ ਹੈ ਤੇ ਨਾ ਹੀ ਅਧਿਕਾਰੀ ਰੁਚੀ ਰਖਦੇ ਹਨ। ਉਸ ਕੰਮ ਲਈ ਕੰਪਨੀ ਨੇ ਤਹਿ ਸ਼ਰਤਾਂ ਅਨੁਸਾਰ ਕਾਮਿਆਂ ਨੂੰ ਤਨਖਾਹ, ਸੇਫਟੀ ਕਿੱਟਾਂ, ਕੰਪਲੈਂਟ ਦਾ ਹੱਲ ਕਰਨ ਲਈ ਵਹੀਕਲ ਅਤੇ ਹੋਰ ਮਟੀਰੀਅਲ ਦੇਣਾ ਹੁੰਦਾ ਹੈ, ਪਰ ਅਜਿਹਾ ਕੁਝ ਵੀ ਕਾਮਿਆਂ ਨੂੰ ਨਹੀਂ ਮਿਲਦਾ। ਸਰਕਾਰਾਂ ਦੀ ਘਟੀਆ ਮੇਨੇਜਮੈਂਟ ਕਾਰਨ ਕਾਮਿਆਂ ਨਾਲ ਗੈਰ ਸੰਵਿਧਾਨਕ ਵਤੀਰਾ ਵਰਤ ਕੇ ਉਨ੍ਹਾਂ ਦੀ ਤਾਕਤ ਦਾ ਅਤੇ ਬੇਰੁਜ਼ਗਾਰੀ ਹੋਣ ਦਾ ਸਰੀਰਕ ਸ਼ੋਸਣ ਕੀਤਾ ਜਾਂਦਾ ਹੈ ਉਨ੍ਹਾਂ ਕਿਹਾ ਕਿ ਉਹ ਜਲਦੀ ਹੀ ਲੋਕਾਂ ਨੂੰ ਬਿਜਲੀ ਸਬੰਧੀ ਮੁਸ਼ਕਲਾਂ ਨੂੰ ਲੈ ਕੇ ਪਿੰਡਾਂ 'ਚ ਮੀਟਿੰਗਾਂ ਸ਼ੁਰੂ ਕਰਨਗੇ। ਬਾਅਦ 'ਚ ਸਬੰਧਤ ਐਸ ਡੀ ਓ ਮਨਜਿੰਦਰਪਾਲ ਸਿੰਘ ਪਾਵਰਕਾਮ ਕੋਟ ਫਤੂਹੀ ਨੂੰ ਮਿਲ ਕੇ ਸਾਰੀਆਂ ਮੁਸ਼ਕਲਾਂ 'ਤੇ ਵਿਚਾਰ ਕਰਨ ਤੋਂ ਬਾਅਦ ਮਸਲਾ ਹੱਲ ਕਰਵਾਇਆ। ਇਸ ਮੌਕੇ ਦਲਵਿੰਦਰ ਸਿੰਘ, ਰਜਿੰਦਰ ਸਿੰਘ, ਧਰਮਵੀਰ, ਹਰਵਿੰਦਰ ਸਿੰਘ, ਜਸਪ੍ਰੀਤ ਸਿੰਘ, ਤਜਿੰਦਰ ਸਿੰਘ, ਰਣਵੀਰ ਸਿੰਘ, ਅੰਮ੍ਰਿਤਪਾਲ, ਬਲਵੀਰ ਕੁਮਾਰ, ਹੇਮ ਰਾਜ, ਪਵਨ ਬੰਗਾ, ਸਤਵੀਰ ਸਿੰਘ, ਦਲਜਿੰਦਰ ਸਿੰਘ, ਕੁਲਜੀਤ ਸਿੰਘ,ਧਰਮਿੰਦਰ ਸਿੰਘ ਅਤੇ ਅਮਰਜੀਤ ਸਿੰਘ ਆਦਿ ਹਾਜ਼ਰ ਸਨ।

# ਪੰਜ ਪੀਰ ਦਰਬਾਰ 'ਚ ਕੀਤੀਆਂ ਰਸਮਾਂ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਨਵਾਂਸ਼ਹਿਰ ਦੇ ਬੰਗਾ ਰੋਡ ਵਿਖੇ ਸਾਲਾਨਾ ਜੋੜ ਮੇਲੇ 'ਚ ਇਸ ਸਾਲ ਸਿਰਫ ਰਸਮਾਂ ਹੀ ਕੀਤੀ ਆ ਗਈਆ ਹਨ। ਇਸ ਮੌਕੇ ਦਰਬਾਰ ਦੇ ਗੱਦੀ ਨਸ਼ੀਨ ਬਾਬਾ ਮਹਿਤਾਬ ਅਹਿਮਦ ਕਾਂਦਰੀ ਨੇ ਜਾਣਕਾਰੀ ਦਿੱਤੀ ਹੈ ਕਿ ਸ਼ਾਮ ਨੂੰ ਦਰਬਾਰ 'ਚ ਚਿਰਾਗ ਰੌਸ਼ਨ ਕੀਤੇ ਗਏ ਅਤੇ ਇਸ ਤਰ੍ਹਾਂ ਨੂੰ ਸਵੇਰੇ ਝੰਡੇ ਦੀਆਂ ਰਸਮਾਂ ਕੀਤੀਆ ਗਈਆ ਅਤੇ ਬਾਅਦ ਦੁਪਹਿਰ ਦਰਬਾਰ 'ਤੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕੀਤੀ। ਬਾਬਾ ਮਹਿਤਾਬ ਅਹਿਮਦ ਕਾਂਦਰੀ ਨੇ ਸਮੁੱਚੇ ਨਗਰ ਦੀ ਖੁਸ਼ਹਾਲੀ ਅਤੇ ਸ਼ਾਂਤੀ ਲਈ ਅਰਦਾਸ ਕੀਤੀ।

ਉਨ੍ਹਾਂ ਕਿਹਾ ਸਾਨੂੰ ਗੁਰੂਆਂ ਅਤੇ ਪੀਰਾਂ ਦੇ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ। ਬਾਅਦ ਦੁਪਹਿਰ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਵੱਖ ਵੱਖ ਡੇਰਿਆਂ ਤੋਂ ਸੰਤ ਫਕੀਰਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਦਰਬਾਰ 'ਚ ਆਸ਼ੀਰਵਾਦ ਲੈਣ ਲਈ ਹਲਕਾ ਬਲਾਚੌਰ ਤੋਂ ਐਮ ਐਲ ਏ ਸਤੋਸ਼ ਕਟਾਰਿਆ ਅਤੇ ਉਹਨਾਂ ਦੇ ਨਾਲ ਨੇ ਹਾਜ਼ਰੀ ਭਰੀ। ਇਸ ਤੋਂ ਇਲਾਵਾ ਬਾਬਾ ਵਰੁਣ ਸੋਬਤੀ, ਕੁੱਕੂ ਭਗਤ, ਬਾਬਾ ਮਦਨ, ਬਾਬਾ ਕੁਲਵੀਰ, ਬਾਬਾ ਮਦਨ ਲਾਲ ਰਾਣੀਪੁਰ, ਬਾਬਾ ਭਜਨ ਸ਼ਾਹ, ਬਾਬਾ ਪਿਆਰਾ, ਨਰਿੰਦਰ ਚੋਹਾਨ, ਗੁਰਮੇਲ ਸਿੰਘ, ਗੁਰਦੀਪ ਸਿੰਘ, ਸਿਆਨ ਆਦਿ ਹਾਜ਼ਰ ਸਨ।

# ਜੀਂਦ 'ਚ ਕੇਜਰੀਵਾਲ ਤੇ ਭਗਵੰਤ ਮਾਨ ਨੇ ਕੱਢੀ ਤਿਰੰਗਾ ਯਾਤਰਾ



**ਚੰਡੀਗੜ੍ਹ/ਜੀਂਦ (ਗੁਰਜੀਤ ਬਿੱਲਾ)** ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀਰਵਾਰ ਨੂੰ ਹਰਿਆਣਾ ਦੇ ਜੀਂਦ 'ਚ ਤਿਰੰਗਾ ਯਾਤਰਾ ਅਤੇ ਮੈਗਾ ਰੋਡ ਸ਼ੋਅ ਕੱਢਿਆ। ਤਿਰੰਗਾ ਯਾਤਰਾ ਅਤੇ ਰੋਡ ਸੋਅ 'ਚ ਹਰਿਆਣਾ ਦੇ ਕੋਨੇ-ਕੋਨੇ ਤੋਂ ਆਮ ਆਦਮੀ ਪਾਰਟੀ ਦੇ ਵਰਕਰ ਅਤੇ ਸਮਰਥਕ ਜੀਂਦ ਪਹੁੰਚੇ। ਇਸ ਦੌਰਾਨ ਪੂਰਾ ਸ਼ਹਿਰ ਆਮ ਆਦਮੀ ਪਾਰਟੀ ਦੇ ਵਰਕਰਾਂ ਅਤੇ ਸਮਰਥਕਾਂ ਨਾਲ ਭਰ ਗਿਆ। 'ਆਪ' ਦੇ ਸੂਬਾ ਪ੍ਰਧਾਨ ਡਾ: ਸੁਸ਼ੀਲ ਗੁਪਤਾ, ਸੀਨੀਅਰ ਮੀਤ ਪ੍ਰਧਾਨ ਅਨੁਰਾਗ ਢਾਂਡਾ, ਸੂਬਾ ਪ੍ਰਚਾਰ ਕਮੇਟੀ ਦੇ ਪ੍ਰਧਾਨ ਡਾ: ਅਸ਼ੋਕ ਤੰਵਰ, ਰਾਸ਼ਟਰੀ ਸੰਯੁਕਤ ਸਕੱਤਰ ਮੰਤਰੀ ਨਿਰਮਲ ਸਿੰਘ ਅਤੇ ਸੂਬਾ ਮੀਤ ਪ੍ਰਧਾਨ ਚਿੱਤਰਾ ਸਰਵਰਾ ਅਤੇ ਹੋਰ ਸੀਨੀਅਰ ਆਗੂ ਤਿਰੰਗੇ ਨੂੰ ਲੈ ਕੇ ਇੱਕ ਹਫਤਾ ਪਹਿਲਾਂ ਜੀਂਦ 'ਚ ਸਨ।

ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕਿ ਸਾਨੂੰ ਸਾਰਿਆਂ ਨੂੰ ਮਿਲ ਕੇ ਤਿਰੰਗੇ ਦੇ ਸਨਮਾਨ ਨੂੰ ਕਾਇਮ ਰੱਖਣਾ ਹੋਵੇਗਾ। ਉਨ੍ਹਾਂ ਕਿਹਾ ਕਿ ਹਰਿਆਣਾ 'ਚ ਕਾਂਗਰਸ ਨੇ 25 ਸਾਲ ਰਾਜ ਕੀਤਾ ਅਤੇ ਭਾਜਪਾ ਨੇ 9 ਸਾਲ ਰਾਜ ਕੀਤਾ। ਉਨ੍ਹਾਂ ਕਿਹਾ ਕਿ ਕੋਈ ਇੱਕ ਕੰਮ ਦੱਸੋ, ਜੋ ਭਾਜਪਾ ਜਾਂ ਕਾਂਗਰਸ ਨੇ ਕੀਤਾ ਹੋਵੇ। ਬਿਜਲੀ, ਪਾਣੀ, ਸਿੰਚਾਈ ਦੀ ਕੋਈ ਸਹੂਲਤ ਨਹੀਂ ਦਿੱਤੀ ਗਈ। ਜੇਕਰ ਤੁਸੀਂ ਸਕੂਲ ਜਾਂ ਹਸਪਤਾਲ ਵੀ ਨਹੀਂ ਬਣਾਇਆ ਤਾਂ ਤੁਸੀਂ ਉਨ੍ਹਾਂ ਨੂੰ ਵੋਟ ਕਿਉਂ ਪਾ ਰਹੇ ਹੋ। ਉਨ੍ਹਾਂ ਕਿਹਾ ਕਿ ਹੁਣ ਤੱਕ ਇਹ ਮਜਬੂਰੀ ਬਣ ਗਈ ਸੀ ਕਿ ਉਹ ਕਾਂਗਰਸ ਤੋਂ ਨਾਰਾਜ ਹੋ ਕੇ ਭਾਜਪਾ ਨੂੰ ਵੋਟ ਪਾਉਂਦੇ ਹਨ ਅਤੇ ਭਾਜਪਾ ਤੋਂ ਨਾਰਾਜ ਹੋ ਕੇ ਕਾਂਗਰਸ ਨੂੰ ਵੋਟ ਦਿੰਦੇ ਹਨ। ਹੁਣ ਤੀਜਾ ਬਦਲ ਆਮ ਆਦਮੀ ਪਾਰਟੀ ਦੇ ਰੂਪ ਵਿੱਚ ਲੋਕਾਂ ਦੇ ਸਾਹਮਣੇ ਆ ਗਿਆ ਹੈ। ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਮੈਨੂੰ ਇੱਕ ਮੌਕਾ ਦਿਓ, ਆਪਣੇ ਬੱਚਿਆਂ ਨੂੰ ਚੰਗੀ ਸਿੱਖਿਆ ਦੇਵਾਂਗੇ, ਚੰਗੇ ਸਕੂਲ ਬਣਾਵਾਂਗੇ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਹਰਿਆਣਾ ਵਿੱਚ ਬਦਲਾਅ ਲਿਆਉਣ ਅਤੇ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਤਿਰੰਗਾ ਯਾਤਰਾ ਬਹੁਤ ਜਰੂਰੀ ਹੈ। ਇਹ ਤਿਰੰਗਾ ਯਾਤਰਾ ਹਰਿਆਣਾ ਵਿੱਚ ਬਦਲਾਅ ਦੀ ਲਹਿਰ ਲੈ ਕੇ ਆਵੇਗੀ। ਇਸ ਤਿਰੰਗਾ ਯਾਤਰਾ ਲਈ ਹਰਿਆਣਾ ਦੇ ਲੋਕਾਂ ਦੇ ਉਤਸਾਹ ਲਈ ਧੰਨਵਾਦ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ 'ਚ ਬਿਜਲੀ ਮੁਫਤ ਕੀਤੀ ਜਾ ਸਕਦੀ ਹੈ, ਮੁਹੱਲਾ ਕਲੀਨਿਕ ਬਣਾਏ ਜਾ ਸਕਦੇ ਹਨ ਅਤੇ ਨੌਜਵਾਨਾਂ ਨੂੰ ਰੁਜ਼ਗਾਰ ਮਿਲ ਸਕਦਾ ਹੈ ਤਾਂ ਹਰਿਆਣਾ ਵਿੱਚ ਕਿਉਂ ਨਹੀਂ। ਪੰਜਾਬ ਦੇ 88 ਫੀਸਦੀ ਘਰਾਂ 'ਚ ਬਿਜਲੀ ਦਾ ਬਿੱਲ ਨਹੀਂ ਆਉਂਦਾ। ਜੇਕਰ ਪੰਜਾਬ 'ਚ ਅਜਿਹਾ ਹੋ ਰਿਹਾ ਹੈ ਤਾਂ ਹਰਿਆਣਾ ਵਿੱਚ ਕਿਉਂ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਵਰਗਾ ਇਮਾਨਦਾਰ ਇਨਸਾਨ ਨਹੀਂ ਲੱਭ ਸਕਦਾ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਲੋਕ ਸਭਾ, ਵਿਧਾਨ ਸਭਾ ਅਤੇ ਪੰਚਾਇਤੀ ਚੋਣਾਂ ਉਨ੍ਹਾਂ ਦੀ ਮਰਜੀ ਅਨੁਸਾਰ ਹੋ ਸਕਦੀਆਂ ਹਨ ਪਰ ਚੋਣ ਨਿਸ਼ਾਨ ਸਿਰਫ ਇੱਕ ਝਾੜੂ ਹੀ ਹੋਣਾ ਚਾਹੀਦਾ ਹੈ।

# ਪੰਜ ਕਿਸਾਨ ਜਥੇਬੰਦੀਆਂ ਵੱਲੋਂ 5 ਅਗਸਤ ਨੂੰ ਮੋਹਾਲੀ 'ਚ ਰੈਲੀ



**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜ ਕਿਸਾਨ ਜਥੇਬੰਦੀਆਂ ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ), ਕੁੱਲ ਹਿੰਦ ਕਿਸਾਨ ਫੈਡਰੇਸ਼ਨ, ਕਿਸਾਨ ਸੰਘਰਸ਼ ਕਮੇਟੀ ਪੰਜਾਬ, ਭਾਰਤੀ ਕਿਸਾਨ ਯੂਨੀਅਨ (ਮਾਨਸਾ) ਅਤੇ ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਦੀ ਮੀਟਿੰਗ ਕਿਸਾਨ ਭਵਨ ਚੰਡੀਗੜ੍ਹ ਵਿਖੇ ਹੋਈ। ਮੀਟਿੰਗ 'ਚ ਹੋਰਨਾਂ ਤੋਂ ਇਲਾਵਾ ਬਲਬੀਰ ਸਿੰਘ ਰਾਜੇਵਾਲ, ਪ੍ਰੇਮ ਸਿੰਘ ਭੰਗੂ, ਕੰਵਲਪ੍ਰੀਤ ਸਿੰਘ ਪੰਨੂ, ਬੋਘ ਸਿੰਘ ਮਾਨਸਾ ਅਤੇ ਹਰਜਿੰਦਰ ਸਿੰਘ ਟਾਂਡਾ ਆਪਣੀਆਂ ਯੂਨੀਅਨਾਂ ਦੇ ਪ੍ਰਧਾਨ ਕ੍ਰਮਵਾਰ ਹਾਜਰ ਸਨ। ਮੀਟਿੰਗ 'ਚ ਪਾਣੀ ਦੇ ਗੰਭੀਰ ਸੰਕਟ, ਵਾਤਾਵਰਣ ਪ੍ਰਦੂਸ਼ਣ ਅਤੇ ਸੂਬੇ ਦੇ ਸੰਘੀ ਢਾਂਚੇ 'ਤੇ ਹਮਲੇ ਨੂੰ ਲੈ ਕੇ ਮੋਰਚਾ ਲਾਉਣ ਦਾ ਫੈਸਲਾ ਕੀਤਾ ਗਿਆ। 5 ਅਗਸਤ ਨੂੰ ਅੰਬ ਸਾਹਿਬ ਗੁਰਦੁਆਰਾ ਮੋਹਾਲੀ ਵਿਖੇ ਵਿਸ਼ਾਲ ਰੈਲੀ ਕੀਤੀ ਜਾਵੇਗੀ। ਰੈਲੀ ਦੀ ਤਿਆਰੀ ਅਤੇ ਲਾਮਬੰਦੀ ਲਈ ਜਥੇਬੰਦੀਆਂ ਦੇ ਸਰਗਰਮ ਵਰਕਰਾਂ ਦੀ ਮੀਟਿੰਗ 15 ਜੂਨ ਨੂੰ ਕਿਸਾਨ ਭਵਨ ਵਿਖੇ ਹੋਵੇਗੀ ਅਤੇ ਉਸ ਤੋਂ ਬਾਅਦ 10 ਤੋਂ 20 ਜੁਲਾਈ ਤੱਕ ਸੂਬੇ ਦੇ ਵੱਖ-ਵੱਖ ਇਲਾਕਿਆਂ 'ਚ 7 ਵੱਡੀਆਂ ਕਾਨਫਰੰਸਾਂ ਕੀਤੀਆਂ ਜਾਣਗੀਆਂ ਤਾਂ ਜੋ ਲੋਕਾਂ ਨੂੰ ਉਪਰੋਕਤ ਮੁੱਦਿਆਂ 'ਤੇ ਲੰਬੇ ਸੰਘਰਸ਼ ਲਈ ਤਿਆਰ ਕੀਤਾ ਜਾ ਸਕੇ।

ਮੀਟਿੰਗ ਇਸ ਵਿਚਾਰ ਦੀ ਸੀ ਕਿ ਕੇਂਦਰ ਅਤੇ ਰਾਜ ਵਿੱਚ ਬਦਲ ਬਦਲ ਕੇ ਆਈਆਂ ਸਰਕਾਰਾਂ ਨੇ ਪਾਣੀਆਂ ਦੇ ਝਗੜਿਆਂ ਸਬੰਧੀ ਗੈਰ-ਕਾਨੂੰਨੀ ਅਤੇ ਗੈਰ-ਸੰਵਿਧਾਨਕ ਫੈਸਲੇ ਅਤੇ ਹੁਕਮ ਪਾਸ ਕਰਕੇ ਪੰਜਾਬ ਦੇ ਲੋਕਾਂ ਨਾਲ ਵੱਡੀ ਬੇਇਨਸਾਫੀ ਕੀਤੀ ਹੈ। ਉਨ੍ਹਾਂ ਕਿਹਾ ਕਿ ਪਾਣੀ ਸਬੰਧੀ ਸਾਰੇ ਗੈਰ-ਕਾਨੂੰਨੀ ਫੈਸਲਿਆਂ ਨੂੰ ਰੱਦ ਕੀਤਾ ਜਾਵੇ ਅਤੇ ਸੂਬੇ ਦੇ ਲੋਕਾਂ ਨੂੰ ਆਪਣਾ ਫੈਸਲਾ ਲੈਣ ਦਾ ਅਧਿਕਾਰ ਦਿੱਤਾ ਜਾਵੇ। ਮੀਟਿੰਗ ਨੇ ਕੇਂਦਰ ਰਾਹੀਂ ਐਲਾਨੇ ਖੇਤੀ ਉਪਜਾਂ ਦੇ ਘੱਟੋ-ਘੱਟ ਸਮਰਥਨ ਮੁੱਲ ਨੂੰ ਪੂਰੀ ਤਰ੍ਹਾਂ ਰੱਦ ਕਰਨ ਦੇ ਮਤੇ ਪਾਸ ਕੀਤੇ। ਇਹ ਡਾ: ਸਵਾਮੀਨਾਥਨ ਫਾਰਮੂਲਾ 2+50% ਅਨੁਸਾਰ ਹੋਣਾ ਚਾਹੀਦਾ ਹੈ, ਮੀਟਿੰਗ ਨੇ ਸੂਰਜਮੁਖੀ ਲਈ ਘੱਟੋ-ਘੱਟ ਸਮਰਥਨ ਮੁੱਲ ਦੀ ਮੰਗ ਨੂੰ ਲੈ ਕੇ ਕੁਰੂਕਸ਼ੇਤਰ ਵਿਖੇ ਹਰਿਆਣਾ ਦੇ ਕਿਸਾਨਾਂ 'ਤੇ ਕੀਤੇ ਬੇਰਹਿਮ ਲਾਠੀਚਾਰਜ ਦੀ ਨਿਖੇਧੀ ਕੀਤੀ। ਮੀਟਿੰਗ ਵਿੱਚ ਘੁੰਮਣ ਸਿੰਘ ਰਾਜਗੜ੍ਹ, ਪਰਮਜੀਤ ਸਿੰਘ ਬੈਦਵਾਨ, ਕਿਰਪਾਲ ਸਿੰਘ ਸਿਆਉ ,ਪਵਨ ਕੁਮਾਰ ਸੋਗਲਪੁਰ, ਚਰਨਜੀਤ ਸਿੰਘ, ਬੇਅੰਤ ਸਿੰਘ ਮਹਿਮਾਸਰਜਾ, ਉਗਰ ਸਿੰਘ ਮਾਨਸਾ, ਮਲਕੀਅਤ ਸਿੰਘ, ਬਲਵਿੰਦਰ ਸਿੰਘ ਗੰਗਾ ਅਤੇ ਗੁਰਸਰਨ ਸਿੰਘ ਆਦਿ ਹਾਜ਼ਰ ਸਨ।

# ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਸਾਲਿਡ ਵੇਸਟ ਮੈਨੇਜਮੈਂਟ ਤੇ ਪਾਣੀ ਦੀ ਸਾਂਭ-ਸੰਭਾਲ ਲਈ ਵਡੇਰੇ ਯਤਨਾਂ ਦਾ ਸੱਦਾ




**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)**

ਰਾਜ ਸਭਾ ਦੇ ਮੈਂਬਰ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਨੇ ਅਧਿਕਾਰੀਆਂ ਨੂੰ ਕਿਹਾ ਹੈ ਕਿ ਉਹ ਠੋਸ ਰਹਿੰਦ ਖੂੰਹਦ ਦੇ ਪ੍ਰਬੰਧਨ ਅਤੇ ਪਾਣੀ ਦੀ ਸਾਂਭ ਸੰਭਾਲ ਲਈ ਬਿਹਤਰੀਨ ਵਿਭਾਗੀ ਤਾਲਮੇਲ ਤੇ ਸਮਪਰਣ ਭਾਵਨਾ ਨਾਲ ਕੰਮ ਕਰਨ ਤਾਂ ਜੋ ਵਾਤਾਵਰਣ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਕੈਪਟਨ ਕਰਨੈਲ ਸਿੰਘ ਸਮੇਤ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨਾਲ ਮੀਟਿੰਗ ਦੌਰਾਨ ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਵੱਲੋਂ ਸਾਫ ਪਾਣੀ ਅਤੇ ਹਵਾ ਦੇ ਸੁਨੇਹੇ ਉੱਪਰ ਅਮਲ ਕਰਕੇ ਹੀ ਅਸੀਂ ਮਨੁੱਖੀ ਜੀਵਨ ਪੱਧਰ ਵਿਚ ਸੁਧਾਰ ਕਰ ਸਕਦੇ ਹਾਂ। ਉਨ੍ਹਾਂ ਕਪੂਰਥਲਾ ਜ਼ਿਲ੍ਹੇ ਵਿਚ ਕੂੜੇ ਦੇ ਯੋਗ ਪ੍ਰਬੰਧਨ, ਪਾਣੀ ਸੰਭਾਲ ਅਤੇ ਸਾਫ ਸਫਾਈ ਤੋਂ ਇਲਾਵਾ ਸੁਲਤਾਨਪੁਰ ਲੋਧੀ ਨੂੰ ਧਾਰਮਿਕ ਸੈਰ ਸਪਾਟੇ ਦਾ ਕੇਂਦਰ ਬਣਾਉਣ ਲਈ ਚੱਲ ਰਹੇ ਪ੍ਰਾਜੈਕਟਾਂ ਦਾ ਜਾਇਜ਼ਾ ਲਿਆ। ਉਨ੍ਹਾਂ ਪਿੰਡਾਂ ਵਿਚ ਕੂੜੇ ਦੇ ਨਿਪਟਾਰੇ ਲਈ ਐਕਸ਼ਨ ਪਲਾਨ ਤਹਿਤ 546 ਪਿੰਡਾਂ ਨੂੰ ਕਵਰ ਕਰਨ ਸਬੰਧੀ ਗਤੀਵਿਧੀਆਂ ਤੇਜ਼ ਕਰਨ ਲਈ ਕਿਹਾ। ਪੇਂਡੂ ਵਿਕਾਸ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਪਹਿਲੇ ਅਤੇ ਦੂਜੇ ਪੜਾਅ ਤਹਿਤ 150-150 ਪਿੰਡਾਂ ਨੂੰ ਕਵਰ ਕੀਤਾ ਜਾਵੇਗਾ। ਅਧਿਕਾਰੀਆਂ ਨੇ ਇਹ ਵੀ ਦੱਸਿਆ ਕਿ 77 ਪਿੰਡਾਂ ਲਈ ਐਕਸ਼ਨ ਪਲਾਨ ਤਿਆਰ ਹੈ ਜਿਸ ਵਿਚੋਂ ਪਿੰਡਾਂ ਲਈ 43 ਪਿੰਡਾਂ ਲਈ ਜਲਦ ਲਾਗੂ ਕੀਤਾ ਜਾ ਰਿਹਾ ਹੈ। ਉਨ੍ਹਾਂ ਸੁਲਤਾਨਪੁਰ ਲੋਧੀ ਵਿਖੇ ਸਮਾਰਟ ਸਿਟੀ ਤਹਿਤ ਚੱਲ ਰਹੇ ਪ੍ਰਾਜੈਕਟਾਂ ਸਬੰਧੀ ਜ਼ਿਕਰ ਕਰਦਿਆਂ ਇਨ੍ਹਾਂ ਨੂੰ ਜੰਗੀ ਪੱਧਰ 'ਤੇ ਪੂਰਾ ਕਰਨ ਲਈ ਕਿਹਾ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਡੱਲਾ ਪਿੰਡ ਵਿਖੇ ਵਿਕਾਸ ਕਾਰਜਾਂ ਦੀ ਨਿੱਜੀ ਤੌਰ 'ਤੇ ਜਾ ਕੇ ਨਿਗਰਾਨੀ ਕਰਨ। ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਵਲੋਂ ਨਗਰ ਨਿਗਮ ਕਪੂਰਥਲਾ, ਫਗਵਾੜਾ ਤੇ ਨਗਰ ਕੌਂਸਲਾਂ/ਨਗਰ ਪੰਚਾਇਤਾਂ ਦੇ ਅਧਿਕਾਰੀਆਂ ਨੂੰ ਸਪੱਸ਼ਟ ਨਿਰਦੇਸ਼ ਦਿੱਤੇ ਕਿ ਉਹ ਸਾਫ ਸਫਾਈ ਸਬੰਧੀ ਕੰਮਾਂ ਵੱਲ ਵਿਸ਼ੇਸ਼ ਤਵੱਜੋਂ ਦੇਣ ਨਹੀਂ ਤਾਂ ਉਨ੍ਹਾਂ ਵਿਰੁੱਧ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵਲੋਂ ਕੀਤੀ ਸਿਫਾਰਿਸ਼ ਅਨੁਸਾਰ ਵਾਤਾਵਰਣ ਮੁਆਵਜ਼ਾ ਲਾਇਆ ਜਾਵੇਗਾ।

ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਫਗਵਾੜਾ ਡਾ ਨਯਨ ਜੱਸਲ, ਐਸ.ਡੀ.ਐਮ ਸੰਜੀਵ ਸ਼ਰਮਾ, ਆਮ ਆਦਮੀ ਪਾਰਟੀ ਦੁਆਬਾ ਜੋਨ ਦੇ ਸਕੱਤਰ ਪਰਮਿੰਦਰ ਸਿੰਘ ਤੇ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# 108 ਸੰਤ ਰਤਨ ਦਾਸ ਦੀ ਸਾਲਾਨਾ ਬਰਸੀ ਮੌਕੇ ਧਾਰਮਕ ਸਮਾਗਮ



**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**

ਸ਼ਿਵਾਲਿਕ ਪਹਾੜੀਆਂ ਦੀ ਗੋਦ 'ਚ ਵਸਦੇ ਅਤੇ ਹਿਮਾਚਲ ਪ੍ਰਦੇਸ਼ ਦੀ ਸੀਮਾ ਨਾਲ ਲਗਦੇ ਪੰਜਾਬ ਦੇ ਆਖਰੀ ਪਿੰਡ ਜੇਜੋਂ ਦੋਆਬਾ ਵਿਖੇ ਸਥਿਤ ਡੇਰਾ ਰਤਨਪੁਰੀ ਵਿਖੇ 108 ਸੰਤ ਰਤਨ ਦਾਸ ਮਹਾਰਾਜ ਦੀ 40ਵੀਂ ਸਾਲਾਨਾ ਬਰਸੀ ਮੌਕੇ ਸਾਲਾਨਾ ਜੋੜ ਮੇਲਾ ਡੇਰੇ ਦੀ ਸੰਚਾਲਕਾਂ ਸੰਤ ਬੀਬੀ ਮੀਨਾ ਦੇਵੀ ਅਤੇ ਗੱਦੀਨਸ਼ੀਨ ਸੰਤ ਬਾਬਾ ਅਮਨਦੀਪ ਦੀ ਯੋਗ ਅਗਵਾਈ ਹੇਠ ਹੋਇਆ। ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਰਾਗੀ ਸਿੰਘਾ ਵੱਲੋਂ ਗੁਰਬਾਣੀ ਦਾ ਗੁਣ-ਗਾਇਨ ਕੀਤਾ ਗਿਆ। ਇਸ ਤੋਂ ਬਾਅਦ ਸੰਤਾਂ ਮਹਾਂਪੁਰਸਾਂ ਨੇ ਕਥਾ ਕੀਰਤਨ ਕਰਦਿਆਂ ਸੰਤ ਰਤਨ ਦਾਸ ਮਹਾਰਾਜ ਦੇ ਪਰਉਪਕਾਰੀ ਕਾਰਜਾਂ 'ਤੇ ਚਾਨਣਾ ਪਾਇਆ। ਇਸ ਮੌਕੇ ਸੰਤ ਕੁਲਵੰਤ ਰਾਮ ਭਰੋਮਜਾਰਾ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ, ਸੰਤ ਸਤਨਾਮ ਦਾਸ ਮਹਿਦੂਦ, ਸੰਤ ਹਰਮੇਸ਼ ਦਾਸ ਸੇਰਪੁਰ ਕੱਲਰਾ, ਸੰਤ ਹਰੀ ਓਮ ਮਾਹਿਲਪੁਰ, ਸੰਤ ਰਾਮ ਕਿਸਨ, ਸੰਤ ਜਸਵਿੰਦਰ ਸਿੰਘ ਡਾਂਡੀਆਂ, ਸੰਤ ਪਰਮਜੀਤ, ਸੰਤ ਮੰਗਲ ਦਾਸ ਮੇਘਵਾਲ, ਸੰਤ ਹਰਵਿੰਦਰ ਦਾਸ ਮਲੇਰਕੋਟਲਾ, ਬਾਬਾ ਬਲਵੀਰ ਸਿੰਘ ਲੰਗੇਰੀ, ਗਿਆਨੀ ਗੁਰਪਰੀਤ ਸਿੰਘ, ਸੰਤ ਨਿਰਮਲ ਸਿੰਘ ਅਵਾਦਾਨ, ਸਵਾਮੀ ਰਿਸੀਰਾਜ, ਸੰਤ ਹਰਪਾਲ ਸਿੰਘ ਚੀਮਾ, ਗਿਆਨੀ ਸਤਨਾਮ ਸਿੰਘ ਭੂੰਗਰਨੀ ਹਾਜ਼ਰ ਸਨ। ਇਸ ਮੌਕੇ ਸਿੱਧ ਜੋਗੀ ਟਰੱਸਟ ਖਾਨਪੁਰ ਵੱਲੋਂ ਡਾਕਟਰ ਜਸਵੰਤ ਸਿੰਘ ਥਿੰਦ ਐਸ.ਐਮ.ਓ. ਮਾਹਿਲਪੁਰ ਅਤੇ ਡਾਕਟਰ ਪ੍ਰਭ ਖਾਨਪੁਰ ਦੀ ਯੋਗ ਅਗਵਾਈ ਹੇਠ ਮੁਫਤ ਮੈਡੀਕਲ ਕੈਂਪ ਲਗਾਇਆ ਗਿਆ।

# ਸ੍ਰਿਯਾਂਸ ਰਾਜ ਪੱਧਰੀ ਅਬੇਕਸ ਮੁਕਾਬਲੇ 'ਚ ਚੈਂਪੀਅਨ ਬਣਿਆ



**ਜਲੰਧਰ (ਇਕਬਾਲ ਉਭੀ)** ਗਣਿਤ ਦੇ ਖੇਤਰ ਵਿੱਚ ਆਪਣਾ ਰੁਤਬਾ ਬਰਕਰਾਰ ਰੱਖਦੇ ਹੋਏ ਡਿਪਸ ਸਕੂਲ ਅਰਬਨ ਅਸਟੇਟ ਦੇ ਵਿਦਿਆਰਥੀਆਂ ਨੇ ਰਾਜ ਪੱਧਰੀ ਅਬੇਕਸ ਮੁਕਾਬਲੇ 'ਚ ਚੈਂਪੀਅਨਸ਼ਿਪ ਦੀ ਟਰਾਫੀ ਜਿੱਤੀ। ਪ੍ਰਿੰਸੀਪਲ ਮੀਨਾਕਸ਼ੀ ਮਹਿਤਾ ਨੇ ਦੱਸਿਆ ਕਿ ਫਿਰੋਜਪੁਰ 'ਚ ਹੋਏ ਮੁਕਾਬਲੇ 'ਚ ਸੱਤਵੀਂ ਜਮਾਤ ਦੇ ਸ੍ਰਿਯਾਂਸ ਨੇ ਲਿਖਤੀ ਮੁਕਾਬਲੇ 'ਚ ਚੈਂਪੀਅਨ ਆਫ ਕੰਪੀਟੀਸ਼ਨ ਦਾ ਖਿਤਾਬ ਜਿੱਤਿਆ। ਅੱਠਵੀਂ ਜਮਾਤ ਦੀ ਅਲੀਸਾ ਨੇ ਪੰਜਾਬ ਸਟੇਟ ਸੀਨੀਅਰ ਗਰੁੱਪ ਓਰਲ 'ਚ ਫਸਟ ਰਨਰਅੱਪ ਅਤੇ ਲਿਖਤੀ ਮੁਕਾਬਲੇ 'ਚ ਸੈਕਿੰਡ ਰਨਰਅੱਪ ਦਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਮੀਨਾਕਸ਼ੀ ਮਹਿਤਾ ਨੇ ਦੋਵਾਂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਐਮ ਡੀ ਤਰਵਿੰਦਰ ਸਿੰਘ ਅਤੇ ਸੀ ਈ ਓ ਮੋਨਿਕਾ ਮੰਡੋਤਰਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

# ਮਕੈਨਿਕ ਦੀ ਦੁਕਾਨ 'ਤੇ ਚੋਰੀ

**ਨੂਰਮਹਿਲ( ਬਾਲ ਕ੍ਰਿਸ਼ਨ ਬਾਲੀ)** ਨੂਰਮਹਿਲ ਮੰਡੀ ਸੜਕ 'ਤੇ ਸਥਿਤ ਮਕੈਨਿਕ ਦੀ ਦੁਕਾਨ 'ਤੇ ਦਿਨ ਦਿਹਾੜੇ ਚੋਰੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਰਵੀ ਕਾਂਤ ਨੇ ਦੱਸਿਆ ਕਿ ਉਹ ਪਿਛਲੇ 28 ਸਾਲ ਤੋਂ ਨੂਰਮਹਿਲ 'ਚ ਦੁਕਾਨ ਕਰ ਰਿਹਾ ਹੈ। ਉਹ ਹਰ ਰੋਜ਼ ਲੁਧਿਆਣੇ ਤੋਂ ਨੂਰਮਹਿਲ ਆਉਂਦਾ ਹੈ। ਉਸ ਨੇ ਦੱਸਿਆ ਕਿ ਉਸ ਦੀ ਦੁਕਾਨ 'ਤੇ ਇੱਕ ਵਿਅਕਤੀ ਆਇਆ ਤੇ ਕਹਿਣ ਲੱਗਾ ਕਿ ਮੈਂ ਸ਼ਾਕਰ ਪਵਾਉਣਾ ਹੈ। ਸ਼ਾਕਰ ਦੇਖਣ ਤੋਂ ਬਾਅਦ ਉਸ ਨੇ ਕਿਹਾ ਕਿ ਮੇਰਾ ਚਾਚਾ ਆਉਂਦਾ ਹੈ ਉਹ ਆ ਕੇ ਦੱਸਦਾ ਹੈ। ਇੰਨੇ ਨੂੰ ਮੈਂ ਬਾਥਰੂਮ ਚਲਾ ਗਿਆ। ਜੱਦ ਮੈਂ ਵਾਪਸ ਆਇਆ ਤਾਂ ਦੇਖਿਆ ਤਾਂ ਮੇਰੀ ਦੁਕਾਨ 'ਤੇ ਮੇਰੀ ਨਾ ਤਾਂ ਕਮੀਜ਼ ਪੈਂਟ ਤੇ ਨਾ ਹੀ ਉਹ ਵਿਆਕਤੀ ਸੀ। ਉਸ ਨੇ ਦੱਸਿਆ ਕਿ ਮੇਰੇ ਕਪੜਿਆਂ ਵਿੱਚ 4300 ਰੁਪਏ ਸਨ। ਚੋਰ ਉਹ ਲੈ ਕੇ ਰਫੂ ਚੱਕਰ ਹੋ ਗਿਆ। ਪੁਲਸ ਨੂੰ ਸੂਚਨਾ ਦੇ ਦਿੱਤੀ ਗਈ ਹੈ।

# ਰੰਜਨਾ ਛਾਬੜਾ ਦਾ ਫੁੱਟਬਾਲ ਅੰਡਰ 19 ਨੈਸ਼ਨਲ ਖੇਡਾਂ ਲਈ ਚੁਣੇ ਜਾਣ 'ਤੇ ਸਨਮਾਨ



**ਮਾਹਿਲਪੁਰ (ਸਫਰੀ)** ਸ਼ਹੀਦ ਭਗਤ ਸਿੰਘ ਫੁੱਟਬਾਲ ਅਕੈਡਮੀ ਪੋਸੀ ਦੀ ਫੁੱਟਬਾਲ ਖਿਡਾਰਨ ਰੰਜਨਾ ਛਾਬੜਾ ਦੀ ਅੰਡਰ 19 ਨੈਸ਼ਨਲ ਖੇਡਾਂ ਲਈ ਚੁਣੇ ਜਾਣ ਤੇ ਅਕੈਡਮੀ ਦੇ ਅਹੁਦੇਦਾਰਾਂ ਵੱਲੋਂ ਸਨਮਾਨ ਕੀਤਾ ਗਿਆ। ਇਸ ਅਕੈਡਮੀ ਤੋਂ ਪਹਿਲਾਂ ਵੀ 6 ਸਾਲ ਤੋਂ 14 ਸਾਲ ਦੀ ਉਮਰ ਦੇ ਬੱਚੇ ਦੇਸ਼ ਦੀਆਂ ਪ੍ਰਸਿੱਧ ਕਲੱਬਾਂ 'ਚ ਖੇਡ ਕੇ ਪਿੰਡ ਅਤੇ ਅਕੈਡਮੀ ਦਾ ਨਾਂਅ ਰੌਸ਼ਨ ਕਰ ਰਹੇ ਹਨ। ਇਸ ਅਕੈਡਮੀ ਦੇ ਰੋਜ਼ਾਨਾ 150 ਦੇ ਕਰੀਬ ਬੱਚੇ ਮਾਹਿਰ ਕੋਚਾਂ ਦੀ ਦੇਖ ਰੇਖ ਹੇਠ ਪ੍ਰੈਕਟਿਸ ਕਰ ਰਹੇ ਹਨ। ਪਿਛਲੇ ਦਿਨੀਂ ਨੈਸ਼ਨਲ ਟੀਮ ਦੀ ਸਿਲੈਕਸ਼ਨ ਲਈ ਕੋਟਲਾ ਜਿਲ੍ਹਾ ਲੁਧਿਆਣਾ ਵਿਖੇ ਅੰਡਰ 19 ਉਮਰ ਵਰਗ ਦੀਆਂ ਲੜਕੀਆਂ ਦੇ ਟ੍ਰਾਈਲ 'ਚ ਪੰਜਾਬ ਭਰ ਤੋਂ ਲੜਕੀਆਂ ਨੇ ਭਾਗ ਲਿਆ ਇਹਨਾਂ 'ਚ ਸ਼ਹੀਦ ਭਗਤ ਸਿੰਘ ਫੁੱਟਬਾਲ ਅਕੈਡਮੀ ਪੋਸੀ ਦੀ ਰੰਜਨਾ ਛਾਬੜਾ ਦੀ ਸਿਲੈਕਸ਼ਨ ਹੋਈ ਹੈ। ਇਸ ਮੌਕੇ ਅਕੈਡਮੀ ਦੇ ਪ੍ਰਧਾਨ ਹਰਨੇਕ ਸਿੰਘ, ਚੇਅਰਮੈਨ ਇੰਦਰਜੀਤ ਸਿੰਘ ਵਾਰੀਆ, ਕੋਚ ਜੋਗਾ ਸਿੰਘ ਵੱਲੋਂ ਰੰਜਨਾ ਨੂੰ ਮੁਬਾਰਕਬਾਦ ਭੇਜੀ ਗਈ। ਇਸ ਮੌਕੇ ਸੰਦੀਪ ਬੈਂਸ, ਸੰਦੀਪ ਗੌੜ, ਅਵਤਾਰ ਸਿੰਘ, ਗੁਰਪ੍ਰੀਤ ਬੈਂਸ, ਕੁਲਦੀਪ ਸਿੰਘ, ਸੰਦੀਪ ਰਾਣਾ, ਮੈਡਮ ਕੁਲਵਿੰਦਰ ਕੌਰ, ਮੈਡਮ ਸਾਰਦਾ ਨੇ ਬੱਚੀ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

# ਭਲਕੇ ਥਾਣੇ ਮੂਹਰੇ ਲਾਇਆ ਜਾਵੇਗਾ ਧਰਨਾ



**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ )** ਪ੍ਰੈਸ ਬਿਆਨ ਜਾਰੀ ਕਰਦਿਆਂ ਬਲਵੀਰ ਸਿੰਘ ਫੂਗਲਾਣਾ ਨੇ ਦੱਸਿਆ ਕਿ ਪਿਛਲੇ ਦਿਨੀਂ ਦੋਆਬਾ ਜਨਰਲ ਕੈਟਗਰੀਜ ਫਰੰਟ ਪੰਜਾਬ, ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਤਰਨਾ ਦਲ ਬਜਵਾੜਾ, ਕੰਢੀ ਕਿਰਸਾਨ ਯੂਨੀਅਨ ਪੰਜਾਬ ਅਤੇ ਮਾਤਾ ਅਮਰ ਕੌਰ ਚਰਨ ਕੌਰ ਵੈਲਫੇਅਰ ਸੁਸਾਇਟੀ ਭੂੰਗਰਨੀ ਵਲੋਂ ਇਲਾਕੇ ਦੇ ਵੱਖ ਵੱਖ ਮੁੱਦਿਆਂ ਅਤੇ ਗੁਜਰ ਭਾਈਚਾਰੇ ਵਲੋਂ ਸਰੇਆਮ ਸੜਕਾਂ, ਪਿੰਡ ਦੀਆਂ ਗਰਾਊਂਡਾਂ, ਸ਼ਮਸ਼ਾਨਘਾਟਾਂ, ਜਿਮੀਦਾਰਾਂ ਦੀਆਂ ਫਸਲਾਂ ਦੇ ਉਜਾੜੇ ਸੰਬੰਧੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ, ਐਸ ਐਸ ਪੀ ਅਤੇ ਹੋਰ ਅਧਿਕਾਰੀਆਂ ਨੂੰ ਮੰਗ ਪੱਤਰ ਦੇਣ ਦੇ ਬਾਵਜੂਦ ਕਿਸੇ ਵੀ ਸਮੱਸਿਆ ਦਾ ਹੱਲ ਨਹੀਂ ਕੀਤਾ ਗਿਆ, ਜਿਸ ਕਾਰਨ ਸਮੂਹ ਇਲਾਕਾ ਨਿਵਾਸੀਆਂ 'ਚ ਸਰਕਾਰ ਅਤੇ ਪ੍ਰਸ਼ਾਸਨ ਦੇ ਖਿਲਾਫ ਸਖਤ ਰੋਸ ਪਾਇਆ ਜਾ ਰਿਹਾ ਹੈ।

ਸਰਕਾਰ ਅਤੇ ਪ੍ਰਸ਼ਾਸਨ ਨੂੰ ਕੁੰਭਕਰਨ ਦੀ ਨੀਂਦ 'ਚੋਂ ਜਗਾਉਣ ਲਈ 11 ਜੂਨ ਨੂੰ ਠੀਕ 10 ਵਜੇ ਥਾਣਾ ਮੇਹਟੀਆਣਾ ਅਗੇ ਰੋਸ ਧਰਨਾ ਲਗਾਇਆ ਜਾਵੇਗਾ ਅਤੇ ਐਕਸੀਅਨ ਪੰਚਾਇਤੀ ਰਾਜ ਦਾ ਪੁਤਲਾ ਵੀ ਫੂਕਿਆ ਜਾਵੇਗਾ।

# ਭਲਵਾਨਾਂ ਨਾਲ ਹੋ ਰਹੇ ਧੱਕੇ ਦੀ ਸਖਤ ਸ਼ਬਦਾਂ 'ਚ ਨਿਖੇਧੀ, ਦੋਸ਼ੀਆਂ ਦੀ ਹੋਵੇ ਗ੍ਰਿਫਤਾਰੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**:- ਪੰਜਾਬ ਮਨੁੱਖੀ ਅਧਿਕਾਰ ਸੰਗਠਨ ਸ੍ਰੀ ਅਨੰਦਪੁਰ ਸਾਹਿਬ ਯੂਨਿਟ ਵੱਲੋਂ ਭਾਰਤੀ ਪਹਿਲਵਾਨਾਂ ਨਾਲ ਹੋਏ ਸੋਸ਼ਣ ਅਤੇ ਦਿੱਲੀ ਪ੍ਰਦਰਸ਼ਨ ਦੌਰਾਨ ਸਰਕਾਰ ਵੱਲੋਂ ਉਨ੍ਹਾਂ ਨਾਲ ਕੀਤੇ ਗਏ ਧੱਕੇ ਦੀ ਸਖਤ ਸ਼ਬਦਾਂ 'ਚ ਨਿਖੇਧੀ ਕੀਤੀ ਗਈ। ਪੂਰੇ ਯੂਨਿਟ ਵੱਲੋਂ ਦਿੱਲੀ ਧਰਨੇ ਤੇ ਬੈਠੇ ਭਲਵਾਨਾਂ ਦੇ ਹੱਕ 'ਚ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਦੀ ਮੰਗ ਕੀਤੀ ਗਈ। ਇਸ ਸਬੰਧੀ ਗੱਲ ਕਰਦਿਆਂ ਯੂਨਿਟ ਦੇ ਪ੍ਰਧਾਨ ਸਰਬਜੀਤ ਸਿੰਘ ਰੈਣੂ ਅਤੇ ਉਘੇ ਵਕੀਲ ਪਾਖਰ ਸਿੰਘ ਭੱਠਲ ਨੇ ਕਿਹਾ ਕਿ ਭਾਰਤੀ ਕੁਸ਼ਤੀ ਮਹਾਸੰਘ ਦੇ ਪ੍ਰਧਾਨ ਤੇ ਮਹਿਲਾ ਪਹਿਲਵਾਨਾਂ (ਜਿਨ੍ਹਾਂ 'ਚੋਂ ਇੱਕ ਨਾਬਾਲਗ ਹੈ) ਦੀ ਸ਼ਿਕਾਇਤ 'ਤੇ ਪੋਸਕੋ ਸਮੇਤ ਹੋਰ ਧਾਰਾਵਾਂ ਦੇ ਤਹਿਤ ਐਫ ਆਈ ਆਰ ਦਰਜ ਕੀਤੀ ਜਾਣੀ ਚਾਹੀਦੀ ਹੈ ਅਤੇ ਉਸ ਨੂੰ ਤੁਰੰਤ ਗ੍ਰਿਫਤਾਰ ਕੀਤਾ ਜਾਣਾ ਚਾਹੀਦਾ ਹੈ। ਇਸ 'ਤੇ ਲੱਗੇ ਦੋਸ਼ਾਂ ਦੀ ਜਾਂਚ ਲਈ ਬਣਾਈ ਗਈ ਕਮੇਟੀ ਦੀ ਜਾਂਚ ਰਿਪੋਰਟ ਜਨਤਕ ਕੀਤੀ ਜਾਣੀ ਚਾਹੀਦੀ ਹੈ ਅਤੇ ਪੂਰੇ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਣੀ ਚਾਹੀਦੀ ਹੈ। ਇਸ ਮੌਕੇ ਨੰਬਰਦਾਰ ਕੁਲਦੀਪ ਸਿੰਘ, ਨਾਨਕ ਸਿੰਘ ਢੇਰ, ਨੰਬਰਦਾਰ ਮਹਿੰਦਰ ਸਿੰਘ, ਨੰਬਰਦਾਰ ਰਾਮ ਕ੍ਰਿਸਨ, ਠੇਕੇਦਾਰ ਕਰਨੈਲ ਸਿੰਘ ਬਜਰੂੜ, ਐਡਵੋਕੇਟ ਬਲਬੀਰ ਸਿੰਘ ਭੱਠਲ, ਡਾਕਟਰ ਮਨਜੀਤ ਸਿੰਘ, ਰਸਵਿੰਦਰ ਸਿੰਘ, ਡਾਕਟਰ ਵਿਸਾਲ ਭਾਟੀਆ, ਇਕਬਾਲ ਭੱਟੀ, ਹਰਮੇਸ਼ ਚੌਧਰੀ, ਅਭੀਜੀਤ ਸਿੰਘ ਰੈਣੂ, ਭਾਗ ਸਿੰਘ ਆਦਿ ਹਾਜ਼ਰ ਸਨ।

# ਖੁਰਲਾਪੁਰ ਵਿਖੇ ਫ੍ਰੀ ਅੱਖਾਂ ਦਾ ਚੈੱਕਅਪ ਕੈਂਪ ਭਲਕੇ

**ਮਹਿਤਪੁਰ (ਰਾਜਾ)** ਪੁਨਰਜੋਤ ਵੈਲਫੇਅਰ ਸੁਸਾਇਟੀ ਫਗਵਾੜਾ ਵੱਲੋਂ ਬਲਦੇਵ ਸਿੰਘ ਬਿਨਿੰਗ ਯੂ ਐਸ ਏ ਸਮੂਹ ਪਰਵਾਰ ਦੇ ਸਹਿਯੋਗ ਨਾਲ ਫ੍ਰੀ ਅੱਖਾਂ ਦਾ ਚੈੱਕਅੱਪ ਕੈਂਪ 11 ਜੂਨ ਨੂੰ ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਖੁਰਲਾਪੁਰ ਵਿਖੇ ਸਵੇਰੇ 9 ਵਜੇ ਤੋਂ ਦੁਪਹਿਰ 12 ਵਜੇ ਤੱਕ ਲਗਾਇਆ ਜਾ ਰਿਹਾ ਹੈ। ਅੱਖਾਂ ਦੇ ਮਾਹਿਰ ਡਾਕਟਰ ਰਮੇਸ਼ ਐਮ ਡੀ ਸਟੇਟ ਐਵਾਰਡੀ ਖੁਦ ਚੈੱਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਮੁਫਤ ਦਵਾਈਆਂ ਦੇਣਗੇ ਅਤੇ ਮੁਫਤ ਓਪਰੇਸ਼ਨ ਕੀਤੇ ਜਾਣਗੇ।



ਪੁਤਲੀਆਂ ਦੇ ਅੰਨ੍ਹੇਪਨ ਤੋਂ ਮੁਕਤ ਕਰਵਾਉਣ ਲਈ ਵਿਸ਼ੇਸ਼ ਸੈਮੀਨਾਰ ਅਤੇ ਵਿਚਾਰ-ਗੋਸ਼ਟੀ ਹੋਵੇਗੀ, ਲੇਸਿਕ ਲੇਜਰ ਨਾਲ ਐਨਕ ਉਤਾਰਨ 'ਤੇ ਸੈਮੀਨਾਰ, ਚਿੱਟੇ ਮੋਤੀਏ ਦੀ ਜਾਂਚ ਕੀਤੀ ਜਾਵੇਗੀ। ਓਪਰੇਸ਼ਨ ਡਾਕਟਰ ਰਮੇਸ਼ ਸੁਪਰ ਸਪੈਸ਼ਲਿਟੀ ਆਈ ਕੇਅਰ ਲੇਸਿਕ ਸੈਂਟਰ ਲੁਧਿਆਣਾ ਵਿਖੇ ਕੀਤੇ ਜਾਣਗੇ। ਇਸ ਕੈਂਪ ਵਿਚ ਮਰੀਜ ਆਪਣੇ ਆਧਾਰ ਕਾਰਡ ਦੀ ਫੋਟੋ ਕਾਪੀ ਜਰੂਰ ਨਾਲ ਲੈ ਕੇ ਆਉਣ। ਮਰੀਜਾਂ ਵਾਸਤੇ ਲੰਗਰ ਦਾ ਖਾਸ ਪ੍ਰਬੰਧ ਕੀਤਾ ਗਿਆ ਹੈ।

# ਕਿੱਤਾਮੁਖੀ ਕੋਰਸਾਂ ਦੀ ਸ਼ੁਰੂਆਤ



**ਕੁਰਾਲੀ (ਮੋਹਨ ਅੱਗਰਵਾਲ)** ਰੁਜਗਾਰ ਸੰਬੰਧੀ ਲੋੜਾਂ ਨੂੰ ਮੁੱਖ ਰੱਖਦੇ ਹੋਏ ਪ੍ਰਭ ਆਸਰਾ (ਕੁਰਾਲੀ) ਵੱਲੋਂ 'ਗੀਡ ਇੰਡੀਆ' ਨਾਲ ਸਾਂਝੇ ਤੌਰ 'ਤੇ ਕਿੱਤਾ ਮੁਖੀ ਕੋਰਸਾਂ ਦੀ ਸ਼ੁਰੂਆਤ ਕੀਤੀ। ਲੜਕੇ ਅਤੇ ਲੜਕੀਆਂ ਲਈ ਜਨਰਲ ਡਿਊਟੀ ਅਸਿਸਟੈਂਟ ਜਾਂ ਮਰੀਜ਼ ਦੀ ਦੇਖ ਭਾਲ ਕਰਨ ਸੰਬੰਧੀ, ਕੰਪਿਊਟਰ ਦਾ ਬੇਸਿਕ ਕੋਰਸ ਅਤੇ ਸਿਲਾਈ ਕਢਾਈ ਦੇ ਕੋਰਸਾਂ ਦੀ ਸ਼ੁਰੂਆਤ ਲਈ ਸ਼ਮਸ਼ੇਰ ਸਿੰਘ ਪ੍ਰਧਾਨ ਪ੍ਰਭ ਆਸਰਾ, ਸ੍ਰੀਮਤੀ ਰਜਿੰਦਰ ਕੌਰ ਕੋ-ਫਾਊਂਡਰ ਪ੍ਰਭ ਆਸਰਾ, ਡਾਕਟਰ ਗੀਤਾ ਮਲਹੋਤਰਾ ਕੰਟਰੀ ਡਾਇਰੈਕਟਰ ਗੀਡ ਇੰਡੀਆ, ਮੇਜਰ ਜਰਨਲ ਸੂਰਤ ਸੰਧੂ ਫਾਊਂਡਰ ਟਰੱਸਟੀ ਗੀਡ ਇੰਡੀਆ, ਜੈ ਵਿਕਰਮ ਬਖਸ਼ੀ ਫਾਊਂਡਰ ਟਰੱਸਟੀ ਗੀਡ ਇੰਡੀਆ, ਸਮਿਤਾ ਰਾਏ ਡਾਇਰੈਕਟਰ ਪਾਰਟਨਰਸ਼ਿਪਸ ਗੀਡ ਇੰਡੀਆ ਅਤੇ ਪ੍ਰਭ ਆਸਰਾ ਮੈਂਬਰਜ਼ ਜਸਵੀਰ ਸਿੰਘ ਸਤਬੀਰ ਸਿੰਘ ਵਿਰਕ, ਮੋਹਨ ਸਿੰਘ, ਮਨਜੀਤ ਸਿੰਘ ਭਾਟੀਆ, ਕਰਮ ਸਿੰਘ, ਚਾਂਦ ਰਾਣਾ, ਸੁਪਿੰਦਰ ਸਿੰਘ, ਜਰਨੈਲ ਸਿੰਘ, ਗੁਰਮੇਲ ਸਿੰਘ, ਰਵਿੰਦਰ ਸਿੰਘ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ। ਭਾਈ ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਹਰੇਕ ਕੋਰਸ ਦਾ ਸਮਾਂ ਤਿੰਨ ਮਹੀਨੇ ਰੱਖਿਆ ਗਿਆ ਅਤੇ ਕੋਰਸ ਕੰਪਲੀਟ ਹੋਣ ਉਪਰੰਤ ਸਾਰੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦਿੱਤੇ ਜਾਣਗੇ। ਪ੍ਰਭ ਆਸਰਾ, ਪਡਿਆਲਾ, ਕੁਰਾਲੀ ਤੇ ਗੀਡ ਇੰਡੀਆ ਦੇ ਸਮੂਹ ਪ੍ਰਬੰਧਕਾਂ ਵਲੋਂ ਪਿੰਡਾਂ ਦੇ ਸਰਪੰਚਾਂ, ਪੰਚਾਂ, ਗੁਰਦੁਆਰਾ ਸਾਹਿਬਾਨਾਂ ਦੇ ਪ੍ਰਧਾਨਾਂ, ਸ਼ਹਿਰਾਂ ਦੇ ਸਾਰੇ ਕੌਂਸਲਰਾਂ ਨੂੰ ਬੇਨਤੀ ਕਰਦੇ ਹਾਂ ਇਨ੍ਹਾਂ ਕਿੱਤਾ ਮੁੱਖੀ ਕੋਰਸਾਂ 'ਚ ਇਲਾਕੇ ਦੇ ਬੇਰੁਜ਼ਗਾਰ ਲੜਕੇ ਤੇ ਲੜਕੀਆਂ ਨੂੰ ਪਹਿਲ ਦੇ ਆਧਾਰ ਤੇ ਦਾਖਲਾ ਦਿਵਾਉਣ ਬਾਰੇ ਪ੍ਰੇਰਨਾ ਕਰਨ ਦਾ ਉਪਰਾਲਾ ਕੀਤਾ ਜਾਵੇ ਜੀ।

# ਗਾਡਰ ਚੋਰੀ ਕਰਨ ਵਾਲਾ ਗ੍ਰਿਫਤਾਰ

**ਫਿਲੌਰ (ਨਿਰਮਲ)**- ਡੀ.ਐਸ.ਪੀ ਫਿਲੌਰ ਜਗਦੀਸ਼ ਰਾਜ ਨੇ ਦੱਸਿਆ ਕਿ ਥਾਣੇਦਾਰ ਨਛੱਤਰ ਸਿੰਘ ਸਮੇਤ ਪੁਲਸ ਪਾਰਟੀ ਬੱਸ ਅੱਡਾ ਉਮਰਪੁਰਾ ਕਲਾਂ ਮੌਜੂਦ ਸੀ ਕਿ ਮੇਜਰ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਪਿੰਡ ਸ਼ੇਰਪੁਰ ਥਾਣਾ ਬਿਲਗਾ ਜ਼ਿਲ੍ਹਾ ਜਲੰਧਰ ਨੇ ਆਪਣਾ ਬਿਆਨ ਲਿਖਾਇਆ ਕਿ ਮੈਂ ਖੇਤੀਬਾੜੀ ਦੇ ਸੰਦ, ਲੋਹੇ ਦੇ ਗਾਡਰ ਅਤੇ ਹੋਰ ਸਮਾਨ ਆਪਣੀ ਮੋਟਰ 'ਤੇ ਰੱਖਿਆ ਹੋਇਆ ਸੀ। ਜਦੋਂ ਆਪਣੇ ਲੜਕੇ ਰਮਿੰਦਰ ਸਿੰਘ ਨਾਲ ਆਪਣੀ ਮੋਟਰ 'ਤੇ ਗੇੜਾ ਮਾਰਨ ਗਿਆ ਤਾਂ ਉਸਨੇ ਦੇਖਿਆ ਕਿ ਦੋ ਲੋਹੇ ਦੇ ਗਾਡਰ ਮੋਟਰ 'ਤੇ ਮੌਜੂਦ ਨਹੀਂ ਸਨ। ਉਸਦੇ ਦੋ ਲੋਹਾ ਗਾਡਰ ਨੀਰਜ ਪੁੱਤਰ ਹਰਬੰਸ ਲਾਲ ਵਾਸੀ ਸ਼ੇਰਪੁਰ ਥਾਣਾ ਬਿਲਗਾ ਜ਼ਿਲ੍ਹਾ ਜਲੰਧਰ ਨੇ ਚੋਰੀ ਕੀਤੇ ਹਨ।

ਜਿਸ 'ਤੇ ਥਾਣੇਦਾਰ ਨਛੱਤਰ ਸਿੰਘ ਸਮੇਤ ਪੁਲਸ ਪਾਰਟੀ ਮੇਜਰ ਸਿੰਘ ਪੁੱਤਰ ਸਵਰਨ ਸਿੰਘ ਨੂੰ ਗ੍ਰਿਫਤਾਰ ਕਰਕੇ ਮੁੱਕਦਮਾ ਨੰਬਰ 61 ਅ/ਧ 454,380,411 ਥਾਣਾ ਬਿਲਗਾ ਵਿਖੇ ਦਰਜ ਕੀਤਾ। ਮੁਲਜ਼ਮ ਨੀਰਜ ਕੁਮਾਰ ਨੇ ਪੁੱਛ-ਗਿੱਛ ਦੌਰਾਨ ਦੱਸਿਆ ਕਿ ਉਸਨੇ ਇਹ ਚੋਰੀ ਬੱਬੂ ਪੁੱਤਰ ਬਿੱਟੂ ਅਤੇ ਸ਼ਰਨ ਪੁੱਤਰ ਬਿੱਕਰ ਵਾਸੀ ਪਿੰਡ ਸ਼ੇਰਪੁਰ ਨਾਲ ਰਲ ਕੇ ਕੀਤੀ ਸੀ।

# ਕਿਸਾਨ ਕੋਆਪਰੇਟਿਵ ਬੈਂਕਾਂ ਵੱਲੋਂ ਚਲਾਈਆਂ ਸਕੀਮਾਂ ਦਾ ਲਾਭ ਉਠਾਉਣ : ਰਣਬੀਰ ਸਿੰਘ



**ਅੱਡਾ ਸਰਾਂ, (ਕਾਜਲ )**-ਹੁਸ਼ਿਆਰਪੁਰ ਸੈਂਟਰਲ ਕੋਆਪਰੇਟਿਵ ਬੈਂਕ ਹੁਸ਼ਿਆਰਪੁਰ ਦੇ ਮੈਨੇਜਿੰਗ ਡਾਇਰੈਕਟਰ ਸ੍ਰੀਮਤੀ ਗੁਰਬਖਸ਼ ਕੌਰ, ਜ਼ਿਲ੍ਹਾ ਮੈਨੇਜਰ ਰਾਜੀਵ ਸ਼ਰਮਾ,ਚੇਅਰਮੈਨ ਬਿਕਰਮ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਸ਼ਾਖਾ ਦੇ ਮੈਨੇਜਰ ਧਰਮ ਸਿੰਘ ਦੀ ਦੇਖ-ਰੇਖ ਹੇਠ ਬੈਂਕ ਗ੍ਰਾਹਕ ਮਿਲਣੀ ਆਯੋਜਿਤ ਕੀਤੀ ਗਈ। ਮਿਲਣੀ ਦੌਰਾਨ ਮੁੱਖ ਮਹਿਮਾਨ ਟਾਂਡਾ ਜੋਨ ਤੋਂ ਡਾਇਰੈਕਟਰ ਰਣਬੀਰ ਸਿੰਘ ਨੱਥੂਪੁਰ ਨੇ ਗ੍ਰਾਹਕਾਂ ਨੂੰ ਪ੍ਰੇਰਿਤ ਕਰਦੇ ਹੋਏ ਆਪਣਾ ਪੈਸਾ ਦੀ ਹੁਸ਼ਿਆਰਪੁਰ ਸੈਂਟਰਲ ਕੋਆਪਰੇਟਿਵ ਬੈਂਕ ਦੀ ਬਰਾਂਚ ਵਿੱਚ ਜਮਾਂ ਕਰਵਾਉਣ ਲਈ ਕਿਹਾ। ਬੈਂਕ ਵੱਲੋਂ ਚਾਰ ਵਿਅਕਤੀ ਜਾਂ ਚਾਰ ਔਰਤਾਂ ਦੇ ਗਰੁੱਪ ਨੂੰ ਡੇਅਰੀ,ਪੋਲਟਰੀ ਫਾਰਮ,ਮਧੂ ਮੱਖੀ ਪਾਲਣ ਤੇ ਹੋਰ ਕਾਰੋਬਾਰ, ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ ਪ੍ਰਾਪਤ ਕਰਨ ਲਈ ਐਜੂਕੇਸ਼ਨਲ ਕਰਜ਼ਾ,ਕਿਸਾਨਾਂ ਨੂੰ ਐਗਰੀਕਲਚਰ ਕਰਜ਼ਾ ਦਿੱਤਾ ਜਾ ਰਿਹਾ ਹੈ। ਇਸ ਮੌਕੇ ਗੁਰਮੇਲ ਸਿੰਘ ਸਾਬਕਾ ਡਾਇਰੈਕਟਰ ਦੀ ਹੁਸ਼ਿਆਰਪੁਰ ਕੋਆਪਰੇਟਿਵ ਸੁਸਾਇਟੀ,ਦੀ ਢੱਟ ਸੇਵਾ ਸਿੰਘ ਸੁਸਾਇਟੀ ਢੱਟ ਦੇ ਮੀਤ ਪ੍ਰਧਾਨ ਸਰਬਜੀਤ ਕੌਰ, ਸੁਸਾਇਟੀ ਨੈਨੋਂਵਾਲ ਦੇ ਪ੍ਰਧਾਨ ਸੁੱਖਵਿੰਦਰ ਸਿੰਘ ਢਿੱਲੋਂ , ਮਾ. ਜਿੰਦਰ ਸਿੰਘ ਮੀਤ ਪ੍ਰਧਾਨ ਸੀਕਰੀ,ਨੰਬਰਦਾਰ ਸਤਨਾਮ ਸਿੰਘ ਢਿੱਲੋਂ,ਨੰਬਰਦਾਰ ਰੇਸ਼ਮ ਸਿੰਘ,ਡਾ.ਪਵਿੱਤਰ ਸਿੰਘ, ਡਾ. ਅਮਰਜੀਤ ਸਿੰਘ, ਸਾਬਕਾ ਮੈਨੇਜਰ ਅਮਰਜੀਤ ਸਿੰਘ,ਨਰਿੰਦਰ ਕੌਰ ਪੰਚ,ਐਡਵੋਕੇਟ ਪਰਵਿੰਦਰਪਾਲ ਸਿੰਘ, ਗੁਰਜਗਜੀਤ ਸਿੰਘ ਮੈਨੇਜਰ ਚੌਟਾਲਾ, ਬਖਸ਼ੀਸ਼ ਕੌਰ ਮੈਨੇਜਰ ਘੋੜੇਵਾਹਾ,ਅਮਰਜੀਤ ਕੌਰ ਮੈਨੇਜਰ ਮਾਣਕਢੇਰੀ, ਨਰਿੰਦਰ ਕੌਰ ਡਿਪਟੀ ਮੈਨੇਜਰ ਸੀਕਰੀ,ਦਰਸ਼ਨ ਸਿੰਘ,ਸਾਹਿਲ ਸ਼ਰਮਾ ਬੁੱਲੋਵਾਲ,ਰਵਿੰਦਰ ਸਿੰਘ ਸੈਕਟਰੀ ਸੀਕਰੀ, ਵਿਸਾਖਾ ਸਿੰਘ ਸੈਕਟਰੀ ਢੱਟ, ਗੁਰਮੇਲ ਸਿੰਘ ਗੰਨਮੈਨ, ਸੇਵਾਦਾਰ ਜਸਪਾਲ ਕੌਰ, ਸੁਭਾਸ਼ ਰਾਮ ਆਦਿ ਹਾਜਰ ਸਨ।

# ਬਾਬਾ ਮੁਰਕੀ ਸ਼ਾਹ ਦੇ ਦਰਬਾਰ 'ਤੇ ਸਾਲਾਨਾ ਮੇਲਾ 25 ਤੋਂ



**ਨੂਰਮਹਿਲ, ( ਬਾਲ ਕ੍ਰਿਸ਼ਨ ਬਾਲੀ )** -ਇਥੋਂ ਦੇ ਪ੍ਰਸਿੱਧ ਧਾਰਮਿਕ ਅਸਥਾਨ ਬਾਬਾ ਮੁਰਕੀ ਸ਼ਾਹ ਜੀ, ਨੇੜੇ ਬਿਜਲੀ ਘਰ ਵਿਖੇ ਸਾਲਾਨਾ ਜੋੜ ਮੇਲਾ 25 ,26 ਅਤੇ 27 ਜੂਨ ਨੂੰ ਸ਼ਰਧਾ ਪੂਰਵਕ ਮਨਾਇਆ ਜਾ ਰਿਹਾ ਹੈ । ਗੱਦੀਨਸ਼ੀਨ ਸਾਈਂ ਸੋਢੀ ਸ਼ਾਹ ਨੇ ਦੱਸਿਆ ਕਿ 25 ਜੂਨ ਨੂੰ ਮਹਿੰਦੀ ਦੀ ਰਸਮ ਹੋਵੇਗੀ, 26 ਜੂਨ ਸ਼ਾਮ ਨੂੰ ਕਵਾਲੀਆਂ ਹੋਣਗੀਆਂ ਅਤੇ 27 ਜੂਨ ਨੂੰ ਚਾਦਰ ਦੀ ਰਸਮ ਉਪਰੰਤ ਧਾਰਮਿਕ ਤੇ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ। ਮੇਲੇ ਵਿੱਚ ਵੱਖ ਵੱਖ ਦਰਬਾਰਾਂ ਤੋਂ ਸਾਧੂ ਮਹਾਤਮਾ ਤੇ ਸੰਤ ਸ਼ਿਰਕਤ ਕਰਨਗੇ ।

# ਹੈਰੋਇਨ ਤੇ ਨਸ਼ੀਲੇ ਪਦਾਰਥ ਸਮੇਤ ਚਾਰ ਗ੍ਰਿਫਤਾਰ



**ਜਲੰਧਰ (ਸ਼ੈਲੀ ਐਲਬਰਟ)** ਸੀ ਆਈ ਏ ਸਟਾਫ ਕਮਿਸ਼ਨਰੇਟ, ਜਲੰਧਰ ਦੀ ਟੀਮ ਨੇ ਨਸ਼ਿਆਂ ਖਿਲਾਫ ਚਲਾਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ 4 ਮੁਲਜ਼ਮਾਂ ਨੂੰ ਗ੍ਰਿਫਤਾਰ ਕਰਕੇ ਉਹਨਾਂ ਦੇ ਕਬਜੇ 'ਚੋਂ 1 ਕਿਲੋ 500 ਗ੍ਰਾਮ ਹੈਰੋਇਨ, 53,000 ਰੁਪਏ ਨਸ਼ੀਲੇ ਪਦਾਰਥ, ਇਕ ਦੇਸੀ ਕੱਟਾ 315 ਬੋਰ, ਇਕ ਰੌਂਦ 315 ਬੋਰ, ਕਾਰ ਨੰ. ਪੀ.ਬੀ.09-ਏ.ਐਮ.-9550 ਸਵਿਫਟ ਕਲਰ ਸਿਲਵਰ ਅਤੇ ਇਲੈਕਟ੍ਰਿਕ ਕੰਡਾ ਬਰਾਮਦ ਕਰਕੇ ਵੱਡੀ ਸਫਲਤਾ ਪ੍ਰਾਪਤ ਕੀਤਾ ਹੈ। ਸਟਾਫ ਕਮਿਸ਼ਨਰੇਟ ਜਲੰਧਰ ਦੀ ਇੱਕ ਸੀ ਆਈ ਏ ਟੀਮ ਟੀ ਪੁਆਇੰਟ ਰੇਲਵੇ ਕਲੋਨੀ ਰੋਡ ਗੁਰੂ ਨਾਨਕਪੁਰਾ, ਜਲੰਧਰ ਵਿਖੇ ਗਸ਼ਤ ਦੌਰਾਨ ਮੌਜੂਦ ਸੀ, ਜਿਸ ਦੌਰਾਨ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਜਾ ਰਹੀ ਸੀ।

ਰੇਲਵੇ ਕੁਆਟਰਾਂ ਤੋਂ ਇੱਕ ਸਿਲਵਰ ਰੰਗ ਦੀ ਸਵਿਫਟ ਕਾਰ ਆਈ ਜਿਸ 'ਚ ਚਾਰ ਵਿਅਕਤੀ ਲਵਪ੍ਰੀਤ ਸਿੰਘ ਉਰਫ ਰਾਜਾ, ਜਸਬੀਰ ਸਿੰਘ ਉਰਫ ਪੰਡਾ, ਵਿਕਾਸ ਉਰਫ ਰੁਬਲ ਅਤੇ ਹਰੀਪਾਲ ਉਰਫ ਹਰੀ ਸ਼ਾਮਲ ਸਨ। ਮੁਲਜ਼ਮਾਂ ਨੂੰ ਗ੍ਰਿਫਤਾਰ ਕਰਕੇ ਕੇਸ ਦਰਜ ਕਰ ਲਿਆ ਗਿਆ ਹੈ।

# ਠੱਗਾਂ ਦੇ ਹੱਥੇ ਚੜ੍ਹਿਆ ਨੇਪਾਲੀ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਕੇਨਰਾ ਬੈਂਕ ਤੋਂ ਪੈਸੇ ਕਢਵਾ ਕੇ ਆਇਆ ਨੇਪਾਲੀ ਠੱਗਾਂ ਦੇ ਹੱਥੇ ਚੜ੍ਹ ਗਿਆ। ਥਾਣਾ ਮੁਖੀ ਸੁਖਦੇਵ ਸਿੰਘ ਨੇ ਦੱਸਿਆ ਕਿ ਨੇਪਾਲੀ ਵਿਵੇਕ ਬਹਾਦਰ ਬੈਂਕ ਵਿੱਚੋਂ 13000 ਹਜ਼ਾਰ ਰੁਪਏ ਕਢਵਾ ਕੇ ਬੈਂਕ ਤੋਂ ਬਾਹਰ ਆ ਰਿਹਾ ਸੀ ਤਾਂ ਉਸ ਨੂੰ ਦੋ ਅਣਜਾਣ ਵਿਅਕਤੀ ਮਿਲੇ। ਉਹ ਉਸ ਨੂੰ ਕਹਿਣ ਲੱਗੇ ਕਿ ਸਾਡੇ ਕੋਲ ਦੋ ਲੱਖ ਰੁਪਏ ਦੇ ਦੋ ਹਜ਼ਾਰ ਦੇ ਨੋਟ ਹਨ। ਤੂੰ ਸਾਨੂੰ ਇਹ ਨੋਟ ਜਮ੍ਹਾ ਕਰਵਾ ਕੇ ਸਾਨੂੰ ਪੰਜ-ਪੰਜ ਸੌ ਦੇ ਨੋਟ ਲੈ ਦੇ। ਅਸੀਂ ਤੈਨੂੰ ਵੀਹ ਹਜ਼ਾਰ ਰੁਪਏ ਦੇਵਾਂਗੇ। ਨੇਪਾਲੀ ਸਹਿਮਤ ਹੋ ਗਿਆ। ਉਸ ਨੇ ਆਪਣੇ ਕਢਵਾਏ 13 ਹਜ਼ਾਰ ਰੁਪਏ ਉਨ੍ਹਾਂ ਨੂੰ ਦੇ ਕੇ ਤੇ ਉਨ੍ਹਾਂ ਕੋਲੋਂ ਦੋ ਹਜ਼ਾਰ ਰੁਪਏ ਦੇ ਨੋਟ ਲੈ ਕੇ ਬੈਂਕ ਵਿੱਚ ਚਲਾ ਗਿਆ। ਅੰਦਰ ਜਾ ਕੇ ਉਸ ਨੇ ਦੇਖਿਆ ਕਿ ਦੋ ਹਜ਼ਾਰ ਦੇ ਪੈਕਟਾਂ ਉਪਰ ਸਿਰਫ ਇੱਕ ਨੋਟ ਦੋ ਹਜ਼ਾਰ ਸੀ ਬਾਕੀ ਸਭ ਖਾਲੀ ਪੇਪਰ ਨਿਕਲੇ। ਜੱਦ ਨੇਪਾਲੀ ਬਾਹਰ ਆਇਆ ਤਾਂ ਦੇਖਿਆ ਕਿ 13000 ਹਜ਼ਾਰ ਰੁਪਏ ਲੈ ਕੇ ਉਥੋਂ ਜਾ ਚੁੱਕੇ ਸਨ। ਪੁਲਸ ਠੱਗਾਂ ਦੀ ਭਾਲ ਕਰ ਰਹੀ ਹੈ।

# ਪ੍ਰੀਪੇਡ ਮੀਟਰਾਂ ਖਿਲਾਫ ਕਿਸਾਨਾਂ ਨੇ ਲਾਇਆ ਟਾਂਡਾ ਤੇ ਮਿਆਣੀ ਐੱਸ ਡੀ ਓ ਦਫਤਰਾਂ ਦੇ ਸਾਹਮਣੇ ਧਰਨਾ

**ਟਾਂਡਾ ਉੜਮੁੜ, ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ** ਪ੍ਰੀਪੇਡ ਮੀਟਰਾਂ ਦਾ ਵਿਰੋਧ ਕਰਦੇ ਹੋਏ ਕਿਸਾਨਾਂ ਨੇ ਪੰਜਾਬ ਭਰ ਦੀ ਤਰ੍ਹਾਂ ਟਾਂਡਾ ਅਤੇ ਮਿਆਣੀ ਵਿਚ ਬਿਜਲੀ ਘਰਾਂ ਵਿਚ ਧਰਨੇ ਲਾ ਕੇ ਸਰਕਾਰ ਦੇ ਖਿਲਾਫ ਰੋਸ ਵਿਖਾਵੇ ਕੀਤੇ। ਇਸ ਦੌਰਾਨ ਹਰਿਆਣਾ ਵਿਚ ਕਿਸਾਨਾਂ 'ਤੇ ਹੋਏ ਲਾਠੀਚਾਰਜ ਦਾ ਵੀ ਜ਼ੋਰਦਾਰ ਵਿਰੋਧ ਕੀਤਾ ਗਿਆ। ਕਿਸਾਨ ਮਜਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ, ਸਵਿੰਦਰ ਸਿੰਘ ਚੁਤਾਲਾ, ਰਾਣਾ ਰਣਬੀਰ ਸਿੰਘ ਅਤੇ ਬੀ. ਕੇ. ਯੂ ਏਕਤਾ ਆਜ਼ਾਦ ਦੇ ਸੂਬਾਈ ਆਗੂ ਜਸਵਿੰਦਰ ਸਿੰਘ ਲੌਂਗੋਵਾਲ, ਮਨਜੀਤ ਸਿੰਘ ਨਿਆਲ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਭੁੱਲਾ ਅਤੇ ਜਨਰਲ ਸਕੱਤਰ ਕੁਲਦੀਪ ਸਿੰਘ ਬੇਗੋਵਾਲ ਦੀ ਅਗਵਾਈ ਵਿਚ ਪ੍ਰੀਪੇਡ ਮੀਟਰਾਂ ਅਤੇ ਬਿਜਲੀ ਸੰਬੰਧੀ ਮੁਸ਼ਕਿਲਾਂ ਨੂੰ ਲੈ ਕੇ ਐੱਸ.ਡੀ.ਓ. ਦਫਤਰਾਂ ਅੱਗੇ ਦਿੱਤੇ ਇਨ੍ਹਾਂ ਰੋਸ ਧਰਨਿਆਂ ਵਿਚ ਵੱਡੀ ਗਿਣਤੀ ਵਿਚ ਕਿਸਾਨਾਂ ਅਤੇ ਮਜ਼ਦੂਰਾਂ ਨੇ ਭਾਗ ਲਿਆ। ਇਸ ਦੌਰਾਨ ਬਿਜਲੀ ਘਰ ਚੌਕ ਵਿਚ ਹਾਈਵੇ ਤੇ ਅਤੇ ਬਿਜਲੀ ਘਰ ਮਿਆਣੀ ਦੇ ਸਾਹਮਣੇ ਕਿਸਾਨਾਂ ਵੱਲੋਂ ਮੋਦੀ ਅਤੇ ਹਰਿਆਣਾ ਦੀ ਖੱਟਰ ਸਰਕਾਰ ਦਾ ਪੁਤਲਾ ਵੀ ਫੂਕਿਆ ਗਿਆ। ਇਸ ਦੌਰਾਨ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਭੁੱਲਾ ਨੇ ਆਖਿਆ ਕਿ ਪੰਜਾਬ ਭਰ ਵਿਚ ਭਗਵੰਤ ਮਾਨ ਸਰਕਾਰ ਵੱਲੋਂ ਪਿੱਛਲੇ ਕਈ ਮਹੀਨਿਆਂ ਤੋਂ ਮੋਦੀ ਸਰਕਾਰ ਦੇ ਬਿਜਲੀ ਮਹਿਕਮੇ ਨੂੰ ਪ੍ਰਾਈਵੇਟ ਹੱਥਾਂ ਵਿੱਚ ਵੇਚਣ ਦੇ ਮਨਸੂਬਿਆਂ ਦੀ ਪੂਰਤੀ ਵਿਚ ਹਿੱਸੇਦਾਰੀ ਪਾਉਣ ਦੀ ਕੋਸ਼ਿਸ਼ ਦੇ ਚੱਲਦੇ ਪ੍ਰੀਪੇਡ ਮੀਟਰ ਲਗਾਉਣ ਲਈ ਅੱਡੀ ਚੋਟੀ ਦਾ ਜ਼ੋਰ ਲਗਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਪੂਰਨ ਨਿਜੀਕਰਨ ਵੱਲ ਵਧਣ ਦਾ ਇੱਕ ਕਦਮ ਹੈ, ਜਿਸ ਨਾਲ "ਨੋ ਪ੍ਰੋਫਿਟ ਨੋ ਲੌਸ" ਦੇ ਸਿਧਾਂਤ ਤੇ ਸ਼ੁਰੂ ਹੋਇਆ ਬਿਜਲੀ ਅਦਾਰਾ ਪੂਰੀ ਤਰ੍ਹਾਂ ਕਾਰਪੋਰੇਟ ਕੰਪਨੀਆਂ ਦੇ ਹੱਥ ਚਲਾ ਜਾਵੇਗਾ। ਬਿਜਲੀ ਸੋਧ ਬਿੱਲ ਦਾ ਸਟੈਂਡਿੰਗ ਕਮੇਟੀ ਕੋਲ ਪਿਆ ਖਰੜਾ ਮੁਢੋਂ ਰੱਦ ਕੀਤਾ ਜਾਵੇ, ਪਾਵਰਕਾਮ ਵਿਚ ਠੇਕੇਦਾਰੀ ਸਿਸਟਮ ਬੰਦ ਕਰਕੇ ਪੱਕੀ ਭਰਤੀ ਕੀਤੀ ਜਾਵੇ, ਓਵਰਲੋਡ ਟਰਾਂਸਫਾਰਮਰ, ਗਰਿੱਡ, ਫੀਡਰ ਡੀਲੋਡ ਕੀਤੇ ਜਾਣ, ਵੀ.ਡੀ.ਐੱਸ. ਸਕੀਮ ਖੋਲ੍ਹ ਕੇ ਪ੍ਰਤੀ ਹਾਰਸ ਪਾਵਰ 200 ਰੁਪਏ ਦੇ ਹਿਸਾਬ ਨਾਲ ਲੋਡ ਵਧਾਉਣ ਦੀ ਖੁੱਲ ਦਿੱਤੀ ਜਾਵੇ, ਪਿੰਡਾਂ ਅਤੇ ਖੇਤੀ ਮੋਟਰਾਂ ਦੀ ਬਿਜਲੀ ਨਿਰਵਿਘਨ 16 ਘੰਟੇ ਦਿੱਤੀ ਜਾਵੇ, ਖਰਾਬ ਤੇ ਖਸਤਾ ਹਾਲਤ ਤਾਰਾਂ ਅਤੇ ਜੀਓ ਸਵਿੱਚ ਤੁਰੰਤ ਬਦਲੇ ਜਾਣ। ਉਨ੍ਹਾਂ ਆਖਿਆ ਜੇਕਰ ਸਰਕਾਰ ਉਨ੍ਹਾਂ ਦੀ ਸੁਣਵਾਈ ਨਾ ਕੀਤੀ ਤਾਂ ਆਉਣ ਵਾਲੇ ਦਿਨਾਂ ਵਿਚ ਸੰਘਰਸ਼ ਤੇਜ ਕੀਤਾ ਜਾਵੇਗਾ। ਇਸ ਦੌਰਾਨ ਜਥੇਬੰਦੀ ਵੱਲੋਂ ਲਾਏ ਗਏ ਇਨ੍ਹਾਂ ਧਰਨਿਆਂ ਦੌਰਾਨ ਮਿਆਣੀ ਵਿਖੇ ਕਸ਼ਮੀਰ ਸਿੰਘ ਫੱਤਾ ਕੁੱਲਾ, ਟਾਂਡਾ ਵਿਖੇ ਅਰਵਿੰਦਰ ਸਿੰਘ ਰਾਣਾ, ਹੁਸ਼ਿਆਰਪੁਰ ਵਿਖੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਭੁੱਲਾ ਅਤੇ ਦਸੂਹਾ ਵਿਖੇ ਜਗਜੀਤ ਸਿੰਘ ਜੱਗੀ ਗਿੱਲ ਨੇ ਧਰਨਿਆਂ ਦੀ ਅਗਵਾਈ ਕੀਤੀ। ਇਸ ਦੌਰਾਨ ਧਰਨਿਆਂ ਵਿਚ ਸਰਪੰਚ ਲਖਵੀਰ ਸਿੰਘ, ਜਸਵੀਰ ਸਿੰਘ ਰਿੰਕੂ, ਨਿਸ਼ਾਨ ਸਿੰਘ, ਬਲਜੀਤ ਸਿੰਘ, ਬਲਜੀਤ ਸਿੰਘ, ਸਤਨਾਮ ਸਿੰਘ, ਉਪਦੇਸ਼ ਸਿੰਘ, ਜਸਵੀਰ ਸਿੰਘ, ਗੁਰਦੇਵ ਸਿੰਘ, ਲੱਖੀ ਰੜਾ, ਸੰਦੀਪ ਖਾਲਸਾ, ਕਮਲਜੀਤ ਕੌਰ, ਅਮਨਦੀਪ ਕੌਰ, ਕਮਲੇਸ਼ ਰਾਣੀ, ਪਰਮਜੀਤ ਕੌਰ, ਊਸ਼ਾ ਰਾਣੀ, ਸੱਤਿਆ ਦੇਵੀ, ਗੁਰਿੰਦਰ ਕੌਰ, ਕੁਲਵਿੰਦਰ ਸਿੰਘ, ਰਾਮ ਕ੍ਰਿਸ਼ਨ, ਸੁਮਨ, ਗੁਰਜੀਤ ਸਿੰਘ, ਬਲਜਿੰਦਰ ਕੌਰ ਸਮੇਤ ਵੱਡੀ ਗਿਣਤੀ ਵਿਚ ਕਿਸਾਨ ਮੌਜੂਦ ਸਨ।

# ਸਾਈਕਲ ਰੈਲੀ ਰਾਹੀਂ ਗੈਰ-ਸੰਚਾਰੀ ਬਿਮਾਰੀਆਂ ਪ੍ਰਤੀ ਸੁਚੇਤ ਰਹਿਣ ਦਾ ਸੁਨੇਹਾ



**ਜਲੰਧਰ -(ਸ਼ੈਲੀ ਐਲਬਰਟ)**- ਸਿਹਤ ਵਿਭਾਗ ਜਲੰਧਰ ਵੱਲੋਂ ਸਿਵਲ ਸਰਜਨ ਡਾ. ਰਮਨ ਸ਼ਰਮਾ ਦੀ ਅਗਵਾਈ ਵਿੱਚ ਲੋਕਾਂ ਨੂੰ ਤੰਦਰੁਸਤ ਸਿਹਤ ਪ੍ਰਤੀ ਜਾਗਰੂਕ ਕਰਨ ਦੇ ਮੰਤਵ ਨਾਲ ਜਾਗਰੂਕਤਾ ਸਾਈਕਲ ਰੈਲੀ ਕਰਵਾਈ ਗਈ । ਸਾਈਕਲ ਰੈਲੀ ਦੀ ਸ਼ੁਰੂਆਤ ਜੂਨੀਅਰ ਸਾਈਕਲਿਸਟ ਵਾਨਯਾ ਖੰਨਾ, ਅਰਚਨਾ ਮਦਾਨ ਅਤੇ ਰਣਵੀਰ ਸਿੰਘ ਤੋਂ ਹਰੀ ਝੰਡੀ ਦਿਵਾ ਕੇ ਕੀਤੀ ਗਈ । ਇਹ ਰੈਲੀ ਸਿਵਲ ਸਰਜਨ ਦਫਤਰ ਜਲੰਧਰ ਤੋਂ ਸ਼ੁਰੂ ਹੋ ਕੇ ਜਯੋਤੀ ਚੌਕ, ਨਕੋਦਰ ਚੌਕ, ਗੁਰੂ ਨਾਨਕ ਮਿਸ਼ਨ ਚੌਕ, ਮਿਲਕ ਬਾਰ ਚੌਕ, ਮਾਡਲ ਟਾਊਨ ਸ਼ਿਵਾਨੀ ਪਾਰਕ, ਏ.ਪੀ.ਜੇ. ਕਾਲਜ, ਗੁਰੂ ਨਾਨਕ ਮਿਸ਼ਨ ਚੌਕ, ਸਕਾਈਲਾਰਕ ਚੌਕ ਤੋਂ ਹੁੰਦੇ ਹੋਏ ਸਿਵਲ ਸਰਜਨ ਦਫਤਰ ਵਿਖੇ ਸਮਾਪਤ ਹੋਈ। ਇਸ ਜਾਗਰੂਕਤਾ ਸਾਈਕਲ ਰੈਲੀ ਦਾ ਮੁੱਖ ਮੰਤਵ ਲੋਕਾਂ ਨੂੰ ਗੈਰ-ਸੰਚਾਰੀ ਰੋਗਾਂ ਜਿਵੇਂ ਸ਼ੂਗਰ, ਬੀ.ਪੀ., ਕੈਂਸਰ ਅਤੇ ਦਿਲ ਦੀਆਂ ਬਿਮਾਰੀਆਂ ਸੰਬੰਧੀ ਜਾਗਰੂਕ ਕਰਦੇ ਹੋਏ ਮਾਨਸਿਕ ਅਤੇ ਤੰਦਰੁਸਤ ਸਿਹਤ ਪ੍ਰਤੀ ਜਨ-ਜਾਗਰੂਕਤਾ ਫੈਲਾਉਣਾ ਹੈ। ਉਨ੍ਹਾਂ ਕਿਹਾ ਕਿ ਮਾਨਸਿਕ ਅਤੇ ਤੰਦਰੁਸਤ ਸਿਹਤ ਲਈ ਸਾਇਕਲਿੰਗ ਕਰਨਾ ਇੱਕ ਕਾਰਗਰ ਉਪਰਾਲਾ ਹੈ। ਸਾਡੇ ਬਜੁਰਗ ਇੱਕ ਸਿਹਤਮੰਦ ਜੀਵਨ-ਸ਼ੈਲੀ ਅਪਣਾ ਕੇ ਲੰਬੀ ਉਮਰ ਹੰਢਾਉਂਦੇ ਸਨ ਪਰ ਅੱਜ ਦੀ ਰੁਝੇਵਿਆਂ ਭਰੀ ਜ਼ਿੰਦਗੀ ਵਿਚ ਤਣਾਅ, ਖਾਣ-ਪੀਣ ਦੇ ਬਦਲਾਅ ਅਤੇ ਜੰਕ ਫੂਡ ਦੀ ਜਿਆਦਾ ਵਰਤੋਂ ਸਦਕਾ ਬਿਮਾਰੀਆਂ ਵਿੱਚ ਬਹੁਤ ਜ਼ਿਆਦਾ ਵਾਧਾ ਹੋ ਗਿਆ ਹੈ । ਇਸ ਲਈ ਬੀਮਾਰੀਆਂ ਤੋਂ ਬਚਣ ਲਈ ਹਰੇਕ ਵਿਅਕਤੀ ਨੂੰ ਰੋਜ਼ਾਨਾ ਸਾਈਕਲਿੰਗ ਕਰਨ ਦੇ ਨਾਲ-ਨਾਲ ਜੰਕ ਫੂਡ ਤੋਂ ਪ੍ਰਹੇਜ ਕਰਕੇ ਘਰ ਵਿੱਚ ਬਣੇ ਤਾਜੇ ਅਤੇ ਪੌਸ਼ਟਿਕ ਖਾਣੇ ਨੂੰ ਹੀ ਤਰਜੀਹ ਦੇਣੀ ਚਾਹੀਦੀ ਹੈ। ਸਿਵਲ ਸਰਜਨ ਵੱਲੋਂ ਹਾਕ ਰਾਈਡਰਜ਼ ਜਲੰਧਰ ਸਾਈਕਲਿੰਗ ਗਰੁੱਪ (ਸੀਨੀਅਰਜ਼), ਜੂਨੀਅਰ ਹਾਕ ਰਾਈਡਰ ਸਾਇਕਲਿੰਗ ਗਰੁੱਪ ਅਤੇ ਸਕਾਈ ਰਾਈਡਰਜ਼ ਜਲੰਧਰ ਦੇ ਸਾਈਕਲਿਸਟਾਂ ਨੂੰ ਪ੍ਰਸ਼ੰਸਾ-ਪੱਤਰ ਦਿੱਤੇ ਗਏ ਅਤੇ ਇਸ ਜਾਗਰੂਕਤਾ ਸਾਈਕਲ ਰੈਲੀ ਵਿੱਚ ਭਾਗ ਲੈਣ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਹਾਇਕ ਸਿਵਲ ਡਾ. ਵਰਿੰਦਰ ਕੌਰ ਥਿੰਦ, ਜ਼ਿਲ੍ਹਾ ਪਰਵਾਰ ਭਲਾਈ ਅਫ਼ਸਰ ਡਾ. ਰਮਨ ਗੁਪਤਾ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਰਾਕੇਸ਼ ਚੋਪੜਾ, ਸਹਾਇਕ ਸਿਹਤ ਅਫ਼ਸਰ ਡਾ. ਸੱਤਜੀਤ ਕੌਰ, ਜ਼ਿਲ੍ਹਾ ਡੈਂਟਲ ਸਿਹਤ ਅਫ਼ਸਰ ਬਲਜੀਤ ਕੌਰ ਰੂਬੀ, ਜ਼ਿਲ੍ਹਾ ਐਪੀਡਮੋਲੋਜਿਸਟ ਡਾ. ਆਦਿਤਯਪਾਲ ਸਿੰਘ, ਐਸ.ਐਮ.ਓ. ਡਾ. ਗੁਰਮੀਤ ਲਾਲ ਅਤੇ ਸਿਹਤ ਵਿਭਾਗ ਦੇ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ ॥-

# ਮੈਡੀਕਲ ਕਾਲਜ ਨੂੰ ਮਾਲਵੇ ਦਾ ਪੀ.ਜੀ.ਆਈ. ਬਣਾਇਆ ਜਾਵੇਗਾ : ਡਾ. ਬਲਬੀਰ ਸਿੰਘ

■ ਸਿਹਤ ਮੰਤਰੀ ਵੱਲੋਂ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਦਾ ਦੌਰਾ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ, ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਫ਼ਰੀਦਕੋਟ ਵਿਖੇ ਜੱਚਾ ਬੱਚਾ ਜਾਂਚ ਸੈਂਟਰ ਤੇ ਹੋਰ ਸਿਹਤ ਸਹੂਲਤਾਂ ਦਾ ਨਿਰੀਖਣ ਕੀਤਾ ਗਿਆ। ਉਨ੍ਹਾਂ ਸਿਹਤ ਵਿਭਾਗ ਤੇ ਮੈਡੀਕਲ ਕਾਲਜ ਦੇ ਅਧਿਕਾਰੀਆਂ ਨੂੰ ਮੈਡੀਕਲ ਕਾਲਜ 'ਚ ਦਿੱਤੀਆਂ ਜਾਣ ਵਾਲੀਆਂ ਵੱਖ ਵੱਖ ਸੇਵਾਵਾਂ 'ਚ ਹੋਰ ਸੁਧਾਰ ਲਿਆਉਣ ਲਈ ਮੌਕੇ 'ਤੇ ਆਦੇਸ਼ ਦਿੱਤੇ। ਇਸ ਤੋਂ ਪਹਿਲਾਂ ਉਨ੍ਹਾਂ ਨੂੰ ਫਰੀਦਕੋਟ ਵਿਖੇ ਆਉਣ 'ਤੇ ਪੁਲਸ ਦੀ ਟੁੱਕੜੀ ਵੱਲੋਂ ਗਾਰਡ ਆਫ ਆਨਰ ਵੀ ਦਿੱਤਾ ਗਿਆ। ਇਸ ਮੌਕੇ ਵਿਧਾਇਕ ਫਰੀਦਕੋਟ ਸ੍. ਗੁਰਦਿੱਤ ਸਿੰਘ ਸੇਖੋਂ, ਵਿਧਾਇਕ ਜੈਤੋ ਅਮੋਲਕ ਸਿੰਘ, ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਤੇ ਰਜਿਸਟਰਾਰ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਡਾ. ਨਿਰਮਲ ਓਸੇਪਚਨ, ਐੱਸ.ਐੱਸ.ਪੀ. ਹਰਜੀਤ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਇਸ ਮੌਕੇ ਸਿਹਤ ਮੰਤਰੀ ਨੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਵਿਖੇ ਨਵੇਂ ਬਣੇ ਜੱਚਾ ਬੱਚਾ ਕੇਂਦਰ ਦਾ ਦੌਰਾ ਕਰਕੇ ਬੱਚਾ ਵਾਰਡ, ਬੱਚਾ ਸਰਜਰੀ ਵਾਰਡ, ਨਿੱਕੂ, ਪਲੇਅ ਰੂਮ ਦਾ ਜਾਇਜ਼ਾ ਲਿਆ ਤੇ ਸੰਤੁਸ਼ਟੀ ਪ੍ਰਗਟਾਈ। ਉਨ੍ਹਾ ਮੈਡੀਕਲ ਕਾਲਜ ਵਿਖੇ ਨੂਕਲੀਅਰ ਮੈਡੀਸਨ ਵਿਭਾਗ ਦਾ ਦੌਰਾ ਕਰਕੇ ਕੀਤੇ ਜਾਂਦੇ ਟੈਸਟਾਂ ਦੀ ਵਿਸਥਾਰ ਸਹਿਤ ਜਾਣਕਾਰੀ ਹਾਸਲ ਕੀਤੀ। ਉਨ੍ਹਾ ਮਰੀਜ਼ਾਂ ਦੀ ਦੇਖਭਾਲ, ਵਾਰਡਾਂ, ਲੈਬਾਰਟਰੀ ਟੈਸਟਾਂ, ਪਰਚੀ ਵਾਲੇ ਕਾਊਂਟਰਾਂ, ਇਲਾਜ ਸਮੇਤ ਵੱਖ ਵੱਖ ਤਰ੍ਹਾਂ ਦੀਆਂ ਸਿਹਤ ਸੇਵਾਵਾਂ ਦਾ ਵੀ ਜਾਇਜ਼ਾ ਲਿਆ। ਉਨ੍ਹਾ ਮਰੀਜ਼ਾਂ ਤੇ ਉਨ੍ਹਾਂ ਦੇ ਵਾਰਸਾਂ ਨਾਲ ਵੀ ਗੱਲਬਾਤ ਕੀਤੀ ਤੇ ਮੁਸ਼ਕਲਾਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦਾ ਦੌਰਾ ਕੀਤਾ ਤੇ ਬੱਚਿਆਂ ਨੂੰ ਦਿੱਤੀ ਜਾਂਦੀ ਮੈਡੀਕਲ ਸਿੱਖਿਆ ਬਾਰੇ ਜਾਣਕਾਰੀ ਹਾਸਲ ਕੀਤੀ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਦੇ ਲੋਕਾਂ ਨੂੰ ਵਧੀਆ ਸਿਹਤ ਸੇਵਾਵਾਂ ਦੇਣ ਲਈ ਵਚਨਬੱਧ ਹੈ। ਉਨ੍ਹਾ ਕਿਹਾ ਕਿ ਸਰਕਾਰੀ ਹਸਪਤਾਲਾਂ ਨੂੰ ਰੈਫਰਲ ਹਸਪਤਾਲਾਂ ਵਜੋਂ ਤਬਦੀਲ ਨਹੀਂ ਹੋਣ ਦਿੱਤਾ ਜਾਵੇਗਾ ਤੇ ਸਾਰੇ ਹਸਪਤਾਲਾਂ ਵਿੱਚ ਲੋਕਾਂ ਦੇ ਇਲਾਜ ਲਈ ਜ਼ਰੂਰੀ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾਣ ਤਾਂ ਜੋ ਲੋਕਾਂ ਨੂੰ ਆਪਣੇ ਇਲਾਜ ਕਰਵਾਉਣ ਲਈ ਕਿਸੇ ਤਰ੍ਹਾਂ ਦੀ ਦਿੱਕਤ ਪੇਸ਼ ਨਾ ਆਵੇ। ਉਨ੍ਹਾ ਕਿਹਾ ਕਿ ਫਰੀਦਕੋਟ ਦੇ ਮੈਡੀਕਲ ਕਾਲਜ ਨੂੰ ਸਿਹਤ ਸਹੂਲਤਾਂ ਪੱਖੋਂ ਮਾਲਵੇ ਦੇ ਲੋਕਾਂ ਲਈ ਪੀ.ਜੀ.ਆਈ. ਬਣਾਇਆ ਜਾਵੇਗਾ ਤਾਂ ਜੋ ਉਨ੍ਹਾਂ ਨੂੰ ਕਿਸੇ ਤਰ੍ਹਾਂ ਦੀਆਂ ਸਿਹਤ ਸਹੂਲਤਾਂ ਪ੍ਰਾਪਤ ਕਰਨ ਸੰਬੰਧੀ ਕੋਈ ਦਿੱਕਤ ਪੇਸ਼ ਨਾ ਆਵੇ। ਇਸ ਉਪਰੰਤ ਉਨ੍ਹਾਂ ਬਾਬਾ ਫਰੀਦ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਵਿਖੇ ਕਪੂਰਥਲਾ, ਹੁਸ਼ਿਆਰਪੁਰ, ਮਲੇਰਕੋਟਲਾ, ਸੰਗਰੂਰ, ਮੋਗਾ ਆਦਿ ਜ਼ਿਲ੍ਹਿਆਂ ਵਿੱਚ ਸਿਵਲ ਹਸਪਤਾਲਾਂ 'ਚ ਚੱਲਣ ਵਾਲੇ ਕੰਮਾਂ ਬਾਰੇ ਜਾਣਕਾਰੀ ਹਾਸਲ ਕੀਤੀ ਤੇ ਉਨ੍ਹਾਂ ਨੂੰ ਮਿੱਥੇ ਸਮੇਂ ਵਿੱਚ ਪੂਰਾ ਕਰਨ ਦੇ ਆਦੇਸ਼ ਦਿੱਤੇ।

ਇਸ ਮੌਕੇ ਮੈਡੀਕਲ ਸੁਪਰਡੈਂਟ ਡਾ. ਸੁਲੇਖ ਮਿੱਤਲ, ਡਾ. ਐੱਸ. ਪੀ. ਸਿੰਘ, ਸਿਵਲ ਸਰਜਨ ਸ੍ਰੀ ਅਨਿਲ ਕੁਮਾਰ ਗੋਇਲ, ਡਾ. ਸੀਮਾ ਗਰੇਵਰ ਸਹਾਇਕ ਸਿਵਲ ਸਰਜਨ ਡਾ. ਚੰਦਰ ਸ਼ੇਖਰ ਤੋਂ ਇਲਾਵਾ ਮੈਡੀਕਲ ਤੇ ਪੈਰਾ-ਮੈਡੀਕਲ ਸਟਾਫ ਹਾਜ਼ਰ ਸੀ।

## ਅਕਾਲ ਤਖਤ ਸਾਹਿਬ 'ਤੇ ਖਾਲਿਸਤਾਨੀ ਨਾਅਰੇ ਲਗਾਉਣਾ ਮੰਦਭਾਗਾ : ਪ੍ਰਵੀਨ ਮਦਾਨ

**ਮਲੋਟ (ਗੁਰਮੀਤ ਸਿੰਘ ਮੱਕੜ)**

ਘੱਲੂਘਾਰਾ ਦਿਵਸ ਮੌਕੇ ਸ਼੍ਰੀ ਅਕਾਲ ਤਖਤ ਸਾਹਿਬ 'ਤੇ ਕੁੱਝ ਗਰਮ ਖਿਆਲੀ ਲੋਕਾਂ ਵੱਲੋਂ ਨੰਗੀਆਂ ਤਲਵਾਰਾਂ ਲਹਿਰਾ ਕੇ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ ਲਗਾਉਣਾ ਬਹੁਤ ਹੀ ਮੰਦਭਾਗੀ ਗੱਲ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰਵੀਨ ਮਦਾਨ ਰਾਸ਼ਟਰੀ ਪ੍ਰਧਾਨ ਬਜਰੰਗ ਦਲ ਹਿੰਦੁਸਤਾਨ ਨੇ ਕੀਤਾ। ਉਨ੍ਹਾ ਕਿਹਾ ਕਿ ਸ਼੍ਰੀ ਅਕਾਲ ਤਖਤ ਸਾਹਿਬ 'ਤੇ ਜਥੇਦਾਰ ਦੀ ਹਾਜ਼ਰੀ ਵਿੱਚ ਖਾਲਿਸਤਾਨੀ ਨਾਅਰੇ ਲਗਾ ਕੇ ਪੂਰੀ ਸਿੱਖ ਕੌਮ ਦਾ ਸਿਰ ਨੀਵਾਂ ਕਰ ਦਿੱਤਾ ਹੈ।

ਉਨ੍ਹਾ ਕਿਹਾ ਕਿ ਅਜਿਹੇ ਲੋਕਾਂ ਤੋਂ ਪੰਜਾਬ ਦੀ ਸ਼ਾਂਤੀ ਬਰਦਾਸ਼ਤ ਨਹੀਂ ਹੋ ਰਹੀ। ਉਨ੍ਹਾ ਕਿਹਾ ਕਿ ਕੁੱਝ ਕੁ ਲੋਕਾਂ ਵੱਲੋਂ ਕੀਤੀਆਂ ਜਾ ਰਹੀਆਂ ਅਜਿਹੀਆਂ ਕੋਝੀਆਂ ਹਰਕਤਾਂ ਕਾਰਨ ਪੰਜਾਬ ਤੇ ਪੂਰੀ ਸਿੱਖ ਕੌਮ ਦਾ ਨਾਮ ਬਦਨਾਮ ਹੋ ਰਿਹਾ ਹੈ। ਪ੍ਰਵੀਨ ਮਦਾਨ ਨੇ ਕਿਹਾ ਕਿ ਇਸ ਦੇ ਪਿੱਛੇ ਦੇਸ਼ ਵਿਰੋਧੀ ਤਾਕਤਾਂ ਕੰਮ ਕਰ ਰਹੀਆਂ ਹਨ, ਜੋ ਪੰਜਾਬ ਦਾ ਮਾਹੌਲ ਖਰਾਬ ਕਰ ਰਹੀਆਂ ਹਨ, ਪ੍ਰੰਤੂ ਇਨ੍ਹਾਂ ਦੇਸ਼ ਵਿਰੋਧੀ ਤਾਕਤਾਂ ਦੇ ਮਨਸੂਬੇ ਕਦੇ ਕਾਮਯਾਬ ਨਹੀਂ ਹੋਣਗੇ।

# ਕੂੜਾ-ਕਰਕਟ ਚੁੱਕਣ ਲਈ 3 ਨਵੀਆਂ ਟਾਟਾ ਐੱਸ ਗੱਡੀਆਂ ਖਰੀਦੀਆਂ



**ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)**-ਨਗਰ ਕੌਂਸਲ ਵੱਲੋਂ ਕੁਝ ਸਮਾਂ ਪਹਿਲਾਂ ਕੂੜੇ ਕਰਕਟ ਨੂੰ ਚੁੱਕਣ ਲਈ 03 ਨਵੀਆਂ ਟਾਟਾ ਐਸ ਗੱਡੀਆਂ ਖਰੀਦ ਕੀਤੀਆਂ ਗਈਆਂ ਸਨ, ਜਿਨ੍ਹਾਂ ਵੱਲੋਂ ਰੋਜ਼ਾਨਾ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਤੇ ਮੁਹੱਲਿਆਂ ਵਿੱਚੋਂ ਕੂੜਾ ਕਰਕਟ ਇਕੱਤਰ ਕਰਕੇ ਸਿੱਧਾ ਮੇਨ ਡੰਪ 'ਤੇ ਸੁੱਟਿਆ ਜਾ ਰਿਹਾ ਹੈ। ਦੱਸਣਯੋਗ ਹੈ ਕਿ ਨਗਰ ਕੌਂਸਲ ਵਲੋਂ ਸ਼ਹਿਰ ਵਾਸੀਆਂ ਦੀ ਸਹੂਲਤ ਅਤੇ ਸ਼ਹਿਰ ਨੂੰ ਸਾਫ਼-ਸੁਥਰਾ ਬਣਾਉਣ ਲਈ ਭਾਰਤ ਸਰਕਾਰ ਦੇ ਸਵੱਛ ਭਾਰਤ ਮਿਸ਼ਨ ਤਹਿਤ 14/07/2022 ਨੂੰ 3 ਟਰੈਕਟਰ-ਟਰਾਲੀਆਂ, 56 ਟ੍ਰਾਈ ਸਾਈਕਲ, 1 ਜੇ.ਸੀ.ਬੀ. ਮਸ਼ੀਨ, 1 ਬੇਲਿੰਗ ਮਸ਼ੀਨ, 1 ਗਰਾਂਈਡਰ, 50 ਈ.ਰਿਕਸ਼ਾ, 1 ਫਾਗਿੰਗ ਮਸ਼ੀਨ, 10 ਟਾਟਾ ਏਸ, 1 ਜੈਟਿੰਗ ਮਸ਼ੀਨ ਆਦਿ ਲਗਭਗ 5.07 ਕਰੋੜ ਰੁਪਏ ਦੇ ਸਾਮਾਨ ਦੀ ਮੰਗ ਕੀਤੀ ਗਈ ਸੀ ਜਿਸ ਤਹਿਤ 80 ਟ੍ਰਾਈ ਸਾਈਕਲ, 1 ਟਰੈਕਟਰ ਟਰਾਲੀ, 1 ਬੇਲਿੰਗ ਮਸ਼ੀਨ, 1 ਗਰਾਂਈਡਰ ਤੇ 5 ਟਾਟਾ ਏਸ ਖਰੀਦ ਕਰਨ ਲਈ ਗ੍ਰਾਂਟ ਪ੍ਰਾਪਤ ਹੋਈ ਸੀ। ਇਸੇ ਲੜੀ ਨੂੰ ਅੱਗੇ ਲੈ ਕੇ ਜਾਂਦੇ ਹੋਏ ਨਗਰ ਕੌਂਸਲ ਵੱਲੋਂ ਸ਼ਹਿਰ ਵਾਸੀਆਂ ਦੀ ਸਹੂਲਤ ਲਈ 05 ਹੋਰ ਨਵੀਆਂ ਟਾਟਾ ਐਸ ਗੱਡੀਆਂ ਖਰੀਦ ਕਰਨ ਸਬੰਧੀ ਕਾਰਵਾਈ ਮੁਕੰਮਲ ਕਰਦੇ ਹੋਏ 03 ਨਵੀਆਂ ਟਾਟਾ ਏਸ ਗੱਡੀਆਂ ਦੀਆਂ ਚਾਬੀਆਂ ਪ੍ਰਧਾਨ ਸ੍ਰੀ ਜਤਿੰਦਰਪਾਲ, ਕੌਂਸਲਰ ਸਾਹਿਬਾਨ ਤੇ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਕੰਪਨੀ ਪਾਸੋਂ ਨਗਰ ਕੌਂਸਲ ਦੇ ਦਫ਼ਤਰ ਵਿਖੇ ਪ੍ਰਾਪਤ ਕੀਤੀਆਂ ਗਈਆਂ। ਇਸ ਮੌਕੇ ਸ੍ਰੀ ਜਤਿੰਦਰਪਾਲ ਪ੍ਰਧਾਨ ਵੱਲੋਂ ਦੱਸਿਆ ਗਿਆ ਕਿ ਨਗਰ ਕੌਂਸਲ ਵੱਲੋਂ ਸ਼ਹਿਰ ਵਾਸੀਆਂ ਨੂੰ ਕੂੜੇ ਦੀ ਸਮੱਸਿਆ ਤੋਂ ਨਿਜ਼ਾਤ ਦੁਆਉਣ ਲਈ ਪੂਰੀ ਮਿਹਨਤ ਨਾਲ ਯਤਨ ਕੀਤੇ ਜਾ ਰਹੇ ਹਨ। ਇਨ੍ਹਾਂ ਗੱਡੀਆਂ ਦੇ ਆਉਣ ਨਾਲ ਸ਼ਹਿਰ ਅੰਦਰ ਬੜੀ ਤੇਜ਼ੀ ਨਾਲ ਕੂੜਾ ਕਰਕਟ ਚੁੱਕਿਆ ਜਾਵੇਗਾ ਤੇ ਸ਼ਹਿਰ ਅੰਦਰ ਬਣੇ ਸਭ ਡੀਪੂਆਂ ਨੂੰ ਜਲਦ ਤੋਂ ਜਲਦ ਖਤਮ ਕੀਤਾ ਜਾਵੇ। ਉਨ੍ਹਾਂ ਵੱਲੋਂ ਦੱਸਿਆ ਗਿਆ ਕਿ ਆਉਣ ਵਾਲੇ 3-4 ਦਿਨਾਂ ਵਿੱਚ ਬਾਕੀ ਰਹਿੰਦੀਆਂ 02 ਟਾਟਾ ਏਸ ਵੀ ਨਗਰ ਕੌਂਸਲ ਨੂੰ ਪ੍ਰਾਪਤ ਹੋ ਜਾਣਗੀਆਂ। ਪ੍ਰਧਾਨ ਜੀ ਵੱਲੋਂ ਦੱਸਿਆ ਗਿਆ ਕਿ ਇਨ੍ਹਾਂ ਸਾਰੀਆਂ ਗੱਡੀਆਂ ਵਿੱਚ ਗਿੱਲੇ ਤੇ ਸੁੱਕੇ ਕੂੜੇ ਲਈ ਵੱਖਰੇ-ਵੱਖਰੇ ਕੰਪਾਰਟਮੈਂਟ ਬਣੇ ਹੋਏ ਹਨ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਦੁਬਾਰਾ ਫਿਰ ਅਪੀਲ ਕੀਤੀ ਕਿ ਆਪਣੇ ਘਰਾਂ ਅਤੇ ਦੁਕਾਨਾਂ ਵਿੱਚ ਗਿੱਲੇ ਤੇ ਸੁੱਕੇ ਕੂੜੇ ਲਈ ਵੱਖਰੇ-ਵੱਖਰੇ ਡਸਟਬਿਨ ਲਾਏ ਜਾਣ ਅਤੇ ਨਗਰ ਕੌਂਸਲ ਦੇ ਸਫਾਈ ਕ੍ਰਮਚਾਰੀਆਂ ਨੂੰ ਗਿੱਲਾ ਤੇ ਸੁੱਕਾ ਕੂੜਾ ਵੱਖ-ਵੱਖ ਕਰਕੇ ਹੀ ਦਿੱਤਾ ਜਾਵੇ, ਕਿਉਂ ਜੋ ਸ਼ਹਿਰ ਵਾਸੀਆਂ ਦੇ ਇਸ ਸਹਿਯੋਗ ਨਾਲ ਹੀ ਜਗਰਾਉਂ ਸ਼ਹਿਰ ਅੰਦਰੋਂ ਕੂੜੇ ਕਰਕਟ ਦੀ ਸਮੱਸਿਆ ਤੋਂ ਜਲਦ ਤੋਂ ਜਲਦ ਨਿਜ਼ਾਤ ਪਾਈ ਜਾ ਸਕਦੀ ਹੈ।

## ਕਾਤਰਾਂ

### ਆਦਰਸ਼ ਸਕੂਲ ਮੁਲਾਜ਼ਮ ਯੂਨੀਅਨ ਦੀ ਟੀਮ ਅੱਜ ਮੁੱਖ ਮੰਤਰੀ ਨੂੰ ਮਿਲੇਗੀ

ਮਾਨਸਾ (ਪਮਾਰ)-ਆਦਰਸ਼ ਸਕੂਲ ਮੁਲਾਜ਼ਮ ਯੂਨੀਅਨ ਪੰਜਾਬ (ਪੀਪੀਪੀ ਤਰਜ਼) ਦੀ ਸੂਬਾ ਕਮੇਟੀ ਸਮੇਤ ਵੱਡੀ ਗਿਣਤੀ 'ਚ ਹੋਰ ਸਾਥੀ 10 ਜੂਨ ਨੂੰ ਮਾਨਸਾ ਵਿਖੇ ਹੋਣ ਜਾ ਰਹੀ ਪੰਜਾਬ ਕੈਬਨਿਟ ਦੀ ਮੀਟਿੰਗ ਉਪਰੰਤ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਆਪਣੀਆਂ ਭਖਦੀਆਂ ਮੰਗਾਂ ਨੂੰ ਲੈ ਕੇ ਇੱਕ ਵਫਦ ਦੇ ਰੂਪ 'ਚ ਸ਼ਾਂਤਮਈ ਤਰੀਕੇ ਨਾਲ ਮਿਲਣਗੇ ਤੇ ਸਮੁੱਚੀਆਂ ਹੱਕੀ ਤੇ ਜਾਇਜ਼ ਮੰਗਾਂ ਦਾ ਪੱਤਰ ਪੇਸ਼ ਕਰਨਗੇ। ਸੂਬਾ ਪ੍ਰਧਾਨ ਮੱਖਣ ਸਿੰਘ ਬੀਰ, ਜਨਰਲ ਸਕੱਤਰ ਸੁਖਬੀਰ ਸਿੰਘ ਪਾਤੜਾਂ, ਪ੍ਰਚਾਰਕ ਸਕੱਤਰ ਅਮਨਦੀਪ ਸ਼ਾਸਤਰੀ, ਮੀਤ ਪ੍ਰਧਾਨ ਵਿਸ਼ਾਲ ਭਟੇਜਾ, ਸੂਬਾ ਕਮੇਟੀ ਮੈਂਬਰ ਪਰਮਿੰਦਰ ਕੌਰ, ਮੀਡੀਆ ਇੰਚਾਰਜ ਸਲੀਮ ਮੁਹੰਮਦ ਨੇ ਸੂਬਾ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਅਪੀਲ ਕਰਦਿਆਂ ਕਿਹਾ ਕਿ ਯੂਨੀਅਨ ਦੇ ਨੁਮਾਇੰਦਿਆਂ ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨਾਲ ਮੀਟਿੰਗ ਕਰਵਾਈ ਜਾਵੇ, ਕਿਉਂਕਿ ਮੁੱਖ ਮੰਤਰੀ ਪੰਜਾਬ ਆਦਰਸ਼ ਸਕੂਲਾਂ ਦੇ ਚੇਅਰਮੈਨ ਵੀ ਹਨ ਤੇ ਸਮੁੱਚੀਆਂ ਮੰਗਾਂ ਮਾਨ ਸਾਹਿਬ ਦੇ ਪੱਧਰ ਦੀਆਂ ਹਨ। ਆਗੂਆਂ ਨੇ ਕਿਹਾ ਕਿ ਆਦਰਸ਼ ਸਕੂਲਾਂ ਦੇ ਮੁਲਾਜ਼ਮਾਂ ਦੀਆਂ ਨੌਕਰੀਆਂ ਪੱਕੀਆਂ ਕਰਨ, ਗਰੇਡ ਪੇਅ ਮੁਤਾਬਕ ਤਨਖਾਹਾਂ ਸਿੱਧੀਆਂ ਜਾਰੀ ਕਰਨ ਸਮੇਤ ਤਮਾਮ ਮੰਗਾਂ ਸਰਕਾਰ ਅੱਗੇ ਰੱਖਣਗੇ। ਉਨ੍ਹਾਂ ਨਾਲ ਯੂਨੀਅਨ ਦੇ ਸਹਾਇਕ ਸਕੱਤਰ ਜਗਤਾਰ ਸਿੰਘ ਗੰਢੂਆਂ, ਸੂਬਾ ਕਮੇਟੀ ਮੈਂਬਰ ਰਛਪਾਲ ਸਿੰਘ, ਗਗਨਦੀਪ ਮਹਾਜਨ, ਮੈਡਮ ਹਰਪ੍ਰੀਤ ਕੌਰ, ਹਰਦੀਪ ਸ਼ਰਮਾ, ਸੁਨੀਤਾ ਸ਼ਰਮਾ, ਹਰਬੰਤ ਚੌਹਾਨ, ਸੂਬਾ ਕਮੇਟੀ ਮੈਂਬਰ ਮੈਡਮ ਵੀਰਪਾਲ ਕੌਰ, ਭਗਵੰਤ ਸਿੰਘ ਆਦਿ ਆਗੂ ਹਾਜ਼ਰ ਹੋਣਗੇ।

### ਸੇਵਾ ਭਾਰਤੀ ਪੰਜਾਬ ਨੇ ਤੁਲਸੀ ਦੇ ਪੌਦੇ ਵੰਡੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਅੱਜ ਸੇਵਾ ਭਾਰਤੀ ਰਜਿ. ਪੰਜਾਬ ਵੱਲੋਂ ਟਾਊਨ ਹਾਲ ਫਿਰੋਜ਼ਪੁਰ ਵਿਖੇ ਅਸ਼ੋਕ ਗਰਗ ਤੇ ਤਰਲੋਚਨ ਚੋਪੜਾ ਦੀ ਦੇਖ-ਰੇਖ ਵਿੱਚ ਤੁਲਸੀ ਦੇ ਪੌਦੇ ਵੰਡੇ ਗਏ।ਇਸ ਮੌਕੇ ਧਰਮਪਾਲ ਬਾਂਸਲ ਹਾਜ਼ਰ ਰਹੇ।ਇਸ ਮੌਕੇ ਅਸ਼ੋਕ ਗਰਗ ਵੱਲੋਂ ਤੁਲਸੀ ਦੇ ਗੁਣਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ।ਇਸ ਤੁਲਸੀ ਵੰਡ ਸਮਾਰੋਹ ਵਿੱਚ ਮੁੱਖ ਤੌਰ 'ਤੇ ਮਹਿੰਦਰ ਬਜਾਜ, ਮੁਕੇਸ਼ ਗੋਇਲ, ਭਗਤੀ ਭਜਨ ਗਰੁੱਪ ਦੇ ਮਿਊਜ਼ਿਕ ਡਾਇਰੈਕਟਰ ਗੌਰਵ ਅਨਮੋਲ, ਵਿਜੇ ਮੋਗਾ, ਪ੍ਰਵੇਸ਼ ਸਿਡਾਨਾ, ਗੁਰਪ੍ਰਤਾਪ ਸਿੰਘ ਸ਼ਾਮਲ ਰਹੇ।ਧਰਮਪਾਲ ਬਾਂਸਲ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਵਾਤਾਵਰਨ ਨੂੰ ਸ਼ੁੱਧ ਰੱਖਣ ਵਿੱਚ ਸਹਿਯੋਗ ਕਰਨਾ ਚਾਹੀਦਾ ਹੈ।

### ਪੈਨਸ਼ਨਰ ਐਸੋਸੀਏਸ਼ਨ ਦੀ ਮੀਟਿੰਗ ਅੱਜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਜ਼ਿਲ੍ਹਾ ਇਕਾਈ ਦੀ ਮਾਸਿਕ ਮੀਟਿੰਗ 10 ਜੂਨ ਨੂੰ ਸਵੇਰੇ 9:00 ਵਜੇ ਸਥਾਨਕ ਕੋਟਕਪੂਰਾ ਰੋਡ ਸਥਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਹੋਵੇਗੀ। ਮੀਟਿੰਗ ਦੀ ਪ੍ਰਧਾਨਗੀ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸ਼ਰਮਾ ਕਰਨਗੇ। ਮੀਟਿੰਗ ਦੌਰਾਨ ਵੱਖ-ਵੱਖ ਵਿਭਾਗਾਂ ਦੀਆਂ ਪੈਨਸ਼ਨਰ ਐਸੋਸੀਏਸ਼ਨਾਂ ਦੇ ਆਗੂ ਤੇ ਮੈਂਬਰ ਵੱਡੀ ਗਿਣਤੀ ਵਿੱਚ ਭਾਗ ਲੈਣਗੇ। ਇਹ ਜਾਣਕਾਰੀ ਦਿੰਦੇ ਹੋਏ ਐਸੋਸੀਏਸ਼ਨ ਦੇ ਜ਼ਿਲ੍ਹਾ ਜਨਰਲ ਸਕੱਤਰ ਬਲਵੰਤ ਸਿੰਘ ਅਟਵਾਲ ਨੇ ਦੱਸਿਆ ਕਿ ਮੀਟਿੰਗ ਦੌਰਾਨ ਬੀਤੇ ਮਹੀਨੇ ਦੌਰਾਨ ਸੰਸਥਾ ਦੇ ਸੂਬਾ ਪੱਧਰੀ ਆਗੂਆਂ ਵੱਲੋਂ ਕੀਤੀਆਂ ਕਾਰਵਾਈਆਂ ਤੇ ਅਧਿਕਾਰੀਆਂ ਨਾਲ ਕੀਤੀ ਗੱਲਬਾਤ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਜਾਵੇਗੀ।

### ਬਾਲ ਮਜ਼ਦੂਰੀ ਨੂੰ ਠੱਲ੍ਹ ਪਾਉਣ ਲਈ ਦੁਕਾਨਾਂ, ਢਾਬੇ ਤੇ ਫੈਕਟਰੀਆਂ ਦਾ ਨਿਰੀਖਣ

**ਮਾਨਸਾ (ਆਤਮਾ ਸਿੰਘ ਪਮਾਰ)**-ਡਿਪਟੀ ਕਮਿਸ਼ਨਰ ਸ੍ਰੀ ਟੀ. ਬੈਨਿਥ ਦੇ ਦਿਸ਼ਾ ਨਿਰਦੇਸ਼ਾਂ ਹੇਠ ਲੇਬਰ ਇੰਸਪੈਕਟਰ ਸ੍ਰੀ ਨਰਿੰਦਰ ਸਿੰਘ ਦੀ ਅਗਵਾਈ ਵਿੱਚ ਜ਼ਿਲ੍ਹਾ ਬਾਲ ਸੁਰੱਖਿਆ ਦਫਤਰ ਵੱਲੋਂ ਮਾਨਸਾ ਸ਼ਹਿਰ ਦੇ ਵੱਖ-ਵੱਖ ਦੁਕਾਨਾਂ, ਢਾਬੇ, ਫੈਕਟਰੀਆਂ ਦਾ ਅਚਨਚੇਤ ਨਿਰੀਖਣ ਕੀਤਾ ਗਿਆ। ਇਹ ਜਾਣਕਾਰੀ ਦਿੰਦਿਆਂ ਬਾਲ ਸੁਰੱਖਿਆ ਅਫ਼ਸਰ ਡਾ. ਅਜੈ ਤਾਇਲ ਨੇ ਦੱਸਿਆ ਕਿ ਵੱਖ ਵੱਖ ਥਾਵਾਂ 'ਤੇ ਚੈਕਿੰਗ ਦੌਰਾਨ ਦੁਕਾਨਦਾਰਾਂ, ਢਾਬਿਆਂ ਆਦਿ ਦੇ ਮਾਲਕਾਂ ਨੂੰ ਹਦਾਇਤ ਕੀਤੀ ਗਈ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਕੰਮ 'ਤੇ ਲਾਉਣਾ ਬੱਚਿਆਂ ਦੇ ਅਧਿਕਾਰਾਂ ਦੀ ਉਲੰਘਣਾ ਹੈ, ਇਸ ਲਈ ਕਿਸੇ ਵੀ ਨਾਬਾਲਗ ਬੱਚੇ ਤੋਂ ਲੇਬਰ ਦਾ ਕੰਮ ਨਾ ਕਰਵਾਇਆ ਜਾਵੇ। ਉਨ੍ਹਾ ਕਿਹਾ ਕਿ ਜੇਕਰ ਕੋਈ ਬੱਚਾ ਕੰਮ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਦੇ ਮਾਲਕ, ਦੁਕਾਨਦਾਰ ਨੂੰ ਸਜ਼ਾ ਤੇ ਜੁਰਮਾਨਾ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਜੇਕਰ ਬੱਚਿਆਂ ਦੇ ਅਧਿਕਾਰਾਂ ਦੀ ਕਿਤੇ ਵੀ ਉਲੰਘਣਾ ਹੋ ਰਹੀ ਹੈ, ਤਾਂ ਉਸ ਦੀ ਸੂਚਨਾ 1098 ਤੇ ਜ਼ਿਲ੍ਹਾ ਬਾਲ ਸੁਰੱਖਿਆ ਦਫਤਰ ਵਿਖੇ ਦਿੱਤੀ ਜਾਵੇ। ਇਸ ਮੌਕੇ ਚਾਈਲਡ ਪ੍ਰੋਟੈਕਸ਼ਨ ਤੋਂ ਸ੍ਰੀ ਹਰਦੀਪ ਕੁਮਾਰ ਤੋਂ ਇਲਾਵਾ ਲੇਬਰ ਵਿਭਾਗ ਦੇ ਕਰਮਚਾਰੀ ਮੌਜੂਦ ਸਨ।

# ਸ਼ਹਿਰਾਂ 'ਚ ਪਾਵਰਕੌਮ ਦੇ ਪੋਲਾਂ ਰਾਹੀਂ ਮੁਫਤ 'ਚ ਹੋ ਰਹੀ ਹੈ ਇਸ਼ਤਿਹਾਰਬਾਜ਼ੀ

■ ਪਾਵਰਕੌਮ ਦੇ ਅਧਿਕਾਰੀ ਜਾਣਬੁੱਝ ਕੇ ਬਣੇ ਅਣਜਾਣ




**ਸਮਰਾਲਾ (ਸੁਰਜੀਤ ਸਿੰਘ)**-ਪਾਵਰਕੌਮ ਨੇ ਪਿੰਡਾਂ ਤੇ ਸ਼ਹਿਰਾਂ ਵਿੱਚ ਬਿਜਲੀ ਸਪਲਾਈ ਦੇਣ ਲਈ ਹਰ ਸੁਵਿਧਾਜਨਕ ਥਾਂ ਉੱਤੇ ਸਪਲਾਈ ਲਾਈਨਾਂ ਖਿੱਚ ਕੇ ਲੋਕਾਂ ਨੂੰ ਬਿਜਲੀ ਸਪਲਾਈ ਦਿੱਤੀ ਹੋਈ ਹੈ। ਸ਼ਹਿਰਾਂ ਵਿੱਚ ਅਜਿਹਾ ਕੋਈ ਪੋਲ ਨਹੀਂ ਹੋਵੇਗਾ, ਜਿੱਥੇ ਵੱਖ ਵੱਖ ਕੰਪਨੀਆਂ, ਸੰਸਥਾਵਾਂ ਤੇ ਹੋਰ ਵਪਾਰਕ ਅਦਾਰਿਆਂ ਵੱਲੋਂ ਪੋਲਾਂ 'ਤੇ ਇਸ਼ਤਿਹਾਰਬਾਜ਼ੀ ਲਈ ਆਪਣੇ ਬੋਰਡ ਨਾ ਟੰਗੇ ਹੋਣ। ਇਹ ਬੋਰਡ ਪਾਵਰਕੌਮ ਦੀ ਮਨਜ਼ੂਰੀ ਤੋਂ ਬਿਨਾਂ ਕੋਈ ਮਾਸਿਕ ਕਿਰਾਇਆ ਅਦਾ ਕਰਨ ਦੇ ਟੰਗੇ ਹੋਏ ਹੁੰਦੇ ਹਨ। ਇਸ ਤੋਂ ਇਲਾਵਾ ਪੋਲਾਂ ਉੱਤੇ ਪੋਸਟਰ ਵੀ ਚਿਪਕਾਏ ਜਾਂਦੇ ਹਨ ਤੇ ਹੱਥ ਲਿਖਤਾਂ ਵੀ ਇਸ਼ਤਿਹਾਰਬਾਜ਼ੀ ਲਈ ਦੇਖੀਆਂ ਜਾ ਸਕਦੀਆਂ ਹਨ। ਬਿਜਲੀ ਮਹਿਕਮੇ ਦੇ ਸਬ ਡਵੀਜ਼ਨ ਅਧਿਕਾਰੀਆਂ ਤੇ ਫੀਲਡ ਸਟਾਫ ਨੂੰ ਇਸ ਦੀ ਜਾਣਕਾਰੀ ਹੋਣ ਦੇ ਬਾਵਜੂਦ ਉਹ ਜਾਣਬੁੱਝ ਕੇ ਆਣਜਾਣ ਬਣੇ ਹੋਏ ਹਨ। ਉਨ੍ਹਾਂ ਵੱਲੋਂ ਇਹ ਆਣਅਧਿਕਾਰਤ ਇਸ਼ਤਿਹਾਰ ਹਟਾਉਣ ਲਈ ਕੋਈ ਉਪਰਾਲਾ ਨਹੀਂ ਕੀਤਾ ਜਾਂਦਾ। ਉਨ੍ਹਾਂ ਨੂੰ ਇਹ ਜਾਣਕਾਰੀ ਹੀ ਨਹੀਂ ਕਿ ਬਿਜਲੀ ਦੇ ਪੋਲ ਮਹਿਕਮੇ ਦੀ ਪ੍ਰਾਪਰਟੀ ਹੈ ਤੇ ਇਸ ਨੂੰ ਬਿਨਾਂ ਮਹਿਕਮੇ ਦੀ ਇਜਾਜ਼ਤ ਦੇ ਵਰਤੋਂ ਵਿੱਚ ਨਹੀਂ ਲਿਆਂਦਾ ਜਾ ਸਕਦਾ। ਪਿਛਲੇ ਸਾਲ ਜਦੋਂ ਵਿਧਾਨ ਸਭਾ ਦਾ ਚੋਣ ਪ੍ਰਚਾਰ ਚੱਲ ਰਿਹਾ ਸੀ ਤਾਂ ਸਿਆਸੀ ਪਾਰਟੀਆਂ ਦੇ ਬੋਰਡ ਸਥਾਨਕ ਸਿਵਲ ਪ੍ਰਸ਼ਾਸਨ ਨੇ ਉਤਰਵਾ ਦਿੱਤੇ ਸਨ। ਹੁਣ ਦੁਬਾਰਾ ਫੇਰ ਆਪਣੇ ਮਾਲ ਦੀ ਮਸ਼ਹੂਰੀ ਕਰਨ ਲਈ ਇਹ ਬੋਰਡ ਵਪਾਰਕ ਅਦਾਰਿਆਂ ਨੇ ਲਗਾ ਲਏ ਹਨ। ਸ਼ਹਿਰ ਦੇ ਮੇਨ ਬਜ਼ਾਰਾਂ ਤੇ ਗਲੀਆਂ-ਮੁਹੱਲਿਆਂ 'ਚ ਸੁਰੱਖਿਆ ਦੇ ਮੱਦੇਨਜ਼ਰ ਗੁਪਤ ਕੈਮਰੇ ਲੱਗੇ ਹੁੰਦੇ ਹਨ। ਇਹ ਬੋਰਡ ਉਨ੍ਹਾਂ ਕੈਮਰਿਆਂ ਲਈ ਵੱਡਾ ਅੜਿੱਕਾ ਬਣਦੇ ਹਨ। ਜੇਕਰ ਸ਼ਹਿਰ ਵਿੱਚ ਕੋਈ ਚੋਰੀ ਆਦਿ ਦੀ ਵਾਰਦਾਤ ਹੋ ਜਾਵੇ ਤਾਂ ਉਸ ਦੀ ਵਿਡੀਓ ਵਿੱਚ ਇਹ ਬੋਰਡ ਵੱਡਾ ਵਿਘਨ ਪਾਉਂਦੇ ਹਨ। ਇਸੇ ਤਰ੍ਹਾਂ ਬਿਜਲੀ ਸਪਲਾਈ ਖਰਾਬ ਹੋਣ ਦੀ ਸੂਰਤ ਵਿੱਚ ਪਾਵਰਕੌਮ ਦੇ ਕਰਮਚਾਰੀਆਂ ਨੂੰ ਬਿਜਲੀ ਠੀਕ ਕਰਨ ਵਿੱਚ ਵੀ ਇਹ ਇਸ਼ਤਿਹਾਰਬਾਜ਼ੀ ਵੱਡਾ ਅੜਿੱਕਾ ਬਣਦੇ ਹਨ। ਟੀ ਵੀ ਕੇਬਲ ਤੇ ਦੂਰ ਸੰਚਾਰ ਨੈੱਟ ਵਰਕ ਦੀਆਂ ਕੰਪਨੀਆਂ ਵੱਲੋਂ ਵੀ ਇਨ੍ਹਾਂ ਪੋਲਾਂ ਦੀ ਆਪਣੇ ਨੈੱਟ ਵਰਕ ਲਈ ਵਰਤੋਂ ਕੀਤੀ ਜਾ ਰਹੀ ਹੈ, ਪਰ ਇਨ੍ਹਾਂ ਕੰਪਨੀਆਂ ਵੱਲੋਂ ਪਾਵਰਕੌਮ ਨਾਲ ਸਾਲਾਨਾ ਐਗਰੀਮੈਂਟ ਕਰਕੇ ਉਸ ਦੇ ਰੈਂਟ ਦੀ ਅਦਾਇਗੀ ਕੀਤੀ ਜਾਂਦੀ ਹੈ। ਨੈੱਟ ਵਰਕ ਕੰਪਨੀਆਂ ਵੱਲੋਂ ਜੋ ਤਾਰਾਂ ਦਾ ਜਾਲ ਵਿਛਾਇਆ ਹੁੰਦਾ ਹੈ, ਉਹ ਪੋਲ ਉੱਤੇ ਤਾਰਾਂ ਦਾ ਗੁੱਛਾ ਅਣਅਧਿਕਾਰਤ ਤੌਰ 'ਤੇ ਲਮਕਿਆ ਹੁੰਦਾ ਹੈ, ਜੋ ਕਿ ਬਰਸਾਤ ਆਦਿ ਦੇ ਸੀਜ਼ਨ ਵਿੱਚ ਬਿਜਲੀ ਕਰੰਟ ਆਉਣ ਦਾ ਖਤਰਾ ਬਣ ਸਕਦਾ ਹੈ। ਇਹ ਵੀ ਕਿਹਾ ਜਾਂਦਾ ਹੈ ਕਿ ਇਨ੍ਹਾਂ ਕੰਪਨੀਆਂ ਦੇ ਨੈੱਟ ਵਰਕ ਲਈ ਜਿੰਨੇ ਪੋਲਾਂ ਦਾ ਐਗਰੀਮੈਂਟ ਕੀਤਾ ਹੁੰਦਾ ਹੈ, ਉਸ ਤੋਂ ਕਿਤੇ ਵੱਧ ਪੋਲਾਂ ਦੀ ਵਰਤੋਂ ਹੋ ਰਹੀ ਹੁੰਦੀ ਹੈ, ਜਿਸ ਨਾਲ ਇਨ੍ਹਾਂ ਕੰਪਨੀਆਂ ਵੱਲੋਂ ਬਿਜਲੀ ਮਹਿਕਮੇ ਨੂੰ ਤਕੜਾ ਚੂਨਾ ਲੱਗ ਰਿਹਾ ਹੁੰਦਾ ਹੈ। ਪਾਵਰਕੌਮ ਦੀ ਯੂਨੀਅਨ ਸਾਂਝਾ ਫੋਰਮ ਦੇ ਸੀਨੀਅਰ ਆਗੂ ਕਾਮਰੇਡ ਕਰਮ ਚੰਦ ਭਾਰਦਵਾਜ ਨੇ ਕਿਹਾ ਹੈ ਕਿ ਸਪਲਾਈ ਲਾਈਨਾਂ ਬਿਜਲੀ ਮਹਿਕਮੇ ਦੀ ਪ੍ਰਾਪਰਟੀ ਹੈ, ਲਿਹਾਜਾ ਕਿਸੇ ਵੀ ਪ੍ਰਾਈਵੇਟ ਵਿਅਕਤੀ ਤੇ ਵਪਾਰਕ ਸੰਸਥਾ ਨੂੰ ਇਸ ਦੀ ਮੁਫਤ ਵਿੱਚ ਹੀ ਵਰਤੋਂ ਦੀ ਇਜਾਜ਼ਤ ਨਹੀਂ ਦਿੱਤੀ ਜਾਣੀ ਚਾਹੀਦੀ। ਉਨ੍ਹਾਂ ਕਿਹਾ ਕਿ ਪੋਲਾਂ 'ਤੇ ਇਹ ਇਸ਼ਤਿਹਾਰਬਾਜ਼ੀ ਸਾਡੇ ਕਰਮਚਾਰੀਆਂ ਲਈ ਜਾਨ ਦਾ ਖਤਰਾ ਹੈ। ਇਸ਼ਤਿਹਾਰ ਬੋਰਡਾਂ ਨਾਲ ਬੰਨ੍ਹੀਆਂ ਤਾਰਾਂ ਨਾਲ ਕਦੇ ਵੀ ਕਰੰਟ ਆ ਸਕਦਾ ਹੈ, ਜੋ ਸਾਡੇ ਕਰਮਚਾਰੀਆਂ ਦੀ ਜਾਨ ਦਾ ਖੌਅ ਬਣ ਸਕਦਾ ਹੈ। ਉਨ੍ਹਾਂ ਪਾਵਰਕੌਮ ਦੀ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਪ੍ਰਾਈਵੇਟ ਕੰਪਨੀਆਂ ਨੂੰ ਪੋਲਾਂ 'ਤੇ ਮੁਫਤ ਵਿੱਚ ਹੀ ਇਸ਼ਤਿਹਾਰਬਾਜ਼ੀ ਦੀ ਇਜਾਜ਼ਤ ਨਹੀਂ ਦਿੱਤੀ ਜਾਣੀ ਚਾਹੀਦੀ, ਬਲਕਿ ਟੀ ਵੀ ਕੇਬਲ ਤੇ ਦੂਰ ਸੰਚਾਰ ਨੈੱਟ ਵਰਕ ਵਾਂਗ ਇਨ੍ਹਾਂ ਇਸ਼ਤਿਹਾਰਬਾਜ਼ੀ ਵਾਲੇ ਬੋਰਡਾਂ ਤੋਂ ਵੀ ਬਣਦਾ ਰੈਂਟ ਵਸੂਲਿਆ ਜਾਣਾ ਚਾਹੀਦਾ ਹੈ। ਅਜਿਹਾ ਕਰਨ ਨਾਲ ਬਿਜਲੀ ਮਹਿਕਮੇ ਨੂੰ ਵਾਧੂ ਆਮਦਨ ਹੋਵੇਗੀ ਤੇ ਇਹ ਇਸ਼ਤਿਹਾਰਬਾਜ਼ੀ ਵੀ ਘਟੇਗੀ।

# ਬੀ ਕੇ ਯੂ ਕ੍ਰਾਂਤੀਕਾਰੀ ਵੱਲੋਂ ਰਾਸ਼ਟਰਪਤੀ ਦੇ ਨਾਂਅ ਮੰਗ ਪੱਤਰ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਭਾਰਤੀ ਕਿਸਾਨ ਯੂਨੀਅਨ ਕਰਾਂਤੀਕਾਰੀ ਵੱਲੋਂ ਦਿੱਲੀ ਵਿੱਚ ਸੰਘਰਸ਼ ਕਰ ਰਹੀਆਂ ਔਰਤਾਂ ਦੇ ਹੱਕ ਵਿੱਚ ਅਨਾਜ ਮੰਡੀ ਪਾਤੜਾਂ ਵਿਖੇ ਰੋਸ ਰੈਲੀ ਕਰਨ ਉਪਰੰਤ ਰਾਸ਼ਟਰਪਤੀ ਦੇ ਨਾਂਅ ਮੰਗ ਪੱਤਰ ਨਾਇਬ ਤਹਿਸੀਲਦਾਰ ਪਾਤੜਾਂ ਭੀਮ ਸੈਨ ਨੂੰ ਸੌਂਪਿਆ ਗਿਆ। ਇਸ ਦੌਰਾਨ ਇਕੱਤਰ ਕਿਸਾਨ ਜਥੇਬੰਦੀ ਦੇ ਕਾਰਕੁਨਾਂ ਨੇ ਕੇਂਦਰ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ।

ਰੋਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਸਵਾਜਪੁਰ ਤੇ ਬਲਾਕ ਪ੍ਰਧਾਨ ਵਿਕਰਮਜੀਤ ਸਿੰਘ ਅਰਨੋਂ ਨੇ ਕਿਹਾ ਕਿ ਕੇਂਦਰ ਸਰਕਾਰ ਔਰਤ ਪਹਿਲਵਾਨਾਂ ਦਾ ਜਿਨਸੀ ਸ਼ੋਸ਼ਣ ਕਰਨ ਵਾਲੇ ਸੰਸਦ ਮੈਂਬਰ ਬ੍ਰਿਜ ਭੂਸ਼ਨ ਦੀ ਪਿੱਠ ਥਾਪੜ ਰਹੀ ਹੈ। ਸਰਕਾਰ ਅਜਿਹਾ ਕਰਕੇ ਦੇਸ਼ ਦੀਆਂ ਧੀਆਂ ਨਾਲ ਬੇਇਨਸਾਫੀ ਨਹੀਂ ਕਰ ਰਹੀ, ਸਗੋਂ ਇੱਕ ਬੱਜਰ ਗੁਨਾਹ ਕਰ ਰਹੀ ਹੈ, ਜਿਸ ਦੇ ਸਿੱਟੇ ਭਾਜਪਾ ਨੂੰ ਭੁਗਤਣੇ ਪੈਣਗੇ। ਉਨ੍ਹਾ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਵਿੱਚ ਕਿਸਾਨ ਜਥੇਬੰਦੀਆਂ ਦੇਸ਼ ਦੀਆਂ ਧੀਆਂ ਦੇ ਨਾਲ ਹਨ ਤੇ ਜਦੋਂ ਤੱਕ ਉਨ੍ਹਾਂ ਨੂੰ ਇਨਸਾਫ ਨਹੀਂ ਮਿਲਦਾ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਰਿੰਦਰ ਸਿੰਘ, ਯਾਦਵਿੰਦਰ ਸਿੰਘ ਕੂਕਾ, ਅਜੀਤ ਸਿੰਘ ਮਤੌਲੀ, ਬਲਜੀਤ ਸਿੰਘ, ਕਾਰਜ ਸਿਘ, ਮਨਜੀਤ ਸਿੰਘ, ਮਹਿੰਦਰ ਸਿੰਘ, ਸਾਹਿਬ ਸਿੰਘ, ਬਲਦੇਵ ਸਿੰਘ ਤੇ ਕਰਨੈਲ ਸਿੰਘ ਆਦਿ ਹਾਜ਼ਰ ਸਨ।

# ਵਿਜ਼ਡਮ ਵਰਲਡ ਸਕੂਲ ਥਾਂਦੇਵਾਲਾ 'ਚ ਪਹਿਲਾ ਸਮਰ ਕੈਂਪ ਲਾਇਆ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਸਮਰ ਕੈਂਪ ਵਿੱਚ ਕੁੱਲ 210 ਬੱਚਿਆਂ ਨੇ ਭਾਗ ਲਿਆ ਤੇ ਉਨ੍ਹਾਂ ਵਿੱਚੋਂ ਕੁਝ ਬੱਚੇ ਵਿਜ਼ਡਮ ਵਰਲਡ ਸਕੂਲ ਤੇ ਦੂਸਰੇ ਦੇ ਸਕੂਲਾਂ ਦੇ ਵਿਦਿਆਰਥੀਆਂ ਵੀ ਸਨ। ਸਮਰ ਕੈਂਪ ਦੇ ਪਹਿਲੇ ਦਿਨ ਤੋਂ ਬੱਚਿਆਂ ਨੂੰ ਕਈ ਅਲੱਗ ਅਲੱਗ ਗਤੀਵਿਧੀਆਂ ਕਰਵਾਈਆਂ ਗਈਆਂ, ਜਿਸ ਵਿੱਚ ਫਾਇਰਲੈਸ ਕੁਕਿੰਗ, ਆਰਟ ਐਂਡ ਕਰਾਫਟ, ਬੈਸਟ ਆਊਟ ਆਫ ਵੇਸਟ, ਕ੍ਰਿਕਟ, ਖੋ-ਖੋ, ਡਾਂਸ, ਮਿਊਜ਼ਿਕ ਆਦਿ ਸਨ। ਬੱਚਿਆਂ ਨੂੰ ਕਈ ਗਤੀਵਿਧੀਆਂ ਸਿਖਾਉਣ ਲਈ ਟ੍ਰੇਨਰਜ਼ ਨੂੰ ਬੁਲਾਇਆ ਗਿਆ। ਡਾਂਸ ਲਈ ਮਿਸ. ਸੰਨੀ ਸਲੂਜਾ ਜੀ, ਮਿਊਜ਼ਿਕ ਲਈ ਮਿਸ. ਭਾਰਤ ਠੱਕਰ, ਟਾਈਕਵਾਂਡੋ ਲਈ ਮਿਸਜ਼ ਮਨਦੀਪ ਕੌਰ ਤੇ ਕ੍ਰਿਕਟ ਲਈ ਕੁਲਦੀਪ ਕੁਮਾਰ ਸਮਰ ਕੈਂਪ 'ਚ ਆਏ। ਇਸ ਦੌਰਾਨ ਗੁਰੂ ਨਾਨਕ ਕਾਲਜ ਦੇ ਲੈਕਚਰਾਰ ਮਿਸਜ਼ ਨੀਤਾ ਕੁਮਾਰੀ ਨੇ ਬੱਚਿਆਂ ਦੀ ਕਾਊਂਸਲਿੰਗ ਕੀਤੀ, ਉਨ੍ਹਾਂ ਨੇ ਬੱਚਿਆਂ ਨੂੰ ਭਾਰਤ ਤੇ ਇਸ ਦੀ ਸੱਭਿਅਤਾ ਬਾਰੇ ਕਾਫੀ ਜਾਣਕਾਰੀ ਦਿੱਤੀ। ਸਮਰ ਕੈਂਪ 'ਚ ਸਭ ਤੋਂ ਮਨੋਰੰਜਨ ਗਤੀਵਿਧੀ ਸਵਿਮਿੰਗ ਪੂਲ ਪਾਰਟੀ ਰਹੀ। ਸਕੂਲ ਦੇ ਚੇਅਰਮੈਨ ਸ੍. ਜਸਵਿੰਦਰ ਸਿੰਘ, ਮੈਡਮ ਪ੍ਰਿੰਸੀਪਲ ਸੁਚੇਨਾ ਗੋਸਵਾਮੀ, ਵਾਈਸ ਪ੍ਰਿੰਸੀਪਲ ਮੈਡਮ ਸੋਨੀਆ ਤੇ ਸਮੂਹ ਸਟਾਫ ਦੀ ਅਣਥੱਕ ਮਿਹਨਤ ਤੇ ਲਗਨ ਸਦਕਾ ਸਕੂਲ ਦਾ ਪਹਿਲਾ ਸਮਰ ਕੈਂਪ ਸਫਲਤਾਪੂਰਵਕ ਰਿਹਾ।

# ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਵੱਲੋਂ ਸੂਬਾ ਪੱਧਰੀ ਧਰਨੇ ਦੀਆਂ ਤਿਆਰੀਆਂ ਮੁਕੰਮਲ

■ 12 ਨੂੰ ਪਰਿਵਾਰਾਂ ਸਣੇ ਪਟਿਆਲਾ ਵੱਲ ਕਰਨਗੇ ਕੂਚ : ਆਗੂ



**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਮੀਟਿੰਗ ਕੀਤੀ ਗਈ, ਜਿਸ 'ਚ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ 'ਚ ਫੀਲਡ ਅਤੇ ਦਫਤਰਾਂ 'ਚ ਬਤੌਰ ਇਨਲਿਸਟਮੈਂਟ ਤੇ ਆਊਟਸੋਰਸ ਅਧੀਨ ਪਿਛਲੇ 10-15 ਸਾਲਾਂ ਤੋਂ ਕੰਮ ਕਰਦੇ ਵਰਕਰਾਂ ਨੂੰ ਵਿਭਾਗ 'ਚ ਮਰਜ਼ ਕਰਕੇ ਰੈਗੂਲਰ ਕਰਨ ਲਈ ਸਰਕਾਰ ਤੇ ਵਿਭਾਗੀ ਅਧਿਕਾਰੀਆਂ ਨਾਲ ਚੱਲ ਰਹੇ ਗੱਲਬਾਤ ਦੇ ਪ੍ਰੋਸੈੱਸ 'ਤੇ ਚਰਚਾ ਕਰਨ ਉਪਰੰਤ 12 ਜੂਨ ਦੇ ਉਲੀਕੇ ਹੋਏ ਧਰਨੇ ਦੀ ਤਿਆਰੀ ਕੀਤੀ ਗਈ।

ਇਥੇ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਸੂਬਾ ਪ੍ਰਚਾਰ ਸਕੱਤਰ ਤੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਭੱਟੀ, ਜ਼ਿਲ੍ਹਾ ਜਨਰਲ ਸਕੱਤਰ ਸੁਰਜੀਤ ਸਿੰਘ ਤੱਖੀ, ਜ਼ਿਲ੍ਹਾ ਮੀਤ ਪ੍ਰਧਾਨ ਜਸਵੀਰ ਸਿੰਘ ਕਾਲਾ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਬਿਕਰਮਜੀਤ ਸਿੰਘ ਕਪੂਰ, ਸੌਰਵ ਮਿਗਲਾਨੀ ਤੇ ਗੁਰਸੇਵਕ ਸਿੰਘ ਨੇ ਮੰਗ ਕੀਤੀ ਕਿ ਸਰਕਾਰ ਦੀ ਵਿਉਂਤਬੰਦੀ ਅਨੁਸਾਰ ਮੁੱਖ ਇੰਜੀਨੀਅਰ, ਜਸਸ ਵਿਭਾਗ, ਪਟਿਆਲਾ ਦੇ ਪੱਤਰ ਨੰਬਰ ਜਸਸ/ਅਨਗ (7) 39 ਮਿਤੀ 11-01-2018 ਨੂੰ ਬਣਾਈ ਗਈ ਤਜਵੀਜ਼ ਨੂੰ ਲਾਗੂ ਕੀਤਾ ਜਾਵੇ ਜਾਂ ਯੂਨੀਅਨ ਵੱਲੋਂ 19 ਅਪ੍ਰੈਲ ਨੂੰ ਵਿਭਾਗ ਕੋਲ ਭੇਜੀ ਤਜਵੀਜ਼ ਦੀਆਂ ਸਿਫਾਰਸ਼ਾਂ ਨੂੰ ਅਧਾਰ ਮੰਨ ਕੇ ਇਨਲਿਸਟਮੈਂਟ/ਆਊਟਸੋਰਸ ਮੁਲਾਜ਼ਮਾਂ ਨੂੰ ਵਿਭਾਗ 'ਚ ਸ਼ਾਮਲ ਕਰਕੇ ਰੈਗੂਲਰ ਕੀਤਾ ਜਾਵੇ ਤਾਂ ਜੋ ਪਿਛਲੇ ਸਾਲਾਂਬੱਧੀ ਅਰਸੇ ਤੋਂ ਠੇਕਾ ਪ੍ਰਣਾਲੀ ਦੀ ਚੱਕੀ ਵਿੱਚ ਪਿਸ ਰਹੇ ਵਰਕਰਾਂ ਦਾ ਰੁਜ਼ਗਾਰ ਪੱਕਾ ਹੋਣ ਨਾਲ ਭਵਿੱਖ ਸੁਰੱਖਿਅਤ ਹੋ ਸਕੇ, ਇਸ ਲਈ ਵਿਭਾਗੀ ਅਧਿਕਾਰੀਆਂ ਦੀ ਕਮੇਟੀ ਵੱਲੋਂ ਇਨਲਿਸਟਮੈਂਟ/ਆਊਟਸੋਰਸ ਵਰਕਰਾਂ ਨੂੰ ਵਿਭਾਗ ਵਿੱਚ ਲੈ ਕੇ ਰੈਗੂਲਰ ਕਰਨ ਵਾਲੀ ਪ੍ਰਪੋਜ਼ਲ ਸਰਕਾਰ ਦੀ ਕੈਬਨਿਟ ਸਬ-ਕਮੇਟੀ ਕੋਲ ਤੁਰੰਤ ਭੇਜ ਕੇ ਲਾਗੂ ਕਰਵਾਉਣ ਦੀ ਸਿਫਾਰਸ਼ ਕੀਤੀ ਜਾਵੇ, ਨਹੀਂ ਤਾਂ ਵਿਭਾਗੀ ਅਧਿਕਾਰੀਆਂ ਦੀ ਸਬ ਕਮੇਟੀ ਖਿਲਾਫ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਵੱਲੋਂ 12 ਜੂਨ ਨੂੰ ਹੈੱਡ ਆਫਿਸ ਪਟਿਆਲਾ ਵਿਖੇ ਪਰਿਵਾਰਾਂ ਤੇ ਬੱਚਿਆਂ ਸਮੇਤ ਅਣਮਿੱਥੇ ਸਮੇਂ ਲਈ ਸੂਬਾ ਪੱਧਰੀ ਧਰਨਾ ਲਗਾਇਆ ਜਾਵੇਗਾ। ਧਰਨੇ 'ਚ ਸਾਰੇ ਪੰਜਾਬ ਵਿੱਚੋਂ ਹਜ਼ਾਰਾਂ ਜਲ ਸਪਲਾਈ ਵਰਕਰ ਆਪਣੇ ਪਰਿਵਾਰਾਂ ਸਣੇ 12 ਜੂਨ ਨੂੰ ਪਟਿਆਲੇ ਵੱਲ ਕੂਚ ਕਰਨਗੇ।

## ਪਲੈਨਰ ਨੇ ਲਵਾਇਆ ਕੈਨੇਡਾ ਦਾ ਸਟੱਡੀ ਵੀਜ਼ਾ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਹੁਤ ਹੀ ਥੋੜ੍ਹੇ ਸਮੇਂ ਵਿੱਚ ਆਈਲਟਸ ਦੀ ਦੁਨੀਆ ਵਿੱਚ ਆਪਣਾ ਨਾਂਅ ਬਣਾ ਚੁੱਕੀ ਦਿ ਇਮੀਗਰੇਸ਼ਨ ਪਲੈਨਰ, ਜੋ ਕਾਲੇ ਕੇ ਰੋਡ 'ਤੇ ਸਥਿਤ ਹੈ, ਦੇ ਵਿਦਿਆਰਥੀ ਡਿੰਪਲਪ੍ਰੀਤ ਸਿੰਘ ਵਾਸੀ ਗਾਜੇਆਣਾ ਦੇ 4 ਰਿਫਊਜ਼ਲ ਤੋਂ ਬਾਅਦ ਕੈਨੇਡਾ ਦਾ ਸਟੱਡੀ ਵੀਜ਼ਾ ਲਗਵਾਇਆ ਹੈ।

ਵਿਦਿਆਰਥੀ ਡਿੰਪਲਪ੍ਰੀਤ ਸਿੰਘ ਨੇ ਸਟਾਫ਼ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਸਟਾਫ ਦੀ ਅਣਥੱਕ ਮਿਹਨਤ ਸਦਕਾ ਹੀ ਮੇਰਾ ਕੈਨੇਡਾ ਦਾ ਸਟੱਡੀ ਵੀਜ਼ਾ ਲੱਗਿਆ ਹੈ।

ਐੱਮ ਡੀ ਯੋਗੇਸ਼ ਗੋਇਲ ਨੇ ਵਿਦਿਆਰਥੀ ਡਿੰਪਲਪ੍ਰੀਤ ਸਿੰਘ ਤੇ ਉਨ੍ਹਾਂ ਦੇ ਪਰਿਵਾਰ ਨੂੰ ਵਧਾਈ ਦਿੱਤੀ ਤੇ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# ਡਾ. ਰਾਜੀਵ ਸੂਦ ਨੂੰ ਬਾਬਾ ਫਰੀਦ ਯੂਨੀਵਰਸਿਟੀ ਦਾ ਵੀ ਸੀ ਨਿਯੁਕਤ ਕਰਨ ਦਾ ਸਵਾਗਤ



**ਕੋਟਕਪੂਰਾ (ਸ਼ਾਮ ਲਾਲ ਚਾਵਲਾ, ਰਛਪਾਲ ਭੁੱਲਰ)**

ਪੰਜਾਬ ਨਰਸਿੰਗ ਟਰੇਨਿੰਗ ਇੰਸਟੀਚਿਊਸ਼ਨ ਐਸੋਸੀਏਸ਼ਨ ਦੇ ਸੂਬਾਈ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਨੇ ਜਿੱਥੇ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਸਮੇਤ ਸਮੁੱਚੀ ਲੀਡਰਸ਼ਿਪ ਦਾ ਡਾ. ਰਾਜੀਵ ਸੂਦ ਨੂੰ ਬਾਬਾ ਫਰੀਦ ਯੂਨੀਵਰਸਿਟੀ ਦਾ ਉੱਪ ਕੁਲਪਤੀ ਨਿਯੁਕਤ ਕਰਨ 'ਤੇ ਧੰਨਵਾਦ ਕੀਤਾ ਹੈ, ਉੱਥੇ ਉਕਤ ਨਿਯੁਕਤੀ ਨੂੰ ਸਵਾਗਤਯੋਗ ਦੱਸਦਿਆਂ ਦਾਅਵਾ ਕੀਤਾ ਹੈ ਕਿ ਡਾਕਟਰ ਸੂਦ ਕਾਫੀ ਤਜਰਬੇਕਾਰ ਤੇ ਸੁਲਝੇ ਹੋਏ ਅਫਸਰ ਹਨ, ਜਿਨ੍ਹਾਂ ਨੇ ਮੌਲਾਨਾ ਆਜ਼ਾਦ ਮੈਡੀਕਲ ਕਾਲਜ ਦਿੱਲੀ ਤੋਂ ਗੈਜੂਏਸ਼ਨ, ਡਾ. ਰਾਮ ਮਨੋਹਰ ਲੋਹੀਆ ਹਸਪਤਾਲ ਦਿੱਲੀ ਤੋਂ ਐੱਮ.ਐੱਸ. (ਜਨਰਲ ਸਰਜਰੀ) ਪਾਸ ਕੀਤੀ ਤੇ ਬਾਅਦ ਵਿੱਚ ਏਮਜ਼ ਨਵੀਂ ਦਿੱਲੀ ਤੋਂ ਐੱਮ ਸੀ ਐੱਚ (ਯੂਰੋਲੋਜੀ) ਦੀ ਪੜ੍ਹਾਈ ਮੁਕੰਮਲ ਕੀਤੀ। ਡਾ. ਢਿੱਲੋਂ ਨੇ ਦੱਸਿਆ ਕਿ ਡਾ. ਰਾਜੀਵ ਸੂਦ ਕੋਲ 50 ਤੋਂ ਵੱਧ ਖੋਜ ਪ੍ਰਾਜੈਕਟ ਹਨ ਤੇ ਉਨ੍ਹਾ ਇਕ ਹਜ਼ਾਰ ਥੀਸਜ਼ 'ਤੇ ਯੋਜਨਾਵਾਂ ਦੀ ਨਿਗਰਾਨੀ ਕੀਤੀ ਹੈ। ਉਨ੍ਹਾ 500 ਤੋਂ ਵੱਧ ਵਰਕਸ਼ਾਪਾਂ ਦਾ ਸੰਚਾਲਨ ਕਰਦਿਆਂ ਕਈ ਕੌਮਾਂਤਰੀ ਖੋਜ ਪੱਤਰ ਪ੍ਰਕਾਸ਼ਤ ਕੀਤੇ। ਡਾ. ਸੂਦ ਨੂੰ ਮੈਡੀਕਲ ਖੇਤਰ ਵਿੱਚ 40 ਸਾਲਾਂ ਦਾ ਤਜਰਬਾ ਹੈ, ਉਨ੍ਹਾਂ 26 ਸਾਲ ਪੋਸਟ ਐੱਮ ਸੀ ਐੱਚ ਵਿੱਚ ਸੇਵਾਵਾਂ ਨਿਭਾਈਆਂ, ਜਿਨ੍ਹਾਂ 'ਚ 12 ਸਾਲ ਪ੍ਰੋਫੈਸਰ ਵਜੋਂ ਸੇਵਾਵਾਂ ਵੀ ਸ਼ਾਮਲ ਹਨ। ਡਾ. ਢਿੱਲੋਂ ਨੇ ਦੱਸਿਆ ਕਿ ਨਵ-ਨਿਯੁਕਤ ਵਾਈਸ ਚਾਂਸਲਰ ਸਾਢੇ 5 ਸਾਲਾਂ ਤੋਂ ਡੀ ਪੀ ਜੀ ਆਈ ਐੱਮ ਈ ਆਰ ਦਿੱਲੀ ਵਿਖੇ ਇਕ ਸਾਲ ਤੋਂ ਵੱਧ ਸਮਾਂ ਏ ਬੀ ਵੀ ਆਈ ਐੱਮ ਐੱਸ ਦੇ ਸੰਸਥਾਪਕ ਡੀਨ ਰਹੇ ਹਨ। ਉਨ੍ਹਾਂ ਦੱਸਿਆ ਕਿ ਡਾਕਟਰ ਸੂਦ 10 ਸਾਲਾਂ ਤੋਂ ਯੂਰੋ ਸਲਾਹਕਾਰ ਵਜੋਂ ਸੰਸਦ ਨਾਲ ਜੁੜੇ ਹੋਏ ਹਨ ਤੇ ਭਾਰਤ ਦੇ ਰਾਸ਼ਟਰਪਤੀ ਦੇ ਯੂਰੋ ਸਲਾਹਕਾਰ ਵੀ ਰਹੇ ਹਨ।

## ਮੁਫਤ ਮੈਡੀਕਲ ਕੈਂਪ 15 ਨੂੰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਥਾਨਕ ਪੁਲਸ ਵੱਲੋਂ "ਵਰਲਡ ਕੈਂਸਰ ਕੇਅਰ" ਦੀ ਮਦਦ ਨਾਲ 15 ਜੂਨ ਨੂੰ ਸੁਭਾ 10 ਵਜੇ ਇੱਕ ਫ੍ਰੀ ਮੈਡੀਕਲ ਕੈਂਪ ਲਾਇਆ ਜਾ ਰਿਹਾ ਹੈ। ਇਸ ਕੈਂਪ ਵਿੱਚ ਵਰਲਡ ਕੈਂਸਰ ਕੇਅਰ ਦੇ ਡਾਕਟਰ ਕੁਲਵੰਤ ਸਿੰਘ ਧਾਲੀਵਾਲ ਆਪਣੀ ਟੀਮ ਨਾਲ ਪਹੁੰਚ ਰਹੇ ਹਨ।

ਇਸ ਮੈਡੀਕਲ ਕੈਂਪ 'ਚ ਪੁਲਸ ਕ੍ਰਮਚਾਰੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਤੋਂ ਇਲਾਵਾ ਆਮ ਲੋਕ ਵੀ ਆਪਣਾ ਚੈੱਕਅੱਪ ਕਰਵਾ ਸਕਦੇ ਹਨ। ਜਾਣਕਾਰੀ ਅਨੁਸਾਰ ਇਸ ਮੈਡੀਕਲ ਕੈਂਪ 'ਚ ਔਰਤਾਂ ਤੇ ਪੁਰਸ਼ਾਂ ਦੀ ਸਰੀਰਕ ਜਾਂਚ, ਬੱਚੇਦਾਨੀ ਦੀ ਜਾਂਚ ਲਈ ਪੰਪ ਸਮੀਅਰ ਟੈਸਟ, ਛਾਤੀਆਂ ਦੀ ਜਾਂਚ ਲਈ ਮੈਮੋਗ੍ਰਾਫੀ ਟੈਸਟ, ਗਦੂਦਾਂ ਦੀ ਜਾਂਚ ਲਈ ਪੀ.ਐੱਸ.ਈ. ਟੈਸਟ, ਗਲੇ ਦੇ ਕੈਂਸਰ ਦੀ ਜਾਂਚ ਲਈ ਐਂਡੋਸਕੋਪੀ, ਮੂੰਹ ਦੇ ਕੈਂਸਰ ਦੀ ਜਾਂਚ ਲਈ ਟੈਸਟ, ਸ਼ੂਗਰ ਤੇ ਬਲੱਡ ਪ੍ਰੈਸ਼ਰ ਦੀ ਜਾਂਚ ਲਈ ਟੈਸਟ, ਕੈਂਸਰ ਜਾਗਰੂਕਤਾ ਲਈ ਕਿਤਾਬਚੇ, ਕੈਂਸਰ ਜਾਗਰੂਕਤਾ ਲਈ ਫਿਲਮਾਂ ਵੀ ਦਿਖਾਈਆਂ ਜਾਣਗੀਆਂ।

# ਕਾਂਗਰਸੀ ਮੇਅਰ ਖਿਲਾਫ ਬੇਭਰੋਸਗੀ ਮਤਾ ਪੇਸ਼



**ਮੋਗਾ (ਅਮਰਜੀਤ ਬੱਬਰੀ)**-ਨਗਰ ਨਿਗਮ ਮੋਗਾ ਦੀ ਕਾਂਗਰਸੀ ਮੇਅਰ ਨੀਤਿਕਾ ਭੱਲਾ ਦੀ ਕੁਰਸੀ ਖਿਸਕਣ ਦੀ ਕਗਾਰ 'ਤੇ ਪਹੁੰਚ ਗਈ ਹੈ। ਮੇਅਰ ਨੂੰ ਅਹੁਦੇ ਤੋਂ ਹਟਾਉਣ ਲਈ 50 'ਚੋਂ 42 ਕੌਂਸਲਰਾਂ ਨੇ ਬੇਭਰੋਸਗੀ ਦਾ ਮਤਾ ਪੇਸ਼ ਕੀਤਾ ਹੈ, ਜੇ 14 ਦਿਨ ਦੇ ਅੰਦਰ ਅੰਦਰ ਮੇਅਰ ਬਣਦੇ ਕੋਰਮ ਨਾਲ ਮੀਟਿੰਗ 'ਚ ਕੌਂਸਲਰਾਂ ਦਾ ਭਰੋਸਾ ਨਾ ਹਾਸਲ ਕਰ ਸਕੀ ਤਾਂ ਉਨ੍ਹਾਂ ਨੂੰ ਕੁਰਸੀ ਛੱਡਣੀ ਪਵੇਗੀ। ਜੁਆਇੰਟ ਕਮਿਸ਼ਨਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਕੌਂਸਲਰਾਂ ਨੇ ਨਿਗਮ ਮੇਅਰ ਖ਼ਿਲਾਫ਼ ਬੇਭਰੋਸਗੀ ਮਤਾ ਦਿੱਤਾ ਹੈ, ਜਿਸ ਉੱਪਰ 42 ਕੌਂਸਲਰਾਂ ਦੇ ਦਸਤਖਤ ਹਨ।

ਉਨ੍ਹਾ ਦੱਸਿਆ ਕਿ ਇਹ ਮਤਾ ਮੇਅਰ ਤੇ ਉੱਚ ਅਧਿਕਾਰੀਆਂ ਨੂੰ ਭੇਜ ਦਿੱਤਾ ਹੈ ਅਤੇ ਹੁਣ 14 ਦਿਨਾਂ ਦੇ ਅੰਦਰ-ਅੰਦਰ ਬੈਠਕ ਬੁਲਾਈ ਜਾਵੇਗੀ। ਹਲਕਾ ਵਿਧਾਇਕਾ ਡਾ. ਅਮਨਦੀਪ ਅਰੋੜਾ ਤੇ ਜ਼ਿਲ੍ਹਾ ਪ੍ਰਧਾਨ ਹਰਮਨਦੀਪ ਸਿੰਘ ਦੀਦਾਰੇ ਵਾਲਾ ਦੀ ਅਗਵਾਈ ਹੇਠ ਨਗਰ ਨਿਗਮ ਦਫ਼ਤਰ ਵਿਖੇ ਬੇਭਰੋਸਗੀ ਮਤਾ ਦੇਣ ਲਈ ਪਹੁੰਚੇ ਕੌਂਸਲਰਾਂ ਦੀ ਹਾਜ਼ਰੀ ਵਿੱਚ ਹਲਕਾ ਵਿਧਾਇਕਾ ਡਾ. ਅਮਨਦੀਪ ਅਰੋੜਾ ਨੇ ਆਖਿਆ ਕਿ ਸ਼ਹਿਰ ਵਿੱਚ ਵਿਕਾਸ ਕਾਰਜਾਂ ਦੀ ਆ ਰਹੀ ਖੜੋਤ ਨੂੰ ਤੋੜਨ ਲਈ ਨਗਰ ਨਿਗਮ ਮੋਗਾ ਦੇ ਕੌਂਸਲਰਾਂ ਨੇ ਸ਼ਹਿਰ ਦੇ ਵਿਕਾਸ ਲਈ ਚੰਗਾ ਫ਼ੈਸਲਾ ਲਿਆ ਹੈ। ਉਨ੍ਹਾਂ ਕਿਹਾ ਕਿ ਪਿਛਲੇ ਦੋ ਸਾਲਾਂ ਤੋਂ ਮੋਗਾ ਦਾ ਵਿਕਾਸ ਰੁਕਿਆ ਹੋਇਆ ਸੀ, ਪਰ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਰਕਾਰ ਦੇ ਲੋਕਪੱਖੀ ਫੈਸਲਿਆਂ ਤੋਂ ਪ੍ਰਭਾਵਿਤ ਹੋ ਕੇ ਕੌਂਸਲਰਾਂ ਨੇ ਉਸਾਰੂ ਫੈਸਲਾ ਲਿਆ ਹੈ ਤੇ ਇੰਜ ਆਪ ਦਾ ਮੇਅਰ ਬਣਨ ਮਗਰੋਂ ਸ਼ਹਿਰ ਵਿੱਚ ਵਿਕਾਸ ਕਾਰਜਾਂ ਦੀ ਗਤੀ ਤੇਜ਼ ਹੋਵੇਗੀ। ਨਿਗਮ ਵਿੱਚ ਹੋਈ ਇਕੱਤਰਤਾ ਮੌਕੇ ਚੇਅਰਮੈਨ ਹਰਜਿੰਦਰ ਸਿੰਘ ਰੋਡੇ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਕੁਮਾਰ ਪੀਨਾ, ਡਿਪਟੀ ਮੇਅਰ ਅਸ਼ੋਕ ਧਮੀਜਾ, ਕੌਂਸਲਰ ਗੌਰਵ ਗੁਪਤਾ ਗੁੱਡੂ, ਕੌਂਸਲਰ ਜਸਵਿੰਦਰ ਸਿੰਘ ਕਾਕਾ ਲੰਢੇਕੇ, ਕੌਂਸਲਰ ਅਰਵਿੰਦਰ ਸਿੰਘ ਹੈਪੀ ਕਾਨ੍ਹਪੁਰੀਆਂ, ਕੌਂਸਲਰ ਸਰਬਜੀਤ ਕੌਰ ਰੋਡੇ, ਕੌਂਸਲਰ ਗੁਰਪ੍ਰੀਤ ਸਚਦੇਵਾ, ਕੌਂਸਲਰ ਬਲਜੀਤ ਸਿੰਘ ਚਾਨੀ, ਗੋਵਰਧਨ ਪੋਪਲੀ, ਕੌਂਸਲਰ ਪ੍ਰਵੀਨ ਮੱਕੜ, ਕੌਂਸਲਰ ਮਤਵਾਲ ਸਿੰਘ, ਕੌਂਸਲਰ ਜਗਜੀਤ ਸਿੰਘ ਜੀਤਾ, ਸ਼ਿੰਦਾ ਬਰਾੜ, ਕੌਂਸਲਰ ਬੂਟਾ ਸਿੰਘ, ਕੌਂਸਲਰ ਵਿਕਰਮਜੀਤ ਸਿੰਘ ਘਾਤੀ, ਨਰਿੰਦਰ ਬਾਲੀ, ਦਮਨ ਮੋਗਾ, ਕੌਂਸਲਰ ਤੀਰਥ ਰਾਮ, ਜਗਦੀਪ ਸਿੰਘ ਜੱਗੂ, ਕੌਂਸਲਰ ਭਰਤ ਗੁਪਤਾ, ਕੁਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਸਰਕਾਰ ਤੁਹਾਡੇ ਦੁਆਰ ਪ੍ਰੋਗਰਾਮ ਤਹਿਤ ਲੋਕਾਂ ਦੀਆਂ ਸੁਣੀਆਂ ਮੁਸ਼ਕਲਾਂ



**ਮਲੋਟ (ਗੁਰਮੀਤ ਸਿੰਘ ਮੱਕੜ)**-ਡਾ. ਬਲਜੀਤ ਕੌਰ ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ ਨੇ ਸਰਕਾਰ ਤੁਹਾਡੇ ਦੁਆਰ ਪ੍ਰੋਗਰਾਮ ਤਹਿਤ ਵਿਧਾਨ ਸਭਾ ਹਲਕਾ ਮਲੋਟ ਦੇ ਵੱਖ-ਵੱਖ ਪਿੰਡਾਂ 'ਚ ਪਹੁੰਚ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਜਾਇਜ਼ ਮੁਸ਼ਕਲਾਂ ਦਾ ਮੌਕੇ 'ਤੇ ਨਿਪਟਾਰਾ ਕੀਤਾ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇੰਦਰਾ ਆਵਾਸ ਯੋਜਨਾ ਤਹਿਤ ਕਿਸੇ ਵੀ ਲੋੜਵੰਦ ਲਾਭਪਾਤਰੀਆਂ ਨੂੰ ਭਾਰਤ ਸਰਕਾਰ ਵੱਲੋਂ ਮਕਾਨ ਬਣਾਉਣ ਲਈ ਗ੍ਰਾਂਟ ਜਾਰੀ ਨਹੀਂ ਕੀਤੀ ਗਈ ਅਤੇ ਜਦੋਂ ਹੀ ਭਾਰਤ ਸਰਕਾਰ ਇਸ ਸਕੀਮ ਤਹਿਤ ਪੋਰਟਲ ਖੋਲ੍ਹ ਦਿੱਤਾ ਜਾਵੇਗਾ ਤਾਂ ਪੰਜਾਬ ਸਰਕਾਰ ਵੱਲੋਂ ਯੋਗ ਲਾਭਪਾਤਰੀਆਂ ਨੂੰ ਇਸ ਸਕੀਮ ਦਾ ਲਾਭ ਮਿਲ ਜਾਵੇਗਾ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾ ਰਿਹਾ ਹੈ ਤਾਂ ਜੁ ਲੋਕਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਮਿਲ ਸਕੇ। ਆਪਣੇ ਇਸ ਪ੍ਰੋਗਰਾਮ ਦੌਰਾਨ ਕੈਬਨਿਟ ਮੰਤਰੀ ਨੇ ਪਿੰਡ ਗੰਦੜ ਵਿਖੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਜਾਇਜ਼ ਸਮੱਸਿਆਵਾਂ ਦਾ ਮੌਕੇ 'ਤੇ ਹੱਲ ਕੀਤਾ ਅਤੇ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾਂ ਲੋਕਾਂ ਦੇ ਨਾਲ ਖੜੀ ਹੈ ਅਤੇ ਉਨ੍ਹਾਂ ਨੂੰ ਪੇਸ਼ ਆ ਰਹੀਆਂ ਸਾਰੀਆਂ ਸਮੱਸਿਆਵਾਂ ਦਾ ਜਲਦ ਹੀ ਹੱਲ ਕੀਤਾ ਜਾਵੇਗਾ। ਕੈਬਨਿਟ ਮੰਤਰੀ ਨੇ ਖੇਤੀਬਾੜੀ ਦੀ ਸਿੰਚਾਈ ਲਈ ਪੂਰਾ ਪਾਣੀ ਮੁਹੱਈਆ ਕਰਵਾਉਣ ਲਈ ਅਬੁੱਲਖੁਰਾਣਾ ਮਾਈਨਰ ਦੀ ਨਵ ਉਸਾਰੀ ਦਾ ਨੀਂਹ ਪੱਥਰ ਵੀ ਰੱਖਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅੰਗਰੇਜ਼ ਸਿੰਘ, ਕੁਲਦੀਪ ਸਿੰਘ, ਸਿਮਰਜੀਤ ਸਿੰਘ ਬਰਾੜ, ਗੁਰਵਿੰਦਰ ਸਿੰਘ, ਲਵਪ੍ਰੀਤ ਸਿੰਘ ਭੁੱਲਰ, ਮਹਾਂਵੀਰ ਸਿੰਘ, ਹਰਪਾਲ ਸਿੰਘ, ਨਾਨਕ ਸਿੰਘ ਵਿੱਕੀ, ਗੁਰਮੀਤ ਸਿੰਘ, ਹੈਪੀ ਰਾਜਪੂਤ, ਪ੍ਰੀਤ ਸਿੰਘ, ਜਸਪਿੰਦਰ ਸਿੰਘ, ਬਲਜੀਤ ਸਿੰਘ, ਕੁਲਵੰਤ ਸਿੰਘ, ਕੁਲਦੀਪ ਸਿੰਘ ਤੇ ਪਤਵੰਤੇ ਵਿਅਕਤੀ ਹਾਜ਼ਰ ਸਨ।

# ਬਲਾਕ ਚੱਕ ਸ਼ੇਰੇਵਾਲਾ ਦੇ 30 ਪਿੰਡਾਂ 'ਚ ਮਮਤਾ ਦਿਵਸ ਮਨਾਇਆ

■ ਐੱਸ ਐੱਮ ਓ ਨੇ ਲਿਆ ਟੀਕਾਕਰਨ ਕੈਂਪਾਂ ਦਾ ਜਾਇਜ਼ਾ



**ਮੁਕਤਸਰ (ਪੂਜਾ, ਸ਼ਮਿੰਦਰਪਾਲ)**-ਲੋਕਾਂ ਨੂੰ ਵਧੀਆ ਤੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਤੇ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਡਾ. ਰੰਜੂ ਸਿੰਗਲਾ ਦੇ ਦਿਸ਼ਾ-ਨਿਰਦੇਸ਼ਾਂ ਤੇ ਸੀ.ਐੱਚ.ਸੀ. ਚੱਕ ਸ਼ੇਰੇਵਾਲਾ ਦੇ ਸੀਨੀਅਰ ਮੈਡੀਕਲ ਅਫਸਰ ਡਾ. ਜਤਿੰਦਰ ਪਾਲ ਸਿੰਘ ਦੀ ਅਗਵਾਈ ਹੇਠ ਬਲਾਕ ਅਧੀਨ ਆਉਂਦੇ ਵੱਖ-ਵੱਖ ਪਿੰਡਾਂ 'ਚ ਮਮਤਾ ਦਿਵਸ ਦੌਰਾਨ ਗਰਭਵਤੀ ਔਰਤਾਂ ਦੀ ਜਾਂਚ, ਟੀਕਾਕਰਨ ਤੇ ਜਾਗਰੂਕਤਾ ਕੈਂਪ ਲਗਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਜਤਿੰਦਰ ਪਾਲ ਸਿੰਘ ਨੇ ਦੱਸਿਆ ਕਿ ਗਰਭ ਅਵਸਥਾ ਦੌਰਾਨ ਵੱਖ-ਵੱਖ ਕਾਰਨਾਂ ਕਰਕੇ ਗਰਭਵਤੀ ਔਰਤਾਂ ਦੀ ਸਿਹਤ ਨੂੰ ਖਤਰਾ ਹੋ ਸਕਦਾ ਹੈ। ਜੇਕਰ ਗਰਭਵਤੀ ਔਰਤਾਂ ਸਮੇਂ ਸਿਰ ਆਪਣੀ ਜਾਂਚ ਨਹੀਂ ਕਰਵਾਉਂਦੀਆਂ, ਤਾਂ ਇਸ ਦੇ ਗੰਭੀਰ ਸਿੱਟੇ ਨਿੱਕਲ ਸਕਦੇ ਹਨ। ਇਸ ਲਈ ਹਰ ਇੱਕ ਗਰਭਵਤੀ ਮਹਿਲਾ ਨੂੰ ਸਮੇਂ ਸਿਰ ਆਪਣੀ ਸਿਹਤ ਜਾਂਚ ਕਰਵਾਉਣੀ ਚਾਹੀਦੀ ਹੈ। ਬੀ.ਈ.ਈ. ਮਨਬੀਰ ਸਿੰਘ ਨੇ ਦੱਸਿਆ ਕਿ ਬਲਾਕ ਦੀਆਂ ਵੱਖ-ਵੱਖ ਸਿਹਤ ਸੰਸਥਾਵਾਂ ਤੇ ਪਿੰਡਾਂ 'ਚ ਗਰਭਵਤੀ ਔਰਤਾਂ ਲਈ ਮੁਫ਼ਤ ਸਿਹਤ ਜਾਂਚ ਕੈਂਪ ਤੇ ਟੀਕਾਕਰਨ ਕੈਂਪ ਮਮਤਾ ਦਿਵਸ ਮੌਕੇ ਹਰ ਬੁੱਧਵਾਰ ਨੂੰ ਲਗਾਏ ਜਾਂਦੇ ਹਨ। ਉਨ੍ਹਾ ਦੱਸਿਆ ਕਿ ਇਨ੍ਹਾਂ ਕੈਂਪਾਂ ਵਿੱਚ ਜਾਂਚ ਦੇ ਨਾਲ-ਨਾਲ ਟੈਸਟ ਤੇ ਦਵਾਈਆਂ ਵੀ ਦਿੱਤੀਆਂ ਜਾਂਦੀਆਂ ਹਨ। ਬੱਚਿਆਂ ਦਾ ਸਮੇਂ ਸਮੇਂ ਉਚਿਤ ਟੀਕਾਕਰਨ ਕਰਵਾ ਕੇ 10 ਮਾਰੂ ਰੋਗਾਂ ਤੋਂ ਬਚਾਇਆ ਜਾ ਸਕਦਾ ਹੈ। ਇਸ ਮੌਕੇ ਸਿਹਤ ਕਰਮੀਆਂ ਵੱਲੋਂ ਟੀਕਾਕਰਨ ਕਰਵਾਉਣ ਲਈ ਆਉਣ ਵਾਲੀਆਂ ਮਾਵਾਂ ਤੇ ਗਰਭਵਤੀ ਔਰਤਾਂ ਨੂੰ ਸਿਹਤ ਸੰਭਾਲ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਦੌਰਾਨ ਐੱਸ.ਐੱਮ.ਓ. ਦੀ ਅਗਵਾਈ ਵਿੱਚ ਬਲਾਕ ਪੱਧਰੀ ਟੀਮ ਵੱਲੋਂ ਰਾਮਗੜ੍ਹ ਚੂੰਘਾ, ਚੱਕ ਮਦਰਸਾ, ਭਾਗਸਰ ਤੇ ਗੰਧੜ ਵਿਖੇ ਚੱਲ ਰਹੇ ਕੈਂਪਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਐੱਸ ਆਈ ਪਰਮਜੀਤ ਸਿੰਘ, ਵੱਖ-ਵੱਖ ਸਿਹਤ ਕੇਂਦਰਾਂ ਦਾ ਸਟਾਫ (ਮੇਲ ਤੇ ਫੀਮੇਲ), ਸੀ.ਐੱਚ.ਓ., ਆਸ਼ਾ ਸੁਪਰਵਾਈਜ਼ਰ ਤੇ ਆਸ਼ਾ ਵਰਕਰ ਅਤੇ ਪਿੰਡ ਵਾਸੀ ਆਦਿ ਮੌਜੂਦ ਸਨ।

# ਹਰ ਬੁੱਧਵਾਰ ਬੀ ਡੀ ਪੀ ਓ ਦਫਤਰ ਵਿਖੇ ਹੋਵੇਗੀ ਲੋਕ ਮਿਲਣੀ : ਰਾਏ

■ ਬੀ ਡੀ ਪੀ ਓ ਦਫਤਰ ਸਰਹਿੰਦ ਵਿਖੇ ਸੁਣੀਆਂ ਸਮੱਸਿਆਵਾਂ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬਲਾਕ ਵਿਕਾਸ ਪੰਚਾਇਤ ਅਫਸਰ ਦਫਤਰ ਸਰਹਿੰਦ ਵਿਖੇ ਵਿਧਾਇਕ ਲਖਵੀਰ ਸਿੰਘ ਰਾਏ ਵੱਲੋਂ ਵੱਖ ਵੱਖ ਪਿੰਡਾਂ ਨਾਲ ਸਬੰਧਤ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ।

ਇਸ ਮੌਕੇ ਵਿਧਾਇਕ ਲਖਵੀਰ ਸਿੰਘ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ, ਜਿਸ ਤਹਿਤ ਉਨ੍ਹਾਂ ਵੱਲੋਂ ਪਿੰਡਾਂ ਵਿੱਚ ਜਾ ਕੇ ਜਿੱਥੇ ਆਮ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਜਾਣਗੀਆਂ, ਉਥੇ ਹੀ ਬਲਾਕ ਵਿਕਾਸ ਪੰਚਾਇਤ ਦਫਤਰ ਸਰਹੰਦ ਤੇ ਖੇੜਾ ਵਿਖੇ ਹਰ ਬੁੱਧਵਾਰ ਨੂੰ ਲੋਕ ਮਿਲਣੀ ਹੋਇਆ ਕਰੇਗੀ, ਜਿਸ ਵਿੱਚ ਸਬੰਧਤ ਵਿਭਾਗਾਂ ਦੇ ਅਫਸਰ ਵੀ ਮੌਜੂਦ ਰਹਿਣਗੇ, ਤਾਂ ਜੋ ਸਮੱਸਿਆਵਾਂ ਦਾ ਹੱਲ ਮੌਕੇ 'ਤੇ ਹੀ ਕੀਤਾ ਜਾ ਸਕੇ। ਪੰਜਾਬ ਦੀ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ, ਜਿਸ ਉਦੇਸ਼ ਨਾਲ ਸੱਤਾ ਵਿੱਚ ਆਈ ਹੈ, ਉਸ ਨੂੰ ਪੂਰਾ ਕਰਨ ਲਈ ਹਰ ਨਾਗਰਿਕ ਨਾਲ ਰਾਬਤਾ ਕਾਇਮ ਕੀਤਾ ਜਾਵੇਗਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਐਡੀਸ਼ਨਲ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ, ਬਲਾਕ ਵਿਕਾਸ ਤੇ ਪੰਚਾਇਤ ਅਫਸਰ ਰਮੇਸ਼ ਕੁਮਾਰ, ਪੀ ਏ ਬਹਾਦੁਰ ਖਾਂ, ਸਤੀਸ਼ ਕੁਮਾਰ ਲਟੋਰ, ਗੁਰਸਤਿੰਦਰ ਸਿੰਘ ਜੱਲਾ, ਐਡਵੋਕੇਟ ਕੰਵਰਬੀਰ ਸਿੰਘ ਰਾਏ, ਰਣਬੀਰ ਬਹਿਲੋਲਪੁਰ, ਸੁਰੇਸ਼ ਕੁਮਾਰ ਬੰਟੀ, ਹਰਮੇਸ਼ ਪੂਨੀਆ, ਕਰਮ ਸਿੰਘ ਜੱਲਾ, ਨੰਬਰਦਾਰ ਸਤਬੀਰ ਸਿੰਘ, ਤਰਸੇਮ ਉਪਲ, ਬਲਜਿੰਦਰ ਕਾਕਾ, ਸਾਧੂ ਰਾਮ ਭੱਟਮਾਜਰਾ ਆਦਿ ਹਾਜ਼ਰ ਸਨ।

10-June-PAGE-11.qxd 6/9/2023 9:34 PM Page 1



# ਪਾਵਰਕੌਮ ਮੈਨੇਜਮੈਂਟ ਨੇ ਮੰਗਾਂ ਦਾ ਜਲਦ ਹੱਲ ਨਾ ਕੀਤਾ ਤਾਂ ਪੈਨਸ਼ਨਰ ਵਿੱਢਣਗੇ ਤਿੱਖਾ ਸੰਘਰਸ਼ : ਗਿੱਲ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਮੰਡਲ ਧਾਰੀਵਾਲ ਦੀ ਮੀਟਿੰਗ ਹਰ ਕਿਰਪਾਲ ਸਿੰਘ ਸੋਹਲ ਦੀ ਪ੍ਰਧਾਨਗੀ ਹੇਠ ਸਥਾਨਕ 132 ਕੇ ਵੀ ਸਬ ਸਟੇਸ਼ਨ ਧਾਰੀਵਾਲ ਵਿਖੇ ਹੋਈ। ਮੀਟਿੰਗ ਵਿੱਚ ਯੂਨੀਅਨ ਦੇ ਸਰਕਲ ਪ੍ਰਧਾਨ ਸਾਥੀ ਹਜਾਰਾ ਸਿੰਘ ਗਿੱਲ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਮੀਟਿੰਗ ਦੌਰਾਨ ਪ੍ਰਧਾਨ ਹਜਾਰਾ ਸਿੰਘ ਗਿੱਲ ਤੇ ਸਕੱਤਰ ਮਹਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਪਾਵਰਕੌਮ ਦੀ ਮੈਨੇਜਮੈਂਟ ਪੈਨਸ਼ਨਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਦੇ ਹੱਲ ਕਰਨ ਹਿੱਤ ਜਥੇਬੰਦੀ ਨੂੰ ਦਿੱਤੀ ਮੀਟਿੰਗ ਨੂੰ ਰੱਦ ਕਰਕੇ ਪੈਨਸ਼ਨਰਾਂ ਦੇ ਗੁੱਸੇ ਨੂੰ ਹੋਰ ਭੜਕਾ ਕੇ ਤਿੱਖੇ ਸੰਘਰਸ਼ ਵੱਲ ਤੁਰਨ ਨੂੰ ਮਜਬੂਰ ਕਰ ਰਹੀ ਹੈ। ਬੁਲਾਰਿਆਂ ਨੇ ਕਿਹਾ ਕਿ ਜੇਕਰ ਪਾਵਰਕੌਮ ਮੈਨੇਜਮੈਂਟ ਵੱਲੋਂ ਦੁਬਾਰਾ ਜਲਦ ਮੀਟਿੰਗ ਕਰਕੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਤੁਰੰਤ ਹੱਲ ਨਾ ਕੀਤਾ ਤਾਂ ਆਉਣ ਵਾਲੇ ਦਿਨਾਂ ਵਿੱਚ ਜਥੇਬੰਦੀ ਵਲੋਂ ਹੱਕਾਂ ਦੀ ਪ੍ਰਾਪਤੀ ਤੱਕ ਤਿੱਖੇ ਸੰਘਰਸ਼ ਕੀਤੇ ਜਾਣਗੇ। ਇਸ ਮੌਕੇ ਪੈਨਸ਼ਨਰਾਂ ਨੇ ਪਾਵਰਕੌਮ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਪੈਨਸ਼ਨਰਾਂ ਦੀਆਂ ਪੈਨਸ਼ਨਾਂ 2.59 ਗੁਣਾਂਕ ਨਾਲ ਸੋਧ ਕੇ 1-1-2016 ਤੋਂ 30-6-2021 ਤੱਕ ਦਾ ਬਕਾਇਆ ਅਦਾਇਗੀ ਯਕਮੁਸ਼ਤ ਕੀਤੀ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, 1-1-2016 ਤੋਂ ਰਿਵਾਈਜ਼ ਲੀਵ ਇਨਕੈਸ਼ਮੈਂਟ ਤੇ ਗਰੈਚੁਟੀ ਦੇ ਫਰਕ ਦੀ ਅਦਾਇਗੀ ਤੁਰੰਤ ਜਾਰੀ ਕੀਤਾ ਜਾਵੇ, ਕੈਸ਼ਲੈਸ ਮੈਡੀਕਲ ਮੁੜ ਲਾਗੂ ਕੀਤੀ ਜਾਵੇ, ਬਿਜਲੀ ਯੂਨਿਟਾਂ ਦੀ ਰਿਆਇਤ ਲਾਗੂ ਕੀਤੀ ਜਾਵੇ। ਪੈਨਸ਼ਨਰ ਆਗੂਆਂ ਨੇ ਸੀਆਰਏ 295/19 ਅਧੀਨ ਭਰਤੀ ਹੋਏ ਬਿਜਲੀ ਕਾਮਿਆਂ ਦੀ ਹਮਾਇਤ ਕਰਦਿਆਂ ਮੰਗ ਕੀਤੀ ਕਿ ਆਪਣਾ ਤਿੰਨ ਸਾਲਾਂ ਦਾ ਪਰਖਕਾਲ ਸਮਾਂ ਸਫਲਤਾਪੂਰਵਕ ਪੂਰਾ ਕਰ ਚੁੱਕੇ ਇਨ੍ਹਾਂ ਬਿਜਲੀ ਕਾਮਿਆਂ ਨੂੰ ਪਾਵਰਕੌਮ ਮੈਨੇਜਮੈਂਟ ਪੂਰੇ ਸਕੇਲ ਵਿੱਚ ਤਨਖਾਹ ਲਾਗੂ ਕਰੇ। ਮੀਟਿੰਗ ਵਿੱਚ ਤਰਸੇਮ ਸਿੰਘ ਅਠਵਾਲ, ਰਣਜੀਤ ਸਿੰਘ, ਸਤਨਾਮ ਸਿੰਘ, ਵਰਿੰਦਰ ਸਿੰਘ, ਜਸਪਾਲ ਸਿੰਘ, ਸੁਖਵਿੰਦਰ ਸਿੰਘ ਸ਼ਿੰਦਾ, ਗੁਰਬਚਨ ਸਿੰਘ, ਗੁਰਭੇਜ ਸਿੰਘ, ਸੁਲੱਖਣ ਸਿੰਘ, ਕੁਲਵੰਤ ਸਿੰਘ ਸੱਗੂ, ਵਰਿੰਦਰ ਕੁਮਾਰ, ਗੁਰਪਾਲ ਜੇਈ, ਸਰੂਪ ਸਿੰਘ, ਕਸਮੀਰ ਸਿੰਘ, ਜਸਵੰਤ ਸਿੰਘ, ਸਵਰਨ ਮਸੀਹ, ਸੁਖਵਿੰਦਰ ਸਿੰਘ, ਸੁਖਦੇਵ ਸਿੰਘ ਸੋਹਲ ਅਤੇ ਅਰਜਨਜੀਤ ਸਿੰਘ ਆਦਿ ਪੈਨਸ਼ਨਰ ਹਾਜ਼ਰ ਸਨ।

# ਜਨਤਕ ਜਥੇਬੰਦੀਆਂ ਨੇ ਪਿੰਡ ਤੂਤ ਵਿਖੇ ਬ੍ਰਿਜ ਭੂਸ਼ਣ ਦਾ ਪੁਤਲਾ ਫੂਕਿਆ



**ਪੱਟੀ (ਬਲਦੇਵ ਸਿੰਘ ਕਿਰਤੋਵਾਲ/ਸ਼ਮਸ਼ੇਰ ਸਿੰਘ ਯੋਧਾ)**-ਜਨਤਕ ਜਥੇਬੰਦੀਆਂ ਤੇ ਸਾਂਝੇ ਮੋਰਚੇ ਵੱਲੋਂ ਪਿੰਡ ਤੂਤ ਵਿਖੇ ਵੱਡੀ ਗਿਣਤੀ ਵਿਚ ਵੱਖ ਵੱਖ ਜਥੇਬੰਦੀਆਂ ਵੱਲੋਂ ਇਕੱਠੇ ਹੋ ਕੇ ਬ੍ਰਿਜ ਭੂਸ਼ਣ ਦਾ ਪੁਤਲਾ ਫੂਕਿਆ ਗਿਆ ਜੋ ਕਿ ਮਹਿਲਾ ਪਹਿਲਵਾਨਾਂ ਨਾਲ ਕੀਤੇ ਜਿਨਸੀ ਸ਼ੋਸ਼ਣ 'ਚ ਦੋਸ਼ੀ ਹੈ। ਜ਼ੋਰਦਾਰ ਨਾਅਰੇਬਾਜ਼ੀ ਦੌਰਾਨ ਮੰਗ ਕੀਤੀ ਗਈ ਬ੍ਰਿਜ ਭੂਸ਼ਣ ਸ਼ਰਨ ਨੂੰ ਤੁਰੰਤ ਗ੍ਰਿਫਤਾਰ ਕਰਕੇ ਸਜ਼ਾ ਦਿੱਤੀ ਜਾਵੇ।

ਦਿਹਾਤੀ ਮਜ਼ਦੂਰ ਸਭਾ ਦੇ ਪ੍ਰਧਾਨ ਦਿਆਲ ਸਿੰਘ ਚੰਦ ਸਿੰਘ, ਜ਼ਿਲਾ ਕਮੇਟੀ ਮੈਂਬਰ ਹਰਜਿੰਦਰ ਸਿੰਘ ਚੂੰਗ, ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਜ਼ਿਲ੍ਹਾ ਕਨਵੀਨਰ ਧਰਮ ਸਿੰਘ ਪੱਟੀ, ਬਲਦੇਵ ਸਿੰਘ, ਜਸਵੰਤ ਸਿੰਘ, ਸਵਿੰਦਰ ਸਿੰਘ, ਸੁਰਜੀਤ ਸਿੰਘ, ਜਸਬੀਰ ਕੌਰ, ਚਾਨਣ ਸਿੰਘ, ਤਰਸੇਮ ਸਿੰਘ, ਰਣਜੀਤ ਸਿੰਘ, ਕੁਲਵਿੰਦਰ ਕੌਰ, ਸੰਦੀਪ ਕੌਰ ਅਤੇ ਰਾਜਬੀਰ ਕੌਰ ਆਦਿ ਹਾਜ਼ਰ ਸਨ।

# ਭਾਕਿਯੂ ਏਕਤਾ ਉਗਰਾਹਾਂ ਦੇ ਬਲਾਕ ਪ੍ਰਧਾਨ 'ਤੇ ਪਰਚਾ ਦਰਜ

## ਸਿਆਸੀ ਸ਼ਹਿ 'ਤੇ ਹੋਈ ਧੱਕੇਸ਼ਾਹੀ ਖਿਲਾਫ ਲੜਾਂਗੇ ਨਿਰੰਤਰ ਸੰਘਰਸ਼ : ਸਿੱਧਵਾਂ



**ਪੱਟੀ (ਬਲਦੇਵ ਸਿੰਘ ਕਿਰਤੋਵਾਲ/ਸ਼ਮਸ਼ੇਰ ਸਿੰਘ ਯੋਧਾ)**-ਭਾਕਿਯੂ ਏਕਤਾ ਉਗਰਾਹਾਂ ਦੇ ਬਲਾਕ ਪ੍ਰਧਾਨ ਸਤਨਾਮ ਸਿੰਘ ਇਕ ਕਿਸਾਨ ਦੇ ਹੱਕ ਧਰਨਾ ਦੇਣ ਆਏ ਤਾਂ ਹਰੀਕੇ ਪੁਲਸ ਨੇ ਨਵੇਂ ਮਾਮਲੇ ਵਿਚ ਨਾਮਜ਼ਦ ਕਰਕੇ ਉਸ ਨੂੰ ਹੀ ਗ੍ਰਿਫਤਾਰ ਕਰ ਲਿਆ। ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਗੁਰਬਾਜ ਸਿੰਘ ਸਿੱਧਵਾਂ ਇਸ ਮੁਕੱਦਮੇ ਨੂੰ ਸਿਆਸਤ ਤੋਂ ਪ੍ਰੇਰਿਤ ਦੱਸ ਕੇ ਉਸ ਖਿਲਾਫ ਸੰਘਰਸ਼ ਕਰਨ ਦੀ ਗੱਲ ਕਰ ਰਹੇ ਹਨ। ਜਾਣਕਾਰੀ ਅਨੁਸਾਰ ਜਥੇਬੰਦੀ ਦੇ ਸਮਰਥਕ ਪ੍ਰਗਟ ਸਿੰਘ ਹਰੀਕੇ ਤੇ ਪੁਲਸ ਨੇ ਜ਼ਮੀਨੀ ਸਟੇਅ ਆਰਡਰ ਨਾਲ ਛੇੜਛਾੜ ਕਰਨ ਦਾ ਕੇਸ ਦਰਜ ਕਰਕੇ ਉਸ ਨੂੰ ਹਿਰਾਸਤ ਵਿਚ ਲਿਆ ਸੀ ਕਿ ਇਸ ਦੇ ਹੱਕ ਵਿਚ ਸਾਥੀਆਂ ਸਮੇਤ ਧਰਨਾ ਲਾ ਕੇ ਇਨਸਾਫ ਦੀ ਮੰਗ ਕਰ ਰਹੇ ਬਲਾਕ ਪ੍ਰਧਾਨ ਸਤਨਾਮ ਸਿੰਘ ਨੂੰ ਧਰਨੇ ਤੋਂ ਹੀ ਪੁਲਸ ਨੇ ਗ੍ਰਿਫਤਾਰ ਕਰ ਲਿਆ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਸਤਨਾਮ ਸਿੰਘ ਦੀ ਦੁਕਾਨ ਤੇ ਗਏ ਡਰੱਗ ਇੰਸਪੈਕਟਰ ਹਰਪ੍ਰੀਤ ਸਿੰਘ ਨੂੰ ਧਮਕਾਇਆ, ਸਰਕਾਰੀ ਡਿਊਟੀ ਵਿਚ ਵਿਘਨ ਪਾਉਂਦਿਆਂ ਉਸ ਨੂੰ ਨਜਾਇਜ਼ ਹਿਰਾਸਤ ਵਿਚ ਰੱਖਿਆ ਜਿਸ ਤਹਿਤ ਅਣਪਛਾਤਿਆਂ ਸਮੇਤ ਦਰਜਨ ਭਰ ਵਿਅਕਤੀਆਂ ਨੂੰ ਨਾਮਜ਼ਦ ਕਰ ਲਿਆ ਗਿਆ। ਜਥੇਬੰਦੀ ਕਾਰਕੁੰਨਾਂ ਨੇ ਥਾਣਾ ਹਰੀਕੇ ਦਾ ਘਿਰਾਓ ਕਰਕੇ ਪੁਲਸ ਪ੍ਰਸ਼ਾਸਨ ਖਿਲਾਫ ਨਾਅਰੇਬਾਜ਼ੀ ਕੀਤੀ। ਧਰਨਾਕਾਰੀਆਂ ਦਾ ਦੋਸ਼ ਸੀ ਕਿ ਪੁਲਸ ਨੇ ਸਿਆਸਤ ਤੋਂ ਪ੍ਰੇਰਿਤ ਪਰਚਾ ਦਰਜ ਕਰਕੇ ਧੋਖੇ ਨਾਲ ਸਤਨਾਮ ਸਿੰਘ ਨੂੰ ਹਿਰਾਸਤ ਵਿਚ ਲਿਆ। ਵੀਹ ਘੰਟੇ ਚੱਲੇ ਧਰਨੇ ਦੌਰਾਨ ਜ਼ਿਲਾ ਪ੍ਰਧਾਨ ਗੁਰਬਾਜ ਸਿੰਘ ਸਿੱਧਵਾਂ ਦੀ ਅਗਵਾਈ ਹੇਠ ਭੁਪਿੰਦਰ ਸਿੰਘ ਠੱਠੀਆਂ, ਦਲੇਰ ਸਿੰਘ ਰਾਜੋਕੇ, ਸੁਖਵੰਤ ਸਿੰਘ ਵਲਟੋਹਾ ਅਤੇ ਸੋਹਣ ਸਿੰਘ ਸਭਰਾ ਅਧਾਰਿਤ ਵਫਦ ਨਾਲ ਐਸਪੀਡੀ ਵਿਸ਼ਾਲਜੀਤ ਸਿੰਘ ਨੇ ਮੀਟਿੰਗ ਕੀਤੀ। ਉਨ੍ਹਾਂ ਭਰੋਸਾ ਦਿਵਾਇਆ ਕਿ ਜਥੇਬੰਦੀ ਦੇ ਆਗੂ ਜੋ ਦਰਖਾਸਤ ਦੇਣਗੇ ਉਸਦੀ ਪੜਤਾਲ ਕਰਕੇ ਇਨਸਾਫ ਦਿਵਾਇਆ ਜਾਵੇਗਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਬਾਜ ਸਿੰਘ ਸਿੱਧਵਾਂ ਨੇ ਕਿਹਾ ਕਿ ਸਿਆਸਤ ਤੋਂ ਪ੍ਰੇਰਿਤ ਇਸ ਮੁਕੱਦਮੇ ਖਿਲਾਫ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਐਸਪੀਡੀ ਦੇ ਭਰੋਸੇ ਤੋਂ ਬਾਅਦ ਧਰਨਾ ਸਮਾਪਤ ਹੋ ਗਿਆ।

# ਡੇਅਰੀ ਫਾਰਮਿੰਗ ਸਿਖਲਾਈ ਕੋਰਸ 12 ਤੋਂ ਹੋਵੇਗਾ ਸ਼ੁਰੂ

**ਗੁਰਦਾਸਪੁਰ, (ਜਨਕ ਮਹਾਜਨ)**-ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਿਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ/ਲੜਕੀਆਂ ਨੂੰ ਡੇਅਰੀ ਕਿਤੇ ਸੰਬੰਧੀ ਜਾਣਕਾਰੀ ਦਿੰਦਿਆਂ ਵਰਿਆਮ ਸਿੰਘ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਨੇ ਦੱਸਿਆ ਕਿ ਕਿਸਾਨਾਂ ਦੀ ਆਮਦਨ ਵਿਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਨਾਉਣ ਲਈ 2 ਹਫਤੇ ਦੀ ਡੇਅਰੀ ਸਿਖਲਾਈ 12 ਜੂਨ ਤੋਂ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ ਵੇਰਕਾ (ਜ਼ਿਲ੍ਹਾ ਅੰਮ੍ਰਿਤਸਰ) ਵਿਖੇ ਕਰਵਾਈ ਜਾਣੀ ਹੈ। ਇਸ ਸਿਖਲਾਈ ਕੋਰਸ ਵਿੱਚ ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਤ ਬੇਰੁਜ਼ਗਾਰ ਨੌਜਵਾਨ ਲੜਕੇ/ਲੜਕੀਆਂ ਜੋ ਘੱਟੋ-ਘੱਟ 5ਵੀਂ ਪਾਸ ਹੋਣ, ਉਮਰ 18 ਤੋਂ 50 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ, ਗਰੰਟੀ ਅਤੇ ਹਰੇ ਚਾਰੇ ਦੀ ਬਿਜਾਈ ਵਾਸਤੇ ਜ਼ਮੀਨ ਦਾ ਪ੍ਰਬੰਧ ਹੋਵੇ, ਇਸ ਸਿਖਲਾਈ ਵਿਚ ਭਾਗ ਲੈ ਸਕਦੇ ਹਨ। ਸਿਖਲਾਈ ਉਪਰੰਤ ਵਿਭਾਗ ਵਲੋਂ ਸਬੰਧਤਾਂ ਨੂੰ ਵੱਖ-ਵੱਖ ਬੈਂਕਾਂ ਤੋਂ ਡੇਅਰੀ ਕਰਜ਼ੇ ਦੀ ਸੁਵਿਧਾ ਰਾਹੀਂ 2 ਤੋਂ 20 ਪਸ਼ੂਆਂ ਦੇ ਡੇਅਰੀ ਯੂਨਿਟ ਸਥਾਪਤ ਕਰਵਾ ਕੇ 25 ਫੀਸਦੀ ਜਨਰਲ ਅਤੇ 33 ਫੀਸਦੀ ਅ.ਜਾਤੀ. ਲਈ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਚਾਹਵਾਨ ਲੜਕੇ/ਲੜਕੀਆਂ ਇਸ ਸਬੰਧੀ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ, ਗੁਰਦਾਸਪੁਰ ਨਾਲ ਆਪਣੇ ਅਸਲ ਯੋਗਤਾ ਸਰਟੀਫਿਕੇਟ ਅਤੇ ਪਾਸਪੋਰਟ ਸਾਈਜ਼ ਫੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ ਹਨ।

# ਮਨੁੱਖਤਾ ਦੀ ਸੇਵਾ ਖੂਨਦਾਨ ਸੁਸਾਇਟੀ ਪੱਟੀ ਨੇ ਖੂਨਦਾਨ ਕੈਂਪ ਲਗਾਇਆ



**ਪੱਟੀ,(ਬਲਦੇਵ ਸਿੰਘ ਕਿਰਤੋਵਾਲ/ਸ਼ਮਸ਼ੇਰ ਸਿੰਘ ਯੋਧਾ)** -ਪਿੰਡ ਘਰਿਆਲਾ ਵਿਖੇ ਸ੍ਰੀਮਾਨ 108 ਮਾਤਾ ਸੰਤੋਖ ਕੌਰ ਜੀ ਘਰਿਆਲੇ ਵਾਲਿਆਂ ਦੀ 15ਵੀਂ ਬਰਸੀ ਮੌਕੇ ਮਨੁੱਖਤਾ ਦੀ ਸੇਵਾ ਖੂਨਦਾਨ ਸੁਸਾਇਟੀ ਪੱਟੀ (ਰਜਿ:) ਵੱਲੋਂ ਪਹਿਲਾ ਵਿਸ਼ੇਸ਼ ਖੂਨਦਾਨ ਕੈਂਪ ਲਗਾਇਆ ਗਿਆ ਜਿਸ ਵਿੱਚ ਅਨੇਕਾਂ ਤੰਦਰੁਸਤ ਦਾਨੀ ਸੱਜਣਾਂ ਨੇ ਆਪਣਾ ਖੂਨਦਾਨ ਕੀਤਾ ਤੇ ਮਨੁੱਖਤਾ ਲਈ ਆਪਣਾ ਫਰਜ ਅਦਾ ਕੀਤਾ। ਇਸ ਮੌਕੇ ਸੁਸਾਇਟੀ ਦੇ ਮੁੱਖ ਸੇਵਾਦਾਰ ਮਲਕੀਅਤ ਸਿੰਘ ਬੱਬਲ ਨੇ ਕਿਹਾ ਕਿ ਅੱਜ ਦੇ ਸਮੇਂ ਬਲੱਡ ਦੀ ਜਰੂਰਤ ਦਿਨ ਪ੍ਰਤੀ ਦਿਨ ਵਧਦੀ ਜਾ ਰਹੀ ਹੈ । ਬਲੱਡ ਦੀ ਮੁਸਕਲ ਨੂੰ ਦੂਰ ਕਰਨ ਲਈ ਤੰਦਰੁਸਤ ਨੋਜਵਾਨਾਂ ਵੱਲੋਂ ਦਿੱਤਾ ਬਲੱਡ ਹੀ ਕੰਮ ਆਉਂਦਾ ਹੈ ਜਿਸ ਨਾਲ ਹਰ ਰੋਜ ਅਨੇਕਾਂ ਹੀ ਜਿੰਦਗੀਆਂ ਬਚਦੀਆਂ ਹਨ। ਉਹਨਾਂ ਕਿਹਾ ਕਿ ਇਹੋ ਜਹੇ ਉਪਰਾਲੇ ਹਰ ਇਕ ਨੂੰ ਕਰਨੇ ਚਾਹੀਦੇ ਹਨ ਅਤੇ ਹਰ 18 ਤੋਂ 60 ਸਾਲ ਦੇ ਤੰਦਰੁਸਤ ਇਨਸਾਨ ਨੂੰ ਆਪਣਾ ਫਰਜ ਸਮਝਕੇ ਖੂਨ ਦਾਨ ਜਰੂਰ ਕਰਨਾ ਚਾਹੀਦਾ ਹੈ ਅਤੇ ਇਹੋ ਜਹੇ ਸਮਾਗਮਾਂ ਵਿੱਚ ਵੱਧ ਤੋਂ ਵੱਧ ਖੂਨਦਾਨ ਕੈਂਪ ਲਗਾਉਣੇ ਚਾਹੀਦੇ ਹਨ ਤਾਂ ਜੋ ਹਸਪਤਾਲਾਂ ਵਿਚ ਜ਼ਿੰਦਗੀ ਤੇ ਮੌਤ ਦੀ ਲੜਾਈ ਲੜ ਰਹੇ ਇਨਸਾਨਾਂ ਨੂੰ ਅਤੇ ਥੈਲੇਸੀਮੀਆ ਵਾਲਿਆਂ ਬੱਚਿਆਂ ਨੂੰ ਬਲੱਡ ਦੀ ਮੁਸਕਲ ਨਾ ਆਵੇ। ਇਸ ਮੌਕੇ ਖੂਨਦਾਨ ਕਰਨ ਵਾਲੇ ਦਾਨੀ ਸੱਜਣ ਨੂੰ ਸਰਟੀਫਿਕੇਟ ਅਤੇ ਮੈਡਲ ਦੇਕੇ ਸਨਮਾਨਿਤ ਕੀਤਾ ਗਿਆ ਅਤੇ ਸਮੂਹ ਪ੍ਰਬੰਧਕ ਕਮੇਟੀ ਦਾ ਅਤੇ ਖੂਨਦਾਨ ਕਰਨ ਵਾਲਿਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਰੌਸ਼ਨ ਘਰਿਆਲਾ, ਸੁਖਬੀਰ ਸਿੰਘ ਪੱਟੀ, ਜੱਸਾ ਸਿੰਘ, ਮਨਪ੍ਰੀਤ ਸਿੰਘ ਸਾਗਰ, ਗੁਰਦੇਵ ਸਿੰਘ ਖਾਲਸਾ, ਲਖਵਿੰਦਰ ਸਿੰਘ ਲੱਕੀ, ਮਲਕੀਤ ਸਿੰਘ, ਰਾਜੂ ਆਦਿ ਹਾਜ਼ਰ ਸਨ ।

# ਭਲਕੇ ਪ੍ਰੀਖਿਆ ਕੇਂਦਰਾਂ ਦੇ ਆਲੇ-ਦੁਆਲੇ ਇਕੱਠੇ ਹੋਣ 'ਤੇ ਪਾਬੰਦੀ

**ਗੁਰਦਾਸਪੁਰ, (ਜਨਕ ਮਹਾਜਨ)**-ਡਾ. ਨਿਧੀ ਕੁਮੁਦ ਬਾਮਬਾ ਪੀਸੀਐੱਸ ਵਧੀਕ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਨੇ ਫ਼ੌਜਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆਂ ਜ਼ਿਲ੍ਹਾ ਗੁਰਦਾਸਪੁਰ ਵਿਖੇ ਸਥਾਪਿਤ ਕੀਤੇ ਗਏ ਪ੍ਰੀਖਿਆ ਕੇਂਦਰਾਂ ਦੇ ਆਲੇ-ਦੁਆਲੇ 100 ਮੀਟਰ ਦੇ ਘੇਰੇ ਵਿੱਚ ਲੋਕਾਂ ਦੇ ਇਕੱਠੇ ਹੋਣ 'ਤੇ ਮਿਤੀ 11 ਜੂਨ ਨੂੰ ਪਾਬੰਦੀ ਲਗਾ ਦਿੱਤੀ ਹੈ, ਪਰ ਇਹ ਹੁਕਮ ਉਨਾਂ ਵਿਅਕਤੀਆਂ 'ਤੇ ਲਾਗੂ ਨਹੀਂ ਹੋਵੇਗਾ ਜੋ ਇਹਨਾਂ ਪ੍ਰੀਖਿਆਵਾਂ ਵਿਚ ਡਿਊਟੀ 'ਤੇ ਹੋਣਗੇ। ਦਸਣਯੋਗ ਹੈ ਕਿ ਮੈਰੀਟੋਰੀਅਸ ਸਕੂਲਾਂ ਵਿਚ ਅਕਾਦਮਿਕ ਸੈਸ਼ਨ 2023-24 ਲਈ ਜਮਾਤ 9ਵੀਂ ਅਤੇ 11ਵੀਂ ਵਿਚ ਦਾਖਲੇ ਦੀ ਪ੍ਰਵੇਸ ਪ੍ਰੀਖਿਆ ਮਿਤੀ 11 ਜੂਨ ਦਿਨ ਐਤਵਾਰ ਸਮਾਂ ਸਵੇਰੇ 10:00 ਵਜੇ ਤੋਂ ਦੁਪਹਿਰ 12:00 ਵਜੇ ਤੱਕ ਵੱਖ-ਵੱਖ ਪ੍ਰੀਖਿਆ ਕੇਂਦਰਾਂ ਵਿਚ ਕਰਵਾਈ ਜਾ ਰਹੀ ਹੈ। ਇਸ ਲਈ ਪ੍ਰੀਖਿਆ ਵਿਚ ਵਿਘਨ ਪਾਉਣ ਵਾਲੇ ਅਨਸਰਾਂ ਦੇ ਵਿਰੁੱਧ ਕਾਨੂੰਨੀ ਕਾਰਵਾਈ ਕਰਨ, ਟਰੈਫਿਕ ਦੀ ਵਿਵਸਥਾ ਨੂੰ ਸੁਚਾਰੂ ਬਣਾਈ ਰੱਖਣ ਅਤੇ ਸਮਾਜਿਕ ਦੂਰੀ ਬਣਾਈ ਰੱਖਣ ਦੇ ਲਈ ਇਨ੍ਹਾਂ ਪ੍ਰੀਖਿਆ ਕੇਂਦਰਾਂ ਦੇ 100 ਮੀਟਰ ਦੇ ਘੇਰੇ ਅੰਦਰ ਸੁਰੱਖਿਆ ਦੇ ਪੁਖਤਾ ਪ੍ਰਬੰਧ ਕਰਨ ਲਈ ਆਮ ਪਬਲਿਕ ਦੇ ਇਕੱਠੇ ਹੋਣ ਦੀ ਮਨਾਹੀ ਕੀਤੀ ਗਈ ਹੈ ਤਾਂ ਕਿ ਅਜਿਹੀ ਕੋਈ ਅਣਸੁਖਾਵੀਂ ਘਟਨਾ ਨਾ ਵਾਪਰੇ।

# ਸਬ ਜੇਲ੍ਹ ਪੱਟੀ ਵਿਖੇ ਮੈਡੀਕਲ ਕੈਂਪ ਆਯੋਜਿਤ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਸ਼੍ਰੀਮਤੀ ਪ੍ਰਿਆ ਸੂਦ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ, ਦੇ ਨਾਲ ਪ੍ਰਤਿਮਾ ਅਰੋੜਾ, ਚੀਫ ਜੁਡੀਸ਼ੀਅਲ ਮੈਜੀਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਅਤੇ ਸ਼੍ਰੀਮਤੀ ਸ਼ਿਲਪਾ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟ, ਤਰਨ ਤਾਰਨ ਵੱਲੋਂ ਸਬ ਜੇਲ੍ਹ ਪੱਟੀ ਵਿਖੇ ਮਿਤੀ 15.05.2023 ਨੂੰ ਦੌਰਾ ਕੀਤਾ ਗਿਆ ਜਿਸ ਵਿੱਚ ਮਾਨਯੋਗ ਸੈਸ਼ਨਜ਼ ਜੱਜ ਸਾਹਿਬ ਦੇ ਸਬ ਜੇਲ੍ਹ ਪੱਟੀ ਦਾ ਦੌਰਾ ਕਰਦੇ ਸਮੇਂ ਇਹ ਦੇਖਿਆ ਕਿ ਜੇਲ੍ਹ ਵਿੱਚ ਮੈਡੀਕਲ ਕੈਂਪ ਦੀ ਬਹੁਤ ਜ਼ਰੂਰਤ ਹੈ। ਇਸ ਲਈ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਸਾਹਿਬ ਵੱਲੋਂ ਸਿਵਲ ਸਰਜਨ, ਤਰਨ ਤਾਰਨ ਨੂੰ ਨਿਰਦੇਸ਼ ਦਿੱਤੇ ਗਏ ਕਿ ਸਬ ਜੇਲ੍ਹ ਪੱਟੀ ਵਿੱਚ ਮੈਡੀਕਲ ਕੈਂਪ ਲਗਾਇਆ ਜਾਵੇ। ਇਸ ਲਈ ਸਬ ਜੇਲ੍ਹ ਪੱਟੀ ਵਿੱਚ ਸਿਵਲ ਸਰਜਨ, ਤਰਨ ਤਾਰਨ ਵੱਲੋਂ ਮੈਡੀਕਲ ਕੈਂਪ ਲਈ ਟੀਮ ਭੇਜ ਕਿ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਮੈਡੀਕਲ ਕੈਂਪ ਵਿੱਚ ਡਾ. ਮਨਦੀਪ ਸਿੰਘ (ਡੈਂਟਲ), ਮੈਡੀਕਲ ਅਫ਼ਸਰ ਆਰਥੋ, ਡਾ. ਅਮਨਦੀਪ ਸਿੰਘ, ਮੈਡੀਕਲ ਅਫ਼ਸਰ ਮੈਡੀਸਨ, ਡਾ. ਪੰਕਜ ਅਰੋੜਾ, ਮੈਡੀਕਲ ਅਫ਼ਸਰ (ਡੈਂਟਲ), ਡਾ. ਗੁਰਿੰਦਰਬੀਰ ਸਿੰਘ, ਮੈਡੀਕਲ ਅਫ਼ਸਰ ਮਨੋਰੋਗ, ਡਾ. ਅੰਮ੍ਰਿਤਪਾਲ ਸਿੰਘ, ਮੈਡੀਕਲ ਅਫ਼ਸਰ, ਜੀ ਨੇ ਜੇਲ੍ਹ ਵਿੱਚ ਹਵਾਲਾਤੀਆਂ ਅਤੇ ਕੈਦੀਆਂ ਦਾ ਡਾਕਟਰੀ ਮੁਆਨਾ ਕੀਤਾ ਅਤੇ ਉਹਨਾਂ ਨੂੰ ਦਵਾਈ ਦਿੱਤੀ। ਇਸ ਮੌਕੇ ਜੇਲ੍ਹ ਵੱਲੋਂ ਜਤਿੰਦਰ ਪਾਲ ਸਿੰਘ, ਵਧੀਕ ਸੁਪਰਡੈਂਟ, ਸਬ ਜੇਲ੍ਹ ਪੱਟੀ, ਅਤੇ ਉੱਥੋਂ ਦਾ ਸਟਾਫ ਹਾਜ਼ਰ ਸਨ। ਇਸ ਮੈਡੀਕਲ ਕੈਂਪ ਵਿੱਚ 156 ਕੈਦੀਆਂ ਅਤੇ ਹਵਾਲਾਤੀਆਂ ਦਾ ਚੈੱਕਅੱਪ ਕੀਤਾ ਗਿਆ। ਮੌਕੇ 'ਤੇ ਬਿਮਾਰੀਆਂ ਦੇ ਇਲਾਜ ਲਈ ਟੈਸਟ ਕੀਤੇ ਗਏ ਅਤੇ ਦਵਾਈਆਂ ਦਿੱਤੀਆਂ ਗਈਆਂ।

# ਜੀ ਐੱਨ ਡੀ ਯੂ ਵਿਖੇ ਮਨਾਇਆ ਅੰਤਰਰਾਸ਼ਟਰੀ ਜੈਵਿਕ ਵਿਭਿੰਨਤਾ ਦਿਵਸ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਖੋਜ ਨਿਰਦੇਸ਼ਕ ਪ੍ਰੋ. ਰੇਨੂ ਭਾਰਦਵਾਜ ਨੇ ਜੈਵ ਵਿਭਿੰਨਤਾ ਦੀ ਮਹੱਤਤਾ, ਇਸਦੇ ਵਿਨਾਸ਼ ਦੇ ਖ਼ਤਰੇ ਵਾਲੇ ਨਤੀਜਿਆਂ ਅਤੇ ਵਾਤਾਵਰਨ ਦੀ ਬਹਾਲੀ ਤੇ ਜੋਰ ਦੇਂਦਿਆਂ ਕਿਹਾ ਕਿ ਅੰਤਰਰਾਸ਼ਟਰੀ ਜੈਵਿਕ ਵਿਭਿੰਨਤਾ ਦਿਵਸ ਨੂੰ ਹੇਠਲੇ ਪੱਧਰ ਤੱਕ ਮਨਾਇਆ ਜਾਣਾ ਚਾਹੀਦਾ ਹੈ ਤਾਂ ਜੋ ਲੋਕਾਂ ਵਿਚ ਜੈਵਿਕ ਵਿਭਿੰਨਤਾ ਸੰਬੰਧੀ ਜਾਗਰੂਕਤਾ ਪੈਦਾ ਕੀਤੀ ਜਾ ਸਕੇ ਉਹ ਅੱਜ ਬੋਟੈਨੀਕਲ ਐਂਡ ਇਨਵਾਇਰਮੈਂਟਲ ਸਾਇੰਸਜ਼ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਪੰਜਾਬ ਜੈਵਿਕ ਵਿਭਿੰਨਤਾ ਬੋਰਡ ਦੇ ਸਹਿਯੋਗ ਨਾਲ ਕਰਵਾਏ ਅੰਤਰਰਾਸ਼ਟਰੀ ਜੈਵਿਕ ਵਿਭਿੰਨਤਾ ਦਿਵਸ ਤੇ ਸੰਬੋਧਨ ਕਰ ਰਹੇ ਸਨ। ਇਸ ਸਮਾਗਮ ਨੂੰ ਰਾਸ਼ਟਰੀ ਜੈਵ ਵਿਭਿੰਨਤਾ ਅਥਾਰਟੀ, ਭਾਰਤ ਸਰਕਾਰ ਵੱਲੋਂ ਵੀ ਸਹਿਯੋਗ ਦਿੱਤਾ ਗਿਆ ਸੀ। ਸਮਾਗਮ ਦੇ ਉਦਘਾਟਨੀ ਸੈਸ਼ਨ ਦੌਰਾਨ ਪ੍ਰੋ: ਰੇਣੂ ਭਾਰਦਵਾਜ ਨੇ ਅੱਗੇ ਕਿਹਾ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. ਡਾ. ਜਸਪਾਲ ਸਿੰਘ ਸੰਧੂ ਦੀ ਦੂਰਦ੍ਰਿਸ਼ਟੀ ਸਦਕਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਉਚੇਰੀ ਸਿੱਖਿਆ ਦੇ ਖੇਤਰ ਦੇ ਨਾਲ-ਨਾਲ ਵਾਤਾਵਰਨ ਪ੍ਰਤੀ ਵੀ ਆਪਣੀ ਜਿਮੇਵਾਰੀ ਨੂੰ ਭਲੀ- ਭਾਂਤ ਸਮਝਦਿਆ ਕਈ ਅਜਿਹੇ ਉਪਰਾਲੇ ਕੀਤੇ ਗਏ ਹਨ ਜਿਸ ਨਾਲ ਗੁਰੂ ਨਾਨਕ ਦੇਵ ਯੂਨੀਵਰਸਿਟੀ ਦਾ ਕੱਦ ਉਚੇਰੀ ਸਿੱਖਿਆ ਦੇ ਖੇਤਰ ਵਿਚ ਬਹੁਤ ਵੱਡਾ ਹੋ ਗਿਆ ਹੈ । ਉਹਨਾਂ ਨੇ ਕਿਹਾ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇਸ਼ ਦੀ ਦੂਜੇ ਨੰਬਰ ਦੀ ਉਚ ਕੋਟੀ ਦੀ ਯੂਨੀਵਰਸਿਟੀ ਬਣ ਗਈ ਹੈ ਉਹ ਅੱਜ ਦੇ ਸਮਾਗਮ ਵਿਚ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ ਸਨ। ਇਸ ਤੋਂ ਪਹਿਲਾਂ ਪ੍ਰੋ: ਜਤਿੰਦਰ ਕੌਰ, ਮੁਖੀ, ਬੋਟੈਨੀਕਲ ਐਂਡ ਇਨਵਾਇਰਮੈਂਟਲ ਸਾਇੰਸਜ਼ ਵਿਭਾਗ ਨੇ ਆਏ ਹੋਏ ਮਹਿਮਾਨਾਂ ਅਤੇ ਵਿਦਿਆਰਥੀਆਂ ਦਾ ਸੁਆਗਤ ਕਰਦਿਆਂ ਜੈਵ ਵਿਭਿੰਨਤਾ ਦੀ ਸੰਭਾਲ ਲਈ ਟਿਕਾਊ ਰਣਨੀਤੀਆਂ ਅਪਣਾਉਣ ਤੇ ਜੋਰ ਦੇਂਦਿਆਂ ਕਿਹਾ ਕਿ ਮਨੁੱਖੀ ਜੀਵਨ ਨੂੰ ਸਹਾਰਾ ਦੇਣ ਲਈ ਭਰਪੂਰ ਜੈਵ ਵਿਭਿੰਨਤਾ ਵਾਲਾ ਵਾਤਾਵਰਣ ਜ਼ਰੂਰੀ ਹੈ ਅਤੇ ਇਸ ਦੇ ਲਈ ਸਾਨੂੰ ਜਾਗਰੂਕ ਹੋਣਾ ਚਾਹੀਦਾ ਹੈ। ਸਮਾਗਮ ਦੀ ਕੋਆਰਡੀਨੇਟਰ ਡਾ. ਨੀਤਿਕਾ ਕਪੂਰ ਵੱਲੋਂ ਜੈਵਿਕ ਵਿਭਿੰਨਤਾ ਲਈ ਅੰਤਰਰਾਸ਼ਟਰੀ ਦਿਵਸ 2023 "ਸਮਝੌਤੇ ਤੋਂ ਐਕਸ਼ਨ: ਬਿਲਡ ਬੈਕ ਜੈਵ ਵਿਭਿੰਨਤਾ" ਦੇ ਥੀਮ ਬਾਰੇ ਵਿਸਥਾਰ ਪੂਰਵਕ ਦਸਦਿਆਂ ਉਹਨਾਂ ਨੇ ਵਚਨਬੱਧਤਾਵਾਂ ਤੋਂ ਅੱਗੇ ਵਧ ਕੇ ਅਤੇ ਜੈਵ ਵਿਭਿੰਨਤਾ ਨੂੰ ਮੁੜ ਬਹਾਲ ਕਰਨ ਲਈ ਜੈਵ ਵਿਭਿੰਨਤਾ ਦੀ ਸੰਭਾਲ ਦੀ ਤੁਰੰਤ ਲੋੜ ਨੂੰ ਸਮਝਣ ਵੱਲ ਇਸ਼ਾਰਾ ਕੀਤਾ । ਉਦਘਾਟਨੀ ਸੈਸ਼ਨ ਤੋਂ ਬਾਅਦ ਅਗਲੇ ਸੈਸ਼ਨ ਦੀ ਸ਼ੁਰੂਆਤ ਕਰਦਿਆਂ ਪ੍ਰੋ: ਅਵਿਨਾਸ਼ ਨਾਗਪਾਲ ਅਤੇ ਪ੍ਰੋ: ਸਤਵਿੰਦਰਜੀਤ ਕੌਰ, ਬੋਟੈਨੀਕਲ ਐਂਡ ਇਨਵਾਇਰਮੈਂਟਲ ਸਾਇੰਸਜ਼ ਵਿਭਾਗ ਨੇ ਕਿਹਾ ਕਿ ਜੈਵ ਵਿੰਭਿਨਤਾ ਪ੍ਰਤੀ ਅਣਗਹਿਲੀ ਦਾ ਖਮਿਆਜਾ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਭੁਗਤਨਾ ਪਵੇਗਾ। ਉਹਨਾਂ ਕਿਹਾ ਕਿ ਸਾਨੂੰ ਸਮਾਂ ਰਹਿੰਦਿਆਂ ਹੀ ਸੁਚੇਤ ਹੋ ਜਾਣਾ ਚਾਹੀਦਾ ਹੈ ਕਿ ਕੁਦਰਤੀ ਸਰੋਤਾਂ ਨਾਲ ਨਿੱਜੀ ਸੁਆਰਥਾਂ ਲਈ ਹੋ ਰਹੀ ਛੇੜ-ਛਾੜ ਕੁਦਰਤ ਦੇ ਸੰਤੁਲਨ ਨੂੰ ਵਿਗਾੜ ਦੇਵੇਗੀ । ਇਸ ਮੌਕੇ ਤੇ ਪ੍ਰੋ: ਅਵਿਨਾਸ਼ ਨਾਗਪਾਲ ਨੇ ਬੋਟੈਨੀਕਲ ਐਂਡ ਇਨਵਾਇਰਮੈਂਟਲ ਸਾਇੰਸਜ਼ ਵਿਭਾਗ, ਜੀਐਨਡੀਯੂ, ਅੰਮ੍ਰਿਤਸਰ ਵਿਖੇ ਖੋਜਕਰਤਾਵਾਂ ਦੀ ਟੀਮ ਦੁਆਰਾ ਵਿਕਸਤ ਕੀਤੇ ਗਏ ਪੌਦਿਆਂ ਦੇ ਇਲੈਕਟ੍ਰਾਨਿਕ ਡੇਟਾਬੇਸ ਬਾਰੇ ਜਾਗਰੂਕ ਕੀਤਾ।

ਉਨਾਂ ਨੇ ਡਾਟਾ ਬੇਸ ਨੂੰ ਰੁੱਖਾਂ ਅਤੇ ਝਾੜੀਆਂ ਦਾ ਇਲੈਕਟ੍ਰਾਨਿਕ ਡੇਟਾਬੇਸ, ਜੜੀ ਬੂਟੀਆਂ ਦਾ ਇਲੈਕਟ੍ਰਾਨਿਕ ਡੇਟਾਬੇਸ ਅਤੇ ਇਲੈਕਟ੍ਰਾਨਿਕ ਗੁਰੂ ਨਾਨਕ ਦੇਵ ਯੂਨੀਵਰਸਿਟੀ ਹਰਬੇਰੀਅਮ ਵਿੱਚ ਵੰਡਦਿਆ ਦੱਸਿਆ ਕਿ ਇਹ ਡਾਟਾਬੇਸ ਜੈਵ ਵਿਭਿੰਨਤਾ ਦੇ ਵੱਖ-ਵੱਖ ਪਹਿਲੂਆਂ ਨੂੰ ਸਮਝਣ ਵਿਚ ਸਹਾਈ ਹੋਵੇਗਾ। ਪ੍ਰੋ. ਸਤਵਿੰਦਰਜੀਤ ਕੌਰ ਨੇ ਚਿਕਿਤਸਕ ਪੌਦਿਆਂ ਦੇ ਵਿਸ਼ੇਸ਼ ਸੰਦਰਭ ਵਿੱਚ ਲੁਪਤ ਹੋ ਰਹੀਆਂ ਪੌਦਿਆਂ ਦੀਆਂ ਕਿਸਮਾਂ ਦੀ ਸੰਭਾਲ ਲਈ ਨਵੀਨਤਮ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ। ਮਾਹਿਰਾਂ ਦੇ ਲੈਕਚਰ ਤੋਂ ਬਾਅਦ ਸਲੋਗਨ ਰਾਈਟਿੰਗ ਅਤੇ ਪੋਟਡ ਪਲਾਂਟ ਮੁਕਾਬਲੇ ਕਰਵਾਏ ਗਏ ਜੋ ਕਿ ਬੋਟੈਨੀਕਲ ਐਂਡ ਇਨਵਾਇਰਮੈਂਟਲ ਸਾਇੰਸਜ਼ ਵਿਭਾਗ ਦੇ ਡਾ: ਆਸਥਾ ਭਾਟੀਆ, ਡਾ: ਸੰਦੀਪ ਕੌਰ ਅਤੇ ਡਾ: ਕ੍ਰਿਤਿਕਾ ਪੰਡਿਤ ਦੀ ਦੇਖ- ਰੇਖ ਹੇਠ ਕਰਵਾਏ ਗਏ। ਯੂਨੀਵਰਸਿਟੀ ਅਤੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਮੁਕਾਬਲਿਆਂ ਵਿੱਚ ਭਾਗ ਲਿਆ ।

# ਸਮਾਰਟ ਰਾਸ਼ਨ ਡਿੱਪੂ ਜਲਦੀ ਸ਼ੁਰੂ ਕੀਤੇ ਜਾਣ ਤਾਂ ਜੋ ਲੋਕ ਵੰਡ ਪ੍ਰਣਾਲੀ ਦਾ ਲੋਕਾਂ ਨੂੰ ਲਾਭ ਮਿਲੇ : ਕਟਾਰੂਚੱਕ



**ਪਠਾਨਕੋਟ, (ਦਵਿੰਦਰ ਸਿੰਘ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਲੋਕ ਵੰਡ ਪ੍ਰਣਾਲੀ ਨੂੰ ਹੋਰ ਅਸਰਦਾਰ ਬਣਾਉਣ ਲਈ ਪੂਰਨ ਤੌਰ ਉੱਤੇ ਵਚਨਬੱਧ ਹੈ। ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਮੰਤਰੀ ਪੰਜਾਬ ਨੇ ਲੋਕ ਵੰਡ ਪ੍ਰਣਾਲੀ ਦੀ ਸਮੀਖਿਆ ਕਰਦਿਆਂ ਕੀਤਾ। ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਉਨ੍ਹਾਂ ਵੱਲੋਂ ਵਿਭਾਗੀ ਅਧਿਕਾਰੀਆਂ ਨੂੰ ਇਹ ਨਿਰਦੇਸ਼ ਦਿੱਤੇ ਗਏ ਕਿ ਸਮਾਰਟ ਰਾਸ਼ਨ ਡਿਪੂ ਛੇਤੀ ਤੋਂ ਛੇਤੀ ਸ਼ੁਰੂ ਕਰ ਦਿੱਤੇ ਜਾਣ ਤਾਂ ਜੋ ਲਾਭਪਾਤਰੀਆਂ ਨੂੰ ਨਿਰਵਿਘਨ ਢੰਗ ਨਾਲ ਬਣਦਾ ਰਾਸ਼ਨ ਮੁਹੱਈਆ ਕਰਵਾਉਣਾ ਯਕੀਨੀ ਬਣਾਇਆ ਜਾ ਸਕੇ। ਇਸ ਤੋਂ ਇਲਾਵਾ ਰਾਸ਼ਨ ਦੀ ਵੰਡ ਵਿੱਚ ਪਾਰਦਰਸ਼ਿਤਾ ਯਕੀਨੀ ਬਣਾਉਣ ਲਈ ਸਮਾਰਟ ਤੋਲ ਮਸ਼ੀਨਾਂ ਦੇ ਟੈਂਡਰ ਲਾਉਣ ਦੇ ਹੁਕਮ ਵੀ ਦਿੱਤੇ ਗਏ ਹਨ। ਇਸ ਤੋਂ ਇਲਾਵਾ ਕਣਕ ਦੀ ਵੰਡ ਵਿੱਚ ਪਾਰਦਰਸ਼ਿਤਾ ਲਿਆਉਣ ਲਈ ਹੁਕਮ ਜਾਰੀ ਕੀਤੇ ਗਏ ਕਿ ਹਰੇਕ ਰਾਸ਼ਨ ਡਿਪੂ ਤੇ ਲਾਭਪਾਤਰੀਆਂ ਦੇ ਬਣਦੇ ਰਾਸ਼ਨ ਦੀ ਮਾਤਰਾ ਪੰਜਾਬੀ ਅਤੇ ਹਿੰਦੀ ਭਾਸ਼ਾ ਵਿੱਚ ਸਮੇਤ ਹੈਲਪਲਾਈਨ ਨੰਬਰ ਸਪੱਸ਼ਟ ਤੌਰ ਉੱਤੇ ਦਰਸਾਈ ਜਾਵੇ ਤਾਂ ਜੋ ਪ੍ਰਵਾਸੀ ਲਾਭਪਾਤਰੀਆਂ ਨੂੰ ਵੀ ਰਾਸ਼ਨ ਮਿਲਣ ਵਿੱਚ ਕੋਈ ਦਿੱਕਤ ਨਾ ਆਏ। ਉਨ੍ਹਾਂ ਦੱਸਿਆ ਕਿ ਲੋਕ ਵੰਡ ਪ੍ਰਣਾਲੀ ਨੂੰ ਹੋਰ ਅਸਰਦਾਰ ਬਣਾਉਣ ਲਈ ਹਰੇਕ ਡਿਪੂ ਉੱਤੇ ਸਮਾਰਟ ਈ ਪੋਜ਼ ਮਸ਼ੀਨ ਉਪਲਬਧ ਕਰਵਾਉਣ ਲਈ ਟੈਂਡਰ ਪ੍ਰਕਿਰਿਆ ਆਰੰਭ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਖਪਤਕਾਰਾਂ ਦੇ ਨਾਲ ਨਾਲ ਡਿਪੂ ਹੋਲਡਰਾਂ ਦੇ ਵਾਜਬ ਹੱਕਾਂ ਦੀ ਰਾਖੀ ਲਈ ਵਚਨਬੱਧ ਹੈ।

# ਡਰੱਗ ਇੰਸਪੈਕਟਰ ਨੂੰ ਬੰਦੀ ਬਣਾਉਣ ਵਾਲਿਆਂ ਖਿਲਾਫ ਤੁਰੰਤ ਕਾਰਵਾਈ ਕਰੇ ਪੁਲਸ ਪ੍ਰਸ਼ਾਸਨ : ਦਰਾਜਕੇ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਬੀਤੇ ਕੁਝ ਦਿਨ ਪਹਿਲਾਂ ਡਰੱਗ ਇੰਸਪੈਕਟਰ ਹਰਪ੍ਰੀਤ ਸਿੰਘ ਅਤੇ ਉਨ੍ਹਾਂ ਦੇ ਸਹਾਇਕ ਮੈਡੀਕਲ ਅਫਸਰ ਬੇਅੰਤ ਸਿੰਘ ਨੂੰ ਹਰੀਕੇ ਦੇ ਕੈਮਿਸਟਾਂ ਵੱਲੋਂ ਮੈਡੀਕਲ ਸਟੋਰਾਂ ਦੀ ਚੈਕਿੰਗ ਕਰਨ 'ਤੇ ਬੰਦੀ ਬਣਾ ਕੇ ਅਪਸ਼ਬਦ ਬੋਲਣਾ ਬੇਹੱਦ ਨਿੰਦਣਯੋਗ ਘਟਨਾ ਹੈ।

ਸਮਾਜ 'ਚ ਮੌਜੂਦ ਅਜਿਹੇ ਭੈੜੇ ਅਨਸਰਾਂ ਖਿਲਾਫ ਪੁਲਸ ਪ੍ਰਸ਼ਾਸਨ ਨੂੰ ਸਖਤ ਕਾਰਵਾਈ ਕਰਕੇ ਮਿਸਾਲ ਕਾਇਮ ਕਰਨੀ ਚਾਹੀਦੀ ਹੈ ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਨੱਥ ਪਾਈ ਜਾ ਸਕੇ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਚਮਨ ਲਾਲ ਦਰਾਜਕੇ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਤੇ ਸਾਬਕਾ ਸਰਪੰਚ ਕਾਬਲ ਸਿੰਘ ਪਹਿਲਵਾਨਕੇ, ਦਿਹਾਤੀ ਮਜ਼ਦੂਰ ਸਭਾ ਦੇ ਤਹਿਸੀਲ ਪ੍ਰਧਾਨ ਹਰਜਿੰਦਰ ਸਿੰਘ ਚੂੰਘ, ਸਵਿੰਦਰ ਸਿੰਘ ਚੱਕ, ਜਸਵੰਤ ਸਿੰਘ ਭਿੱਖੀਵਿੰਡ ਆਦਿ ਆਗੂਆਂ ਨੇ ਭਿੱਖੀਵਿੰਡ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਪਰੋਕਤ ਆਗੂਆਂ ਨੇ ਕਿਹਾ ਕਿ ਹਰੀਕੇ ਦੇ ਕੈਮਿਸਟਾਂ ਵੱਲੋਂ ਡਰੱਗ ਇੰਸਪੈਕਟਰ ਤਰਨ ਤਾਰਨ ਹਰਪ੍ਰੀਤ ਸਿੰਘ ਅਤੇ ਉਨ੍ਹਾਂ ਦੇ ਸਹਾਇਕ ਮੈਡੀਕਲ ਅਫਸਰ ਬੇਅੰਤ ਸਿੰਘ ਨੂੰ ਮੈਡੀਕਲ ਸਟੋਰਾਂ ਦੀ ਚੈਕਿੰਗ ਕਰਨ 'ਤੇ ਬੰਦੀ ਬਣਾਉਣਾ ਤੇ ਉਨ੍ਹਾਂ ਨਾਲ ਗਾਲੀ ਗਲੋਚ ਕਰਨਾ ਇਹ ਦਰਸਾਉਂਦਾ ਹੈ ਕਿ ਇਨ੍ਹਾਂ ਲੋਕਾਂ ਨੂੰ ਕਾਨੂੰਨ ਦਾ ਕੋਈ ਡਰ-ਭੈਅ ਨਹੀਂ ਹੈ। ਇਸ ਮੌਕੇ ਆਗੂਆਂ ਨੇ ਐਸਐਸਪੀ ਤਰਨਤਾਰਨ ਤੋਂ ਮੰਗ ਕਰਦਿਆਂ ਕਿਹਾ ਕਿ ਹਮਲਾਵਾਰਾਂ ਨੂੰ ਫੌਰੀ ਤੌਰ 'ਤੇ ਗ੍ਰਿਫਤਾਰ ਕਰਕੇ ਕਰੜੀਆਂ ਸਜ਼ਾਵਾਂ ਦਿੱਤੀਆਂ ਜਾਣ।

ਇਸ ਮੌਕੇ ਗੁਰਲਾਲ ਸਿੰਘ ਅਲਗੋਂ, ਗੱਜਣ ਨਾਰਲਾ, ਡਾ. ਗੁਰਬਖਸ਼ ਸਿੰਘ ਪਹੂਵਿੰਡ, ਸੁਖਦੇਵ ਸਿੰਘ ਬੱਬੀ ਪਹਿਲਵਾਨਕੇ ਆਦਿ ਆਗੂ ਹਾਜ਼ਰ ਸਨ।

# ਗੁਰੂ ਦੀ ਹਾਜ਼ਰੀ 'ਚ ਇਤਰਾਜ਼ਯੋਗ ਵੀਡੀਓ ਦੇਖਣ ਦੀ ਹਰਕਤ ਵਾਇਰਲ

## ਸਤਿਕਾਰ ਕਮੇਟੀਆਂ ਨੇ ਲਿਆ ਸਖਤ ਐਕਸ਼ਨ, ਡੀ ਐੱਸ ਪੀ ਨੂੰ ਦਿੱਤੀ ਲਿਖਤੀ ਦਰਖਾਸਤ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਜ਼ਿਲ੍ਹਾ ਤਰਨ ਤਾਰਨ ਅਧੀਨ ਪੈਂਦੇ ਪਿੰਡ ਕੋਟਬੁੱਢਾ 'ਚ ਸਥਿਤ ਇੱਕ ਗੁਰਦੁਆਰਾ ਸਾਹਿਬ 'ਚ ਰਹਿੰਦੇ ਗ੍ਰੰਥੀ ਸਿੰਘ ਦੇ ਲੜਕੇ ਵੱਲੋਂ ਗੁਰੂ ਮਹਾਰਾਜ ਦੀ ਹਜ਼ੂਰੀ 'ਚ ਬੈਠ ਕੇ ਇਤਰਾਜ਼ਯੋਗ ਵੀਡੀਓ ਦੇਖਣ ਅਤੇ ਬਾਅਦ 'ਚ ਗੁਰਦੁਆਰਾ ਸਾਹਿਬ ਦੇ ਬਾਥਰੂਮ ਵਿੱਚ ਦੁਸ਼ਕਰਮ ਕਰਨ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ, ਜਿਸ ਕਾਰਨ ਜਿੱਥੇ ਸਮੂਹ ਸਿੱਖ ਜਗਤ ਵਿੱਚ ਨੌਜਵਾਨ ਪ੍ਰਤੀ ਗੁੱਸਾ ਪਾਇਆ ਜਾ ਰਿਹਾ ਹੈ, ਉਥੇ ਹੀ ਸਤਿਕਾਰ ਕਮੇਟੀਆਂ ਵੱਲੋਂ ਇਸ ਘਟਨਾ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਬੇਅਦਬੀ ਕਰਾਰ ਦਿੱਤਾ ਜਾ ਰਿਹਾ ਹੈ। ਇਸ ਮਾਮਲੇ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਤਿਕਾਰ ਕਮੇਟੀ ਪੰਜਾਬ ਪ੍ਰਧਾਨ ਭਾਈ ਰਣਜੀਤ ਸਿੰਘ ਉਧੋਕੇ ਨੇ ਕਿਹਾ ਕਿ ਉਨ੍ਹਾਂ ਨੂੰ ਉਪਰੋਕਤ ਨੌਜਵਾਨ ਵੱਲੋਂ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਵੀਡੀਓ ਕਿਸੇ ਗੁਪਤ ਵਿਅਕਤੀ ਨੇ ਭੇਜੀ ਸੀ। ਉਨ੍ਹਾਂ ਕਿਹਾ ਕਿ ਉਪਰੋਕਤ ਨੌਜਵਾਨ ਵੱਲੋਂ ਗੁਰੂ ਸਾਹਿਬ ਦੀ ਹਜ਼ੂਰੀ 'ਚ ਅਜਿਹਾ ਕਰਨਾ ਗੁਰੂ ਸਾਹਿਬ ਦੀ ਬੇਅਦਬੀ ਹੈ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਵੱਲੋਂ ਇਸ ਮਾਮਲੇ ਸੰਬੰਧੀ ਇੱਕ ਲਿਖਤੀ ਦਰਖਾਸਤ ਡੀਐੱਸਪੀ ਪੱਟੀ ਨੂੰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨੂੰ ਪੁਲਸ ਪ੍ਰਸ਼ਾਸਨ ਵੱਲੋਂ ਉਪਰੋਕਤ ਨੌਜਵਾਨ ਵਿਰੁੱਧ ਬਣਦੀਆਂ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਨ ਦਾ ਵਿਸ਼ਵਾਸ ਦਿਵਾਇਆ ਗਿਆ ਹੈ। ਉੱਧਰ ਜਦੋਂ ਇਸ ਮਾਮਲੇ ਸਬੰਧੀ ਡੀਐੱਸਪੀ ਪੱਟੀ ਸਤਨਾਮ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਸਤਿਕਾਰ ਕਮੇਟੀ ਵੱਲੋਂ ਉਨ੍ਹਾਂ ਨੂੰ ਇਕ ਦਰਖਾਸਤ ਦਿੱਤੀ ਗਈ ਹੈ, ਜਿਸ ਨੂੰ ਉਨ੍ਹਾਂ ਨੇ ਐੱਸਐੱਚਓ ਪੱਟੀ ਨੂੰ ਮਾਰਕ ਕਰ ਦਿੱਤਾ ਹੈ। ਡੀਐੱਸਪੀ ਨੇ ਕਿਹਾ ਕਿ ਮਾਮਲੇ ਦੀ ਬਰੀਕੀ ਨਾਲ ਜਾਂਚ ਕਰਕੇ ਬਣਦੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।

# ਵੋਟਰ ਸੂਚੀ ਦੀ ਸੁਧਾਈ ਦਾ ਕੰਮ ਸ਼ੁਰੂ, ਦਾਅਵੇ ਤੇ ਇਤਰਾਜ਼ 31 ਨਵੰਬਰ ਤੱਕ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਭਾਰਤ ਚੋਣ ਕਮਿਸ਼ਨ ਵੱਲੋਂ 01 ਜਨਵਰੀ, 2024 ਦੇ ਆਧਾਰ ਤੇ ਵੋਟਰ ਸੂਚੀ ਦੀ ਸੁਧਾਈ ਦਾ ਕੰਮ ਸ਼ੁਰੂ ਕੀਤਾ ਜਾ ਚੁੱਕਾ ਹੈ, ਜਿਸ ਤਹਿਤ ਨਵੇਂ ਵੋਟ ਬਣਵਾਉਣ ਤੋਂ ਇਲਾਵਾ ਜਿਹੜੇ ਮਤਦਾਤਾ ਕੋਈ ਦਰੁਸਤੀ ਜਾਂ ਵੋਟ ਕਟਵਾਉਣੀ ਚਾਹੁੰਦੇ ਹਨ ਤਾਂ ਆਪਣੇ ਬੂਥ ਲੈਵਲ ਅਫ਼ਸਰ ਜਾਂ ਨੇੜੇ ਪੈਂਦੇ ਐਸ ਡੀ ਐਮ ਕਮ ਮਤਾਦਾਤਾ ਰਜਿਸਟ੍ਰੇਸ਼ਨ ਅਫ਼ਸਰ ਦੇ ਦਫ਼ਤਰ ਵਿਖੇ ਲੋੜੀਂਦੇ ਫ਼ਾਰਮ ਭਰ ਕੇ ਦਾਅਵਾ ਜਾਂ ਇਤਰਾਜ਼ ਪੇਸ਼ ਕਰ ਸਕਦੇ ਹਨ। ਜ਼ਿਲ੍ਹਾ ਚੋਣ ਅਫ਼ਸਰ-ਕਮ- ਡਿਪਟੀ ਕਮਿਸ਼ਨਰ ਤਰਨ ਤਾਰਨ ਸੰਦੀਪ ਰਿਸ਼ੀ ਨੇ ਕਿਹਾ ਕਿ ਈਆਰਓ,ਏਈਆਰਓ ਅਤੇ ਬੀਐਲਓਜ਼ ਦੀ ਟ੍ਰੇਨਿੰਗ 1 ਜੂਨ 2023 ਤੋਂ 20 ਜੁਲਾਈ 2023 ਤੱਕ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਬੀਐਲਓਜ਼ ਵਲੋਂ ਘਰ-ਘਰ ਜਾ ਕੇ ਵੈਰੀਫਿਕੇਸ਼ਨ ਅਤੇ ਪੋਲਿੰਗ ਸਟੇਸ਼ਨਾ ਦੇ ਮੁੜ ਪ੍ਰਬੰਧਾਂ ਦਾ ਕੰਮ 23 ਜੁਲਾਈ 2023 ਤੋਂ 23 ਅਗਸਤ 2023 ਤੱਕ ਮੁਕੰਮਲ ਕਰ ਲਿਆ ਜਾਵੇਗਾ। ਇਸੇ ਤਰ੍ਹਾਂ ਜੇਕਰ ਕਿਸੇ ਵੋਟਰ ਵਲੋਂ ਕੋਈ ਦਰੁਸਤੀ ਕਰਵਾਉਣੀ ਹੋਵੇ ਜਿਵੇਂ ਕਿ ਵੋਟਰ ਦੀ ਫੋਟੋ,ਪੋਲਿੰਗ ਸਟੇਸ਼ਨ, ਨਾਮ ਅਤੇ ਪਤਾ ਆਦਿ ਵਿਚ ਦਰੁਸਤੀ ਦੇ ਲਈ 22 ਅਗਸਤ ਤੋਂ 29 ਸਤੰਬਰ ਤੱਕ ਮੁਹਿੰਮ ਚਲਾ ਕੇ ਵੋਟਰ ਸੂਚੀਆਂ ਦੀ ਸੁਧਾਈ ਪੂਰੀ ਕੀਤੀ ਜਾਵੇਗੀ। ਇਸ ਤੋਂ ਇਲਾਵਾ ਦਾਅਵੇ ਅਤੇ ਇਤਰਾਜ਼ 17 ਅਕਤੂਬਰ ਤੋਂ 31 ਨਵੰਬਰ ਤੱਕ ਪ੍ਰਾਪਤ ਕਰਕੇ 26 ਦਸੰਬਰ ਤੱਕ ਨਿਪਟਾਰੇ ਕੀਤੇ ਜਾਣਗੇ। ਜ਼ਿਲ੍ਹਾ ਚੋਣ ਅਫ਼ਸਰ ਨੇ ਜ਼ਿਲ੍ਹੇ ਦੇ 18 ਸਾਲ ਦੀ ਉਮਰ ਪੂਰੀ ਕਰਨ ਜਾ ਰਹੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਗਿਣਤੀ 'ਚ ਆਪੋ-ਆਪਣੇ ਬੂਥ ਦੇ ਬੀਐਲਓ ਰਾਹੀਂ ਫ਼ਾਰਮ ਨੰ. 6 ਭਰ ਕੇ ਆਪਣੀ ਵੋਟ ਰਜਿਸਟਰ ਕਰਵਾਉਣ ਦਾ ਸੱਦਾ ਵੀ ਦਿੱਤਾ। ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਚੋਣ ਅਫ਼ਸਰ ਅਨੁਸਾਰ ਵੋਟਰ ਸੂਚੀ ਦੀ ਸੁਧਾਈ ਮੁਹਿੰਮ ਦੀ ਮੁਕੰਮਲਤਾ ਬਾਅਦ 5 ਜਨਵਰੀ 2024 ਨੂੰ ਮਤਦਾਤਾ ਸੂਚੀ ਦੀ ਅੰਤਮ ਪ੍ਰਕਾਸ਼ਨਾ ਕੀਤੀ ਜਾਵੇਗੀ।

# ਸੰਭਾਵਿਤ ਹੜ੍ਹਾਂ ਲਈ ਕੀਤੇ ਅਗੇਤੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਡੀਸੀ ਵੱਲੋਂ ਰੀਵਿਊ ਮੀਟਿੰਗ



**ਪਠਾਨਕੋਟ (ਦਵਿੰਦਰ ਸਿੰਘ)**-ਜ਼ਿਲ੍ਹਾ ਪਠਾਨਕੋਟ ਵਿੱਚ ਸੰਭਾਵਿਤ ਹੜ੍ਹਾਂ ਨੂੰ ਲੈ ਕੇ ਅਗੇਤੇ ਕੀਤੇ ਜਾਣ ਵਾਲੇ ਕੀਤੇ ਪ੍ਰਬੰਧਾਂ ਸਬੰਧੀ ਸ. ਹਰਬੀਰ ਸਿੰਘ ਡਿਪਟੀ ਕਮਿਸਨਰ ਪਠਾਨਕੋਟ ਵੱਲੋਂ ਸਬੰਧਤ ਵੱਖ ਵੱਖ ਵਿਭਾਗਾਂ ਦੇ ਜਿਲ੍ਹਾ ਅਧਿਕਾਰੀਆਂ ਨਾਲ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਪਠਾਨਕੋਟ ਵਿਖੇ ਸਥਿਤ ਮੀਟਿੰਗ ਹਾਲ ਵਿੱਚ ਇੱਕ ਵਿਸੇਸ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੋਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਕਾਲਾ ਰਾਮ ਕਾਂਸਲ ਐਸ.ਡੀ.ਐਮ. ਪਠਾਨਕੋਟ, ਲਛਮਣ ਸਿੰਘ ਤਹਿਸੀਲਦਾਰ ਪਠਾਨਕੋਟ, ਰਾਮ ਲੁਭਾਇਆ ਜਿਲ੍ਹਾ ਲੋਕ ਸੰਪਰਕ ਅਫਸਰ ਪਠਾਨਕੋਟ, ਡਾ. ਰਜਿੰਦਰ ਕੁਮਾਰ ਮੁੱਖ ਖੇਤੀ ਬਾੜੀ ਅਫਸਰ ਪਠਾਨਕੋਟ, ਰਜਨੀਸ ਕੌਰ ਜਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਪਠਾਨਕੋਟ, ਸੁਖਚੈਨ ਸਿੰਘ ਜਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਪਠਾਨਕੋਟ ਅਤੇ ਸਬੰਧਤ ਵਿਭਾਗੀ ਅਧਿਕਾਰੀ ਹਾਜ਼ਰ ਸਨ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਹਰਬੀਰ ਸਿੰਘ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਿੰਡਾਂ 'ਚ ਹੜ੍ਹਾਂ ਦੀ ਸੰਭਾਵਨਾ ਬਣੀ ਰਹਿੰਦੀ ਹੈ। ਉਨ੍ਹਾਂ ਵਿਭਾਗੀ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਕਿਸੇ ਵੀ ਅਜਿਹੀ ਸਥਿਤੀ ਲਈ ਪੂਰੀ ਤਰ੍ਹਾਂ ਨਾਲ ਤਿਆਰ ਰਿਹਾ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸੰਭਾਵਿਤ ਹੜ੍ਹਾਂ ਨੂੰ ਲੈ ਕੇ ਜ਼ਿਲ੍ਹੇ ਅੰਦਰ ਜੋ ਵੀ ਸਮਾਨ ਜਿਵੇਂ ਵੋਟਸ, ਇੰਜਣ, ਲਾਈਫ ਜੈਕਿਟ ਆਦਿ ਸਮਾਨ ਨੂੰ ਤਿਆਰ ਕਰਕੇ ਰੱਖਿਆ ਜਾਵੇ ਤਾਂ ਜੋ ਲੋੜ ਪੈਣ ਤੇ ਜ਼ਰੂਰਤ ਨੂੰ ਪੂਰਾ ਕੀਤਾ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਉੱਜ ਦਰਿਆ ਦੇ ਨਜਦੀਕ ਲਗਦੇ ਪਿੰਡਾਂ ਅਤੇ ਬਲਾਕ ਬਮਿਆਲ ਅਧੀਨ ਸੰਭਾਵਿਤ ਹੜ੍ਹਾਂ ਦੀ ਮਾਰ ਹੇਠ ਆਉਂਣ ਵਾਲੇ ਪਿੰਡਾਂ ਨੂੰ ਲੈ ਕੇ ਪੂਰੀ ਤਰ੍ਹਾਂ ਨਾਲ ਤਿਆਰ ਰਿਹਾ ਜਾਵੇ। ਦਵਾਈਆਂ ਦਾ ਸਟਾਕ ਅਤੇ ਮੈਡੀਕਲ ਟੀਮਾਂ ਬਣਾ ਕੇ ਤਿਆਰ ਰੱਖੀਆਂ ਜਾਣ। ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਿਲ੍ਹੇ ਅੰਦਰ ਕੰਟਰੋਲ ਰੂਮ ਵੀ ਸਥਾਪਤ ਕਰ ਲਏ ਗਏ ਹਨ ਅਤੇ ਅਧਿਕਾਰੀਆਂ ਦੀ ਵੀ ਡਿਊਟੀ ਲਗਾ ਦਿੱਤੀ ਗਈ ਹੈ। ਉਨ੍ਹਾਂ ਪਸ਼ੂ ਪਾਲਣ ਵਿਭਾਗ ਨੂੰ ਵੀ ਹਦਾਇਤ ਕਰਦਿਆਂ ਕਿਹਾ ਕਿ ਸੰਭਾਵਿਤ ਹੜ੍ਹਾਂ ਦੌਰਾਨ ਪਸ਼ੂਆਂ ਦੇ ਲਈ ਚਾਰੇ ਸਬੰਧੀ ਅਗੇਤੇ ਪਬੰਧ ਵੀ ਕੀਤੇ ਜਾਣ।

# ਸਾਬਕਾ ਵਿਧਾਇਕ ਰੁਮਾਲ ਚੰਦ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ ਦੇ ਸੀਨੀਅਰ ਕਾਂਗਰਸੀ ਆਗੂ ਤੇ ਮੌਜੂਦਾ ਸਰਪੰਚ ਰਾਮ ਲੁਭਾਇਆ ਨੂੰ ਉਸ ਸਮੇਂ ਗ਼ਹਿਰਾ ਸਦਮਾ ਪੁੱਜਾ ਜਦੋਂ ਉਨ੍ਹਾਂ ਦੇ ਸਤਿਕਾਰਯੋਗ ਜੀਜਾ ਸਾਬਕਾ ਵਿਧਾਇਕ ਰੁਮਾਲ ਚੰਦ ਨਰੋਟ ਮਹਿਰਾ ਦੀ ਅਚਾਨਕ ਮੌਤ 'ਤੇ ਇਲਾਕੇ ਦੇ ਪੰਚਾਂ-ਸਰਪੰਚਾਂ ਤੇ ਸਮਾਜ ਸੇਵੀ ਤੇ ਵੱਖ-ਵੱਖ ਪਾਰਟੀ ਦੇ ਆਗੂਆਂ ਨੇ ਗ਼ਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

ਇਸ ਮੌਕੇ ਹਲਕਾ ਵਿਧਾਇਕਾ ਦੀਨਾਨਗਰ ਅਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਅਰੁਣਾ ਚੌਧਰੀ, ਸੀਨੀਅਰ ਕਾਂਗਰਸੀ ਆਗੂ ਅਸ਼ੋਕ ਚੌਧਰੀ, ਅਮਰਜੀਤ ਸਿੰਘ ਸੈਣੀ ਜ਼ੋਨ ਇੰਚਾਰਜ, ਬਾਬਾ ਰਣਜੀਤ ਸਿੰਘ ਜ਼ੋਨ ਇੰਚਾਰਜ, ਉਪ ਪ੍ਰਧਾਨ ਡਿਪੂ ਯੂਨੀਅਨ ਪੰਜਾਬ ਨਰਿੰਦਰ ਸ਼ਰਮਾ, ਮਜੀਦਾ ਸਰਪੰਚ ਕਰਾਲ, ਅਮਨੀਤ ਕੁਮਾਰ ਸਰਪੰਚ ਦਊਵਾਲ, ਡਾ. ਬਲਕਾਰ ਸਿੰਘ ਟਾਂਡਾ, ਸੁਸ਼ੀਲ ਵਰਮਾ, ਵਿਪਨ ਵਰਮਾ, ਨੀਲਮ ਵਰਮਾ ਬਲਾਕ ਸੰਮਤੀ ਮੈਂਬਰ, ਮਾ. ਰਵਿੰਦਰ ਸਿੰਘ ਸੈਦੋਵਾਲ, ਬਲਕਾਰ ਸਿੰਘ, ਡਾ. ਫਤਿਹ ਸਿੰਘ ਤੋਂ ਇਲਾਵਾ ਅਨੇਕਾਂ ਆਗੂਆਂ ਨੇ ਉਨ੍ਹਾਂ ਨਾਲ ਦੁੱਖ ਸਾਂਝਾ ਕੀਤਾ। ਬੇਟ ਇਲਾਕੇ ਦੇ ਕਾਂਗਰਸੀ ਆਗੂਆਂ ਨੇ 2 ਮਿੰਟ ਦਾ ਮੌਨ ਧਾਰਨ ਕਰਕੇ ਰੁਮਾਲ ਚੰਦ ਨੂੰ ਸ਼ਰਧਾਂਜਲੀ ਭੇਟ ਕੀਤੀ।

# ਕੈਬਨਿਟ ਮੰਤਰੀ ਈਟੀਓ ਨੇ ਤਹਿਸੀਲ ਅੰਮ੍ਰਿਤਸਰ ਦੀ ਕੀਤੀ ਅਚਨਚੇਤ ਚੈਕਿੰਗ



**ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)**-ਹਰਭਜਨ ਸਿੰਘ ਈਟੀਓ ਬਿਜਲੀ ਅਤੇ ਲੋਕ ਨਿਰਮਾਣ ਮੰਤਰੀ ਪੰਜਾਬ ਵੱਲੋਂ ਅਚਾਨਕ ਤਹਿਸੀਲ ਅੰਮ੍ਰਿਤਸਰ-1, 2 ਅਤੇ ਅੰਮ੍ਰਿਤਸਰ-3 ਦੀ ਅਚਨਚੇਤ ਚੈਕਿੰਗ ਕੀਤੀ ਅਤੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸਮੇਂ ਸਿਰ ਆਪਣੀ ਡਿਊਟੀ ਦੇ ਹਾਜ਼ਰ ਹੋਣ ਅਤੇ ਕੰਮ ਕਰਵਾਉਣ ਲਈ ਆਏ ਲੋਕਾਂ ਨੂੰ ਖੱਜਲ ਖੁਆਰ ਨਾ ਹੋਣ ਦੇਣ। ਉਨ੍ਹਾਂ ਇਸ ਮੌਕੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਵੀ ਸੁਣਿਆ। ਲੋਕਾਂ ਨੇ ਧਿਆਨ ਵਿੱਚ ਲਿਆਂਦਾ ਕਿ ਹਲਫੀਆ ਬਿਆਨ ਜਾਰੀ ਕਰਨ ਵਾਲੇ ਕਾਊਂਟਰ ਦੀ ਗਿਣਤੀ ਇਕ ਹੀ ਹੈ ਜਿਸ ਕਰਕੇ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਲੋਕਾਂ ਦੀ ਮੁਸ਼ਕਲ ਨੂੰ ਧਿਆਨ ਵਿੱਚ ਰੱਖਦੇ ਹੋਏ ਈਟੀਓ ਨੇ ਡਿਪਟੀ ਕਮਿਸ਼ਨਰ ਨੂੰ ਕਿਹਾ ਕਿ ਹਲਫੀਆ ਬਿਆਨ ਜਾਰੀ ਕਰਨ ਵਾਲੇ ਕਾਊਂਟਰਾਂ ਦੀ ਗਿਣਤੀ ਤੁਰੰਤ ਵਧਾਈ ਜਾਵੇ। ਉਨ੍ਹਾਂ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਤਹਿਸੀਲਾਂ ਵਿੱਚ ਕੰਮ ਕਰਵਾਉਣ ਵਾਲੇ ਲੋਕਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣੀ ਚਾਹੀਦੀ। ਉਨ੍ਹਾਂ ਕਿਹਾ ਕਿ ਲੋਕ ਤੜਕਸਾਰ ਹੀ ਆਪਣਾ ਸਮਾਂ ਕੱਢ ਕੇ ਕੰਮ ਕਰਵਾਉਣ ਆਉਂਦੇ ਹਨ ਅਤੇ ਉਨ੍ਹਾਂ ਦਾ ਕੰਮ ਸਮੇਂ ਸਿਰ ਹੋਣਾ ਚਾਹੀਦਾ ਹੈ ਤਾਂ ਜੋ ਉਹ ਆਪਣੇ ਹੋਰ ਕੰਮ ਵੀ ਕਰ ਸਕਣ।

ਉਨ੍ਹਾਂ ਸੇਵਾ ਕੇਂਦਰ ਦੀ ਚੈਕਿੰਗ ਦੌਰਾਨ ਗੁਰਬਖਸ਼ ਕੌਰ ਨਾਮ ਦੀ ਲੜਕੀ ਜੋ ਕਿ +2 ਵਿੱਚ ਮਾਲ ਰੋਡ ਸਕੂਲ ਵਿਖੇ ਪੜ੍ਹਦੀ ਹੈ ਨਾਲ ਮੁਲਾਕਾਤ ਹੋਈ। ਲੜਕੀ ਨੇ ਦੱਸਿਆ ਕਿ ਉਹ ਸੇਵਾ ਕੇਂਦਰ ਵਿਖੇ ਆਪਣੀ ਮਾਤਾ ਦੀ ਪੈਨਸ਼ਨ ਅਤੇ ਰੋਜ਼ਗਾਰ ਸਬੰਧੀ ਆਈ ਹੋਈ ਹੈ। ਪਿਤਾ ਸਵਰਗਵਾਸ ਹੋ ਗਏ ਹਨ। ਲੜਕੀ ਨੇ ਮੰਤਰੀ ਦੇ ਧਿਆਨ ਵਿੱਚ ਲਿਆਂਦਾ ਕਿ ਉਸਦੀ +1 ਸਕਾਲਰਸ਼ਿਪ ਰਾਸ਼ੀ ਵੀ ਅਜੇ ਤੱਕ ਪ੍ਰਾਪਤ ਨਹੀਂ ਹੋਈ। ਮੰਤਰੀ ਨੇ ਸਬੰਧਤ ਅਧਿਕਾਰੀਆਂ ਨੂੰ ਮੌਕੇ 'ਤੇ ਸੱਦਿਆ ਅਤੇ ਕਿਹਾ ਕਿ ਇਸ ਦੀ ਮਾਤਾ ਦੀ ਪੈਨਸ਼ਨ ਤੁਰੰਤ ਲਗਾਈ ਜਾਵੇ ਅਤੇ ਇਸ ਸਕਾਲਰਸ਼ਿਪ ਅਜੇ ਕਿਉਂ ਨਹੀਂ ਆਈ ਸਬੰਧੀ ਪਤਾ ਕਰਕੇ ਸਕਾਲਰਸ਼ਿਪ ਜਾਰੀ ਕਰਵਾਈ ਜਾਵੇ। ਮੰਤਰੀ ਨੇ ਮੌਕੇ 'ਤੇ ਹੀ ਉਸ ਲੜਕੀ ਨੂੰ ਆਪਣੇ ਅਖਤਿਆਰੀ ਫੰਡ ਵਿੱਚੋਂ 10000 ਰੁਪਏ ਦੀ ਰਾਸ਼ੀ ਦਿੱਤੀ। ਇਸ ਮੌਕੇ ਡਿਪਟੀ ਕਮਿਸ਼ਨਰ ਅਮਿਤ ਤਲਵਾੜ, ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਜਸਪ੍ਰੀਤ ਸਿੰਘ, ਡਿਪਟੀ ਡਾਇਰੈਕਟਰ ਰੁਜ਼ਗਾਰ ਵਿਕਰਮਜੀਤ ਸਿੰਘ, ਜ਼ਿਲ੍ਹਾ ਸਿਖਿਆ ਅਫਸਰ ਸੈਕੰਡਰੀ ਸੁਸ਼ੀਲ ਤੁਲੀ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਛੇਵੇਂ ਪਾਤਸ਼ਾਹ ਵੱਲੋਂ ਪਹਿਲੀ ਜੰਗ ਫ਼ਤਿਹ ਕਰਨ ਦੀ ਯਾਦ 'ਚ ਸਜਾਇਆ ਨਗਰ ਕੀਰਤਨ




ਅੰਮ੍ਰਿਤਸਰ 9 ਜੂਨ (ਜਸਬੀਰ ਸਿੰਘ ਪੱਟੀ) ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੁਆਰਾ ਮੁਗਲ ਫ਼ੌਜਾਂ ਨਾਲ ਹੋਏ ਪਹਿਲੇ ਯੁੱਧ ਨੂੰ ਫ਼ਤਹਿ ਕਰਨ ਦੀ ਯਾਦ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਿਹੰਗ ਸਿੰਘ ਜਥੇਬੰਦੀਆਂ, ਸਭਾ ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਕਿਲ੍ਹਾ ਸ੍ਰੀ ਲੋਹਗੜ੍ਹ ਸਾਹਿਬ ਵਿਖੇ 11 ਜੂਨ ਨੂੰ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਇਸੇ ਸਬੰਧ ਵਿਚ ਅੱਜ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਤੋਂ ਵਿਸ਼ੇਸ਼ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਦੀ ਆਰੰਭਤਾ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ, ਦਲ ਪੰਥ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸਤਨਾਮ ਸਿੰਘ ਮਾਂਗਾਸਰਾਏ, ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲਿਆਂ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ। ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ ਗਏ। ਨਗਰ ਕੀਰਤਨ ਵਿਚ ਨਿਹੰਗ ਸਿੰਘ ਘੋੜਿਆਂ ਸਮੇਤ ਸ਼ਾਮਲ ਹੋਏ, ਜੋ ਸੰਗਤਾਂ ਲਈ ਖਿੱਚ ਦਾ ਕੇਂਦਰ ਸਨ। ਨਗਰ ਕੀਰਤਨ ਦਾ ਰਸਤੇ ਵਿਚ ਵੱਖ-ਵੱਖ ਥਾਵਾਂ 'ਤੇ ਸੰਗਤ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਸ੍ਰੀ ਦਰਬਾਰ ਸਾਹਿਬ ਮੈਨੇਜਰ ਸਤਨਾਮ ਸਿੰਘ ਮਾਂਗਾਸਰਾਏ ਨੇ ਦੱਸਿਆ ਕਿ ਛੇਵੇਂ ਪਾਤਸ਼ਾਹ ਵੱਲੋਂ ਕਿਲ੍ਹਾ ਸ੍ਰੀ ਲੋਹਗੜ੍ਹ ਸਾਹਿਬ ਵਿਖੇ ਲੜੀ ਪਹਿਲੀ ਜੰਗ ਨੂੰ ਫ਼ਤਿਹ ਕਰਨ ਦੀ ਯਾਦ ਵਿਚ 11 ਜੂਨ ਨੂੰ ਗੁਰਦੁਆਰਾ ਕਿਲ੍ਹਾ ਸ੍ਰੀ ਲੋਹਗੜ੍ਹ ਸਾਹਿਬ ਵਿਖੇ ਗੁਰਮਤਿ ਸਮਾਗਮ ਹੋਣਗੇ, ਜਿਸ ਵਿਚ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰ ਤੇ ਕਥਾਵਾਚਕ ਸੰਗਤਾਂ ਨੂੰ ਗੁਰਬਾਣੀ ਅਤੇ ਗੁਰ-ਇਤਿਹਾਸ ਸਰਵਣ ਕਰਵਾਉਣਗੇ। ਇਸ ਮੌਕੇ ਹੈੱਡ ਗ੍ਰੰਥੀ ਭਾਈ ਨਿਰਮਲ ਸਿੰਘ, ਗ੍ਰੰਥੀ ਭਾਈ ਸੁਖਵਿੰਦਰ ਸਿੰਘ, ਮੈਨੇਜਰ ਸ. ਨਰਿੰਦਰ ਸਿੰਘ, ਮੀਤ ਮੈਨੇਜਰ ਜਸਬੀਰ ਸਿੰਘ, ਭਾਈ ਬਲਵਿੰਦਰ ਸਿੰਘ, ਭਾਈ ਕੁਲਦੀਪ ਸਿੰਘ ਪੰਡੋਰੀ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

10-June-PAGE-12.qxd 6/9/2023 9:33 PM Page 1



# ਅਕਾਦਮਿਕ ਅਹੁਦੇ ਸਿੱਖਿਆ ਵਿਭਾਗ ਦੇ ਕਾਡਰ ਵਿੱਚੋਂ ਭਰੇ ਜਾਣ : ਗੌਰਮਿੰਟ ਟੀਚਰਜ਼ ਯੂਨੀਅਨ



**ਜਲੰਧ ( ਸ਼ੈਲੀ ਐਲਬਰਟ )** ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਦੀ ਜਰੂਰੀ ਗੂਗਲ ਮੀਟ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਮੰਗ ਕੀਤੀ ਕਿ ਸਿੱਖਿਆ ਵਿਭਾਗ ਦੇ ਅਕਾਦਮਿਕ ਅਹੁਦੇ ਪ੍ਰਸ਼ਾਸ਼ਨਿਕ ਅਧਿਕਾਰੀਆਂ ਦੀ ਬਜਾਇ ਅਧਿਆਪਕ ਕਾਡਰ ਵਿਚੋਂ ਭਰੇ ਜਾਣ। ਚਾਹਲ ਨੇ ਕਿਹਾ ਕਿ ਸਿੱਖਿਆ ਦਾ ਵਿਸ਼ਾ ਮਨੋਵਿਗਿਆਨਕ ਵਿਸ਼ਾ ਹੈ ਜਿਸਨੂੰ ਪ੍ਰਸ਼ਾਸ਼ਨਿਕ ਅਧਿਕਾਰੀ ਸਮਝ ਨਹੀਂ ਸਕਦੇ। ਇਸ ਸਮੇਂ ਸੂਬਾ ਸਕੱਤਰ ਗੁਰਬਿੰਦਰ ਸਸਕੌਰ, ਵਿੱਤ ਸਕੱਤਰ ਅਮਨਦੀਪ ਸ਼ਰਮਾ, ਪ੍ਰੈਸ ਸਕੱਤਰ ਸੁਰਜੀਤ ਮੁਹਾਲੀ ਆਦਿ ਆਗੂਆਂ ਨੇ ਕਿਹਾ ਕਿ ਸਿੱਖਿਆ ਸੁਧਾਰਾਂ ਦੇ ਨਾਂਅ 'ਤੇ ਹੋਂਦ ਵਿੱਚ ਆਈ ਬਦਲਾਅ ਦੀ ਸਰਕਾਰ ਪੰਜਾਬ ਵਿੱਚ ਸਿੱਖਿਆ ਦੇ ਅੱਤ ਸੰਵੇਦਨਸ਼ੀਲ ਤੇ ਮਨੋਵਿਗਿਆਨਕ ਵਿਸ਼ੇ ਨੂੰ ਸਮਝਣ ਵਿੱਚ ਨਾਕਾਮਯਾਬ ਹੈ ਤੇ ਪ੍ਰਸ਼ਾਸ਼ਨਿਕ ਅਧਿਕਾਰੀਆਂ ਰਾਹੀਂ ਇਸਦਾ ਬੁਰੀ ਤਰ੍ਹਾਂ ਭੋਗ ਪਾਉਣਾ ਚਾਹੁੰਦੀ ਹੈ। ਆਗੂਆਂ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਵਲੋਂ ਡਾਇਰੈਕਟਰ ਪੰਜਾਬ ਰਾਜ ਖੋਜ ਤੇ ਸਿਖਲਾਈ ਪ੍ਰੀਸ਼ਦ (ਐਸਸੀਈਆਰਟੀ) ਅਤੇ ਡਾਇਰੈਕਟਰ ਸਕੂਲ ਸਿੱਖਿਆ (ਸੈਕੰਡਰੀ) ਦੇ ਅਹੁਦਿਆਂ ਤੇ ਸਿਵਲ ਪ੍ਰਸ਼ਾਸ਼ਨਿਕ ਅਧਿਕਾਰੀਆਂ ਦੀ ਤੈਨਾਤੀ ਨੂੰ ਰੱਦ ਕੀਤਾ ਜਾਵੇ ਅਤੇ ਸਿੱਖਿਆ ਡਾਇਰੈਕਟਰਾਂ ਦੇ ਸਾਰੇ ਆਹੁਦੇ ਅਧਿਆਪਕ ਵਰਗ ਵਿਚੋਂ ਹੀ ਭਰੇ ਜਾਣ।

ਇਸ ਸਮੇਂ ਕਰਨੈਲ ਫਿਲੌਰ, ਤੀਰਥ ਸਿੰਘ ਬਾਸੀ, ਕੁਲਦੀਪ ਸਿੰਘ ਦੌੜਕਾ, ਮੰਗਲ ਟਾਂਡਾ, ਮਨੋਹਰ ਲਾਲ ਸ਼ਰਮਾਂ, ਗੁਰਦੀਪ ਬਾਜਵਾ,ਬਲਵਿੰਦਰ ਸਿੰਘ ਭੁੱਟੋ, ਕੁਲਦੀਪ ਸਿੰਘ ਪੂਰੋਵਾਲ, ਗੁਰਪ੍ਰੀਤ ਅੰਮੀਵਾਲ਼, ਜੱਜਪਾਲ ਬਾਜੇਕੇ, ਹਰਿੰਦਰ ਬਰਨਾਲਾ, ਗੁਰਦਾਸ ਮਾਨਸਾ, ਸੁਭਾਸ਼ ਪਠਾਨਕੋਟ, ਸਰਬਜੀਤ ਬਰਾੜ, ਰਵਿੰਦਰ ਸਿੰਘ ਪੱਪੀ, ਨਰਿੰਦਰ ਸਿੰਘ, ਦਿਲਬਾਗ ਸਿੰਘ ਆਦਿ ਹਾਜਰ ਸਨ।

# ਕਿਰਤੀ ਕਿਸਾਨ ਯੂਨੀਅਨ ਵੱਲੋਂ 15 ਤੱਕ ਨਹਿਰੀ ਵਿਭਾਗ ਦੇ ਐੱਸ ਡੀ ਓ ਦਫ਼ਤਰਾਂ ਮੂਹਰੇ ਧਰਨੇ ਦਾ ਐਲਾਨ

**ਜਲੰਧਰ (ਨਵਾਂ ਜ਼ਮਾਨਾ ਸਰਵਿਸ)** ਪੰਜਾਬ ਦੀ ਖੇਤੀ ਅਤੇ ਕਿਸਾਨਾਂ ਦੀ ਲੋੜ ਨੂੰ ਮੁੱਖ ਰੱਖਦਿਆਂ ਫੌਰੀ ਨਹਿਰੀ-ਪਾਣੀ ਛੱਡਣ ਦੀ ਮੰਗ ਨੂੰ ਲੈ ਕੇ ਕਿਰਤੀ ਕਿਸਾਨ ਯੂਨੀਅਨ ਸੂਬੇ ਭਰ 'ਚ 9 ਤੋਂ 15 ਜੂਨ ਤੱਕ ਨਹਿਰੀ ਵਿਭਾਗ ਦੇ ਐਸ.ਡੀ.ਓ. ਦਫ਼ਤਰਾਂ ਸਾਹਮਣੇ ਰੋਸ ਧਰਨੇ ਦੇਵੇਗੀ। ਇਹ ਫੈਸਲਾ ਯੂਨੀਅਨ ਦੀ ਸੂਬਾ ਕਮੇਟੀ ਦੀ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਦੀ ਅਗਵਾਈ ਹੇਠ ਹੋਈ ਮੀਟਿੰਗ ਵਿੱਚ ਕੀਤਾ ਗਿਆ। ਯੂਨੀਅਨ ਦੀ ਸੂਬਾ ਕਮੇਟੀ ਨੇ ਹਰਿਆਣੇ ਵਿੱਚ ਸੂਰਜਮੁਖੀ ਦੀ ਐਮ.ਐਸ.ਪੀ. ਕੀਮਤ ਦੀ ਮੰਗ ਕਰ ਰਹੇ ਕਿਸਾਨਾਂ 'ਤੇ ਭਾਜਪਾ ਦੀ ਹਰਿਆਣਾ ਸਰਕਾਰ ਦੇ ਇਸ਼ਾਰੇ 'ਤੇ ਕੀਤੇ ਪੁਲਸ ਲਾਠੀਚਾਰਜ, ਗ੍ਰਿਫਤਾਰੀਆਂ ਦੀ ਜ਼ੋਰਦਾਰ ਨਿਖੇਧੀ ਕਰਦੇ ਹੋਏ ਮੰਗ ਕੀਤੀ ਕਿ ਕਿਸਾਨਾਂ ਦੀ ਪੈਦਾਵਾਰ ਦਾ ਐਮ.ਐਸ.ਪੀ. 'ਤੇ ਖਰੀਦ ਦਾ ਗਾਰੰਟੀ ਕਾਨੂੰਨ ਬਣਾਇਆ ਜਾਵੇ। ਗੁਰਨਾਮ ਸਿੰਘ ਚੜੂਨੀ ਸਮੇਤ ਸਾਰੇ ਕਿਸਾਨ ਆਗੂ ਅਤੇ ਕਾਰਕੁੰਨ ਰਿਹਾਅ ਕੀਤੇ ਜਾਣ। ਜਨਰਲ ਸਕੱਤਰ ਰਜਿੰਦਰ ਸਿੰਘ ਦੀਪ ਸਿੰਘ ਵਾਲਾ ਅਤੇ ਪ੍ਰੈਸ ਸਕੱਤਰ ਰਮਿੰਦਰ ਸਿੰਘ ਪਟਿਆਲਾ ਨੇ ਕਿਹਾ ਕਿ ਜੱਥੇਬੰਦੀ ਵੱਲੋਂ ਹਰ ਖੇਤ ਤੱਕ ਨਹਿਰੀ ਪਾਣੀ ਅਤੇ ਹਰ ਘਰ ਤੱਕ ਪੀਣ ਵਾਲਾ ਸਾਫ਼ ਪਾਣੀ ਦੇਣ ਦੀ ਮੁਹਿਮ ਨੂੰ ਅੱਗੇ ਤੋਰਦੇ ਹੋਏ ਇੱਕ ਹਫਤੇ ਲਈ 9 ਜੂਨ ਤੋਂ 15 ਜੂਨ ਤੱਕ ਨਹਿਰੀ ਵਿਭਾਗ ਦੇ ਐਸ.ਡੀ.ਓ. ਦਫ਼ਤਰਾਂ ਸਾਹਮਣੇ ਧਰਨੇ ਦਿੱਤੇ ਜਾਣਗੇ। ਫਾਜ਼ਿਲਕਾ-ਮੁਕਤਸਰ ਦੇ ਥੋੜੇ ਹਿੱਸੇ ਨੂੰ ਛੱਡ ਕੇ ਬਾਕੀ ਸੂਬੇ 'ਚ ਸੂਏ, ਕੱਸੀਆਂ ਸੁੱਕੀਆਂ ਪਈਆਂ ਹਨ ਜਦੋਂਕਿ ਸਬਜੀਆਂ, ਮੱਕੀ ਅਤੇ ਹੋਰ ਫ਼ਸਲਾਂ ਦੀ ਕਾਸ਼ਤ ਕਰ ਰਹੇ ਕਿਸਾਨਾਂ ਨੂੰ ਨਹਿਰੀ ਪਾਣੀ ਦੀ ਬਹੁਤ ਲੋੜ ਹੈ।

ਕਿਸਾਨ ਆਗੂਆਂ ਨੇ ਕਿਹਾ ਕਿ ਸੂਬੇ 'ਚ ਜ਼ਮੀਨ ਹੇਠਲਾ ਪਾਣੀ ਲਗਾਤਾਰ ਖਤਮ ਹੋਣ ਵੱਲ ਵਧ ਰਿਹਾ ਹੈ। ਨਹਿਰੀ ਪਾਣੀ ਹੇਠ ਸਿੰਜਾਈ ਦੇ ਰਕਬੇ ਨੂੰ ਨਹਿਰੀ ਵਿਵਸਥਾ ਦਾ ਹੋਰ ਵਿਸਥਾਰ ਕਰਕੇ ਵਧਾਇਆ ਜਾਣਾ ਅਣਸਰਦੀ ਲੋੜ ਬਣ ਚੁੱਕੀ ਹੈ। ਉਨ੍ਹਾਂ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੋਂ ਮੰਗ ਕੀਤੀ ਕਿ ਸਾਰੇ ਸੂਬੇ 'ਚ ਨਹਿਰੀ ਪਾਣੀ ਤੁਰੰਤ ਛੱਡ ਕੇ ਕਿਸਾਨਾਂ ਨੂੰ ਰਾਹਤ ਦਿੱਤੀ ਜਾਵੇ।

ਮੀਟਿੰਗ ਵਿੱਚ ਮੀਤ ਪ੍ਰਧਾਨ ਜਤਿੰਦਰ ਸਿੰਘ ਛੀਨਾ, ਹਰਮੇਸ਼ ਸਿੰਘ ਢੇਸੀ, ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ, ਸਤਿਬੀਰ ਸਿੰਘ, ਯੂਥ ਵਿੰਗ ਦੇ ਆਗੂ ਭੁਪਿੰਦਰ ਸਿੰਘ ਲੌਂਗੋਵਾਲ, ਔਰਤ ਵਿੰਗ ਦੀ ਆਗੂ ਹਰਦੀਪ ਕੌਰ ਕੋਟਲਾ ਤੋਂ ਇਲਾਵਾ ਜਰਨੈਲ ਸਿੰਘ ਜਹਾਂਗੀਰ, ਸੁਰਿੰਦਰ ਸਿੰਘ ਬੈਂਸ, ਬਲਵਿੰਦਰ ਸਿੰਘ ਭੁੱਲਰ, ਚਮਕੌਰ ਸਿੰਘ ਰੋਡੇ, ਸੰਤੋਖ ਸਿੰਘ ਸੰਧੂ, ਸੁਖਦੇਵ ਸਿੰਘ ਸਹਿੰਸਰਾ ਅਤੇ ਬਲਜੀਤ ਸਿੰਘ ਮੁਕਤਸਰ ਆਦਿ ਆਗੂ ਹਾਜ਼ਰ ਸਨ।

# ਮੰਗਾਂ ਪ੍ਰਵਾਨ ਨਾ ਕੀਤੀਆਂ ਤਾਂ ਸੰਘਰਸ਼ ਕਰਾਂਗੇ ਤੇਜ਼ : ਮਾਇਆ, ਤਰਸੇਮ ਲਾਲ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਬੀਤੇ ਕਾਫੀ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਨਗਰ ਕੌਂਸਲ ਟਾਂਡਾ ਵੱਲੋਂ ਪ੍ਰਵਾਨ ਨਾ ਕਰਨ ਦੇ ਰੋਸ ਵਜੋਂ ਸਮੂਹ ਸਫਾਈ ਕਰਮਚਾਰੀਆਂ ਦੀ ਇਕ ਅਹਿਮ ਮੀਟਿੰਗ ਪ੍ਰਧਾਨ ਮਾਇਆ ਅਤੇ ਨਗਰ ਪਾਲਿਕਾ ਕਰਮਚਾਰੀ ਸੰਗਠਨ ਟਾਂਡਾ ਦੇ ਪ੍ਰਧਾਨ ਤਰਸੇਮ ਲਾਲ ਦੀ ਅਗਵਾਈ ਵਿਚ ਹੋਈ ਅਤੇ ਆਪਣੀਆਂ ਮੰਗਾਂ ਸਬੰਧੀ ਸਰਵਸੰਮਤੀ ਨਾਲ ਮਤੇ ਪਾਸ ਕਰਕੇ ਇਕ ਮੰਗ ਪੱਤਰ ਨਗਰ ਕੌਂਸਲ ਪ੍ਰਧਾਨ ਗੁਰਸੇਵਕ ਮਾਰਸ਼ਲ ਨੂੰ ਦਿੱਤਾ। ਮਾਇਆ ਨੇ ਕਿਹਾ ਕਿ ਅਸੀਂ ਕਈ ਵਾਰ ਨਗਰ ਕੌਂਸਲ ਟਾਂਡਾ ਦੇ ਅਧਿਕਾਰੀਆਂ ਤੋਂ ਮੰਗ ਕਰ ਚੁੱਕੇ ਹਾਂ ਕਿ ਸ਼ਹਿਰ ਦੀ ਅਬਾਦੀ ਵਧ ਜਾਣ ਕਾਰਨ ਮੌਜੂਦਾ ਸਫਾਈ ਕਰਮਚਾਰੀਆਂ ਨੂੰ ਕਾਫੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਇਨ੍ਹਾਂ ਮੁਸ਼ਕਿਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਘੱਟੋ ਘੱਟ 50 ਸਫਾਈ ਕਰਮਚਾਰੀਆਂ ਦੀ ਹੋਰ ਭਰਤੀ ਕੀਤੀ ਜਾਵੇ ਤੇ ਤਨਖਾਹ ਵਿੱਚ ਵਾਧਾ ਕੀਤਾ ਜਾਵੇ।

ਤਰਸੇਮ ਲਾਲ ਨੇ ਕਿਹਾ ਕਿ ਪ੍ਰਧਾਨ ਨਗਰ ਕੌਂਸਲ ਦੇ ਅਧਿਕਾਰੀ ਸਫਾਈ ਕਰਮਚਾਰੀਆਂ ਦੀਆਂ ਮੰਗਾਂ ਨੂੰ ਪ੍ਰਵਾਨ ਨਹੀਂ ਕਰ ਰਹੇ ਅਤੇ ਟਾਲਮਟੋਲ ਦੀ ਨੀਤੀ ਅਪਣਾ ਰਹੇ ਹਨ। ਉਨ੍ਹਾਂ ਨੇ ਨਗਰ ਕੌਂਸਲ ਟਾਂਡਾ ਦੇ ਅਧਿਕਾਰੀਆਂ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਸਾਡੀਆਂ ਜਾਇਜ ਮੰਗਾਂ ਜਲਦ ਪਰਵਾਨ ਨਾ ਹੋਈਆਂ ਤਾਂ ਸੰਘਰਸ਼ ਨੂੰ ਹੋਰ ਤੇਜ ਕਰਦੇ ਹੋਏ ਧਰਨਾ ਪ੍ਰਦਰਸ਼ਨ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ 'ਤੇ ਜਤਿੰਦਰ ਕੁਮਾਰ, ਦੀਪਕ ਕੁਮਾਰ, ਲਲਿਤ, ਤੋਲੀ, ਪੂਨਮ, ਰਾਕੇਸ਼ ਕੁਮਾਰ, ਰਵੀ ਪਾਲ, ਜਸਪਾਲ, ਇੰਦਰਜੀਤ ਸਿੰਘ, ਸੁਰਿੰਦਰ ਕੁਮਾਰ, ਅਸ਼ਵਨੀ, ਵਿੱਕੀ, ਰਾਣੀ, ਸੁਖਵਿੰਦਰ ਕੌਰ, ਰੇਨੂ, ਰਜਨੀ ਬਾਲਾ, ਗੁਲਸ਼ਨ ਕੁਮਾਰ, ਮਦਨ ਲਾਲ, ਬੋਧ ਰਾਜ, ਅਜੈ ਕੁਮਾਰ, ਨੀਰਜ ਕੁਮਾਰ ਅਤੇ ਹੋਰ ਹਾਜਰ ਸਨ।

# ਦਰਬਾਰ ਹਜ਼ਰਤ ਬਾਬਾ ਭੋਲੇ ਪੀਰ ਬੁਰਜ ਕੰਧਾਰੀ ਵਿਖੇ ਸਾਲਾਨਾ ਮੇਲਾ ਮਨਾਇਆ



**ਬਹਿਰਾਮ (ਅਵਤਾਰ ਕਲੇਰ)** ਦਰਬਾਰ ਹਜਰਤ ਬਾਬਾ ਭੋਲੇ ਪੀਰ ਜੀ ਬੁਰਜ ਕੰਧਾਰੀ ਵਿਖੇ ਸਾਲਾਨਾ ਮੇਲਾ ਗੱਦੀ ਨਸ਼ੀਨ ਸਾਈਂ ਸਿਕੰਦਰ ਸ਼ਾਹ ਕਾਦਰੀ ਦੀ ਰਹਿਨੁਮਾਈ ਹੇਠ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ । ਦਰਬਾਰ ਦੀਆਂ ਧਾਰਮਿਕ ਰਸਮਾਂ, ਮਹਿੰਦੀ ਦੀ ਰਸਮ , ਝੰਡੇ ਦੀ ਰਸਮ ਅਤੇ ਚਾਦਰ ਦੀ ਰਸਮ ਅਦਾ ਕੀਤੀ ਗਈ । ਰਾਜਨੀਤਕ ਪਾਰਟੀਆਂ ਦੇ ਆਗੂ ਬਲਵੀਰ ਸਿੰਘ ਕਰਨਾਣਾ ਚੇਅਰਮੈਨ ਮਾਰਕੀਟ ਕਮੇਟੀ ਬੰਗਾ, ਆਪ ਆਗੂ ਜਰਨੈਲ ਨੰਗਲ ਨੇ ਸ਼ਿਰਕਤ ਕੀਤੀ। ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੇਲੇ ਆਪਸੀ ਭਾਈਚਾਰਕ ਸਾਂਝ ਬਣਾਉਂਦੇ ਹਨ ਅਤੇ ਸਾਨੂੰ ਸਾਰੇ ਮਹਾਂਪੁਰਸ਼ਾਂ ਦੇ ਦਿਨ ਅਤੇ ਮੇਲੇ ਰਲਮਿਲ ਕੇ ਮਨਾਉਣੇ ਚਾਹੀਦੇ ਹਨ। ਸੁਰਿੰਦਰ ਪਾਲ ਸਰਪੰਚ ਮੇਹਲੀ, ਬਲਵਿੰਦਰ ਕੁਮਾਰ ਸਾਬਕਾ ਸਰਪੰਚ ਬੁਰਜ ਕੰਧਾਰੀ, ਸੁਨੀਤਾ ਰਾਣੀ ਵਿਸ਼ੇਸ਼ ਤੌਰ 'ਤੇ ਪਹੁੰਚੇ । ਵੱਖ-ਵੱਖ ਦਰਬਾਰਾਂ ਤੋਂ ਸਾਈਂ ਮਹਿਤਾਬ ਅਹਿਮਦ ਕਾਦਰੀ ਨਵਾਂਸ਼ਹਿਰ , ਬਾਬਾ ਵਰੁਣ ਸੋਬਤੀ , ਸੋਨੀਆ ਮਹੰਤ ਫਗਵਾੜਾ , ਮੁਸਲਿਮ ਸੰਘਰਸ਼ ਕਮੇਟੀ ਦੇ ਪ੍ਰਧਾਨ ਐਡਵੋਕੇਟ ਨਈਨ ਖਾਨ , ਜਨਰਲ ਸਕੱਤਰ ਮੁਹੰਮਦ ਅਕਬਰ ਅਲੀ ਪਹੁੰਚੇ । ਪੰਜਾਬ ਦੇ ਮਸ਼ਹੂਰ ਕਲਾਕਾਰਾਂ ਇਸ਼ਰਤ ਅਲੀ , ਮੁਹੰਮਦ ਬੂਟਾ ਖਾਨ , ਗੁਰਜਿੰਦਰ ਗੁਰੂ ਤੋਂ ਇਲਾਵਾ ਕਵਾਲ ਅਤੇ ਨਕਾਲ ਪਾਰਟੀਆਂ ਨੇ ਸੰਗਤਾਂ ਨੂੰ ਨਿਹਾਲ ਕੀਤਾ । ਸਟੇਜ ਸੈਕਟਰੀ ਦੀ ਭੂਮਿਕਾ ਕੁਲਵਿੰਦਰ ਕਿੰਦਾ ਵਲੋਂ ਬਾਖੂਬੀ ਨਿਭਾਈ ਗਈ। ਠੰਡਾ ਮਿੱਠਾ ਜਲ ਅਤੇ ਲੰਗਰ ਅਤੁੱਟ ਵਰਤਾਇਆ ਗਿਆ ।

# ਜਾਅਲੀ ਸਰਟੀਫਿਕੇਟ ਬਣਾ ਕੇ ਨੌਕਰੀ ਕਰਨ ਵਾਲਿਆਂ ਦੀ ਹੁਣ ਖੈਰ ਨਹੀਂ : ਮੱਟੂ





**ਕਾਲਾ ਸੰਘਿਆਂ (ਮਨਜੀਤ ਮਾਨ)**-ਸਰਬ ਧਰਮ ਸਮਾਜ ਸਭਾ ਜਲੰਧਰ ਦੇ ਪ੍ਰਧਾਨ ਚਰਨਜੀਤ ਸਿੰਘ ਵਲੋਂ ਡਾ. ਬੀ ਆਰ ਅੰਬੇਡਕਰ ਭਵਨ ਜਲੰਧਰ ਵਿਖੇ ਪ੍ਰੋਫੈਸਰ ਹਰਨੇਕ ਸਿੰਘ ਸੂਬਾ ਪ੍ਰਧਾਨ ਰਿਜਰਵੇਸ਼ਨ ਚੋਰ ਫੜੋ ਮੋਰਚਾ ਮੋਹਾਲੀ ਦੀ ਅਗਵਾਈ ਹੇਠ ਐਸ ਸੀ ਸਮਾਜ ਨਾਲ ਜਾਅਲੀ ਸਰਟੀਫਿਕੇਟ ਬਣਾ ਕੇ ਜਰਨਲ ਵਰਗ ਦੇ ਜੋ ਲੋਕ ਸਰਕਾਰੀ ਵਿਭਾਗਾਂ ਵਿੱਚ ਨੌਕਰੀ ਕਰ ਰਹੇ ਹਨ ਜਾਂ ਕਰ ਚੁੱਕੇ ਹਨ ਉਨ੍ਹਾਂ ਦੇ ਖਿਲਾਫ ਸਖਤ ਕਾਨੂੰਨੀ ਕਾਰਵਾਈ ਸਰਕਾਰ ਪਾਸੋਂ ਕਰਵਾਉਣ ਲਈ ਚਿੰਤਨ ਕੀਤਾ ਗਿਆ। ਸੂਬਾ ਪ੍ਰਧਾਨ ਅਤੇ ਵੱਖ ਵੱਖ ਹਾਜਰ ਬੁੱਧੀਜੀਵੀਆਂ ਵਲੋਂ ਦੱਸਿਆ ਗਿਆ ਲਗਭਗ 4500 ਜਾਅਲੀ ਸਰਟੀਫਿਕੇਟ ਬਣਾ ਕੇ ਉੱਚ ਵਰਗ ਦੇ ਲੋਕ ਐਸ ਸੀ ਸਮਾਜ ਦਾ ਹੱਕ ਮਾਰ ਕੇ ਬੈਠੇ ਹਨ। ਜਲਦ ਹੀ ਇਸ ਵਿਸ਼ੇ 'ਤੇ ਭਗਵੰਤ ਸਿੰਘ ਮਾਨ ਨਾਲ ਮੀਟਿੰਗ ਕੀਤੀ ਜਾਵੇਗੀ। ਮੱਟੂ ਨੇ ਕਿਹਾ ਕੇ ਜਾਅਲੀ ਐਸ ਸੀ ਸਰਟੀਫਿਕੇਟ ਬਣਾ ਕੇ ਨੌਕਰੀਆਂ ਕਰਨ ਵਾਲਿਆਂ ਹੁਣ ਖੈਰ ਨਹੀਂ ਹੁਣ ਸਮਾਜ ਇਕਜੁੱਟ ਹੋ ਕੇ ਮੁਕਾਬਲਾ ਕਰੇਗਾ। ਇਸ ਮੌਕੇ 'ਤੇ ਪ੍ਰਭਦਿਆਲ ਰਾਮਪੁਰ,ਹਰੀਰਾਮ ਪੋਡਵਾਲ ਕਨਵੀਨਰ,ਆਰ ਐਸ ਤੇਜੀ ਮੁੱਖ ਸਲਾਹਕਾਰ,ਸੀਤਲ ਸਿੰਘ,ਦਲਵੀਰ ਸਿੰਘ ਤੇਜੀ , ਡਾ. ਸਰਿੰਦਰ ਕਲਿਆਣ , ਐਡਵੋਕੇਟ ਮਧੂ ਰਚਨਾ ,ਸੁਰਜੀਤ ਸਿੰਘ,ਮਹਿੰਦਰ ਪਾਲ ਸਿੰਘ,ਡਾ ਥਾਪਰ,ਵਿਜੇ ਸਭਰਵਾਲ ,ਹਰਮੇਸ ਜੱਸਲ ,ਪ੍ਰਦੀਪ ਦਾਦਰੀਆ,ਮਾਸਟਰ ਗੁਰਦੇਵ ਰਾਮ ਚਿੱਟੀ,ਸਰਪੰਚ ਬਿੱਟੂ ਚਾਹਲ, ਸਰਪੰਚ ਮੰਗਾ ਚਿੱਟੀ ,ਵਿਜੇ ਹੰਸ , ਹਰਪ੍ਰੀਤ, ਤਰਸੇਮ ਸਿਧੂ ,ਬਲਵਿੰਦਰ ਵਿਕੀ,ਪ੍ਰੇਮ ਪਾਲ ਡਮੇਲੀ ,ਵਿਲੀਅਮ ਭੱਟੀ,ਰਾਮ ਸਰੂਪ ਭੱਟੀ,ਬੂਟਾ ਸਿੰਘ ਪੰਡੋਰੀ ਆਦਿ ਹਾਜਰ ਸਨ ।

# ਬੁਢਾਪਾ ਪੈਨਸ਼ਨ ਲਈ ਲੱਗੀਆਂ ਸ਼ਰਤਾਂ ਵਾਪਸ ਲਈਆਂ ਜਾਣ : ਪੰਡਿਤ ਨਾਥ

**ਫਿਲੌਰ (ਨਿਰਮਲ)**- ਪੰਜਾਬ ਸਰਕਾਰ ਵੱਲੋਂ ਬੁਢਾਪਾ ਪੈਨਸ਼ਨ ਲਾਉਣ ਲਈ ਜੋ ਨਵੀਂਆਂ ਸ਼ਰਤਾਂ ਲੱਗੀਆਂ ਹਨ ਉਹ ਬਿਨਾਂ ਸ਼ਰਤ ਤੁਰੰਤ ਵਾਪਸ ਲਈਆਂ ਜਾਣ। ਇਹ ਪ੍ਰਗਟਾਵਾ ਪਿੰਡ ਕੰਗ ਜਗੀਰ ਦੇ ਸਰਪੰਚ ਪੰਡਿਤ ਰਾਮੇਸ਼ਵਰ ਨਾਥ ਕਰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਬੁਢਾਪਾ ਪੈਨਸ਼ਨ ਸਬੰਧੀ ਜੋ ਸਕੂਲ ਸਰਟੀਫਿਕੇਟ ਤੇ ਜਨਮ ਸਰਟੀਫਿਕੇਟ ਦੀਆਂ ਸ਼ਰਤਾਂ ਲੱਗੀਆਂ ਹਨ ਉਹ ਵਾਪਸ ਲਈਆਂ ਜਾਣ ਕਿਉਂਕਿ ਸਾਡੇ ਬਜ਼ੁਰਗ ਪੜ੍ਹੇ ਲਿਖੇ ਨਹੀਂ ਹਨ। ਇਨ੍ਹਾਂ ਦਾ ਸਰਕਾਰੀ ਹਸਪਤਾਲ ਦੇ ਡਾਕਟਰਾਂ ਤੋਂ ਜਨਮ ਦੀ ਤਸਦੀਕ ਕਰਾਈ ਜਾਵੇ।

## ਰੇਲ ਗੱਡੀ ਹੇਠਾਂ ਆਉਣ ਕਾਰਨ ਮੌਤ

**ਫਿਲੌਰ (ਨਿਰਮਲ)**- ਰੇਲਵੇ ਪੁਲਸ ਚੌਕੀ ਫਿਲੌਰ ਦੇ ਇੰਚਾਰਜ ਥਾਣੇਦਾਰ ਸਤਨਾਮ ਸਿੰਘ ਅਤੇ ਸਿਪਾਹੀ ਰਾਜਿੰਦਰ ਕੁਮਾਰ ਨੇ ਦੱਸਿਆ ਕਿ ਫਿਲੌਰ ਨੂਰਮਹਿਲ ਰੇਲਵੇਂ ਟ੍ਰੈਕ 'ਤੇ ਪਿੰਡ ਸਿਧਵਾਂ ਨੇੜੇ ਇਕ 25-30 ਸਾਲਾਂ ਦੇ ਵਿਅਕਤੀ ਦੀ ਰੇਲ ਗੱਡੀ ਦੇ ਹੇਠਾਂ ਆਉਣ ਕਾਰਨ ਮੌਤ ਹੋ ਗਈ। ਮ੍ਰਿਤਕ ਸਿਰੋਂ ਮੋਨਾ, ਕਲੀਨ ਸ਼ੇਵ, ਟੀ ਸ਼ਰਟ ਰੰਗ ਮੂੰਗੀਆ, ਨੀਲੇ ਰੰਗ ਦੀ ਪੈਂਟ ਪਾਈ ਹੋਈ ਹੈ। ਮ੍ਰਿਤਕ ਦੀ ਪਹਿਚਾਨ ਨਹੀਂ ਹੋ ਸਕੀ। ਲਾਸ਼ ਪਹਿਚਾਣ ਵਾਸਤੇ 72 ਘੰਟੇ ਲਈ ਸਿਵਲ ਹਸਪਤਾਲ ਫਿਲੌਰ ਰੱਖ ਕੇ ਉਸ ਦੇ ਵਾਰਸਾਂ ਦੀ ਭਾਲ ਕੀਤੀ ਜਾ ਰਹੀ ਹੈ।

# ਐੱਨ ਈ ਪੀ-2020 ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਿਆਪਕ ਨੀਤੀ : ਠਾਕੁਰ



**ਜਲੰਧਰ (ਸ਼ੈਲੀ ਅਲਬਰਟ)**-ਕੇਂਦਰੀ ਸੂਚਨਾ ਤੇ ਪ੍ਰਸਾਰਣ ਅਤੇ ਯੁਵਾ ਮਾਮਲੇ ਅਤੇ ਖੇਡ ਮੰਤਰੀ ਅਨੁਰਾਗ ਸਿੰਘ ਠਾਕੁਰ ਨੇ ਕਿਹਾ ਕਿ ਨਵੀਂ ਸਿੱਖਿਆ ਨੀਤੀ 2020 (ਐਨਈਪੀ-2020) ਭਾਰਤੀ ਸਿੱਖਿਆ ਪ੍ਰਣਾਲੀ ਲਈ ਦਿਸ਼ਾ-ਨਿਰਦੇਸ਼ਾਂ ਅਤੇ ਸਿਫਾਰਸ਼ਾਂ ਦਾ ਇੱਕ ਵਿਆਪਕ ਸਮੂਹ ਹੈ। ਇਸ ਦਾ ਉਦੇਸ਼ ਸਿੱਖਿਆ ਨੂੰ ਵਿਦਿਆਰਥੀਆਂ ਲਈ ਵਧੇਰੇ ਸੰਮਲਿਤ, ਆਕਰਸ਼ਿਕ ਅਤੇ ਪ੍ਰਾਸੰਗਿਕ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਇਹ ਸਿਖਿਆਰਥੀਆਂ ਦੇ ਸਾਰੇ ਪਹਿਲੂਆਂ ਅਤੇ ਸਮਰਥਾਵਾਂ ਦਾ ਵਿਕਾਸ ਕਰੇਗਾ ਅਤੇ ਸਿੱਖਿਆ ਨੂੰ ਵਧੇਰੇ ਵਿਕਾਸਮੁਖੀ, ਲਾਭਦਾਇਕ ਅਤੇ ਸਿਖਿਆਰਥੀਆਂ ਲਈ ਸੰਪੂਰਨ ਬਣਾਵੇਗਾ। ਇੱਥੇ ਡਾ. ਬੀ. ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ ਟੈਕਨੋਲੋਜੀ ਵਿਖੇ ਕਰਵਾਈ ਜਾ ਰਹੀ 3 ਦਿਨਾ ਨੈਸ਼ਨਲ ਕਾਨਫਰੰਸ ਔਨ ਰੀਸੈਂਟ ਐਡਵਾਂਸਜ ਇਨ ਸਕੂਲ ਐਜੂਕੇਸ਼ਨ (ਆਰਏਐਸਈ-2023) ਦੇ ਮੁੱਖ ਮਹਿਮਾਨ ਵਜੋਂ ਆਪਣੇ ਉਦਘਾਟਨੀ ਭਾਸ਼ਣ ਵਿੱਚ ਠਾਕੁਰ ਨੇ ਕਿਹਾ ਕਿ ਐਨਈਪੀ2020 ਦਾ ਉਦੇਸ਼ ਸਕੂਲੀ ਸਿੱਖਿਆ ਦੇ ਸਾਰੇ ਪੱਧਰਾਂ 'ਤੇ ਕਿਸੇ ਵੀ ਬੁਨਿਆਦੀ ਸਾਖਰਤਾ ਅਤੇ ਸਕੂਲੀ ਪਾਠਕ੍ਰਮ ਅਤੇ ਸਿੱਖਿਆ ਸਾਸਤਰ ਵਿੱਚ ਸੰਖਿਆ ਸੁਧਾਰਾਂ 'ਤੇ ਸਰਵਵਿਆਪਕ ਪਹੁੰਚ ਨੂੰ ਯਕੀਨੀ ਬਣਾਉਣਾ ਹੈ ਜੋ ਸ਼ੁਰੂਆਤੀ ਬਚਪਨ ਦੀ ਦੇਖਭਾਲ ਅਤੇ ਸਿੱਖਿਆ 'ਤੇ ਕੇਂਦਰਿਤ ਹੈ। ਉਨ੍ਹਾਂ ਕਿਹਾ ਕਿ ਐਨਈਪੀ2020 ਸਿਰਫ ਇੱਕ ਭਾਸ਼ਾ ਤੱਕ ਹੀ ਸੀਮਿਤ ਨਹੀਂ ਹੈ ਬਲਕਿ ਇਸ ਵਿੱਚ ਮਾਤ ਭਾਸ਼ਾ ਅਤੇ ਹੋਰ ਸਥਾਨਕ ਭਾਸ਼ਾਵਾਂ ਨੂੰ ਵੀ ਮਜਬੂਤ ਕੀਤਾ ਗਿਆ ਹੈ।

ਉਨ੍ਹਾਂ ਇਹ ਵੀ ਕਿਹਾ ਕਿ ਆਉਣ ਵਾਲੇ ਸਾਲਾਂ ਵਿੱਚ ਅਨੁਸੂਚਿਤ ਕਬੀਲਿਆਂ ਲਈ ਇੱਕ ਤੋਹਫੇ ਵਜੋਂ 740 ਏਕਲਵਿਆ ਸਕੂਲ ਵੀ ਖੋਲ੍ਹੇ ਜਾਣਗੇ, ਜਿਨ੍ਹਾਂ ਵਿੱਚ ਆਦਿਵਾਸੀ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ 38800 ਅਧਿਆਪਕਾਂ ਅਤੇ ਹੋਰ ਸਟਾਫ ਦੇ ਨਾਲ 3.5 ਲੱਖ ਵਿਦਿਆਰਥੀ ਭਰਤੀ ਕੀਤੇ ਜਾਣਗੇ।

# ਨੈਸ਼ਨਲ ਹਿਊਮਨ ਰਾਈਟਸ ਕਮਿਸ਼ਨ 'ਚ ਇੰਟਰਨਸ਼ਿਪ ਲਈ ਸੇਂਟ ਸੋਲਜਰ ਦੀ ਵਿਦਿਆਰਥਣ ਦੀ ਹੋਈ ਚੋਣ



**ਜਲੰਧਰ, (ਇਕਬਾਲ ਸਿੰਘ ਉਭੀ)**-ਸੇਂਟ ਸੋਲਜਰ ਲਾਅ ਕਾਲਜ ਦੀ ਬੀਬੀਏ ਐਲਐਲਬੀ 10ਵੇਂ ਸਮੈਸਟਰ ਦੀ ਵਿਦਿਆਰਥਣ ਸ਼ਿਵਾਨੀ ਦੀ ਨੈਸ਼ਨਲ ਹਿਊਮਨ ਰਾਈਟਸ ਕਮਿਸ਼ਨ ਵਿੱਚ ਇੰਟਰਨਸ਼ਿਪ ਲਈ ਚੋਣ ਹੋਈ ਹੈ। ਪੰਜਾਬ ਭਰ ਵਿੱਚੋਂ ਸਿਰਫ਼ 2 ਵਿਦਿਆਰਥੀ ਹੀ ਚੁਣੇ ਗਏ ਹਨ। ਜਾਣਕਾਰੀ ਦਿੰਦਿਆਂ ਕਾਲਜ ਦੇ ਡਾਇਰੈਕਟਰ ਡਾ.ਐਸ.ਸੀ.ਸ਼ਰਮਾ ਨੇ ਦੱਸਿਆ ਕਿ ਸ਼ਿਵਾਨੀ ਦੀ ਇੰਟਰਨਸ਼ਿਪ ਇੱਕ ਮਹੀਨੇ ਲਈ ਹੈ, ਇਹ ਇੰਟਰਨਸ਼ਿਪ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਦਿੱਲੀ ਦਫ਼ਤਰ ਵਿੱਚ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਸੇਂਟ ਸੋਲਜਰ ਵਿਦਿਆਰਥੀਆਂ ਨੂੰ ਨੈਸ਼ਨਲ ਹਿਊਮਨ ਰਾਈਟਸ ਕਮਿਸ਼ਨ, ਪੰਜਾਬ ਸਟੇਟ ਹਿਊਮਨ ਰਾਈਟਸ ਕਮਿਸ਼ਨ, ਨੈਸ਼ਨਲ ਕਮਿਸ਼ਨ ਫਾਰ ਵੂਮੈਨ ਅਤੇ ਮਨਿਸਟਰੀ ਆਫ਼ ਵੂਮੈਨ ਐਂਡ ਚਾਈਲਡ ਡਿਵੈਲਪਮੈਂਟ ਵਿੱਚ ਅਜਿਹੀਆਂ ਇੰਟਰਨਸ਼ਿਪਾਂ ਲਈ ਚੁਣਿਆ ਜਾ ਚੁੱਕਾ ਹੈ।

ਸੇਂਟ ਸੋਲਜਰ ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ, ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਵਿਦਿਆਰਥਣ ਸ਼ਿਵਾਨੀ ਨਾਲ ਆਪਣੇ ਪਿਛਲੇ ਦਿਨਾਂ ਦੀ ਤਸਵੀਰ ਸਾਂਝੀ ਕਰਦੇ ਹੋਏ ਕਾਲਜ ਦੀਆਂ ਗਤੀਵਿਧੀਆਂ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ।

# ਡਿਪਟੀ ਸਪੀਕਰ ਨੇ ਵੱਖ- ਵੱਖ ਪਿੰਡਾਂ ਨੂੰ ਵਿਕਾਸ ਕਾਰਜਾਂ ਲਈ ਗਰਾਂਟਾਂ ਦੇ ਚੈੱਕ ਵੰਡੇ



**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**-ਹਲਕਾ ਵਿਧਾਇਕ ਤੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਨੇ ਹਲਕੇ ਦੇ ਵੱਖ ਵੱਖ ਪਿੰਡਾਂ ਵਿੱਚ ਹੋਏ ਜਨਤਕ ਇਕੱਠਾਂ 'ਚ ਵਿਕਾਸ ਕਾਰਜਾਂ ਲਈ ਗਰਾਂਟਾਂ ਦੇ ਚੈੱਕ ਦਿੱਤੇ। ਸਭ ਤੋਂ ਪਹਿਲਾਂ ਲਸਾੜਾ ਪਿੰਡ ਦੇ ਬਾਬਾ ਬਾਲਕ ਨਾਥ ਮੰਦਿਰ ਵਿੱਚ ਪਿੰਡ ਵਾਸੀਆਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਰੋੜੀ ਨੇ ਕਿਹਾ ਲਸਾੜਾ ਪਿੰਡ ਵੱਖ ਵੱਖ ਹਿੱਸਿਆਂ 'ਚ ਵੰਡਿਆ ਹੋਣ ਕਰਕੇ ਅਜੇ ਤੱਕ ਬੁਨਿਆਦੀ ਸਹੂਲਤਾਂ ਤੋਂ ਸੱਖਣਾ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਸੁਪਨਾ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਦੇਣ ਦਾ ਪੂਰਾ ਹੋਣ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਵੱਖ ਵੱਖ ਪਿੰਡਾਂ 'ਚੋ ਮੰਗ ਪੱਤਰ ਲਏ ਸਨ ਤੇ ਉਹਨਾਂ ਮੰਗ ਪੱਤਰਾਂ 'ਤੇ ਵਿਭਾਗ ਨੇ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ। ਇਸ ਲੜੀ ਤਹਿਤ 2 ਲੱਖ ਪੰਜਾਹ ਹਜ਼ਾਰ ਦੀ ਗਰਾਂਟ ਦਿੱਤੀ ਗਈ ਹੈ। ਇਸ ਮੌਕੇ ਪਿੰਡ ਦੇ ਆਪ 'ਚ ਸ਼ਾਮਲ ਸਰਪੰਚ ਮਨਜੀਤ ਕੁਮਾਰ, ਸਾਬਕਾ ਸਰਪੰਚ ਗਿਆਨ ਚੰਦ, ਖੁਸ਼ੀ ਰਾਮ, ਵਿਨੋਦ ਕੁਮਾਰ, ਰਾਜੀਵ ਕੁਮਾਰ,ਪੁਸ਼ਮਿੰਦਰ ਸਿੰਘ,ਪ੍ਰਿੰਸ ਕੁਮਾਰ,ਮਦਨ ਲਾਲ ਸ਼ਰਮਾ,ਅਰੁਣ ਕੁਮਾਰ, ਵਿਜੈ ਕੁਮਾਰੀ, ਗੀਤਾ ਰਾਣੀ, ਰੇਖਾ ਰਾਣੀ, ਸੀਤਾ ਰਾਮ ਤੋਂ ਵੱਡੀ ਗਿਣਤੀ 'ਚ ਪਿੰਡ ਵਾਸੀ ਹਾਜਰ ਸਨ।

# ਟੀਚਿੰਗ/ਨਾਨ ਟੀਚਿੰਗ ਯੂਨੀਅਨ ਵੱਲੋਂ ਹੱਲਾ ਬੋਲ ਰੈਲੀ 13 ਨੂੰ

**ਜਲੰਧਰ (ਸ਼ੈਲੀ ਐਲਬਰਟ)** :- 8736 ਟੀਚਿੰਗ/ਨਾਨ ਟੀਚਿੰਗ ਯੂਨੀਅਨ ਦੇ ਆਗੂਆਂ ਨੇ ਦੱਸਿਆ ਕਿ ਪਿਛਲੇ ਸਾਲ 5 ਸਤੰਬਰ 2022 ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਸ੍ਰੀ ਆਨੰਦਪੁਰ ਸਾਹਿਬ ਦੀ ਧਰਤੀ ਤੋਂ 8736 ਕੱਚੇ ਟੀਚਿੰਗ/ਨਾਨ ਟੀਚਿੰਗ ਨੂੰ ਪੱਕੇ ਕਰਨ ਦਾ ਐਲਾਨ ਕੀਤਾ ਕੀਤਾ ਸੀ। ਇਹ ਐਲਾਨ ਸਿਰਫ ਹਵਾਈ ਫਾਇਰ ਬਣ ਕੇ ਰਹਿ ਗਿਆ। 10 ਮਹੀਨਿਆ ਤੋਂ ਨਿਯੁਕਤੀ ਪੱਤਰ ਲੈਣ ਦੀ ਉਡੀਕ ਕਰ ਰਹੇ 8736 ਕੱਚੇ ਟੀਚਿੰਗ/ਨਾਨ ਟੀਚਿੰਗ ਦੇ ਆਗੂਆਂ ਨੇ 13 ਜੂਨ ਨੂੰ ਸੰਗਰੂਰ ਵਿੱਚ ਵਿਸ਼ਾਲ ਇੱਕਠ ਕਰਕੇ ਹੱਲਾ ਬੋਲ ਰੈਲੀ ਦਾ ਪ੍ਰੋਗਰਾਮ ਕਰਨ ਦਾ ਫ਼ੈਸਲਾ ਕੀਤਾ ਹੈ। ਆਗੂ ਤਰਲੋਕ ਸਿੰਘ,ਸੁਖਰਾਜ ਖਾਤੂਨ,ਸ਼ੋਭਿਤ ਭਗਤ ਨੇ ਸਾਂਝੇ ਤੌਰ 'ਤੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੁਆਰਾ ਬਿਜਲੀ ਦੇ ਖੰਭਿਆਂ,ਕੰਧਾਂ,ਦਰਖਤਾਂ ਅਤੇ ਸਾਂਝੀਆਂ ਥਾਵਾਂ 'ਤੇ 8736 ਕੱਚੇ ਅਧਿਆਪਕ ਪੱਕੇ ਕਰਨ ਦੇ ਹੋਰਡਿੰਗ ਬੋਰਡ ਤਾਂ ਲਗਾ ਦਿੱਤੇ ਗਏ ਪਰ ਹਕੀਕਤ ਵਿੱਚ ਇਕ ਵੀ ਅਧਿਆਪਕ/ਕਰਮਚਾਰੀ ਪੱਕਾ ਨਹੀ ਹੋਇਆ। ਇਸ ਮੌਕੇ ਅਮਨ ਵਰਮਾ,ਨਿਰਮਲ ਸਿੰਘ,ਮਨੋਜ ਕੁਮਾਰ,ਵਿਨੂੰ ਭੰਡਾਰੀ,ਜਸਪ੍ਰੀਤ ਬਾਜਵਾ,ਨੇਹਾ ਅਗਰਵਾਲ,ਕਮਲਪ੍ਰੀਤ ਕੌਰ,ਸੀਮਾ ਮਸੀਹ,ਕਿਰਨ,ਸੁਖਰਾਜ ਖਾਤੂਨ ਅਤੇ ਗੀਨਾ ਰਾਣੀ ਹਾਜਰ ਸਨ।

# ਰੈਡੀਮੇਡ ਕੱਪੜੇ ਦੀ ਦੁਕਾਨ ਨੂੰ ਲੱਗੀ ਅੱਗ



**ਭਲਾਣ, (ਢਿੱਲੋਂ)**-ਨੇੜਲੇ ਪਿੰਡ ਗੋਹਲਣੀ ਵਿਖੇ ਨੰਗਲ ਭਲਾਣ ਮੁੱਖ ਸੜਕ 'ਤੇ ਸੁਭਾਸ਼ ਚੰਦ ਪੁੱਤਰ ਸੰਤ ਰਾਮ ਦੇ ਰੈਡੀਮੇਡ ਕੱਪੜੇ ਦੀ ਦੁਕਾਨ ਬਾਂਸਲ ਜਨਰਲ ਸਟੋਰ ਦੇ ਗੁਦਾਮ ਵਿੱਚ ਅਚਾਨਕ ਅੱਗ ਲੱਗ ਗਈ। ਗਣੇਸ਼ ਬਾਂਸਲ ਨੇ ਦੱਸਿਆ ਕਿ ਗੁਦਾਮ, ਜੋ ਕਿ ਸਾਡੇ ਘਰ ਦੇ ਉਪਰ ਚੁਬਾਰੇ ਵਿੱਚ ਹੈ ਉਸ ਵਿੱਚੋਂ ਧੂਆਂ ਨਿਕਲ ਰਿਹਾ ਸੀ, ਜਿਸ ਦੀ ਜਾਣਕਾਰੀ ਇਕ ਵਿਅਕਤੀ ਨੇ ਦਿੱਤੀ। ਵੇਖਦਿਆਂ-ਵੇਖਦਿਆਂ ਅੱਗ ਨੇ ਭਿਆਨਕ ਰੂਪ ਧਾਰਨ ਕਰ ਲਿਆ । ਉਨ੍ਹਾਂ ਦੱਸਿਆ ਕਿ ਫਾਇਰਬ੍ਰਗੇਡ ਨਗਰ ਕੌਂਸਲ ਨੰਗਲ, ਐਨ ਐਫ ਐਲ ਨੰਗਲ ਅਤੇ ਨੂਰਪੁਰਬੇਦੀ ਆਦਿ ਤੋਂ ਆਏ ਅਮਲੇ ਨੇ ਬੜੀ ਮੁਸ਼ਕਲ ਨਾਲ ਅੱਗ 'ਤੇ ਕਾਬੂ ਪਾਇਆ। ਉਨ੍ਹਾਂ ਦੱਸਿਆ ਕਿ ਲੱਖਾਂ ਰੁਪਏ ਦੇ ਨਵੇਂ ਨੋਟਾਂ ਦੇ ਹਾਰ, ਮਰਦਾਨਾ, ਜਨਾਨਾ ਰੈਡੀਮੇਡ ਅਤੇ ਹੋਰ ਕਈ ਲੱਖਾਂ ਦਾ ਸਮਾਨ ਮਿੰਟਾਂ ਵਿੱਚ ਸੜ ਕੇ ਸਵਾਹ ਹੋ ਗਿਆ। ਪੁਲਸ ਚੌਕੀ ਨਵਾਂ ਨੰਗਲ ਦੀ ਟੀਮ ਵੀ ਮੌਕੇ 'ਤੇ ਪੁਹੰਚ ਗਈ।

# ਅਜਨੋਹਾ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਜੱਦੀ ਪਿੰਡ ਅਜਨੋਹਾ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਅਤੇ ਸਾਕਾ ਨੀਲਾ ਤਾਰਾ ਜੂਨ 1984 ਦੇ ਸਮੂਹ ਸ਼ਹੀਦਾਂ ਦੀ ਯਾਦ ਛੋਲਿਆਂ ਦੇ ਪ੍ਰਸਾਦਿ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਜਥੇਦਾਰ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਗੁਰੂ ਘਰ ਦੇ ਵਜੀਰ ਬਾਬਾ ਸਤਨਾਮ ਸਿੰਘ ਨੇ ਅਰਦਾਸ ਬੇਨਤੀ ਕਰਕੇ ਇਹ ਛਬੀਲ ਸਾਕਾ ਨੀਲਾ ਤਾਰਾ ਦੇ ਸਮੂਹ ਸ਼ਹੀਦਾਂ ਅਤੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਲਗਾਈ ਗਈ।

ਇਸ ਮੌਕੇ ਪ੍ਰਧਾਨ ਬਲਵਿੰਦਰ ਸਿੰਘ ਖਾਲਸਾ, ਬਾਬਾ ਸਤਨਾਮ ਸਿੰਘ ਹੈੱਡ ਗ੍ਰੰਥੀ, ਹਰਪ੍ਰੀਤ ਸਿੰਘ, ਜਸਕਰਨ ਸਿੰਘ ਪੰਚ, ਸੁਮੀਤ ਸਿੰਘ, ਬਾਬਾ ਗੁਰਪ੍ਰੀਤ ਸਿੰਘ ਸਾਬਕਾ ਪ੍ਰਧਾਨ, ਮਨਪ੍ਰੀਤ ਸਿੰਘ, ਇੰਦਰਪ੍ਰੀਤ ਸਿੰਘ, ਹਰਮਨ ਸਿੰਘ, ਗਰੇਵ ਸਿੰਘ,ਅਮਨਜੋਤ ਸਿੰਘ, ਜੋਤੀ, ਜੱਸੀ, ਗੁਰਪ੍ਰੀਤ ਸਿੰਘ ਗੁਗਲੀ, ਹਰਮੇਸ਼ ਸਿੰਘ, ਸਤਨਾਮ ਸਿੰਘ ਪੰਚ, ਨਵਜੋਤ ਸਿੰਘ, ਭੁਪਿੰਦਰ ਸਿੰਘ, ਮੋਨੂੰ, ਕਾਲਾ ਅਜਨੋਹਾ, ਗੁਰਮੁੱਖ ਸਿੰਘ, ਅਛਮੇਸ ਸਿੰਘ ਆਦਿ ਹਾਜਰ ਸਨ।

# ਸਾਲਾਨਾ ਜੋੜ ਮੇਲੇ ਸੰਬੰਧੀ ਪੋਸਟਰ ਰਿਲੀਜ਼

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਦਿਹਾਣਾ ਵਿਖੇ ਦਰਬਾਰ ਸੱਯਦ ਪੀਰ ਬਾਬਾ ਸੇਰ ਅਲੀ ਸ਼ਾਹ ਜੀ, ਸੱਯਦ ਪੀਰ ਬਾਬਾ ਮੇਹਰ ਅਲੀ ਸ਼ਾਹ ਜੀ ਦੀ ਯਾਦ ਵਿੱਚ ਸਾਲਾਨਾ ਜੋੜ ਮੇਲਾ 14-15 ਜੂਨ ਨੂੰ ਕਰਵਾਇਆ ਜਾ ਰਿਹਾ ਹੈ। ਮੁੱਖ ਪ੍ਰਬੰਧਕ ਦਾਰਾ ਸਿੰਘ, ਤਰਲੋਚਨ ਸਿੰਘ, ਜਸਵੀਰ ਸਿੰਘ ਨੇ ਦੱਸਿਆ ਕਿ 14 ਜੂਨ ਸਾਲਾਨਾ ਜੋੜ ਮੇਲੇ ਮੌਕੇ ਚਿਰਾਗ, ਚਾਦਰ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਜਾਵੇਗੀ। 15 ਜੂਨ ਨੂੰ ਪੰਜਾਬ ਦੇ ਨਾਮਵਰ ਕਲਾਕਾਰ, ਨਕਾਲ, ਕਵਾਲ ਪੀਰਾਂ ਦੀ ਮਹਿਫਲ ਸਜਾਉਣਗੇ।

ਇਸ ਮੌਕੇ ਬਾਬਾ ਮਨਜੀਤ ਸਿੰਘ ਭਾਮ, ਦਾਰਾ ਸਿੰਘ, ਤਰਲੋਚਨ ਸਿੰਘ, ਜਸਵੀਰ ਸਿੰਘ, ਗੁਰਵਿੰਦਰ ਸਿੰਘ, ਜਸਵਿੰਦਰ ਸਿੰਘ ਲੱਕੀ, ਇਕਬਾਲ ਸਿੰਘ, ਹਰਜੀਤ ਸਿੰਘ, ਜੋਰਾਵਰ ਸਿੰਘ, ਗੁਰਵਿੰਦਰ ਸਿੰਘ ਬਾਵਾ, ਪਰਮਵੀਰ ਸਿੰਘ ਪੰਚ ਆਦਿ ਹਾਜਰ ਸਨ।




# ਡੀ ਸੀ ਨੇ ਇੰਡੋ-ਨੇਪਾਲ ਡਾਂਸ ਸਪੋਰਟਸ ਇੰਟਰਨੈਸ਼ਨਲ ਚੈਂਪੀਅਨਸ਼ਿਪ ਜੇਤੂ ਬੱਚਿਆਂ ਨੂੰ ਕੀਤਾ ਸਨਮਾਨਤ



**ਹੁਸ਼ਿਆਰਪੁਰ,. (ਓ ਪੀ ਰਾਣਾ )**-ਬੀਤੇ ਦਿਨਂ ਨੇਪਾਲ ਦੇ ਕਾਠਮੰਡੂ ਵਿਚ ਹੋਈ ਇੰਡੋ-ਨੇਪਾਲ ਡਾਂਸ ਸਪੋਰਟਸ ਇੰਟਰਨੈਸ਼ਨਲ ਚੈਂਪੀਅਨਸ਼ਿਪ 2023 ਦੇ ਸੋਨ ਸਗਮਾ ਜਿੱਤਣ ਵਾਲੇ ਹੁਸ਼ਿਆਰਪੁਰ ਦੇ ਬੱਚਿਆਂ ਨੂੰ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਆਪਣੇ ਦਫ਼ਤਰ ਵਿਚ ਸਨਮਾਨਿਤ ਕੀਤਾ। ਡਿਪਟੀ ਕਮਿਸ਼ਨਰ ਨੇ ਇਸ ਦੌਰਾਨ ਬੱਚਿਆਂ, ਉਨ੍ਹਾਂ ਦੇ ਮਾਪਿਆਂ ਅਤੇ ਬੱਚਿਆਂ ਦੀ ਅਗਵਾਈ ਕਰਨ ਵਾਲੀ ਕੌਸ਼ਲ ਡਾਂਸ ਅਕਾਦਮੀ ਦੀ ਪ੍ਰਵੀਨ ਸ਼ਰਮਾ ਨੂੰ ਵਧਾਈ ਦਿੱਤੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਾਡੇ ਜ਼ਿਲ੍ਹੇ ਲਈ ਬੜੇ ਮਾਣ ਦੀ ਗੱਲ ਹੈ ਕਿ ਸਾਡੇ 9 ਬੱਚਿਆਂ ਨੇ ਇੰਨੇ ਵੱਡੇ ਡਾਂਸ ਮੁਕਾਬਲੇ ਵਿਚ ਸੋਨ ਸਗਮਾ ਜਿੱਤ ਕੇ ਹੁਸ਼ਿਆਰਪੁਰ ਦਾ ਨਾਮ ਅੰਤਰਰਾਸ਼ਟਰੀ ਪੱਧਰ 'ਤੇ ਰੌਸ਼ਨ ਕੀਤਾ ਹੈ। ਉਨ੍ਹਾਂ ਜੇਤੂ ਬੱਚਿਆਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਉਹ ਆਉਣ ਵਾਲੇ ਸਮੇਂ ਵਿਚ ਹੋਰ ਡਾਂਸ ਮੁਕਾਬਲਿਆਂ ਵਿਚ ਵੀ ਜ਼ਿਲ੍ਹੇ ਅਤੇ ਦੇਸ਼ ਦਾ ਨਾਂਅ ਇਸੇ ਤਰ੍ਹਾਂ ਰੌਸ਼ਨ ਕਰਨ। ਕੌਸ਼ਲ ਡਾਂਸ ਅਕਾਦਮੀ ਦੀ ਸੰਚਾਲਕ ਪ੍ਰਵੀਨ ਸ਼ਰਮਾ ਨੇ ਦੱਸਿਆ ਕਿ ਇਸ ਅੰਤਰਰਾਸ਼ਟਰੀ ਡਾਂਸ ਮੁਕਾਬਲੇ ਵਿਚ ਭਾਰਤ ਵਿਚੋਂ ਕਰੀਬ 120 ਪ੍ਰਤੀਯੋਗੀ ਅਤੇ ਨੇਪਾਲ ਵਿਚੋਂ 180 ਪ੍ਰਤੀਯੋਗੀਆਂ ਨੇ ਹਿੱਸਾ ਲਿਆ। ਮੁਕਾਬਲੇ ਵਿਚ ਅੰਡਰ-6 ਸੈਮੀ ਕਲਾਸੀਕਲ ਵਿਚ ਗਨਿਕਾ, ਅੰਡਰ-13 ਫੋਕ ਵਿਚ ਚਾਰਬੀ, ਅੰਡਰ-13 ਕਲਾਸੀਕਲ ਵਿਚ ਸਮਰਿੱਧੀ, ਅੰਡਰ-16 ਕਲਾਸੀਕਲ ਵਿਚ ਅਨਿਕਾ, ਅੰਡਰ-16 ਸੈਮੀ ਕਲਾਸੀਕਲ ਵਿਚ ਅਕਸ਼ਿਤਾ, ਅੰਡਰ-19 ਕਲਾਸੀਕਲ ਵਿਚ ਵਨੀਤਾ ਸ਼ਰਮਾ, ਅੰਡਰ-19 ਸੈਮੀ ਕਲਾਸੀਕਲ ਤਨੀਸ਼ਾ ਨੇ ਸੋਨ ਸਗਮਾ ਹਾਸਲ ਕੀਤਾ ਹੈ।

# ਮੁਫਤ ਫਿਜ਼ੀਓਥਰੈਪੀ ਕੈਂਪ ਭਲਕੇ



**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**-ਸ਼ਿਵਾਲਿਕ ਪਹਾੜੀਆਂ ਦੀ ਗੋਦ ਵਿਚ ਵੱਸਦੇ ਅਤੇ ਹਿਮਾਚਲ ਪ੍ਰਦੇਸ਼ ਦੀ ਸੀਮਾ ਨਾਲ ਲੱਗਦੇ ਪਿੰਡ ਲਲਵਾਣ ਵਿਖੇ ਸਥਿਤ ਡੇਰਾ ਸੇਵਾਪੁਰੀ ਵਿਖੇ 108 ਸੰਤ ਸੁਆਮੀ ਪਰਮਾਨੰਦ ਮਹਾਰਾਜ ਜੀ ਅਤੇ 108 ਸੰਤ ਪਰਸੋਤਮਾਨੰਦ ਮਹਾਰਾਜ ਜੀ ਦੀ ਯਾਦ ਨੂੰ ਸਮਰਪਿਤ ਮੁਫਤ ਹੋਮਿਓਪੈਥੀ ਕੈਂਪ 11 ਜੂਨ ਨੂੰ ਸਵੇਰੇ 10 ਤੋਂ 3 ਵਜੇ ਤੱਕ ਲਗਾਇਆ ਜਾ ਰਿਹਾ ਹੈ। ਡੇਰੇ ਦੇ ਮੁੱਖ ਸੰਚਾਲਕ ਸੰਤ ਬਾਬਾ ਜਗਦੀਸ਼ਵਰਾ ਨੰਦ ਨੇ ਦੱਸਿਆ ਕਿ ਇਸ ਮੌਕੇ ਡਾਕਟਰ ਰਜਿੰਦਰ ਪਾਲ ਸਿੰਘ ਆਦਮਪੁਰ ਵਾਲੇ ਆਧੁਨਿਕ ਮਸ਼ੀਨਾਂ ਦੇ ਨਾਲ ਮਰੀਜਾਂ ਦੀਆਂ ਵੱਖ ਵੱਖ ਬਿਮਾਰੀਆਂ ਦਾ ਚੈੱਕਅਪ ਕਰਨਗੇ। ਇਸ ਕੈਂਪ ਵਿਚ ਸਰਵਾਈਕਲ, ਡਿਸਕ ਦੀ ਸਮੱਸਿਆ, ਗਰਦਨ ਦਾ ਦਰਦ, ਕਮਰ ਦਰਦ, ਮਾਸਪੇਸ਼ੀਆਂ ਦਾ ਦਰਦ, ਅਧਰੰਗ, ਅਪਰੇਸ਼ਨ ਤੋਂ ਬਾਅਦ ਜਾਮ ਹੋਏ ਅੰਗਾਂ ਦਾ ਇਲਾਜ ਕੀਤਾ ਜਾਵੇਗਾ। ਸੰਗਤਾਂ ਲਈ ਖਾਣ ਪੀਣ ਦਾ ਉਚਿਤ ਪ੍ਰਬੰਧ ਹੋਵੇਗਾ।

# ਤਲਾਸ਼ੀ ਮੁਹਿੰਮ ਦੌਰਾਨ 17000 ਕਿਲੋ ਲਾਹਣ, 320 ਲੀਟਰ ਨਜਾਇਜ਼ ਸ਼ਰਾਬ ਬਰਾਮਦ



**ਹੁਸ਼ਿਆਰਪੁਰ (ਓ ਪੀ ਰਾਣਾ )**-ਪੰਜਾਬ ਦੇ ਆਬਕਾਰੀ ਵਿਭਾਗ ਵੱਲੋਂ ਪਿਛਲੇ ਦੋ ਦਿਨਾਂ ਦੌਰਾਨ ਜ਼ਿਲ੍ਹਾ ਹੁਸ਼ਿਆਰਪੁਰ ਦੇ ਦਸੂਹਾ ਇਲਾਕੇ 'ਚ ਲਾਸ਼ੀ ਮੁਹਿੰਮ ਦੌਰਾਨ 17000 ਕਿਲੋ ਲਾਹਣ, 320 ਲੀਟਰ ਨਾਜਾਇਜ ਸ਼ਰਾਬ, 1 ਕਿਸ਼ਤੀ, 4 ਲੋਹੇ ਦੇ ਡਰੰਮ, 25-25 ਲੀਟਰ ਦੇ 8 ਪਲਾਸਟਿਕ ਦੇ ਕੈਨ ਅਤੇ 4 ਪਤੀਲੇ ਬਰਾਮਦ ਕੀਤੇ ਗਏ ਹਨ। ਬੁਲਾਰੇ ਨੇ ਦੱਸਿਆ ਕਿ ਇਸ ਤਲਾਸ਼ੀ ਮੁਹਿੰਮ ਦੌਰਾਨ ਡਾਗ ਸਕੁਐਡ, ਜੋ ਖਾਸ ਤੌਰ 'ਤੇ ਲਾਹਣ ਦਾ ਪਤਾ ਲਗਾਉਣ ਲਈ ਸਿਖਲਾਈ ਪ੍ਰਾਪਤ ਹਨ, ਦੀ ਵੀ ਵਰਤੋ ਕੀਤੀ ਗਈ। ਇਹ ਤਲਾਸ਼ੀ ਮੁਹਿੰਮ ਨੂੰ ਵਿੱਤ ਕਮਿਸ਼ਨਰ ਕਰ ਵਿਕਾਸ ਪ੍ਰਤਾਪ ਅਤੇ ਆਬਕਾਰੀ ਕਮਿਸ਼ਨਰ ਵਰੁਣ ਰੂਜਮ ਦੀ ਸਿੱਧੀ ਨਿਗਰਾਨੀ ਹੇਠ ਚਲਾਇਆ ਗਿਆ। ਤਲਾਸ਼ੀ ਦੌਰਾਨ ਦਸੂਹਾ ਦੇ ਟੇਰਕਿਆਣਾ, ਕਥਾਣਾ, ਬਡਾਈਆਂ, ਧਨੋਆ, ਸੈਦਪੁਰ ਅਤੇ ਭੀਖੋਵਾਲ ਪਿੰਡਾਂ ਦੇ ਪੂਰੇ ਖੇਤਰ ਦਾ ਮੁਕੰਮਲ ਨਕਸ਼ਾ ਤਿਆਰ ਕਰਕੇ ਕਰੀਬ 7 ਕਿਲੋਮੀਟਰ ਖੇਤਰ ਦੀ ਪੈਦਲ ਅਤੇ ਕਿਸਤੀਆਂ ਦੀ ਵਰਤੋਂ ਨਾਲ ਤਲਾਸ਼ੀ ਕੀਤੀ ਗਈ।

# ਸਾਈਕਲ ਸਵਾਰ ਨੂੰ ਜ਼ਖ਼ਮੀ ਕਰਕੇ ਖੋਹਿਆ ਮੋਬਾਈਲ ਤੇ ਨਕਦੀ ਲੁੱਟੀ



**ਕਾਲਾ ਸੰਘਿਆਂ (ਮਨਜੀਤ ਮਾਨ)**- ਦਿਨ ਦਿਹਾੜੇ ਕੁਹਾਲਾ-ਸੁਖਾਣੀ ਸੜਕ 'ਤੇ ਲੁਟੇਰਿਆਂ ਨੇ ਕੰਮ ਤੋਂ ਵਾਪਸ ਘਰ ਪਰਤਦੇ ਵਿਅਕਤੀ 'ਤੇ ਦਾਤਰ ਨਾਲ ਹਮਲਾ ਕਰਕੇ ਲੁੱਟ ਲਿਆ। ਕੇਸਰਪੁਰ ਵਾਸੀ ਸੇਵਾ ਸਿੰਘ ਜੋ ਕਿ ਜਲੰਧਰ ਵਿਖੇ ਕਿਸੇ ਫੈਕਟਰੀ ਵਿਚ ਕੰਮ ਕਰਦਾ ਹੈ, ਸ਼ਾਮ ਕਰੀਬ 6 ਕੁ ਵਜੇ ਆਪਣੇ ਸਾਈਕਲ 'ਤੇ ਸਵਾਰ ਹੋ ਕੇ ਕੁਹਾਲੇ ਤੋਂ ਸੁਖਾਣੀ ਵਾਲੀ ਸੜਕ ਆ ਰਿਹਾ ਸੀ ਤਾਂ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਦੋ ਵਿਅਕਤੀਆਂ ਨੇ ਉਸ ਨੂੰ ਰੋਕਿਆ ਅਤੇ ਦਾਤਰ ਨਾਲ ਉਸ ਦੇ ਸਿਰ ਵੱਲ ਵਾਰ ਕੀਤਾ, ਪੀੜਤ ਨੇ ਬਚਾਅ ਲਈ ਆਪਣੀਆਂ ਬਾਹਾਂ ਅੱਗੇ ਕਰ ਦਿੱਤੀਆਂ ਅਤੇ ਉਸ ਦੀ ਬਾਂਹ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਈ ਤੇ ਹੱਡੀ ਤਿੰਨ ਥਾਵਾਂ ਤੋਂ ਟੁੱਟ ਗਈ। ਲੁਟੇਰੇ ਵਿਅਕਤੀ ਤੋਂ ਮੋਬਾਈਲ ਅਤੇ 3 ਹਜਾਰ ਰੁਪਏ ਖੋਹ ਕੇ ਫਰਾਰ ਹੋ ਗਏ। ਪੀੜਤ ਵਿਅਕਤੀ ਲਹੂ ਲੁਹਾਣ ਹੋਇਆ ਕਿਸੇ ਤਰੀਕੇ ਨਜਦੀਕ ਪਿੰਡ ਸੁੰਨੜਵਾਲ ਆਪਣੀ ਜਾਨ ਪਛਾਣ ਵਾਲੇ ਵਿਅਕਤੀ ਕੋਲ ਪੁੱਜਾ ਅਤੇ ਉਨ੍ਹਾਂ ਉਸ ਨੂੰ ਹਸਪਤਾਲ ਪਹੁੰਚਾਇਆ।

# ਮੋਦੀ ਸਰਕਾਰ ਨੇ ਫਸਲਾਂ ਦੇ ਸਮਰਥਨ ਮੁੱਲ 'ਚ ਵਾਧਾ ਕਰਕੇ ਕਿਸਾਨਾਂ ਨੂੰ ਦਿੱਤਾ ਵੱਡਾ ਤੋਹਫਾ : ਰਾਜੇਸ਼ ਬਾਘਾ

**ਜਲੰਧਰ (ਸ਼ੈਲੀ ਐਲਬਰਟ)** : ਭਰਾਤੀ ਜਨਤਾ ਪਾਰਟੀ ਪੰਜਾਬ ਦੇ ਸੂਬਾ ਜਰਨਲ ਸਕੱਤਰ ਰਾਜੇਸ਼ ਬਾਘਾ ਨੇ ਮੋਦੀ ਸਰਕਾਰ ਵਲੋਂ ਘੱਟੋ-ਘੱਟ ਸਮਰਥਨ ਮੁੱਲ 'ਚ ਵਾਧਾ ਕਰਨ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਖੇਤੀਬਾੜੀ ਮੰਤਰੀ ਨਰਿੰਦਰ ਸਿੰਘ ਤੋਮਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਵਲੋਂ ਸਾਉਣੀ ਦੀਆਂ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ ਵਾਧਾ ਕਰਕੇ ਦੇਸ਼ ਭਰ ਦੇ ਕਿਸਾਨਾਂ ਨੂੰ ਵੱਡਾ ਤੋਹਫਾ ਦਿੱਤਾ ਗਿਆ ਹੈ। ਹੁਣ ਸਰਕਾਰ ਇਸ ਰੇਟ 'ਤੇ ਕਿਸਾਨਾਂ ਤੋਂ ਸਾਉਣੀ ਦੀਆਂ ਫਸਲਾਂ ਖਰੀਦੇਗੀ।

ਰਾਜੇਸ਼ ਬਾਘਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਹੋਈ ਆਰਥਿਕ ਮਾਮਲਿਆਂ ਬਾਰੇ ਕੈਬਨਿਟ ਕਮੇਟੀ ਦੀ ਮੀਟਿੰਗ ਵਿੱਚ ਸਾਉਣੀ ਦੀਆਂ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ ਵਾਧਾ ਕਰਨ ਦੇ ਪ੍ਰਸਤਾਵ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਸਾਉਣੀ ਦੀਆਂ 14 ਫਸਲਾਂ ਸਮੇਤ 17 ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ ਵਾਧਾ ਕੀਤਾ ਗਿਆ ਹੈ।

ਫਸਲੀ ਸਾਲ 2022-23 ਲਈ ਝੋਨੇ ਦਾ ਘੱਟੋ-ਘੱਟ ਸਮਰਥਨ ਮੁੱਲ ਵਿੱਚ 100 ਰੁਪਏ ਦਾ ਵਾਧਾ ਕੀਤਾ ਗਿਆ ਹੈ। ਤਿਲ ਦੇ ਘੱਟੋ-ਘੱਟ ਸਮਰਥਨ ਮੁੱਲ 'ਤੇ ਕੁੱਲ 523 ਰੁਪਏ ਦਾ ਸਭ ਤੋਂ ਵੱਧ ਵਾਧਾ ਕੀਤਾ ਗਿਆ ਹੈ। ਜਦੋਂ ਕਿ ਸੂਰਜਮੁਖੀ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ 385 ਰੁਪਏ ਦਾ ਵਾਧਾ ਕੀਤਾ ਗਿਆ ਹੈ। ਕਪਾਹ ਦੇ ਦਰਮਿਆਨੇ ਭਾਅ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ 354 ਰੁਪਏ ਦਾ ਵਾਧਾ ਕੀਤਾ ਗਿਆ ਹੈ। ਸੋਇਆਬੀਨ ਦੇ ਸਮਰਥਨ ਮੁੱਲ ਵਿੱਚ 350 ਰੁਪਏ ਦਾ ਵਾਧਾ ਕੀਤਾ ਗਿਆ ਹੈ। ਉੜਦ, ਮੂੰਗਫਲੀ, ਅਰਹਰ ਦਾ ਭਾਅ ਵਿੱਚ 300 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ ਕੀਤਾ ਗਿਆ ਹੈ। ਇਸ ਵਾਰ ਮੱਕੀ ਦਾ ਐੱਮਐੱਸਪੀ ਪਿਛਲੇ ਸਾਲ ਨਾਲੋਂ 92 ਰੁਪਏ ਵੱਧ ਹੈ। ਜਵਾਰ 'ਤੇ 232 ਅਤੇ ਰਾਗੀ 'ਤੇ 201 ਰੁਪਏ ਦਾ ਵਾਧਾ ਕੀਤਾ ਗਿਆ ਹੈ। ਆਮ ਝੋਨੇ ਅਤੇ ਗ੍ਰੇਡ ਏ ਦੇ ਝੋਨੇ 'ਤੇ 100 ਰੁਪਏ ਦਾ ਵਾਧਾ ਕੀਤਾ ਗਿਆ ਹੈ।

# ਏਟਕ ਵੱਲੋਂ ਬਿਜਲੀ ਮੁਲਾਜ਼ਮਾਂ ਨੂੰ ਬੰਧਕ ਬਣਾਉਣ ਦੀ ਨਿਖੇਧੀ

**ਸ਼ਾਹਕੋਟ(ਗਿਆਨ ਸੈਦਪੁਰੀ)** ਪੀ ਐਸ ਈ ਬੀ ਇੰਪਲਾਈਜ ਫੈਡਰੇਸ਼ਨ ਏਟਕ ਪੰਜਾਬ ਦੇ ਸਟੇਟ ਕਮੇਟੀ ਦੀ ਵਰਚੂਅਲ ਮੀਟਿੰਗ ਸਾਥੀ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਪ੍ਰਧਾਨਗੀ ਵਿੱਚ ਹੋਈ। ਮੀਟਿੰਗ ਵਿੱਚ ਖਾਸ ਤੌਰ 'ਤੇ ਵਿਚਾਰਿਆ ਗਿਆ ਕਿ ਪੰਜਾਬ ਦੀਆਂ ਵੱਖ ਵੱਖ ਕਿਸਾਨ ਜਥੇਬੰਦੀਆਂ ਵੱਲੋਂ ਨਿੱਤ ਦਿਹਾੜੇ ਬਿਜਲੀ ਮੁਲਾਜਮਾਂ ਦਾ ਦਫਤਰਾਂ ਵਿੱਚ ਘਿਰਾਓ ਕਰਨਾ ਇਹਨਾਂ ਦਾ ਸ਼ੁਗਲ ਬਣ ਗਿਆ। ਇਸ ਤਰ੍ਹਾਂ ਕਲ ਫਰੀਦਕੋਟ ਸਰਕਲ ਅਧੀਨ ਬਧਣੀਕਲਾਂ ਸਬ ਡਵੀਜਨ ਵਿੱਚ ਬਿਜਲੀ ਚੋਰੀ ਦੇ ਜੁਰਮਾਨੇ ਮਾਫ ਕਰਵਾਉਣ ਲਈ ਬਾਅਦ ਦੁਪਹਿਰ 2 ਵਜੇ ਤੋਂ ਰਾਤ 10.45 ਤੱਕ ਬੰਧਕ ਬਣਾਈ ਰੱਖਿਆ। ਬਿਜਲੀ ਮੁਲਾਜਮਾਂ ਦੇ ਸਖਤ ਵਿਰੋਧ ਕਰਨ ਕਰਕੇ ਪੁਲਸ ਪ੍ਰਸ਼ਾਸਨ ਦੀ ਮਦੱਦ ਨਾਲ ਮੁਲਾਜਮਾਂ ਨੂੰ ਰਿਹਾਅ ਕਰਵਾਇਆ, ਜਿੰਨਾ ਵਿੱਚ ਮਹਿਲਾ ਮੁਲਾਜਮ ਵੀ ਸਨ। ਇਸ ਤਰ੍ਹਾਂ ਹੈੱਡ ਆਫਿਸ ਵਿਖੇ ਕਿਸਾਨ ਯੂਨੀਅਨ ਸਿੱਧੂਪੁਰ ਵੱਲੋਂ ਤਿੰਨੇ ਗੇਟਾਂ ਦਾ ਘਿਰਾਓ ਦੌਰਾਨ ਦੇਰ ਰਾਤ 12.45 ਤੱਕ ਮੁਲਾਜਮਾਂ ਨਾਲ ਅਣਮਨੁੱਖੀ ਵਰਤਾਉ ਕੀਤਾ ਗਿਆ। ਜਿਹੜਾ ਕਿਸੇ ਵੀ ਤਰ੍ਹਾਂ ਜਾਇਜ ਨਹੀਂ। ਇਸ ਦੀ ਜਥੇਬੰਦੀ ਪੀ ਐਸ ਈ ਬੀ ਇੰਪਲਾਈਜ ਫੈਡਰੇਸ਼ਨ ਏਟਕ ਪੰਜਾਬ ਸਖਤ ਸ਼ਬਦਾਂ ਵਿੱਚ ਵਿਰੋਧ ਕਰਦੀ ਹੈ ਅਤੇ ਪੰਜਾਬ ਸਰਕਾਰ ਕੋਲੋਂ ਪਾਵਰਕਾਮ ਦੀ ਮੈਨੇਜਮੈਂਟ ਮੰਗ ਕਰਦੀ ਹੈ ਕਿ ਮੁਲਾਜਮਾਂ ਦੀ ਸੁਰੱਖਿਆ ਦੇ ਪ੍ਰਬੰਧ ਕੀਤੇ ਜਾਣ ਤਾਂ ਅਗਾਂਹ ਤੋਂ ਇਸ ਤਰ੍ਹਾਂ ਦੀਆਂ ਘਟਨਾਵਾਂ ਨਾ ਵਾਪਰਨ। ਇਸ ਦੇ ਨਾਲ ਕਿਸਾਨ ਯੂਨੀਅਨ ਨੂੰ ਸੁਚੇਤ ਕਰਦਿਆਂ ਦੱਸਣਾ ਚਾਹੁੰਦੇ ਹਾਂ ਕਿ ਬਿਜਲੀ ਮੁਲਾਜਮ ਕਿਸਾਨਾਂ ਦੀਆਂ ਜਾਇਜ ਮੰਗਾਂ ਸਮਰਥਨ ਕਰਦੇ ਹੋਏ ਉਹਨਾਂ ਨਾਲ ਉਹਨਾਂ ਦੇ ਸੰਘਰਸ਼ ਵਿੱਚ ਸ਼ਮੂਲੀਅਤ ਕਰਦੇ ਰਹੇ ਹਨ ਪਰ ਕਿਸਾਨ ਮੁਲਾਜਮਾਂ ਨੂੰ ਨਿਸ਼ਾਨਾ

# 50 ਗ੍ਰਾਮ ਹੈਰੋਇਨ ਸਮੇਤ ਔਰਤ ਕਾਬੂ



**ਫਿਲੌਰ (ਨਿਰਮਲ)**- ਡੀ.ਐਸ.ਪੀ ਫਿਲੌਰ ਜਗਦੀਸ਼ ਰਾਜ ਅਤੇ ਥਾਣਾ ਮੁੱਖੀ ਗੁਰਾਇਆ ਇੰਸਪੈਕਟਰ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਥਾਣੇਦਾਰ ਚਰਨਜੀਤ ਸਿੰਘ ਚੌਂਕੀ ਇੰਚਾਰਜ ਧੁਲੇਤਾ ਥਾਣਾ ਗੁਰਾਇਆ ਸਮੇਤ ਪੁਲਸ ਪਾਰਟੀ ਤੇ ਮਹਿਲਾ ਸਿਪਾਹੀ ਸਾਥੀ ਕਰਮਚਾਰੀਆਂ ਦੇ ਨਾਲ ਪਿੰਡ ਧੁਲੇਤਾ ਤੋਂ ਹਰਪ੍ਰੀਤ ਕੌਰ ਪਤਨੀ ਸੁੱਚਾ ਉਰਫ ਸਨੀ ਵਾਸੀ ਪਿੰਡ ਧੁਲੇਤਾ ਥਾਣਾ ਗੁਰਾਇਆ ਜ਼ਿਲ੍ਹਾ ਜਲੰਧਰ ਨੂੰ ਕਾਬੂ ਕਰਕੇ ਉਸ ਪਾਸੋਂ 50 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ। ਉਸ ਦੇ ਖਿਲਾਫ਼ ਮੁਕੱਦਮਾ ਨੰਬਰ 68 ਜੁਰਮ 21(ਬੀ)/2961-85 ਐਨ.ਡੀ.ਪੀ.ਐਸ. ਐਕਟ ਤਹਿਤ ਥਾਣਾ ਗੁਰਾਇਆ ਵਿਖੇ ਕੇਸ ਦਰਜ ਕੀਤਾ ਗਿਆ। ਔਰਤ ਨੇ ਪੁੱਛ ਗਿੱਛ ਦੌਰਾਨ ਦੱਸਿਆ ਕਿ ਉਹ ਇਹ ਹੈਰੋਇਨ ਜਸਪਾਲ ਉਰਫ ਗੁੱਟੋ ਪੁੱਤਰ ਜੀਤ ਰਾਮ, ਨਿਰਮਲਾ ਉਰਫ ਨਿੰਮੋ ਪਤਨੀ ਭਿੰਦਾ, ਭੋਲੀ ਪਤਨੀ ਸੁੱਖਾ, ਬੀਨਾ ਪਤਨੀ ਕਾਕੂ ਅਤੇ ਜਸਵਿੰਦਰ ਰਾਣੋ ਪਤਨੀ ਬਲਵੀਰ ਉਰਫ ਕਾਲਾ ਵਾਸੀ ਪਿੰਡ ਧੁਲੇਤਾ ਥਾਣਾ ਗੁਰਾਇਆ ਤੋਂ ਲਿਆ ਕੇ ਨਸ਼ਾ ਵੇਚਣ ਦਾ ਕੰਮ ਕਰਦੀ ਸੀ। ਉਕਤ ਸਾਰੇ ਮਾਮਲੇ ਦੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।



ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਪਿੰਡ ਬਹੂਆ ਵਿਖੇ ਛੋਲਿਆਂ ਦਾ ਲੰਗਰ ਅਤੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ । ਇਸ ਮੌਕੇ ਪਰਵਿੰਦਰ ਸਿੰਘ ਸਰਪੰਚ ਬਹੂਆ , ਗਿਆਨ ਸਿੰਘ ਕੈਨੇਡਾ , ਨਿਰਮਲ ਸਿੰਘ , ਮੱਖਣ ਸਿੰਘ , ਇੰਦਰਜੀਤ ਸਿੰਘ , ਜਸਪ੍ਰੀਤ ਸਿੰਘ , ਜਸਪਾਲ ਸਿੰਘ , ਅਮਰਜੀਤ ਸਿੰਘ ਆਦਿ ਹਾਜ਼ਰ ਸਨ । (ਫੋਟੋ ਤੇ ਵੇਰਵਾ-ਬਹਿਰਾਮ, ਅਵਤਾਰ ਕਲੇਰ)